ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 54
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Tuesday, 24 February, 2026) ਮੰਗਲਵਾਰ, 24 ਫਰਵਰੀ, 2026, 13 ਫੱਗਣ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

ਭਗਵੰਤ ਮਾਨ ਮੁੜ ਹੋ ਸਕਦੇ ਨੇ ਮੁੱਖ ਮੰਤਰੀ ਉਮੀਦਵਾਰ !

'ਆਪ' ਨੇ ਪੋਸਟਰ ਜਾਰੀ ਕਰ ਕੇ ਦਿੱਤੇ ਸੰਕੇਤ

ਚੰਡੀਗੜ੍ਹ, 23 ਫਰਵਰੀ (ਚ.ਨ.ਸ.):ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਮੁੜ 'ਆਪ' ਵੱਲੋਂ ਮੁੱਖ ਮੰਤਰੀ ਉਮੀਦਵਾਰ ਹੋ ਸਕਦੇ ਹਨ ਜਿਸ ਸਬੰਧੀ ਆਮ ਆਦਮੀ ਪਾਰਟੀ ਨੇ ਇਕ ਵੀਡੀਓ ਜਾਰੀ ਕਰ ਕੇ ਸੰਕੇਤ ਦਿੱਤੇ ਹਨ। ਜ਼ਿਕਰਯੋਗ ਹੈ ਕਿ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਅਗਲੇ ਸਾਲ ਹੋਣੀਆਂ ਹਨ। ਪਾਰਟੀ ਨੇ ਇਕ ਪੋਸਟਰ ਜਾਰੀ ਕੀਤਾ ਹੈ ਜਿਸ ਵਿਚ ਕਿਹਾ ਗਿਆ ਹੈ ਕਿ ਲੋਕ ਉਹਦੇ ਨਾਲ ਨੇ, ਉਸ ਨੂੰ ਪੰਜਾਬ ਲਿਆ ਰਿਹਾ (ਬਾਕੀ ਸਫਾ 2 'ਤੇ)

ਕੇਂਦਰ ਵੱਲੋਂ ਭਾਰਤ ਦੀ ਪਹਿਲੀ ਰਾਸ਼ਟਰੀ ਅੱਤਵਾਦ ਵਿਰੋਧੀ ਨੀਤੀ 'ਪ੍ਰਹਾਰ' ਜਾਰੀ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 23 ਫਰਵਰੀ : ਕੇਂਦਰੀ ਗ੍ਰਹਿ ਮੰਤਰਾਲੇ ਨੇ ਅੱਜ ਸੋਮਵਾਰ ਨੂੰ ਭਾਰਤ ਦੀ ਪਹਿਲੀ ਰਾਸ਼ਟਰੀ ਅੱਤਵਾਦ ਵਿਰੋਧੀ ਨੀਤੀ ਅਤੇ ਰਣਨੀਤੀ,'ਪ੍ਰਹਾਰ' ਜਾਰੀ ਕੀਤੀ। ਇਹ ਨੀਤੀ ਸਰਹੱਦ ਪਾਰ ਅੱਤਵਾਦ ਨੂੰ ਸੰਬੋਧਿਤ ਕਰਦੀ ਹੈ ਅਤੇ ਦੇਸ਼ ਨੂੰ ਅਪਰਾਧਿਕ ਹੈਕਰਾਂ ਅਤੇ ਸਾਈਬਰ ਹਮਲਿਆਂ ਤੋਂ ਦਰਪੇਸ਼ ਚੁਣੌਤੀਆਂ ਦਾ ਵਰਣਨ ਕਰਦੀ ਹੈ।

ਇਸ ਵਿੱਚ ਕਿਹਾ ਗਿਆ ਹੈ ਕਿ ਦੇਸ਼ ਨੂੰ ਜ਼ਮੀਨ, ਸਮੁੰਦਰ ਅਤੇ ਹਵਾ ਵਿੱਚ ਅੱਤਵਾਦੀ ਖ਼ਤਰਿਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਨੀਤੀ ਦੇ ਅਨੁਸਾਰ, 'ਭਾਰਤ ਅੱਤਵਾਦ ਨੂੰ ਕਿਸੇ ਖਾਸ ਧਰਮ, ਨਸਲ, ਕੌਮੀਅਤ ਜਾਂ ਸਭਿਅਤਾ ਨਾਲ ਨਹੀਂ ਜੋੜਦਾ।' ਨੀਤੀ ਵਿੱਚ ਕਿਹਾ ਗਿਆ ਹੈ ਕਿ ਅੱਤਵਾਦੀ ਸਮੂਹ ਲੌਜਿਸਟਿਕਸ ਅਤੇ ਭਰਤੀ ਲਈ ਸੰਗਠਿਤ ਅਪਰਾਧਿਕ ਨੈੱਟਵਰਕਾਂ ਦੀ ਵਰਤੋਂ ਵੱਧ ਤੋਂ ਵੱਧ ਕਰ ਰਹੇ ਹਨ। ਇਹ ਰਿਪੋਰਟ ਫੰਡਿੰਗ ਅਤੇ ਸੰਚਾਲਨ ਮਾਰਗਦਰਸ਼ਨ ਲਈ ਸੋਸ਼ਲ ਮੀਡੀਆ ਪਲੇਟਫਾਰਮਾਂ, ਤਤਕਾਲ ਮੈਸੇਜਿੰਗ ਐਪਲੀਕੇਸ਼ਨਾਂ, ਐਨਕ੍ਰਿਪਸ਼ਨ ਟੂਲਸ, ਡਾਰਕ ਵੈੱਬ ਅਤੇ ਕ੍ਰਿਪਟੋ ਵਾਲਿਟ ਦੀ ਵਰਤੋਂ ਵੱਲ ਇਸ਼ਾਰਾ ਕਰਦੀ ਹੈ। ਇਹ ਅਗਿਆਤ ਗਤੀਵਿਧੀ ਬਾਰੇ ਵੀ ਚਿੰਤਾਵਾਂ ਪੈਦਾ ਕਰਦੀ ਹੈ। ਗ੍ਰਹਿ ਮੰਤਰਾਲੇ ਦੀ ਵੈੱਬਸਾਈਟ 'ਤੇ ਅਪਲੋਡ ਕੀਤੇ ਗਏ ਇਸ ਰਣਨੀਤੀ ਦਸਤਾਵੇਜ਼ ਦੇ ਅਨੁਸਾਰ, 'ਸੀ.ਬੀ.ਆਰ.ਐਨ.ਈ.ਡੀ. (ਰਸਾਇਣਕ, ਜੈਵਿਕ, ਰੇਡੀਓਲੌਜੀਕਲ, ਪ੍ਰਮਾਣੂ, ਵਿਸਫੋਟਕ, ਡਿਜੀਟਲ) ਸਮੱਗਰੀ ਤੱਕ ਪਹੁੰਚ ਅਤੇ ਵਰਤੋਂ ਕਰਨ ਦੀਆਂ ਅੱਤਵਾਦੀ ਕੋਸ਼ਿਸ਼ਾਂ ਨੂੰ ਰੋਕਣਾ ਅੱਤਵਾਦ ਵਿਰੋਧੀ ਏਜੰਸੀਆਂ ਲਈ ਇੱਕ ਚੁਣੌਤੀ ਬਣਿਆ ਹੋਇਆ ਹੈ।

ਰਾਜ ਅਤੇ ਗੈਰ-ਰਾਜੀ ਕਾਰਕਾਂ ਦੁਆਰਾ ਘਾਤਕ ਉਦੇਸ਼ਾਂ ਲਈ ਡਰੋਨ ਅਤੇ ਰੋਬੋਟਿਕਸ ਦੀ ਦੁਰਵਰਤੋਂ ਦਾ ਖ਼ਤਰਾ ਵੀ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ।' ਗ੍ਰਹਿ ਮੰਤਰਾਲੇ ਨੇ ਕਿਹਾ ਹੈ ਕਿ ਅੱਤਵਾਦੀ ਸਮੂਹ ਭਾਰਤੀ ਨੌਜਵਾਨਾਂ ਨੂੰ ਭਰਤੀ ਕਰਨ ਦੀ ਕੋਸ਼ਿਸ਼ ਕਰਦੇ ਰਹਿੰਦੇ ਹਨ। ਇੱਕ ਵਾਰ ਪਛਾਣ ਹੋਣ 'ਤੇ, ਪੁਲਿਸ ਅਜਿਹੇ ਵਿਅਕਤੀਆਂ ਵਿਰੁੱਧ ਦਰਜੇਵਾਰ ਕਾਰਵਾਈ ਕਰਦੀ ਹੈ। ਇਸ ਨੇ ਸਮਾਜਿਕ ਅਤੇ ਧਾਰਮਿਕ ਆਗੂਆਂ ਦੀ ਭੂਮਿਕਾ ਨੂੰ ਵੀ ਉਜਾਗਰ ਕੀਤਾ। ਇਸ ਵਿੱਚ ਕਿਹਾ ਗਿਆ ਹੈ ਕਿ ਦਰਮਿਆਨੀ ਪ੍ਰਚਾਰਕ ਅਤੇ ਗੈਰ-ਸਰਕਾਰੀ ਸੰਗਠਨ ਕੱਟੜਪੰਥੀ ਅਤੇ ਕੱਟੜਪੰਥੀ ਹਿੰਸਾ ਦੇ ਨਤੀਜਿਆਂ ਬਾਰੇ ਜਾਗਰੂਕਤਾ ਫੈਲਾਉਣ ਵਿੱਚ ਲੱਗੇ ਹੋਏ ਹਨ।

ਇਸ ਨੀਤੀ ਵਿੱਚ ਅਲ-ਕਾਇਦਾ ਅਤੇ ਇਸਲਾਮਿਕ ਸਟੇਟ ਆਫ਼ ਇਰਾਕ ਐਂਡ ਸੀਰੀਆ ਵਰਗੇ ਗਲੋਬਲ ਅੱਤਵਾਦੀ ਸਮੂਹਾਂ ਦਾ ਨਾਮ ਲਿਆ ਗਿਆ ਹੈ ਅਤੇ ਕਿਹਾ ਗਿਆ ਹੈ ਕਿ ਉਨ੍ਹਾਂ ਨੇ ਸਲੀਪਰ ਸੈੱਲਾਂ ਰਾਹੀਂ ਭਾਰਤ ਵਿੱਚ (ਬਾਕੀ ਸਫਾ 2 'ਤੇ)

ਮੁੱਖ ਮੰਤਰੀ ਦਾ ਇਤਿਹਾਸਕ ਐਲਾਨ

'ਮੇਰੀ ਰਸੋਈ ਯੋਜਨਾ' ਤਹਿਤ ਲੱਖਾਂ ਪਰਿਵਾਰਾਂ ਨੂੰ ਮਿਲੇਗਾ ਮੁਫ਼ਤ ਰਾਸ਼ਨ: ਮਾਨ

ਅੰਮ੍ਰਿਤਪਾਲ ਸਿੰਘ

ਚੰਡੀਗੜ੍ਹ, 23 ਫਰਵਰੀ:ਪੰਜਾਬ ਵਿੱਚ ਪਹਿਲੀ ਵਾਰ ਵਿਆਪਕ ਪੱਧਰ 'ਤੇ ਖੁਰਾਕ ਅਤੇ ਪੋਸ਼ਣ ਸੁਰੱਖਿਆ ਨੂੰ ਮਜ਼ਬੂਤੀ ਦੇਣ ਦੇ ਉਦੇਸ਼ ਨਾਲ ਇਤਿਹਾਸਕ ਪਹਿਲਕਦਮੀ ਕਰਦਿਆਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਅੱਜ 'ਮੇਰੀ ਰਸੋਈ ਯੋਜਨਾ' ਦੀ ਸ਼ੁਰੂਆਤ ਦਾ ਐਲਾਨ ਕੀਤਾ, ਜਿਸ ਤਹਿਤ 40 ਲੱਖ ਪਰਿਵਾਰਾਂ ਨੂੰ ਅਪ੍ਰੈਲ ਤੋਂ ਤਿਮਾਹੀ ਆਧਾਰ 'ਤੇ ਮੁਫ਼ਤ ਫੂਡ ਕਿੱਟਾਂ (ਰਾਸ਼ਨ ਕਿੱਟਾਂ) ਦੀ ਵੰਡ ਸ਼ੁਰੂ ਕੀਤੀ ਜਾਵੇਗੀ। ਦੱਸਣਯੋਗ ਹੈ ਕਿ ਇਹ ਫੂਡ ਕਿੱਟਾਂ ਕੌਮੀ ਖੁਰਾਕ ਸੁਰੱਖਿਆ ਐਕਟ ਅਧੀਨ ਦਿੱਤੀ ਜਾਂਦੀ ਕਣਕ ਤੋਂ ਵੱਖਰੇ ਤੌਰ 'ਤੇ ਪ੍ਰਦਾਨ ਕੀਤੀਆਂ ਜਾਣਗੀਆਂ।

ਇਸ ਸਕੀਮ ਦੀ ਸ਼ੁਰੂਆਤ ਕਰਦਿਆਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ 'ਲੋਕ ਭਲਾਈ ਸਕੀਮਾਂ ਲਈ ਸਰੋਤ ਜੁਟਾਉਣਾ ਚੰਗੀ ਤਰ੍ਹਾਂ ਜਾਣਦੀ ਹੈ, ਜੋ ਪੂਰੀ 'ਇਮਾਨਦਾਰੀ ਅਤੇ ਦੂਰਅੰਦੇਸ਼ੀ ਨਾਲ ਚਲਦੀ ਹੈ। ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿ ਹਰ ਬੱਚੇ ਲਈ ਪੌਸ਼ਟਿਕ ਖੁਰਾਕ ਯਕੀਨੀ ਬਣਾਉਣਾ ਸਿਰਫ਼ ਇੱਕ ਵਾਅਦਾ ਨਹੀਂ ਸਗੋਂ ਸਾਡਾ ਨੈਤਿਕ ਫਰਜ਼ ਹੈ। ਉਨ੍ਹਾਂ ਅੱਗੇ ਕਿਹਾ ਕਿ ਆਉਣ ਵਾਲੇ ਲੋਕ-ਪੱਖੀ ਬਜਟ ਵਿੱਚ ਵੀ ਸਮਾਜ ਦੇ ਹਰ ਵਰਗ ਦੇ ਹਿੱਤਾਂ ਦਾ ਖਿਆਲ ਰੱਖਦਿਆਂ ਲੋਕ ਭਲਾਈ ਉਪਰਾਲਿਆਂ ਦਾ ਦਾਇਰਾ ਹੋਰ ਵਿਸ਼ਾਲ ਕੀਤਾ ਜਾਵੇਗਾ।

ਮੀਡੀਆ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪਹਿਲਕਦਮੀ ਪੰਜਾਬ ਦੇ ਹਰ ਪਰਿਵਾਰ ਲਈ ਖੁਰਾਕ ਤੇ ਪੋਸ਼ਣ ਸੁਰੱਖਿਆ ਨੂੰ ਯਕੀਨੀ ਬਣਾਉਣ ਸਬੰਧੀ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਦੇਸ਼ ਨੂੰ ਅੰਨ ਉਤਪਾਦਨ ਵਿੱਚ ਆਤਮਨਿਰਭਰ ਬਣਾਉਣ ਵਿੱਚ ਪੰਜਾਬ ਦੇ ਸ਼ਾਨਦਾਰ ਯੋਗਦਾਨ ਨੂੰ ਚੇਤੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਮਿਹਨਤੀ ਅਤੇ ਸਿਰੜੀ ਕਿਸਾਨਾਂ ਨੇ ਇਹ ਯਕੀਨੀ ਬਣਾਉਣ ਲਈ ਅਣਥੱਕ ਮਿਹਨਤ ਕੀਤੀ ਕਿ ਦੇਸ਼ ਵਿੱਚ ਕੋਈ ਵੀ ਭੁੱਖਾ ਨਾ ਸੌਂਵੇ। ਉਨ੍ਹਾਂ ਕਿਹਾ ਕਿ ਸਾਡੇ ਸੂਬੇ ਨੇ ਦੇਸ਼ ਦਾ ਢਿੱਡ ਭਰਨ ਵਿੱਚ ਹਮੇਸ਼ਾ ਮੋਹਰੀ ਭੂਮਿਕਾ ਨਿਭਾਈ ਹੈ। (ਬਾਕੀ ਸਫਾ 2 'ਤੇ)

ਸਾਲ 2026-27 'ਚ ਪੰਜਾਬ ਦਾ ਆਬਕਾਰੀ ਮਾਲੀਆ 12,800 ਕਰੋੜ ਤੱਕ ਪੁੱਜੇਗਾ: ਚੀਮਾ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 23 ਫਰਵਰੀ:ਸਾਲ 2026-27 ਲਈ 12,800 ਕਰੋੜ ਰੁਪਏ ਦੇ ਆਬਕਾਰੀ ਮਾਲੀਏ ਦਾ ਅਨੁਮਾਨ ਲਗਾਉਂਦੇ ਹੋਏ, ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਦਾਅਵਾ ਕੀਤਾ ਕਿ ਪੰਜਾਬ ਦੇ ਆਬਕਾਰੀ ਸੁਧਾਰਾਂ ਨੇ ਨਾ ਸਿਰਫ਼ ਰਾਜ ਦੇ ਮਾਲੀਏ ਦਾ ਨਵਾਂ ਅਧਿਆਏ ਸਿਰਜਿਆ ਹੈ, ਸਗੋਂ ਹੁਣ ਇਹ ਸਕੂਲਾਂ, ਹਸਪਤਾਲਾਂ ਅਤੇ ਹੋਰ ਲੋਕ-ਪੱਖੀ ਸਕੀਮਾਂ ਨੂੰ ਫੰਡ ਦੇ ਕੇ ਸਿੱਧੇ ਤੌਰ 'ਤੇ ਜਨਤਕ ਭਲਾਈ ਵਿੱਚ ਵਾਧਾ ਕਰ ਰਿਹਾ ਹੈ। ਨਵੀਂ ਆਬਕਾਰੀ ਨੀਤੀ ਦਾ ਐਲਾਨ ਕਰਦਿਆਂ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੂਬਾ ਪਿਛਲੀਆਂ ਕਾਂਗਰਸ ਅਤੇ ਅਕਾਲੀ-ਭਾਜਪਾ ਸਰਕਾਰਾਂ ਦੀ ਖੜੋਤ ਤੋਂ ਨਿਰਣਾਇਕ ਤੌਰ 'ਤੇ ਬਾਹਰ ਨਿਕਲ ਆਇਆ ਹੈ। ਉਨ੍ਹਾਂ ਕਿਹਾ ਕਿ ਆਬਕਾਰੀ ਖੇਤਰ ਨੂੰ ਇੱਕ ਪਾਰਦਰਸ਼ੀ, ਇਨਫੋਰਸਮੈਂਟ-ਪ੍ਰੇਰਿਤ ਅਤੇ ਵਿਕਾਸ-ਮੁਖੀ ਖੇਤਰ ਵਿੱਚ ਬਦਲ ਦਿੱਤਾ ਗਿਆ ਹੈ, ਜੋ ਨਾਜਾਇਜ਼ ਵਪਾਰ 'ਤੇ ਸ਼ਿਕੰਜਾ ਕੱਸਣ ਦੇ ਨਾਲ-ਨਾਲ ਰਿਕਾਰਡ ਮਾਲੀਆ ਇਕੱਤਰ ਕਰ ਰਿਹਾ ਹੈ। ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਜਿੰਨ੍ਹਾਂ ਨਾਲ ਆਬਕਾਰੀ ਅਤੇ ਕਰ ਕਮਿਸ਼ਨਰ (ਬਾਕੀ ਸਫਾ 2 'ਤੇ)

'ਇੰਡੀਆ' ਦੇ ਕਨਵੀਨਰ ਲਈ ਸਟਾਲਿਨ ਸਭ ਤੋਂ ਵੱਧ ਢੁਕਵੇਂ ਉਮੀਦਵਾਰ: ਅੱਈਅਰ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 23 ਫਰਵਰੀ : ਕਾਂਗਰਸ ਦੇ ਸੀਨੀਅਰ ਨੇਤਾ ਮਣੀ ਸ਼ੰਕਰ ਅਈਅਰ ਨੇ ਕਿਹਾ ਹੈ ਕਿ ਡੀ.ਐਮ.ਕੇ. ਮੁਖੀ ਅਤੇ ਤਾਮਿਲਨਾਡੂ ਦੇ ਮੁੱਖ ਮੰਤਰੀ ਐਮ.ਕੇ.ਸਟਾਲਿਨ ਇੰਡੀਆ ਗਠਜੋੜ ਦੇ ਕਨਵੀਨਰ ਲਈ ਸੱਭ ਤੋਂ ਢੁਕਵੇਂ ਉਮੀਦਵਾਰਹਨ। ਅਈਅਰ ਨੇ ਦਲੀਲ ਦਿਤੀ ਕਿ ਵੱਡੇ ਸਾਥੀ ਦੀ ਬਜਾਏ ਛੋਟੇ ਸਾਥੀ ਨੂੰ ਅਗਵਾਈ ਦੇਣ ਨਾਲ ਗਠਜੋੜ ਦੀ ਏਕਤਾ ਮਜ਼ਬੂਤ ਰਹੇਗੀ। ਉਨ੍ਹਾਂ ਨੇ ਕਿਹਾ, "ਮੌਜੂਦਾ ਹਾਲਾਤ 'ਚ, 2029 ਦੇ ਟੀਚੇ ਨੂੰ ਧਿਆਨ ਵਿਚ ਰਖਦੇ ਹੋਏ, ਸਟਾਲਿਨ ਤੋਂ ਵਧੀਆ ਕੋਈ ਨਹੀਂ ਜੋ ਇੰਡੀਆ ਗਠਜੋੜ ਦੀ ਅਗਵਾਈ ਕਰ ਸਕੇ।" ਕਾਂਗਰਸ ਵਿਚ ਅਈਅਰ ਦੇ ਬਿਆਨ ਨੇ ਨਾਰਾਜ਼ਗੀ ਪੈਦਾ ਕੀਤੀ ਹੈ ਪਰ ਖ਼ੁਦ ਅਈਅਰ ਮੰਨਦੇ ਹਨ ਕਿ ਇਹ ਕਾਂਗਰਸ ਦੇ ਹਿੱਤ ਵਿਚ ਹੀ ਹੋਵੇਗਾ। ਉਨ੍ਹਾਂ ਨੇ ਸਟਾਲਿਨ ਦੇ ਪ੍ਰਸ਼ਾਸਨਿਕ ਤਜਰਬੇ, ਧਰਮ ਨਿਰਪੱਖ ਸੋਚ ਅਤੇ ਲੋਕਾਂ ਦੇ ਮੁੱਦਿਆਂ ਨੂੰ ਸਮਝਣ ਦੀ ਸਮਰੱਥਾ ਨੂੰ ਉਨ੍ਹਾਂ ਦੀ ਸੱਭ ਤੋਂ ਵੱਡੀ ਤਾਕਤ ਦਸਿਆ। ਅਈਅਰ ਨੇ ਜਵਾਹਰ ਲਾਲ ਨਹਿਰੂ ਵਲੋਂ 1962 ਚੀਨ ਜੰਗ ਤੋਂ ਬਾਅਦ ਕਾਮਰਾਜ ਨੂੰ ਕਾਂਗਰਸ ਦੀ (ਬਾਕੀ ਸਫਾ 2 'ਤੇ)

ਲਾਲਪੁਰਾ ਦੀ ਵਿਧਾਨ ਸਭਾ ਮੈਂਬਰਸ਼ਿਪ ਰੱਦ ਕਰਨ ਦੀ ਮੰਗ ਵਾਲੀ ਪਟੀਸ਼ਨ 'ਤੇ ਸਰਕਾਰ ਨੂੰ ਨੋਟਿਸ

ਚੰਡੀਗੜ੍ਹ, 23 ਫਰਵਰੀ (ਚ.ਨ.ਸ.): ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਖਡੂਰ ਸਾਹਿਬ ਤੋਂ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਦੀ ਵਿਧਾਨ ਸਭਾ ਮੈਂਬਰਸ਼ਿਪ ਰੱਦ ਕਰਨ ਦੀ ਮੰਗ ਵਾਲੀ ਜਨਹਿਤ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਅੱਜ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕੀਤਾ ਹੈ। ਅਦਾਲਤ ਨੇ ਸੂਬਾ ਸਰਕਾਰ ਨੂੰ ਇਸ ਮਾਮਲੇ ਵਿੱਚ ਆਪਣਾ ਪੱਖ ਰੱਖਣ ਲਈ ਕਿਹਾ ਹੈ। ਅਦਾਲਤ ਨੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰਦਿਆਂ ਹਦਾਇਤ ਕੀਤੀ ਹੈ ਕਿ ਉਹ ਇਸ ਪਟੀਸ਼ਨ 'ਤੇ ਆਪਣਾ ਜਵਾਬ ਦਾਖ਼ਲ ਕਰੇ। ਹਾਈਕੋਰਟ ਨੇ ਇਸ ਮਾਮਲੇ ਦੀ ਅਗਲੀ ਸੁਣਵਾਈ ਹੁਣ 30 ਮਾਰਚ ਲਈ ਤੈਅ ਕੀਤੀ ਹੈ। (ਬਾਕੀ ਸਫਾ 2 'ਤੇ)

ਸੁਪਰੀਮ ਕੋਰਟ ਦਾ ਵੱਡਾ ਫ਼ੈਸਲਾ

'ਜ਼ਮੀਨ ਐਕਵਾਇਰ ਦੇ 2018 ਤੋਂ ਪਹਿਲਾਂ ਦੇ ਮਾਮਲੇ ਮੁੜ ਨਹੀਂ ਖੁੱਲ੍ਹਣਗੇ'

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 23 ਫਰਵਰੀ : ਸੁਪਰੀਮ ਕੋਰਟ ਨੇ ਸੋਮਵਾਰ ਨੂੰ ਜ਼ੁਬਾਨੀ ਟਿਪਣੀ ਰਾਹੀਂ ਸਪਸ਼ਟ ਕੀਤਾ ਕਿ ਕਿਸਾਨਾਂ ਨੂੰ ਮੁਆਵਜ਼ੇ ਨਾਲ ਵਿਆਜ ਦੀ ਅਦਾਇਗੀ ਲਈ 2018 ਤੋਂ ਪਹਿਲਾਂ ਦੇ ਜ਼ਮੀਨ ਐਕਵਾਇਰ ਮਾਮਲੇ ਮੁੜ ਨਹੀਂ ਖੋਲ੍ਹੇ ਜਾ ਸਕਦੇ।

ਇਹ ਟਿਪਣੀ ਚੀਫ਼ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਉੱਜਲ ਭੂਈਆਂ ਦੀ ਵਿਸ਼ੇਸ਼ ਬੈਂਚ ਨੇ ਕੀਤੀ, ਜਦੋਂ ਕੌਮੀ ਹਾਈਵੇ ਅਥਾਰਟੀ ਆਫ ਇੰਡੀਆ (ਐਨ.ਐਚ.ਏ.ਆਈ.) ਵਲੋਂ 2019 ਦੇ ਫੈਸਲੇ ਦੀ ਸਮੀਖਿਆ ਲਈ ਦਿਤੀ ਅਰਜ਼ੀ 'ਤੇ ਅੱਜ ਸੁਣਵਾਈ ਸ਼ੁਰੂ ਹੋਈ। 2019 ਵਿਚ ਸੁਪਰੀਮ ਕੋਰਟ ਨੇ ਫੈਸਲਾ ਦਿਤਾ ਸੀ ਕਿ ਕਿਸਾਨਾਂ ਨੂੰ ਜ਼ਮੀਨ ਐਕਵਾਇਰ ਕਰਨ ਦੇ ਮਾਮਲਿਆਂ ਵਿਚ ਮੁਆਵਜ਼ਾ ਅਤੇ ਵਿਆਜ ਮਿਲਣਾ ਚਾਹੀਦਾ ਹੈ। ਐਨ.ਐਚ.ਏ.ਆਈ. ਨੇ ਦਲੀਲ ਦਿਤੀ ਕਿ ਇਹ ਫੈਸਲਾ ਪਿਛਲੇ ਮਾਮਲਿਆਂ ਉਤੇ ਲਾਗੂ ਕਰਨ ਨਾਲ ਲਗਭਗ 32,000 ਕਰੋੜ ਰੁਪਏ ਦਾ ਵਿੱਤੀ ਬੋਝ ਪੈਦਾ ਹੋਵੇਗਾ। ਸੋਲੀਸੀਟਰ ਜਨਰਲ ਤੁਸ਼ਾਰ ਮਹਿਤਾ ਨੇ ਕਿਹਾ, ਇਹ ਮਾਮਲਾ ਸਿਰਫ਼ 100 ਕਰੋੜ ਦਾ ਨਹੀਂ, ਬਲਕਿ 32,000 ਕਰੋੜ ਰੁਪਏ ਦਾ ਹੈ। ਇਸ ਲਈ ਇਸ ਨੂੰ ਸਿਰਫ਼ ਭਵਿੱਖ ਲਈ ਹੀ ਲਾਗੂ ਕੀਤਾ ਜਾਣਾ ਚਾਹੀਦਾ ਹੈ।" ਚੀਫ਼ ਜਸਟਿਸ (ਬਾਕੀ ਸਫਾ 2 'ਤੇ)

'ਕੁੜੀਆਂ ਨਾਲ ਵਿਤਕਰਾ ਅਜੇ ਵੀ ਜਾਰੀ'

ਨਵੀਂ ਦਿੱਲੀ , 23 ਫਰਵਰੀ (ਚ.ਨ.ਸ.):ਸੁਪਰੀਮ ਕੋਰਟ ਨੇ ਸੋਮਵਾਰ ਨੂੰ ਸਪਸ਼ਟ ਕੀਤਾ ਕਿ ਦੇਸ਼ ਦੇ ਕਈ ਹਿੱਸਿਆਂ ਵਿੱਚ ਅਜੇ ਵੀ ਕੁੜੀਆਂ ਨਾਲ ਵਿਤਕਰਾ ਵਿਆਪਕ ਹੈ ਅਤੇ ਇਸ ਦਾ ਸਭ ਤੋਂ ਭੈੜਾ ਰੂਪ ਕੰਨਿਆ ਭਰੂਣ ਹਤਿਆ ਹੈ। ਜਸਟਿਸ ਮਨੋਜ ਮਿਸਰਾ ਅਤੇ ਉੱਜਲ ਭੂਈਆਂ ਦੀ ਬੈਂਚ ਨੇ ਗੁੜਗਾਉਂ ਦੇ ਇਕ ਰੇਡੀਓਲੋਜਿਸਟ ਵਿਰੁੱਧ ਦਰਜ ਕੇਸ ਰੱਦ ਕਰਨ ਤੋਂ ਇਨਕਾਰ ਕਰਦਿਆਂ ਇਹ ਟਿਪਣੀਆਂ ਕੀਤੀਆਂ। ਬੈਂਚ ਨੇ ਜ਼ੋਰ ਦਿੱਤਾ ਕਿ ਸੰਸਦ ਨੇ ਨਾ ਸਿਰਫ਼ ਲਿੰਗ ਨਿਰਧਾਰਣ ਅਤੇ ਚੋਣ ਨੂੰ (ਬਾਕੀ ਸਫਾ 2 'ਤੇ)

ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਤੇਜ਼ੀ ਦਰਜ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 23 ਫਰਵਰੀ :ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਅੱਜ ਤੇਜ਼ੀ ਦਰਜ ਕੀਤੀ ਗਈ ਹੈ। ਇੰਡੀਅਨ ਬੁਲੀਅਨ ਐਂਡ ਜਵੈਲਰਜ਼ ਐਸੋਸੀਏਸ਼ਨ (IBJA) ਅਨੁਸਾਰ 24 ਕੈਰੇਟ ਸੋਨੇ ਦੀ ਕੀਮਤ 3,362 ਰੁਪਏ ਪ੍ਰਤੀ 10 ਗ੍ਰਾਮ ਵਧ ਕੇ 1,58,428 ਰੁਪਏ 'ਤੇ ਪਹੁੰਚ ਗਈ ਹੈ। ਇਸ ਤੋਂ ਪਹਿਲਾਂ ਸੋਨੇ ਦਾ ਭਾਅ 1,55,066 ਰੁਪਏ ਸੀ। ਇਸੇ ਤਰ੍ਹਾਂ ਚਾਂਦੀ ਦੀਆਂ ਕੀਮਤਾਂ ਵਿੱਚ ਵੀ ਵਾਧਾ ਹੋਇਆ ਹੈ। ਚਾਂਦੀ 15,236 ਰੁਪਏ ਮਹਿੰਗੀ ਹੋ ਕੇ 2,65,550 ਰੁਪਏ ਪ੍ਰਤੀ ਕਿਲੋਗ੍ਰਾਮ 'ਤੇ ਆ ਗਈ ਹੈ, ਜਦਕਿ ਕੱਲ੍ਹ ਇਸ ਦੀ ਕੀਮਤ 2,50,314 ਰੁਪਏ ਸੀ। ਬਾਜ਼ਾਰ ਮਾਹਿਰਾਂ ਦਾ ਮੰਨਣਾ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਕੀਮਤਾਂ ਹੋਰ ਵੀ ਵਧ ਸਕਦੀਆਂ ਹਨ। ਸਾਲ 2026 ਵਿੱਚ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਲਗਾਤਾਰ ਉਤਰਾਅ-ਚੜ੍ਹਾਅ ਦੇਖਣ ਨੂੰ ਮਿਲ ਰਿਹਾ ਹੈ। ਇਸ ਸਾਲ ਹੁਣ ਤੱਕ ਸੋਨਾ 25,000 ਰੁਪਏ ਅਤੇ ਚਾਂਦੀ 35,000 ਰੁਪਏ ਮਹਿੰਗੀ ਹੋ ਚੁੱਕੀ ਹੈ। ਜ਼ਿਕਰਯੋਗ ਹੈ ਕਿ ਇਸੇ ਸਾਲ 29 ਜਨਵਰੀ ਨੂੰ ਸੋਨੇ ਨੇ 1.76 ਲੱਖ ਰੁਪਏ ਅਤੇ ਚਾਂਦੀ ਨੇ 3.86 ਲੱਖ ਰੁਪਏ ਦਾ ਆਪਣਾ ਹੁਣ ਤੱਕ ਦਾ ਸਭ ਤੋਂ ਉੱਚਾ ਪੱਧਰ (ਆਲ ਟਾਈਮ ਹਾਈ) ਛੂਹਿਆ ਸੀ। ਕੀਮਤਾਂ ਵਿੱਚ ਇਹ ਤੇਜ਼ੀ ਨਿਵੇਸ਼ਕਾਂ ਅਤੇ ਗਾਹਕਾਂ ਲਈ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ।

ਹੈੱਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਦੇ ਮਾਮਲੇ ਸਬੰਧੀ 72 ਘੰਟੇ 'ਤੇ ਸੱਦੀ ਇਕੱਤਰਤਾ

26 ਫਰਵਰੀ ਨੂੰ ਹੋਵੇਗੀ ਇਕ ਨੁਕਾਤੀ ਏਜੰਡੇ 'ਤੇ ਅੰਤ੍ਰਿੰਗ ਕਮੇਟੀ ਦੀ ਹੰਗਾਮੀ ਮੀਟਿੰਗ

ਬਬਲੂ ਮਹਾਜਨ

ਅੰਮ੍ਰਿਤਸਰ, 23 ਫਰਵਰੀ :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ 72 ਘੰਟੇ ਦੇ ਨੋਟਿਸ 'ਤੇ ਇਕ ਨੁਕਾਤੀ ਏਜੰਡੇ 'ਤੇ ਮੀਟਿੰਗ ਸੱਦ ਲਈ ਹੈ। ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਵੱਲੋਂ ਅੰਤ੍ਰਿੰਗ ਕਮੇਟੀ ਅਹੁਦੇਦਾਰਾਂ ਤੇ ਮੈਂਬਰਾਂ ਨੂੰ 72 ਘੰਟੇ ਦੇ ਨੋਟਿਸ 'ਤੇ 26 ਫਰਵਰੀ ਨੂੰ ਸੱਦੀ ਮੀਟਿੰਗ ਦਾ ਇਕ ਨੁਕਾਤੀ ਏਜੰਡੇ ਹੀ ਰੱਖਿਆ ਹੈ। ਜ਼ਰੂਰੀ ਏਜੰਡੇ 'ਤੇ ਇਹ ਮੀਟਿੰਗ ਛੁੱਟੀ 'ਤੇ ਚੱਲ ਰਹੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਦੇ ਮਾਮਲੇ ਵਿਚ ਸੱਦੀ ਗਈ ਹੈ। 18 ਫਰਵਰੀ ਨੂੰ ਗਿਆਨੀ ਰਘਬੀਰ ਸਿੰਘ ਵੱਲੋਂ ਪ੍ਰੈਸ ਕਲੱਬ ਜਲੰਧਰ ਵਿਚ ਪ੍ਰੈਸ ਕਾਨਫਰੰਸ ਕਰਕੇ ਜਿਹੜੇ ਇਲਜ਼ਾਮ ਸ਼੍ਰੋਮਣੀ ਕਮੇਟੀ 'ਤੇ ਲਗਾਏ ਗਏ ਸਨ, 19 ਫਰਵਰੀ ਨੂੰ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵਿਚ 72 ਘੰਟੇ ਦਾ ਸਮਾਂ ਦੇ ਕੇ ਉਹਨਾਂ ਇਲਜ਼ਾਮਾਂ ਦੇ ਸਬੂਤ ਮੰਗੇ ਗਏ ਸਨ। ਸਬੂਤ ਦੇਣ ਦੀ ਬਜਾਏ ਗਿਆਨੀ ਰਘਬੀਰ ਸਿੰਘ ਨੇ ਇਕ ਵੀਡੀਓ ਜਾਰੀ ਕਰਕੇ 22 ਫਰਵਰੀ ਨੂੰ ਸ਼੍ਰੋਮਣੀ ਕਮੇਟੀ ਨੂੰ ਹੀ 72 ਘੰਟੇ ਦਾ ਸਮਾਂ ਦਿੰਦਿਆਂ ਆਪਣੇ ਵੱਲੋਂ ਖੜੇ ਕੀਤੇ ਸਵਾਲਾਂ ਦੇ ਜਵਾਬ ਮੰਗ ਲਏ ਸਨ। ਇਹ ਵਿਵਾਦ ਵਧਦਾ ਜਾ ਰਿਹਾ ਹੈ ਅਤੇ ਇਸ ਨਾਲ ਦੇਸ਼-ਵਿਦੇਸ਼ਾਂ ਵਿਚ ਸਿੱਖ ਪੰਥ ਦੀ ਕਿਰਕਿਰੀ ਹੋ ਰਹੀ ਹੈ। ਸੋਸ਼ਲ ਮੀਡੀਆ 'ਤੇ ਇਸ ਵਿਵਾਦ ਨੂੰ ਆਪਣੇ-ਆਪਣੇ ਤਰੀਕੇ ਨਾਲ ਪੇਸ਼ ਕੀਤਾ ਜਾ ਰਿਹਾ ਹੈ। ਜਿਸ ਨਾਲ ਸਤਿਕਾਰਤ ਸੰਸਥਾ ਤੇ ਅਹੁਦੇ ਦਾ ਵੀ ਧਿਆਨ (ਬਾਕੀ ਸਫਾ 2 'ਤੇ)

ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ 26 ਨੂੰ ਆਉਣਗੇ ਭਾਰਤ



ਓਟਵਾ/ਨਵੀਂ ਦਿੱਲੀ, 23 ਫਰਵਰੀ (ਚ.ਨ.ਸ.): ਕੈਨੇਡਾ ਦੇ ਨਵੇਂ ਚੁਣੇ ਗਏ ਪ੍ਰਧਾਨ ਮੰਤਰੀ ਮਾਰਕ ਕਾਰਨੀ 26 ਫਰਵਰੀ ਤੋਂ 7 ਮਾਰਚ ਤੱਕ ਭਾਰਤ, ਆਸਟਰੇਲੀਆ ਅਤੇ ਜਾਪਾਨ ਦਾ ਦੌਰਾ ਕਰਨਗੇ।

ਕਾਰਨੀ ਦੇ ਦਫ਼ਤਰ ਵੱਲੋਂ ਜਾਰੀ ਅਧਿਕਾਰਤ ਬਿਆਨ ਅਨੁਸਾਰ, ਇਸ ਦੌਰੇ ਦਾ ਮੁੱਖ ਉਦੇਸ਼ ਵਪਾਰ, ਊਰਜਾ, ਤਕਨਾਲੋਜੀ ਅਤੇ ਰੱਖਿਆ ਖੇਤਰਾਂ ਵਿੱਚ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨਾ ਹੈ। ਜਸਟਿਨ ਟਰੂਡੋ ਤੋਂ ਬਾਅਦ ਅਹੁਦਾ ਸੰਭਾਲਣ ਮਗਰੋਂ ਕਾਰਨੀ ਦੀ ਇਹ ਪਹਿਲੀ ਭਾਰਤ ਫੇਰੀ ਹੋਵੇਗੀ। ਪ੍ਰਧਾਨ ਮੰਤਰੀ ਕਾਰਨੀ ਆਪਣੀ ਭਾਰਤ ਫੇਰੀ ਦੀ ਸ਼ੁਰੂਆਤ ਮੁੰਬਈ ਤੋਂ ਕਰਨਗੇ, ਜਿਸ ਤੋਂ ਬਾਅਦ ਉਹ ਨਵੀਂ ਦਿੱਲੀ ਵਿਖੇ (ਬਾਕੀ ਸਫਾ 2 'ਤੇ)

ਵੱਖ-ਵੱਖ ਮੁਲਕਾਂ ਨਾਲ ਸਬੰਧਾਂ ਦੀ ਮਜ਼ਬੂਤੀ ਲਈ 60 'ਸੰਸਦੀ ਦੋਸਤੀ ਗਰੁੱਪ' ਗਠਿਤ

ਥਰੂਰ, ਮਨੀਸ਼ ਤਿਵਾੜੀ ਤੇ ਓਵਾਇਸੀ ਕਰਨਗੇ ਅਗਵਾਈ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 23 ਫਰਵਰੀ :ਦੁਨੀਆਂ ਦੇ 60 ਪ੍ਰਮੁੱਖ ਮੁਲਕਾਂ ਨਾਲ ਭਾਰਤ ਦੇ ਸਬੰਧਾਂ ਨੂੰ ਹੋਰ ਪੀਡਾ ਕਰਨ ਲਈ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਅੱਜ 60 'ਸੰਸਦੀ ਦੋਸਤੀ ਗਰੁੱਪਾਂ' ਦਾ ਗਠਨ ਕੀਤਾ ਹੈ। ਹਰੇਕ ਗਰੁੱਪ ਦੀ ਅਗਵਾਈ ਇੱਕ ਸੀਨੀਅਰ ਸੰਸਦ ਮੈਂਬਰ ਨੂੰ ਸੌਂਪੀ ਗਈ ਹੈ।

ਲੋਕ ਸਭਾ ਸਕੱਤਰੇਤ ਅਨੁਸਾਰ, ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਬਣਾਏ ਗਏ ਇਹ ਗਰੁੱਪ ਵਿਸ਼ਵ ਮੰਚ 'ਤੇ ਭਾਰਤੀ ਲੋਕਤੰਤਰ ਦੇ ਵੱਖ-ਵੱਖ ਪਹਿਲੂਆਂ ਨੂੰ ਪੇਸ਼ ਕਰਨਗੇ। ਇਨ੍ਹਾਂ ਗਰੁੱਪਾਂ ਦੀ ਕਮਾਨ ਸੰਭਾਲਣ ਵਾਲੇ ਸੀਨੀਅਰ ਆਗੂਆਂ ਵਿੱਚ ਰਵੀ ਸ਼ੰਕਰ ਪ੍ਰਸਾਦ, ਐਮ.ਥੰਬੀਦੁਰਈ, ਪੀ.ਚਿਦੰਬਰਮ, ਰਾਮ ਗੋਪਾਲ ਯਾਦਵ, ਟੀ.ਆਰ. ਬਾਲੂ, ਕਾਕੋਲੀ ਘੋਸ਼ ਦਸਤੀਦਾਰ, ਗੌਰਵ ਗੋਗੋਈ, ਕਨੀਮੋਝੀ ਕਰੁਣਾਨਿਧੀ, ਮਨੀਸ਼ ਤਿਵਾੜੀ, ਡੈਰੇਕ ਓਬ੍ਰਾਇਨ, ਅਭਿਸ਼ੇਕ ਬੈਨਰਜੀ, ਅਸਦੁਦੀਨ ਓਵਾਇਸੀ, ਅਖਿਲੇਸ਼ ਯਾਦਵ, ਕੇ.ਸੀ. ਵੇਣੂਗੋਪਾਲ, ਰਾਜੀਵ ਪ੍ਰਤਾਪ ਰੂਡੀ, ਸੁਪ੍ਰਿਆ ਸੂਲੇ, ਸੰਜੇ ਸਿੰਘ, ਬੈਜਯੰਤ ਪਾਂਡਾ, ਸ਼ਸ਼ੀ ਥਰੂਰ, ਨਿਸ਼ੀਕਾਂਤ ਦੂਬੇ, ਅਨੁਰਾਗ ਸਿੰਘ ਠਾਕੁਰ, ਹੇਮਾ ਮਾਲਿਨੀ, ਬਿਪਲਬ ਕੁਮਾਰ ਦੇਵ ਅਤੇ ਡਾ. ਸੁਧਾਂਸ਼ੂ ਤ੍ਰਿਵੇਦੀ (ਬਾਕੀ ਸਫਾ 2 'ਤੇ)

'ਤੇਜਸ' ਦੀ ਹੋਈ ਬ੍ਰੇਕ ਫੇਲ੍ਹ, ਲੈਂਡਿੰਗ ਦੌਰਾਨ ਰਨਵੇ ਤੋਂ ਨਿਕਲਿਆ ਅੱਗੇ, ਵਾਲ-ਵਾਲ ਬਚਿਆ ਪਾਇਲਟ

ਨਵੀਂ ਦਿੱਲੀ, 23 ਫਰਵਰੀ (ਚ.ਨ.ਸ.):ਇੰਡੀਅਨ ਏਅਰਫੋਰਸ ਦਾ ਲੜਾਕੂ ਜਹਾਜ਼ ਤੇਜਸ ਲੈਂਡਿੰਗ ਦੌਰਾਨ ਰਨਵੇ ਤੋਂ ਅੱਗੇ ਨਿਕਲ ਗਿਆ। ਸ਼ੁਰੂਆਤੀ ਜਾਂਚ ਵਿਚ ਬ੍ਰੇਕ ਫੇਲ੍ਹ ਹੋਣ ਦਾ ਖਦਸ਼ਾ ਪ੍ਰਗਟਾਇਆ ਜਾ ਰਿਹਾ ਹੈ। ਸੂਤਰਾਂ ਮੁਤਾਬਕ ਘਟਨਾ 7 ਫਰਵਰੀ ਦੀ ਹੈ ਤੇ ਜਾਣਕਾਰੀ ਹੁਣ ਸਾਹਮਣੇ ਆਈ ਹੈ।

ਜਹਾਜ਼ ਟ੍ਰੇਨਿੰਗ ਉਡਾਣ ਦੇ ਬਾਅਦ ਏਅਰਬੇਸ 'ਤੇ ਵਾਪਸ ਪਰਤ ਰਿਹਾ ਸੀ। ਲੈਂਡ ਕਰਦੇ ਹੀ ਪਾਇਲਟ ਨੇ ਬ੍ਰੇਕ ਲਗਾਉਣ ਦੀ ਕੋਸ਼ਿਸ਼ ਕੀਤੀ। ਜਦੋਂ ਬ੍ਰੇਕ ਨਹੀਂ ਲੱਗਾ ਤਾਂ ਜਹਾਜ਼ ਰਨਵੇ ਤੋਂ ਬਾਹਰ ਨਿਕਲ ਗਿਆ। ਹਾਦਸੇ ਤੋਂ ਪਹਿਲਾਂ ਪਾਇਲਟ ਸੁਰੱਖਿਅਤ ਬਾਹਰ ਨਿਕਲ ਗਿਆ। ਜਹਾਜ਼ ਨੂੰ ਨੁਕਸਾਨ ਪਹੁੰਚਿਆ ਹੈ। ਹਾਦਸਾ ਕਿਸ ਏਅਰਬੇਸ 'ਤੇ ਹੋਇਆ, ਅਜੇ ਇਹ ਪਤਾ ਨਹੀਂ ਲੱਗਾ ਹੈ। ਘਟਨਾ (ਬਾਕੀ ਸਫਾ 2 'ਤੇ)

ਅਬੋਹਰ 'ਚ ਡਿਵਾਈਡਰ ਨਾਲ ਟਕਰਾਈ ਤੇਜ਼ ਰਫ਼ਤਾਰ ਕਾਰ; ਦੋ ਭਰਾਵਾਂ ਸਮੇਤ 3 ਦੀ ਮੌਤ

ਚੜ੍ਹਦੀਕਲਾ ਬਿਊਰੋ

ਅਬੋਹਰ, 23 ਫਰਵਰੀ : ਅਬੋਹਰ ਵਿੱਚ ਐਤਵਾਰ ਦੇਰ ਰਾਤ ਇੱਕ ਦਰਦਨਾਕ ਸੜਕ ਹਾਦਸੇ ਨੇ ਹਰ ਕਿਸੇ ਨੂੰ ਝੰਜੋੜ ਕੇ ਰੱਖ ਦਿੱਤਾ।

ਹਨੂੰਮਾਨਗੜ੍ਹ ਰੋਡ 'ਤੇ ਇੱਕ ਤੇਜ਼ ਰਫ਼ਤਾਰ ਕਾਰ ਬੇਕਾਬੂ ਹੋ ਕੇ ਡਿਵਾਈਡਰ ਨਾਲ ਜਾ ਟਕਰਾਈ, ਜਿਸ ਕਾਰਨ ਕਾਰ ਸਵਾਰ 3 ਨੌਜਵਾਨਾਂ ਦੀ ਮੌਤ ਹੋ ਗਈ ਅਤੇ 2 ਗੰਭੀਰ ਜ਼ਖ਼ਮੀ ਹੋ ਗਏ। ਮ੍ਰਿਤਕਾਂ ਦੀ ਪਛਾਣ ਉਦੈ (24), ਵਿਸ਼ਾਲ (22) ਅਤੇ ਰਮਨ (22) ਵਜੋਂ ਹੋਈ ਹੈ। ਦੁਖਦਾਈ ਗੱਲ ਇਹ ਹੈ ਕਿ ਉਦੈ ਅਤੇ ਵਿਸ਼ਾਲ ਸਕੇ ਭਰਾ ਸਨ । ਰਮਨ ਉਨ੍ਹਾਂ ਦੀ ਭੂਆ ਦਾ ਲੜਕਾ ਸੀ। ਇਹ ਸਾਰੇ ਨੌਜਵਾਨ ਕਿੰਨੂਆਂ ਦੇ ਬਾਗ ਦਾ ਠੇਕਾ ਲੈਣ ਦੀ ਡੀਲ ਫਾਈਨਲ ਕਰਕੇ ਵਾਪਸ ਪਰਤ ਰਹੇ ਸਨ।

ਜਾਣਕਾਰੀ ਅਨੁਸਾਰ ਇਹ ਹਾਦਸਾ ਰਾਤ ਕਰੀਬ ਸਵਾ 1 ਵਜੇ ਵਾਪਰਿਆ ਜਦੋਂ ਕਾਰ ਪੁਲ ਤੋਂ ਉਤਰਦੇ ਸਮੇਂ ਬਹੁਤ ਜ਼ਿਆਦਾ ਰਫ਼ਤਾਰ ਵਿੱਚ ਸੀ।ਟੱਕਰ ਇੰਨੀ ਜ਼ਬਰਦਸਤ ਸੀ ਕਿ ਗੱਡੀ ਦੇ ਅਗਲੇ (ਬਾਕੀ ਸਫਾ 2 'ਤੇ)

ਵਿਦੇਸ਼ੀ ਨੌਕਰੀ ਪਾਉਣ ਦੇ ਮਾਮਲੇ 'ਚ ਸਭ ਤੋਂ ਵੱਧ ਪੰਜਾਬੀ ਨੌਜਵਾਨ ਹੋ ਰਹੇ ਹਨ ਟਰੈਵਲ ਏਜੰਟਾਂ ਦੀ ਠੱਗੀ ਦਾ ਸ਼ਿਕਾਰ

ਬੀਤੇ ਤਿੰਨ ਸਾਲਾਂ ਦੌਰਾਨ ਪੰਜਾਬ 'ਚ 154 ਮਾਮਲੇ ਆਏ ਸਾਹਮਣੇ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 23 ਫਰਵਰੀ:ਵਿਦੇਸ਼ ਵਿੱਚ ਨੌਕਰੀ ਦਿਵਾਉਣ ਦੇ ਨਾਂ 'ਤੇ ਨੌਜਵਾਨਾਂ ਨੂੰ ਠੱਗਣ ਵਾਲੇ ਫਰਜ਼ੀ ਟਰੈਵਲ ਏਜੰਟਾਂ ਦੇ ਮਾਮਲਿਆਂ ਵਿੱਚ ਪੰਜਾਬ ਸਭ ਤੋਂ ਅੱਗੇ ਹੈ। ਕੇਂਦਰ ਸਰਕਾਰ ਦੇ ਤਾਜ਼ਾ ਅੰਕੜਿਆਂ ਅਨੁਸਾਰ ਪਿਛਲੇ ਤਿੰਨ ਸਾਲਾਂ ਵਿੱਚ ਪੰਜਾਬ, ਚੰਡੀਗੜ੍ਹ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਤੋਂ ਕੁੱਲ 291 ਸ਼ਿਕਾਇਤਾਂ ਦਰਜ ਹੋਈਆਂ, ਜਿਨ੍ਹਾਂ ਵਿੱਚ ਪੰਜਾਬ ਦੇ ਮਾਮਲੇ ਸਭ ਤੋਂ ਜ਼ਿਆਦਾ ਹਨ।

ਵਿਦੇਸ਼ ਮੰਤਰਾਲੇ ਨੇ ਮੰਨਿਆ ਹੈ ਕਿ ਇੰਟਰਨੈੱਟ ਮੀਡੀਆ ਦੇ ਜ਼ਰੀਏ ਫਰਜ਼ੀ ਵਿਦੇਸ਼ੀ ਨੌਕਰੀ ਦੇ ਆਫਰ ਦੇ ਕੇ ਨੌਜਵਾਨਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ । ਇਹ ਜਾਣਕਾਰੀ ਸ਼੍ਰੋਮਣੀ ਅਕਾਲੀ ਦਲ ਦੀ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਨੇ ਲੋਕ ਸਭਾ 'ਚ ਸਵਾਲ ਦੇ ਜਵਾਬ ਸਮੇਂ ਸਾਂਝੀ ਕੀਤੀ ਗਈ। ਮੰਤਰਾਲੇ ਅਨੁਸਾਰ ਸਾਲ 2023 ਤੋਂ 2025 ਦੇ ਵਿਚਕਾਰ ਪੰਜਾਬ ਵਿੱਚ 154 ਸ਼ਿਕਾਇਤਾਂ ਦਰਜ ਹੋਈਆਂ। ਇਨ੍ਹਾਂ ਵਿੱਚ 2023 ਵਿੱਚ 56 ਸ਼ਿਕਾਇਤਾਂ, 2024 ਵਿੱਚ 18 ਸ਼ਿਕਾਇਤਾਂ ਅਤੇ 2025 ਵਿੱਚ 80 ਸ਼ਿਕਾਇਤਾਂ ਦਰਜ ਕੀਤੀਆਂ ਗਈਆਂ। ਇਸੇ ਤਰ੍ਹਾਂ ਚੰਡੀਗੜ੍ਹ ਵਿੱਚ ਇਸੇ ਸਮੇਂ ਦੌਰਾਨ ਵਿੱਚ 92 ਸ਼ਿਕਾਇਤਾਂ ਸਾਹਮਣੇ ਆਈਆਂ, ਜਦਕਿ ਹਰਿਆਣਾ ਵਿੱਚ 39 ਅਤੇ ਹਿਮਾਚਲ ਪ੍ਰਦੇਸ਼ ਵਿੱਚ 6 ਸ਼ਿਕਾਇਤਾਂ ਦਰਜ ਹੋਈਆਂ। ਮੰਤਰਾਲੇ ਨੇ ਦੱਸਿਆ ਕਿ ਇਹ ਫਰਜ਼ੀ ਭਰਤੀ ਮੁਹਿੰਮ ਅਕਸਰ ਇੰਟਰਨੈੱਟ ਮੀਡੀਆ ਪਲੇਟਫਾਰਮਾਂ ਦੇ ਜ਼ਰੀਏ ਚਲਾਈ ਜਾਂਦੀ ਹੈ ਅਤੇ ਵਿਦੇਸ਼ ਵਿੱਚ ਰੁਜ਼ਗਾਰ ਦੀ ਭਾਲ ਕਰ ਰਹੇ ਨੌਜਵਾਨਾਂ ਨੂੰ ਆਪਣੇ ਵੱਲ ਖਿੱਚਦੀ ਹੈ ।

ਕਈ ਮਾਮਲਿਆਂ ਵਿੱਚ ਪੀੜਤਾਂ ਜਾਂ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀ ਸ਼ਿਕਾਇਤ ਤੋਂ ਬਾਅਦ ਹੀ ਅਜਿਹੇ ਨੈੱਟਵਰਕ ਦਾ ਖੁਲਾਸਾ ਹੋ ਪਾਉਂਦਾ ਹੈ। ਸਵਾਲ 'ਤੇ ਮੰਤਰਾਲੇ ਨੇ ਦੱਸਿਆ ਕਿ ਕਈ (ਬਾਕੀ ਸਫਾ 2 'ਤੇ)

ਲੁਧਿਆਣਾ ਤੋਂ ਦਰਭੰਗਾ ਜਾ ਰਹੀ ਬੱਸ ਲਖਨਊ 'ਚ ਹਾਦਸੇ ਦਾ ਸ਼ਿਕਾਰ, ਛੇ ਮਰੇ

ਚੜ੍ਹਦੀਕਲਾ ਬਿਊਰੋ

ਲਖਨਊ , 23 ਫਰਵਰੀ : ਲੁਧਿਆਣਾ ਤੋਂ ਦਰਭੰਗਾ (ਬਿਹਾਰ) ਜਾ ਰਹੀ ਇੱਕ ਡਬਲ-ਡੈਕਰ ਬੱਸ ਸੋਮਵਾਰ ਦੁਪਹਿਰ 3:30 ਵਜੇ ਦੇ ਕਰੀਬ ਪੂਰਵਾਂਚਲ ਐਕਸਪ੍ਰੈਸਵੇਅ 'ਤੇ ਪਲਟ ਗਈ। ਮੁੱਢਲੀਆਂ ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਛੇ ਲੋਕਾਂ ਦੀ ਮੌਤ ਹੋ ਗਈ ਹੈ ਅਤੇ 16 ਜ਼ਖ਼ਮੀ ਹਨ। ਦੱਸਿਆ ਜਾ ਰਿਹਾ ਹੈ ਕਿ ਤੇਜ਼ ਰਫ਼ਤਾਰ ਕਾਰਨ ਗੋਸਾਈਗੰਜ ਦੇ ਖੇਮਾ ਖੇੜਾ ਪਿੰਡ ਨੇੜੇ ਬੱਸ ਕੰਟਰੋਲ ਗੁਆ ਬੈਠੀ ਅਤੇ ਪਲਟ ਗਈ। ਇਸ ਘਟਨਾ ਨਾਲ ਘਟਨਾ ਸਥਾਨ 'ਤੇ ਦਹਿਸ਼ਤ ਫੈਲ ਗਈ। ਰਾਹਗੀਰਾਂ ਨੇ ਪੁਲਿਸ ਨੂੰ ਸੂਚਿਤ ਕੀਤਾ। ਘਟਨਾ ਸਥਾਨ 'ਤੇ ਪਹੁੰਚੀ ਗੋਸਾਈਗੰਜ ਪੁਲਿਸ ਨੇ ਐਂਬੂਲੈਂਸ ਦੀ ਮਦਦ ਨਾਲ ਜ਼ਖਮੀਆਂ ਨੂੰ ਸਥਾਨਕ ਕਮਿਊਨਿਟੀ ਹੈਲਥ ਸੈਂਟਰ ਭੇਜਿਆ। ਟੀਮਾਂ ਰਾਹਤ ਅਤੇ ਬਚਾਅ ਕਾਰਜਾਂ ਵਿੱਚ ਲੱਗੀਆਂ ਹੋਈਆਂ ਹਨ। ਲੋਕਾਂ ਨੇ ਦੱਸਿਆ ਕਿ ਹਾਦਸਾ ਡਰਾਈਵਰ ਨੂੰ ਨੀਂਦ ਆਉਣ ਕਾਰਨ ਹੋਇਆ।

ਤਾਮਿਲਨਾਡੂ 'ਚ ਐਸ.ਆਈ.ਆਰ. ਮਗਰੋਂ ਚੋਣ ਕਮਿਸ਼ਨ ਦੀ ਵੱਡੀ ਕਾਰਵਾਈ

ਵੋਟਰ ਸੂਚੀ 'ਚੋਂ 97 ਲੱਖ ਤੋਂ ਵੱਧ ਨਾਂ ਕੱਟੇ

ਚੇਨਈ, 23 ਫਰਵਰੀ (ਚ.ਨ.ਸ.) : ਤਾਮਿਲਨਾਡੂ 'ਚ ਵੋਟਰ ਸੂਚੀ ਨੂੰ ਦਰੁਸਤ ਕਰਨ ਲਈ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਇੱਕ ਵੱਡਾ ਫੇਰਬਦਲ ਸਾਹਮਣੇ ਆਇਆ ਹੈ। ਸੂਬੇ ਦੀ ਮੁੱਖ ਚੋਣ ਅਧਿਕਾਰੀ ਅਰਚਨਾ ਪਟਨਾਇਕ ਵੱਲੋਂ ਸੋਮਵਾਰ ਨੂੰ ਜਾਰੀ ਕੀਤੀ ਗਈ ਅੰਤਿਮ ਵੋਟਰ ਸੂਚੀ ਅਨੁਸਾਰ ਵੱਖ-ਵੱਖ ਸ਼੍ਰੇਣੀਆਂ ਤਹਿਤ 97.37 ਲੱਖ ਤੋਂ ਵੱਧ ਵੋਟਰਾਂ ਦੇ ਨਾਂ ਹਟਾ ਦਿੱਤੇ ਗਏ ਹਨਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਦੀ ਪ੍ਰਕਿਰਿਆ ਸ਼ੁਰੂ ਹੋਣ ਤੋਂ ਪਹਿਲਾਂ ਸੂਬੇ ਵਿੱਚ ਵੋਟਰਾਂ ਦੀ ਕੁੱਲ ਗਿਣਤੀ 6.41 ਕਰੋੜ ਸੀ, ਜੋ ਹੁਣ ਘਟ ਕੇ 5.67 ਕਰੋੜ ਰਹਿ ਗਈ ਹੈ।

ਹਾਲਾਂਕਿ, ਕੁਝ ਅੰਕੜਿਆਂ ਮੁਤਾਬਕ ਇਹ ਗਿਣਤੀ 5.43 ਕਰੋੜ ਦੱਸੀ ਜਾ ਰਹੀ ਹੈ। ਇਸ ਮੁਹਿੰਮ ਦਾ ਮੁੱਖ ਮਕਸਦ ਵੋਟਰ ਸੂਚੀ ਵਿੱਚੋਂ ਮ੍ਰਿਤਕ ਵੋਟਰਾਂ, ਦੋਹਰੇ ਇੰਦਰਾਜ਼ਾਂ ਅਤੇ ਗਲਤ ਪਤਿਆਂ ਵਾਲੇ ਨਾਵਾਂ ਨੂੰ ਸਾਫ਼ ਕਰਨਾ ਸੀ। ਇਹ ਕਾਰਵਾਈ ਚੋਣ ਕਮਿਸ਼ਨ ਅਤੇ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਤਹਿਤ ਕੀਤੀ ਗਈ ਹੈ ਤਾਂ ਜੋ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾਇਆ ਜਾ ਸਕੇ। ਅਧਿਕਾਰੀਆਂ ਨੇ ਦੱਸਿਆ ਕਿ ਹਟਾਏ ਗਏ ਨਾਵਾਂ ਵਿੱਚ ਲੱਗਭੱਗ 66 ਲੱਖ ਨਾਂ ਅਜਿਹੇ ਸਨ, ਜਿਨ੍ਹਾਂ ਨੂੰ ਵੱਖ-ਵੱਖ ਤਕਨੀਕੀ ਕਾਰਨਾਂ ਕਰਕੇ ਹਟਾਇਆ ਗਿਆ ਹੈ। ਇਸ ਪ੍ਰਕਿਰਿਆ ਦੌਰਾਨ 12.43 ਲੱਖ ਲੋਕਾਂ ਨੂੰ ਨੋਟਿਸ ਵੀ ਭੇਜੇ ਗਏ ਸਨ।

ਪ੍ਰੀਖਿਆ ਦੇਣ ਜਾ ਰਹੇ 3 ਵਿਦਿਆਰਥੀਆਂ ਦੀ ਹਾਦਸੇ 'ਚ ਮੌਤ, ਇੱਕ ਜ਼ਖ਼ਮੀ

ਰਾਮਪੁਰ, 23 ਫਰਵਰੀ (ਚ.ਨ.ਸ.): ਉੱਤਰ ਪ੍ਰਦੇਸ਼ 'ਚ ਰਾਮਪੁਰ ਜ਼ਿਲ੍ਹੇ ਦੇ ਟਾਂਡਾ ਖੇਤਰ 'ਚ ਸੋਮਵਾਰ ਨੂੰ ਟਰੈਕਟਰ-ਟਰਾਲੀ ਦੀ ਲਪੇਟ 'ਚ ਆਉਣ ਨਾਲ ਬਾਈਕ ਸਵਾਰ ਤਿੰਨ ਵਿਦਿਆਰਥੀਆਂ ਦੀ ਮੌਤ ਹੋ ਗਈ, ਜਦੋਂ ਕਿ ਇਕ ਹੋਰ ਗੰਭੀਰ ਰੂਪ ਨਾਲ ਜ਼ਖ਼ਮੀ ਹੋ ਗਿਆ। ਪੁਲਿਸ ਅਨੁਸਾਰ ਹਾਈ ਸਕੂਲ ਦੀ ਪ੍ਰੀਖਿਆ ਦੇਣ ਜਾ ਰਹੇ ਚਾਰ ਵਿਦਿਆਰਥੀ ਟਾਂਡਾ ਖੇਤਰ ਤੋਂ ਦੜਿਆਲ ਵੱਲ ਬਾਈਕ 'ਤੇ ਜਾ ਰਹੇ ਸਨ।

ਇਸੇ ਦੌਰਾਨ ਅੱਗੇ ਚੱਲ ਰਹੇ ਟਰੈਕਟਰ-ਟਰਾਲੀ ਡਰਾਈਵਰ ਨੇ ਅਚਾਨਕ ਬ੍ਰੇਕ ਲਗਾ ਦਿੱਤੀ, ਜਿਸ ਨਾਲ ਪਿੱਛਿਓਂ ਆ ਰਹੇ ਬਾਈਕ ਸਵਾਰ ਵਿਦਿਆਰਥੀ ਟਰਾਲੀ ਨਾਲ ਟਕਰਾ ਗਏ। ਟੱਕਰ ਇੰਨੀ ਭਿਆਨਕ ਸੀ ਕਿ ਤਿੰਨ ਵਿਦਿਆਰਥੀਆਂ ਨੇ ਮੌਕੇ 'ਤੇ ਹੀ ਦਮ ਤੋੜ ਦਿੱਤਾ। ਮ੍ਰਿਤਕਾਂ ਦੀ ਪਛਾਣ

ਅਰੁਣ, ਵਿਨੇ ਅਤੇ ਮਨੂ ਵਜੋਂ ਹੋਈ ਹੈ।ਜ਼ਖਮੀ ਵਿਦਿਆਰਥੀ ਬਾਦਲ ਦਾ ਜ਼ਿਲ੍ਹਾ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ, ਜਿੱਥੇ ਉਸ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਅਰੁਣ ਮੂਲ ਰੂਪ ਨਾਲ ਮੁਰਾਦਾਬਾਦ ਦਾ ਵਾਸੀ ਸੀ ਅਤੇ ਫੱਤਾਵਾਲਾ 'ਚ ਆਪਣੀ ਨਾਨੀ ਦੇ ਘਰ ਰਹਿ ਕੇ ਪੜ੍ਹਾਈ ਕਰ ਰਿਹਾ ਸੀ, ਜਦੋਂ ਕਿ ਵਿਨੇ ਅਤੇ ਮਨੂ ਦੜਿਆਲ ਖੇਤਰ ਦੇ ਵਾਸੀ ਸਨ।

ਨੇਪਾਲ 'ਚ ਨਦੀ ਵਿੱਚ ਬੱਸ ਡਿੱਗਣ ਨਾਲ 18 ਮਰੇ ਤੇ 27 ਹੋਰ ਜ਼ਖ਼ਮੀ

ਕਾਠਮੰਡੂ, 23 ਫਰਵਰੀ (ਚ.ਨ.ਸ.): ਨੇਪਾਲ ਦੇ ਧਾਡਿੰਗ ਜ਼ਿਲ੍ਹੇ ਵਿੱਚ ਅੱਜ ਦੇਰ ਰਾਤ ਇੱਕ ਬੱਸ ਨਦੀ ਵਿੱਚ ਡਿੱਗ ਗਈ। ਨੇਪਾਲੀ ਮੀਡੀਆ ਦੇ ਅਨੁਸਾਰ, ਇਸ ਹਾਦਸੇ ਵਿੱਚ 18 ਲੋਕਾਂ ਦੀ ਮੌਤ ਹੋ ਗਈ ਅਤੇ 27 ਜ਼ਖ਼ਮੀ ਹੋ ਗਏ। ਮ੍ਰਿਤਕਾਂ ਵਿੱਚ ਇੱਕ ਪੁਰਸ਼ ਅਤੇ ਇੱਕ ਔਰਤ ਵਿਦੇਸ਼ੀ ਨਾਗਰਿਕ ਵੀ ਸ਼ਾਮਲ ਹਨ। ਹਾਲਾਂਕਿ, ਉਨ੍ਹਾਂ ਦੀ ਕੌਮੀਅਤ ਅਤੇ ਉਨ੍ਹਾਂ ਦੇ ਨਾਮ ਅਜੇ ਤੱਕ ਜਾਰੀ ਨਹੀਂ ਕੀਤੇ ਗਏ ਹਨ।

ਏਪੀਐਫ ਦੇ ਅਨੁਸਾਰ, ਹੁਣ ਤੱਕ 17 ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਬਾਅਦ ਵਿੱਚ, ਇੱਕ ਹੋਰ ਯਾਤਰੀ ਦੀ ਮੌਤ ਦੀ ਪੁਸ਼ਟੀ ਹੋਈ, ਜਿਸ ਨਾਲ ਮੌਤਾਂ ਦੀ ਗਿਣਤੀ 18 ਹੋ ਗਈ। ਹਾਦਸੇ ਵਿੱਚ ਜ਼ਖ਼ਮੀ ਹੋਏ ਲੋਕਾਂ ਨੂੰ ਬਚਾਇਆ ਗਿਆ ਅਤੇ ਵੱਖ-ਵੱਖ ਹਸਪਤਾਲਾਂ ਵਿੱਚ ਦਾਖ਼ਲ ਕਰਵਾਇਆ ਗਿਆ। ਮ੍ਰਿਤਕਾਂ ਅਤੇ ਜ਼ਖ਼ਮੀਆਂ ਦੀ ਪਛਾਣ ਅਜੇ ਤੱਕ ਨਹੀਂ ਹੋ ਸਕੀ।ਬੱਸ ਪੋਖਰਾ ਤੋਂ ਕਾਠਮੰਡੂ ਜਾ ਰਹੀ ਸੀ ਉਦੋਂ ਹੀ ਡਰਾਈਵਰ ਨੇ ਆਪਣਾ ਕੰਟਰੋਲ ਗੁਆ ਦਿੱਤਾ ਅਤੇ ਬੱਸ ਤ੍ਰਿਸ਼ੂਲੀ ਨਦੀ ਵਿੱਚ ਡਿੱਗ ਗਈ। ਇਹ ਹਾਦਸਾ ਧਾਡਿੰਗ ਜ਼ਿਲ੍ਹੇ ਦੇ ਬੇਨੀਘਾਟ ਰੋਰੰਗ ਖੇਤਰ ਵਿੱਚ ਅੱਜ ਸਵੇਰੇ 1:30 ਵਜੇ ਦੇ ਕਰੀਬ ਵਾਪਰਿਆ। ਪੁਲਿਸ ਇਸ ਸਮੇਂ ਹਾਦਸੇ ਦੇ ਹੋਰ ਸੰਭਾਵਿਤ ਕਾਰਨਾਂ ਦੀ ਜਾਂਚ ਕਰ ਰਹੀ ਹੈ।

ਪਹਿਲੇ ਸਫ਼ੇ ਦੀ ਬਾਕੀ

ਭਗਵੰਤ ਮਾਨ ਮੁੜ

ਏ, ਸੀ.ਐਮ. ਮਾਨ ਮੁੜ ਆ ਰਹੇ ਨੇ। ਜਿਸ ਰਾਹੀਂ ਪਾਰਟੀ ਨੇ ਚੋਣਾਂ ਤੋਂ ਪਹਿਲਾਂ ਹੀ ਸੰਕੇਤ ਦੇ ਦਿੱਤੇ ਹਨ, ਪਰ ਇਸ ਬਾਰੇ ਕਿਸੇ ਸੀਨੀਅਰ ਆਗੂ ਨੇ ਹਾਲੇ ਤਕ ਟਿੱਪਣੀ ਨਹੀਂ ਕੀਤੀ ਤੇ ਨਾ ਹੀ ਇਸ 'ਤੇ ਮੋਹਰ ਲਾਈ ਹੈ।

'ਮੇਰੀ ਰਸੋਈ ਯੋਜਨਾ' ਤਹਿਤ ਲੱਖਾਂ ਪਰਿਵਾਰਾਂ ਨੂੰ ਮਿਲੇਗਾ

ਉਨ੍ਹਾਂ ਕਿਹਾ ਕਿ ਹਾਲਾਂਕਿ ਪੰਜਾਬ ਅੰਦਰ ਅਜੇ ਵੀ ਕੁਝ ਪਰਿਵਾਰ ਅਜਿਹੇ ਹਨ, ਜੋ ਆਪਣੀ ਰੋਜ਼ਾਨਾ ਦੇ ਰੋਜ਼ੀ-ਰੋਟੀ ਲਈ ਨਿੱਤ ਸੰਘਰਸ਼ ਕਰਦੇ ਹਨ, ਜਿਨ੍ਹਾਂ ਦੀਆਂ ਮੁਸ਼ਕਲਾਂ ਨੂੰ ਧਿਆਨ ਵਿੱਚ ਰੱਖਦਿਆਂ ਸੂਬਾ ਸਰਕਾਰ ਨੇ 'ਮੇਰੀ ਰਸੋਈ ਯੋਜਨਾ' ਸ਼ੁਰੂ ਕੀਤੀ ਹੈ।'

ਇਸ ਯੋਜਨਾ ਬਾਰੇ ਵਿਸਥਾਰ ਵਿੱਚ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਯੋਜਨਾ ਤਹਿਤ ਸੂਬਾ ਸਰਕਾਰ 40 ਲੱਖ ਪਰਿਵਾਰਾਂ ਨੂੰ ਫੂਡ ਕਿੱਟਾਂ ਪ੍ਰਦਾਨ ਕਰੇਗੀ। ਹਰੇਕ ਕਿੱਟ ਵਿੱਚ ਮਹੀਨਾਵਾਰ ਖਪਤ ਲਈ ਦੋ ਕਿੱਲੋ ਦਾਲ, ਦੋ ਕਿਲੋ ਖੰਡ, ਇੱਕ ਕਿਲੋ ਨਮਕ, 200 ਗ੍ਰਾਮ ਹਲਦੀ ਪਾਊਡਰ ਅਤੇ ਇੱਕ ਲੀਟਰ ਸਰ੍ਹੋਂ ਦਾ ਤੇਲ ਹੋਵੇਗਾ। ਇਹ ਫੂਡ ਕਿੱਟਾਂ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਤਹਿਤ ਯੋਗ ਲਾਭਪਾਤਰੀਆਂ ਨੂੰ ਪਹਿਲਾਂ ਵੰਡੀ ਜਾ ਰਹੀ ਕਣਕ ਤੋਂ ਵੱਖਰੇ ਤੌਰ 'ਤੇ ਪ੍ਰਦਾਨ ਕੀਤੀਆਂ ਜਾਣਗੀਆਂ।

ਉਨ੍ਹਾਂ ਅੱਗੇ ਦੱਸਿਆ ਕਿ ਮਾਰਕਫੈੱਡ ਇਸ ਪਹਿਲਕਦਮੀ ਲਈ ਨੋਡਲ ਏਜੰਸੀ ਵਜੋਂ ਕੰਮ ਕਰੇਗਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਾਰਕਫੈੱਡ ਇਨ੍ਹਾਂ ਕਿੱਟਾਂ ਦੀ ਵੰਡ ਲਈ ਨੋਡਲ ਏਜੰਸੀ ਹੋਵੇਗੀ ਅਤੇ ਇਹ ਕਿੱਟਾਂ ਖੁਰਾਕ ਅਤੇ ਸਿਵਲ ਸਪਲਾਈ ਵਿਭਾਗ ਦੁਆਰਾ ਮੁਫ਼ਤ 'ਚ ਸਪਲਾਈ ਕੀਤੀਆਂ ਜਾਣਗੀਆਂ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਨੇ ਸੁਚਾਰੂ ਵੰਡ ਨੂੰ ਯਕੀਨੀ ਬਣਾਉਣ ਲਈ ਇੱਕ ਮਜ਼ਬੂਤ ਵਿਧੀ ਬਣਾਈ ਹੈ।

ਪੰਜਾਬ ਦੀ ਵਿਰਾਸਤ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬੀਆਂ ਨੇ ਪਿਛਲੇ ਸਮਿਆਂ ਵਿੱਚ ਦੇਸ਼ ਨੂੰ ਅਨਾਜ ਸੰਕਟ ਵਿੱਚੋਂ ਬਾਹਰ ਕੱਢਿਆ ਸੀ ਅਤੇ ਇਹ ਪਹਿਲ ਸਾਡੀ ਸਰਕਾਰ ਵੱਲੋਂ ਲੋਕ ਭਲਾਈ ਲਈ ਕੀਤੀਆਂ ਜਾ ਰਹੀਆਂ ਲੋਕ-ਪੱਖੀ ਨੀਤੀਆਂ ਦੀ ਲੜੀ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਇਹ ਗਰੰਟੀ ਨਾ ਤਾਂ ਲਿਖੀ ਗਈ ਸੀ ਅਤੇ ਨਾ ਹੀ ਸਾਡੀ ਪਾਰਟੀ ਦੇ ਮੈਨੀਫੈਸਟੋ ਦਾ ਹਿੱਸਾ ਸੀ, ਪਰ ਇਹ ਪੰਜਾਬ ਦੇ ਲੋਕਾਂ ਪ੍ਰਤੀ ਸਾਡੀ ਨੈਤਿਕ ਜ਼ਿੰਮੇਵਾਰੀ ਹੈ ਅਤੇ ਅਸੀਂ ਇਸਨੂੰ ਪੂਰਾ ਕਰ ਰਹੇ ਹਾਂ।

ਬੱਚਿਆਂ ਅਤੇ ਪਰਿਵਾਰਾਂ 'ਤੇ ਇਸ ਯੋਜਨਾ ਦੇ ਉਸਾਰੂ ਪ੍ਰਭਾਵ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪਹਿਲਕਦਮੀ ਇਹ ਯਕੀਨੀ ਬਣਾਏਗੀ ਕਿ ਸੂਬੇ ਦੇ ਹਰ ਬੱਚੇ ਨੂੰ ਪੌਸ਼ਟਿਕ ਖੁਰਾਕ ਮਿਲੇ, ਜੋ ਪੰਜਾਬ ਭਰ ਵਿੱਚ ਖੁਰਾਕਅਤੇ ਪੋਸ਼ਣ ਸੁਰੱਖਿਆ ਨੂੰ ਮਜ਼ਬੂਤੀ ਦੇਵੇਗਾ।

ਉਨ੍ਹਾਂ ਐਲਾਨ ਕੀਤਾ ਕਿ ਇਨ੍ਹਾਂ ਕਿੱਟਾਂ ਦੀ ਵੰਡ ਅਪ੍ਰੈਲ ਵਿੱਚ ਸ਼ੁਰੂ ਹੋਵੇਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਪ੍ਰੈਲ ਮਹੀਨੇ ਤੋਂ ਸ਼ੁਰੂ ਹੋ ਕੇ ਹਰ ਤਿਮਾਹੀ ਪਿੱਛੋਂ ਇਨ੍ਹਾਂ ਕਿੱਟਾਂ ਦੀ ਮੁਫ਼ਤ ਵੰਡ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਭਰੋਸਾ ਦਿੱਤਾ ਕਿ ਕਿਸੇ ਵੀ ਹਾਲਤ ਵਿੱਚ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਪੰਜਾਬ ਸਰਕਾਰ ਸਪਲਾਈ ਕੀਤੀਆਂ ਜਾਣ ਵਾਲੀਆਂ ਸਾਰੀਆਂ ਖੁਰਾਕੀ ਵਸਤਾਂ ਦੀ ਸਖ਼ਤ ਗੁਣਵੱਤਾ ਜਾਂਚ ਨੂੰ ਯਕੀਨੀ ਬਣਾਏਗੀ। ਉਨ੍ਹਾਂ ਕਿਹਾ ਕਿ ਮਾੜੀ ਗੁਣਵੱਤਾ ਜਾਂ ਅਨਿਯਮਿਤ ਸਪਲਾਈ ਸਬੰਧੀ ਕਿਸੇ ਵੀ ਸ਼ਿਕਾਇਤ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ।

ਆਪਣੀ ਸਰਕਾਰ ਦੀ ਲੋਕ-ਪੱਖੀ ਸੋਚ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਡੀ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਦ੍ਰਿੜ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦਾ ਆਗਾਮੀ ਲੋਕ-ਪੱਖੀ ਬਜਟ ਪੰਜਾਬ ਦੇ ਲੋਕਾਂ ਲਈ ਭਲਾਈ ਉਪਾਵਾਂ ਨੂੰ ਹੋਰ ਮਜ਼ਬੂਤੀ ਦੇਵੇਗਾ।

ਸਾਲ 2026-27 'ਚ ਪੰਜਾਬ ਦਾ ਆਬਕਾਰੀ

ਜਤਿੰਦਰ ਜੋਰਵਾਲ ਵੀ ਹਾਜਰ ਸਨ, ਨੇ ਸੂਬੇ ਦੇ ਆਬਕਾਰੀ ਸਫ਼ਰ ਦਾ ਵਿਸਤ੍ਰਿਤ ਤੁਲਨਾਤਮਕ ਵਿਸ਼ਲੇਸ਼ਣ ਪੇਸ਼ ਕੀਤਾ। ਉਨ੍ਹਾਂ ਦੱਸਿਆ, 'ਸਾਲ 2011-12 ਵਿੱਚ ਅਕਾਲੀ-ਭਾਜਪਾ ਸ਼ਾਸਨ ਦੌਰਾਨ ਆਬਕਾਰੀ ਮਾਲੀਆ ਸਿਰਫ 2,755 ਕਰੋੜ ਰੁਪਏ ਸੀ।ਅਗਲੇ ਦਹਾਕੇ ਦੌਰਾਨ ਵੀ ਆਬਕਾਰੀ ਮਾਲੀਆ ਪ੍ਰਾਪਤੀ ਦੀ ਕਾਰਗੁਜ਼ਾਰੀ ਸੁਸਤ ਰਹੀ ਅਤੇ 2021-22 ਵਿੱਚ ਕਾਂਗਰਸ ਸ਼ਾਸਨ ਦੌਰਾਨ ਇਹ ਕੇਵਲ 6,255 ਕਰੋੜ ਰੁਪਏ ਤੱਕ ਹੀ ਪਹੁੰਚ ਸਕਿਆ।'

ਆਬਕਾਰੀ ਅਤੇ ਕਰ ਮੰਤਰੀ ਨੇ ਜ਼ੋਰ ਦੇ ਕੇ ਕਿਹਾ, 'ਹਾਲਾਂਕਿ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ 2022-23 ਵਿੱਚ ਇੱਕ ਮਜ਼ਬੂਤ ਨੀਤੀਗਤ ਢਾਂਚਾ ਲਾਗੂ ਕੀਤੇ ਜਾਣ ਤੋਂ ਬਾਅਦ, ਸੂਬੇ ਨੇ ਤੁਰੰਤ 8,428 ਕਰੋੜ ਰੁਪਏ ਦੀ ਆਬਕਾਰੀ ਮਾਲੀਆ ਪ੍ਰਾਪਤੀ ਦੀ ਵੱਡੀ ਛਾਲ ਮਾਰੀ। ਇਹ ਰਫ਼ਤਾਰ ਬੇਰੋਕ ਜਾਰੀ ਰਹੀ ਹੈ, ਜਿਸ ਨਾਲ ਇਹ ਮਾਲੀਆ ਵਿੱਤ ਸਾਲ 2024-25 ਵਿੱਚ 10,744 ਕਰੋੜ ਰੁਪਏ ਤੱਕ ਪਹੁੰਚ ਗਿਆ ਅਤੇ ਵਿੱਤੀ ਸਾਲ 2025-26 ਲਈ ਵੀ 11,200 ਕਰੋੜ ਰੁਪਏ ਦਾ ਮੌਜੂਦਾ ਟੀਚਾ ਪੂਰਾ ਕੀਤਾ ਜਾ ਰਿਹਾ ਹੈ।'

ਸਾਲ 2026-27 ਦੀ ਨਵੀਂ ਆਬਕਾਰੀ ਨੀਤੀ ਦੇ ਮੁੱਖ ਨੁਕਤਿਆਂ ਬਾਰੇ ਜਾਣਕਾਰੀ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ, 'ਪੰਜਾਬ ਸਰਕਾਰ ਨੇ ਕੰਮਕਾਜ ਨੂੰ ਸੁਚਾਰੂ ਬਣਾਉਣ ਅਤੇ ਮੌਜੂਦਾ ਕਾਰੋਬਾਰਾਂ ਦੀ ਸਹਾਇਤਾ ਲਈ ਕਈ ਅਹਿਮ ਕਦਮ ਚੁੱਕੇ ਹਨ। ਇਨ੍ਹਾਂ ਵਿੱਚ ਵਿੱਤੀ ਸਾਲ 2025-26 ਦੀਆਂ ਫੀਸਾਂ ਵਿੱਚ 6.5% ਵਾਧੇ ਨਾਲ ਮੌਜੂਦਾ ਰਿਟੇਲ ਲਾਇਸੈਂਸਾਂ ਦਾ ਨਵੀਨੀਕਰਨ ਸ਼ਾਮਲ ਹੈ। ਜਿਨ੍ਹਾਂ ਮਾਮਲਿਆਂ ਵਿੱਚ ਗਰੁੱਪਾਂ ਦਾ ਨਵੀਨੀਕਰਨ ਨਹੀਂ ਹੁੰਦਾ, ਉੱਥੇ ਅਲਾਟਮੈਂਟ ਇੱਕ ਪਾਰਦਰਸ਼ੀ ਈ-ਟੈਂਡਰ ਪ੍ਰਕਿਰਿਆ ਰਾਹੀਂ ਕੀਤੀ ਜਾਵੇਗੀ।'

ਉਨ੍ਹਾਂ ਅੱਗੇ ਦੱਸਿਆ, 'ਮਾਰਕੀਟ ਨੂੰ ਨਿਯੰਤ੍ਰਿਤ ਕਰਦੇ ਹੋਏ ਖਪਤਕਾਰਾਂ ਦੀ ਮੰਗ ਨੂੰ ਪੂਰਾ ਕਰਨ ਲਈ 50 ਅਤੇ 65 ਡਿਗਰੀ ਵਾਲੀ ਪੰਜਾਬ ਮੀਡੀਅਮ ਲਿਕਰ (PML) ਦਾ ਕੋਟਾ 3% ਵਧਾ ਦਿੱਤਾ ਗਿਆ ਹੈ, ਜਿਸ ਨਾਲ ਕੁੱਲ ਕੋਟਾ 8.79 ਕਰੋੜ ਪਰੂਫ ਲੀਟਰ ਹੋ ਗਿਆ ਹੈ। ਇਸ ਤੋਂ ਇਲਾਵਾ, ਨਾਜਾਇਜ਼ ਸ਼ਰਾਬ ਦੀ ਵਿਕਰੀ ਨੂੰ ਰੋਕਣ ਲਈ, ਸਰਕਾਰ ਆਬਕਾਰੀ ਐਕਟ ਦੇ ਅਧੀਨ ਉੱਚ-ਅਪਰਾਧ ਵਾਲੇ ਖੇਤਰਾਂ ਵਜੋਂ ਪਛਾਣੇ ਗਏ ਇਲਾਕਿਆਂ ਵਿੱਚ ਵਿਸ਼ੇਸ਼ ਤੌਰ 'ਤੇ 40-ਡਿਗਰੀ ਪੀ.ਐਮ.ਐਲ ਸਬ-ਵੈਂਡ ਸ਼ੁਰੂ ਕਰੇਗੀ।'

ਕਾਰੋਬਾਰ ਕਰਨ ਦੀ ਸੌਖ (ਈਜ ਆਫ਼ ਡੂਇੰਗ ਬਿਜ਼ਨਸ) 'ਤੇ ਪੰਜਾਬ ਸਰਕਾਰ ਦੇ ਧਿਆਨ 'ਤੇ ਜ਼ੋਰ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਐਲਾਨ ਕੀਤਾ, 'ਈ.ਡੀ.ਪੀ ਅਤੇ ਈ.ਬੀ.ਪੀ ਅਧੀਨ ਬ੍ਰਾਂਡ ਦੀਆਂ ਕੀਮਤਾਂ ਵਿੱਚ 4% ਤੱਕ ਦੇ ਵਾਧੇ ਹੁਣ ਇੱਕ ਆਟੋ-ਪ੍ਰਵਾਨਗੀ ਵਿਧੀ ਦੇ ਅਧੀਨ ਹੋਣਗੇ, ਜਿਸ ਨਾਲ ਦਫ਼ਤਰੀ ਕੰਮਕਾਜ ਸਬੰਧੀ ਦੇਰੀ ਵਿੱਚ ਕਾਫ਼ੀ ਕਮੀ ਆਵੇਗੀ।' ਉਨ੍ਹਾਂ ਕਿਹਾ ਕਿ ਸਰਕਾਰ ਯੂਨਿਟਾਂ ਦੀ ਕੰਮਕਾਜੀ ਕੁਸ਼ਲਤਾ ਵਿੱਚ ਸੁਧਾਰ ਕਰਨ ਲਈ ਯੂਨਿਟਾਂ ਦੇ ਸੰਚਾਲਨ ਅਤੇ ਡਿਸਪੈਚ ਘੰਟਿਆਂ ਨੂੰ ਵਧਾਉਣ ਲਈ ਵੀ ਕੰਮ ਕਰ ਰਹੀ ਹੈ।'

ਉਦਯੋਗਿਕ ਸਵੈ-ਨਿਰਭਰਤਾ ਅਤੇ ਆਰਥਿਕ ਵਿਭਿੰਨਤਾ ਵੱਲ ਇੱਕ ਇਤਿਹਾਸਕ ਕਦਮ ਚੁੱਕਦੇ ਹੋਏ, ਵਿੱਤ ਮੰਤਰੀ ਨੇ ਐਲਾਨ ਕੀਤਾ ਕਿ ਪੰਜਾਬ ਵਿੱਚ ਹੁਣ ਮਾਲਟ ਮੈਨੂਫੈਕਚਰਿੰਗ ਯੂਨਿਟਾਂ ਦੀ ਸਥਾਪਨਾ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ, 'ਇਹ ਰਣਨੀਤਕ ਪਹਿਲਕਦਮੀ ਰਾਜ ਦੀ ਉਦਯੋਗਿਕ ਨੀਤੀ ਵਿੱਚ ਇੱਕ ਵਧੀਆ ਵਿਕਾਸ ਦਾ ਸੰਕੇਤ ਦਿੰਦੀ ਹੈ, ਜਿਸ ਨਾਲ ਪੰਜਾਬ ਜਿੱਥੇ ਸਿਰਫ ਸ਼ਰਾਬ ਦੀ ਬੋਟਲਿੰਗ ਕਰਦਾ ਸੀ ਹੁਣ ਬਦਲ ਕੇ ਇੱਕ ਮਿਆਰੀ ਉਤਪਾਦਨ ਹੱਬ ਵਿੱਚ ਤਬਦੀਲ ਹੋ ਜਾਵੇਗਾ।'

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, 'ਜੌਂਅ ਦੀ ਪ੍ਰੋਸੈਸਿੰਗ ਤੋਂ ਲੈ ਕੇ ਪ੍ਰੀਮੀਅਮ ਮਾਲਟ ਦੀ ਕਸ਼ੀਦਗੀ ਤੱਕ ਦੇ ਪੂਰੇ ਉਤਪਾਦਨ ਚੱਕਰ ਨੂੰ ਸੂਬੇ ਅੰਦਰ ਹੀ ਵਿਕਸਤ ਕਰਨ ਪਿੱਛੇ ਸੂਬੇ ਦਾ ਉਦੇਸ਼ ਕੱਚੇ ਸਪਿਰਿਟ ਲਈ ਬਾਹਰੀ ਸਪਲਾਈਰਾਂ 'ਤੇ ਆਪਣੀ ਨਿਰਭਰਤਾ ਨੂੰ ਖਤਮ ਕਰਨਾ ਹੈ। ਇਹ ਤਬਦੀਲੀ ਨਾ ਸਿਰਫ਼ ਰਾਜ ਦੀਆਂ ਸਰਹੱਦਾਂ ਦੇ ਅੰਦਰ ਉੱਤਮ ਅਤੇ ਗੁਣਵੱਤਾ ਵਾਲੀ ਘਰੇਲੂ ਸਪਿਰਿਟ ਦੇ ਉਤਪਾਦਨ ਨੂੰ ਯਕੀਨੀ ਬਣਾਏਗੀ, ਸਗੋਂ ਇੱਕ ਮਜ਼ਬੂਤ ਫਾਰਮ-ਟੂ-ਫੈਕਟਰੀ ਈਕੋਸਿਸਟਮ ਵੀ ਸਥਾਪਤ ਕਰੇਗੀ ਜਿਸ ਨਾਲ ਪੰਜਾਬ ਦੇ ਖੇਤੀਬਾੜੀ ਖੇਤਰ ਨੂੰ ਵੱਡਾ ਲਾਭ ਹੋਵੇਗਾ।'

ਉਨ੍ਹਾਂ ਕਿਹਾ ਕਿ ਇਹ ਤਬਦੀਲੀ ਰਾਜ ਦੇ ਅੰਦਰ ਪੂੰਜੀ ਨੂੰ ਬਰਕਰਾਰ ਰੱਖਣ, ਵਿਸ਼ੇਸ਼ ਤਕਨੀਕੀ ਰੁਜ਼ਗਾਰ ਪੈਦਾ ਕਰਨ ਅਤੇ ਉੱਚ-ਪੱਧਰੀ ਉਦਯੋਗਿਕ ਕਸ਼ੀਦਗੀ ਵਿੱਚ ਪੰਜਾਬ ਦੀ ਸਥਿਤੀ ਨੂੰ ਮਜ਼ਬੂਤ ਕਰਨ ਲਈ ਤਿਆਰ ਕੀਤੀ ਗਈ ਹੈ।

ਇਸ ਮੌਕੇ ਇਨਫੋਰਸਮੈਂਟ ਦੇ ਅੰਕੜੇ ਸਾਂਝੇ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਗੁਆਂਢੀ ਰਾਜਾਂ ਅਤੇ ਚੰਡੀਗੜ੍ਹ ਤੋਂ ਸ਼ਰਾਬ ਦੀ ਤਸਕਰੀ ਵਿਰੁੱਧ ਪੰਜਾਬ ਸਰਕਾਰ ਦੀ 'ਜ਼ੀਰੋ-ਟਾਲਰੈਂਸ' ਨੀਤੀ ਨੂੰ ਦੁਹਰਾਇਆ। ਉਨ੍ਹਾਂ ਕਿਹਾ, 'ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਬੇਹੱਦ ਸਰਗਰਮ ਰਹੀਆਂ ਹਨ, ਜਿਸ ਦੇ ਨਤੀਜੇ ਵਜੋਂ 4,406 ਐਫ.ਆਈ.ਆਰ. ਦਰਜ ਕੀਤੀਆਂ ਗਈਆਂ ਅਤੇ 4,324 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਇੰਨ੍ਹਾਂ ਕਾਰਵਾਈਆਂ ਵਿੱਚ 26,218 ਛਾਪੇਮਾਰੀ ਅਤੇ 24,832 ਨਾਕੇ ਲਗਾਉਣਾ ਸ਼ਾਮਿਲ ਹਨ, ਜਿਸ ਨਾਲ 455 ਵਾਹਨ ਅਤੇ 1,76,552 ਸ਼ਰਾਬ ਦੀਆਂ ਬੋਤਲਾਂ ਜ਼ਬਤ ਕੀਤੀਆਂ ਗਈਆਂ। ਇਸ ਤੋਂ ਇਲਾਵਾ, ਆਬਕਾਰੀ ਵਿਭਾਗ ਨੇ 38,23,576 ਲੀਟਰ ਲਾਹਣ ਨਸ਼ਟ ਕੀਤੀ, 82,990 ਲੀਟਰ ਈਥਾਨੌਲ ਅਤੇ ਈ.ਐਨ.ਏ, 66,794 ਲੀਟਰ ਨਾਜਾਇਜ਼ ਸ਼ਰਾਬ ਜ਼ਬਤ ਕੀਤੀ ਗਈ ਅਤੇ 374 ਚੱਲਦੀਆਂ ਭੱਠੀਆਂ ਨੂੰ ਤਬਾਹ ਕੀਤਾ ਗਿਆ, ਜੋ ਜਨਤਕ ਸੁਰੱਖਿਆ ਅਤੇ ਕਾਨੂੰਨੀ ਅਖੰਡਤਾ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।'

ਕੇਂਦਰ ਵੱਲੋਂ ਭਾਰਤ ਦੀ ਪਹਿਲੀ

ਹਿੰਸਾ ਭੜਕਾਉਣ ਦੀ ਕੋਸ਼ਿਸ਼ ਕੀਤੀ ਹੈ, ਅਤੇ ਦੂਜੇ ਦੇਸ਼ਾਂ ਤੋਂ ਕੰਮ ਕਰ ਰਹੇ ਹਿੰਸਕ ਕੱਟੜਪੰਥੀਆਂ ਨੇ ਅੱਤਵਾਦ ਨੂੰ ਉਤਸ਼ਾਹਿਤ ਕਰਨ ਦੀ ਸਾਜ਼ਿਸ਼ ਰਚੀ ਹੈ। ਇਸ ਨੀਤੀ ਨੂੰ ਅੰਤਰ-ਰਾਸ਼ਟਰੀ ਅੱਤਵਾਦ ਦਾ ਮੁਕਾਬਲਾ ਕਰਨ ਲਈ ਰਾਸ਼ਟਰੀ ਉਪਾਵਾਂ ਨੂੰ ਅੰਤਰਰਾਸ਼ਟਰੀ ਅਤੇ ਖੇਤਰੀ ਸਹਿਯੋਗ ਨਾਲ ਜੋੜਨਾ ਚਾਹੀਦਾ ਹੈ, ਇਹ ਧਿਆਨ ਵਿੱਚ ਰੱਖਦੇ ਹੋਏ ਕਿ ਵਿਦੇਸ਼ਾਂ ਵਿੱਚ ਸਥਿਤ ਸਮੂਹ ਹਮਲੇ ਕਰਨ ਲਈ ਸਥਾਨਕ ਬੁਨਿਆਦੀ ਢਾਂਚੇ, ਲੌਜਿਸਟਿਕਸ ਅਤੇ ਭੂਮੀ ਗਿਆਨ 'ਤੇ ਵੱਧ ਤੋਂ ਵੱਧ ਨਿਰਭਰ ਕਰ ਰਹੇ ਹਨ।

'ਇੰਡੀਆ' ਦੇ ਕਨਵੀਨਰ ਲਈ

ਅਗਵਾਈ ਸੌਂਪਣ ਦਾ ਹਵਾਲਾ ਦਿਤਾ ਅਤੇ ਕਿਹਾ ਕਿ ਸਟਾਲਿਨ 21ਵੀਂ ਸਦੀ ਦੇ ਕਾਮਰਾਜਰ ਸਾਬਤ ਹੋ ਸਕਦੇ ਹਨ।" ਉਨ੍ਹਾਂ ਨੇ ਇਹ ਵੀ ਜੋੜਿਆ ਕਿ ਡੀ.ਐਮ.ਕੇ. ਕਾਂਗਰਸ ਦਾ ਸੱਭ ਤੋਂ ਭਰੋਸੇਮੰਦ ਸਾਥੀ ਰਿਹਾ ਹੈ ਅਤੇ ਸਟਾਲਿਨ ਦੀ ਅਗਵਾਈ ਇੰਡੀਆ ਗਠਜੋੜ ਨੂੰ 2029 ਦੇ ਚੋਣਾਂ ਵਿਚ ਮਜ਼ਬੂਤੀ ਦੇ ਸਕਦੀ ਹੈ।

ਲਾਲਪੁਰਾ ਦੀ ਵਿਧਾਨ ਸਭਾ ਮੈਂਬਰਸ਼ਿਪ ਰੱਦ ਕਰਨ ਦੀ ਮੰਗ

ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ ਵਿਧਾਇਕ ਲਾਲਪੁਰਾ ਨੂੰ ਇੱਕ ਹੇਠਲੀ ਅਦਾਲਤ ਵੱਲੋਂ ਛੇੜਛਾੜ ਅਤੇ ਕੁੱਟਮਾਰ ਦੇ ਮਾਮਲੇ ਵਿੱਚ ਚਾਰ ਸਾਲ ਦੀ ਸਜ਼ਾ ਸੁਣਾਈ ਗਈ ਹੈ। ਸੁਪਰੀਮ ਕੋਰਟ ਦੇ ਨਿਯਮਾਂ ਮੁਤਾਬਕ, ਜੇਕਰ ਕਿਸੇ ਵਿਧਾਇਕ ਜਾਂ ਸਾਂਸਦ ਨੂੰ ਦੋ ਸਾਲ ਤੋਂ ਵੱਧ ਦੀ ਸਜ਼ਾ ਮਿਲਦੀ ਹੈ, ਤਾਂ ਉਸ ਦੀ ਮੈਂਬਰਸ਼ਿਪ ਤੁਰੰਤ ਪ੍ਰਭਾਵ ਨਾਲ ਰੱਦ ਹੋਣੀ ਚਾਹੀਦੀ ਹੈ। ਪਟੀਸ਼ਨਰ ਦਾ ਸਵਾਲ ਹੈ ਕਿ ਸਜ਼ਾ 'ਤੇ ਹਾਈਕੋਰਟ ਵੱਲੋਂ ਰੋਕ ਨਾ ਲਗਾਏ ਜਾਣ ਦੇ ਬਾਵਜੂਦ, ਵਿਧਾਨ ਸਭਾ ਵੱਲੋਂ ਹਾਲੇ ਤੱਕ ਉਨ੍ਹਾਂ ਨੂੰ ਅਯੋਗ ਕਿਉਂ ਨਹੀਂ ਠਹਿਰਾਇਆ ਗਿਆ।

'ਜ਼ਮੀਨ ਐਕਵਾਇਰ ਦੇ 2018 ਤੋਂ ਪਹਿਲਾਂ

ਨੇ ਸਪਸ਼ਟ ਕੀਤਾ ਕਿ 2008 ਤਕ ਜਿਹੜੇ ਦਾਅਵੇ ਜ਼ਿੰਦਾ ਸਨ, ਉਹ ਜਾਰੀ ਰਹਿਣਗੇ, ਪਰ 2018 ਤੋਂ ਪਹਿਲਾਂ ਦੇ ਨਿਪਟਾਏ ਹੋਏ ਮਾਮਲੇ ਮੁੜ ਨਹੀਂ ਖੋਲ੍ਹੇ ਜਾਣਗੇ। ਸੀ.ਜੇ.ਆਈ. ਨੇ ਕਿਹਾ,ਜੇ ਕੋਈ 2020 ਦੇ ਦਹਾਕੇ ਵਿਚ ਅਰਜ਼ੀ ਦੇ ਕੇ 2008 ਦੇ ਆਧਾਰ ਉਤੇ ਬਰਾਬਰੀ ਦੀ ਮੰਗ ਕਰਦਾ ਹੈ, ਤਾਂ ਉਸ ਨੂੰ ਸੋਲੇਸ਼ਨ ਮਿਲ ਸਕਦਾ ਹੈ, ਪਰ ਬਿਆਜ ਨਹੀਂ।" ਸੁਪਰੀਮ ਕੋਰਟ ਨੇ ਇਹ ਵੀ ਦਸਿਆ ਕਿ ਐਨ.ਐਚ.ਏ.ਆਈ. ਐਕਟ ਦੀ ਧਾਰਾ 3ਜੇ., ਜਿਸ ਵਿਚ ਬਿਆਜ ਅਤੇ ਸੋਲੇਸ਼ਨ ਤੋਂ ਇਨਕਾਰ ਕੀਤਾ ਗਿਆ ਸੀ, ਸੰਵਿਧਾਨ ਦੇ ਆਰਟਿਕਲ 14 ਦੀ ਉਲੰਘਣਾ ਕਰਦੀ ਹੈ। 2019 ਦੇ ਫੈਸਲੇ ਨੇ ਇਸ ਅਸਮਾਨਤਾ ਨੂੰ ਖਤਮ ਕਰਨ ਲਈ ਸੋਲੇਸ਼ਨ ਅਤੇ ਬਿਆਜ ਦੇਣ ਦਾ ਹੁਕਮ ਦਿਤਾ ਸੀ। ਇਹ ਮਾਮਲਾ ਹੁਣ ਦੋ ਹਫ਼ਤਿਆਂ ਬਾਅਦ ਮੁੜ ਸੁਣਵਾਈ ਲਈ ਲਿਸਟ ਕੀਤਾ ਗਿਆ ਹੈ। ਇਸ ਫੈਸਲੇ ਨਾਲ ਹਜ਼ਾਰਾਂ ਕਿਸਾਨਾਂ ਦੇ ਹੱਕਾਂ ਉਤੇ ਸਪਸ਼ਟਤਾ ਆਈ ਹੈ ਅਤੇ ਸਰਕਾਰ ਲਈ ਵਿੱਤੀ ਪ੍ਰਭਾਵ ਵੀ ਦਰਸਾਇਆ ਗਿਆ ਹੈ।

'ਕੁੜੀਆਂ ਨਾਲ ਵਿਤਕਰਾ

ਗੈਰਕਾਨੂੰਨੀ ਐਲਾਨ ਕੀਤਾ ਹੈ, ਸਗੋਂ ਪ੍ਰੀ-ਕਨਸੈਪਸ਼ਨ ਅਤੇ ਪ੍ਰੀ-ਨੈਟਲ ਤਕਨੀਕਾਂ ਨੂੰ ਵੀ ਰੋਕਿਆ ਹੈ। ਅਦਾਲਤ ਨੇ ਕਿਹਾ, "ਪੀ.ਸੀ.ਪੀ.ਐਨ.ਡੀ.ਟੀ. ਐਕਟ ਦਾ ਮਕਸਦ ਕੁੜੀ ਬੱਚੀ ਦੇ ਜੀਵਨ ਦੇ ਅਧਿਕਾਰ ਦੀ ਰੱਖਿਆ ਕਰਨਾ ਹੈ।" ਅਦਾਲਤ ਨੇ ਇਹ ਵੀ ਕਿਹਾ ਕਿ ਜੇ ਲਿੰਗ ਅਨੁਪਾਤ ਵਿਗੜਦਾ ਹੈ ਤਾਂ ਇਸ ਨਾਲ ਔਰਤਾਂ ਵਿਰੁੱਧ ਹਿੰਸਾ, ਤਸਕਰੀ ਅਤੇ ਵਿਆਹ ਲਈ ਕੁੜੀਆਂ ਖਰੀਦਣ ਵਰਗੀਆਂ ਪ੍ਰਥਾਵਾਂ ਵਧ ਸਕਦੀਆਂ ਹਨ। ਇਸ ਲਈ, ਕਾਨੂੰਨ ਦਾ ਉਦੇਸ਼ ਕੁੜੀ ਬੱਚੀ ਨੂੰ ਬਚਾਉਣਾ ਅਤੇ ਭੇਦਭਾਵ-ਮੁਕਤ ਸਮਾਜ ਵੱਲ ਕਦਮ ਵਧਾਉਣਾ ਹੈ।

'ਤੇਜਸ' ਦੀ ਹੋਈ ਬ੍ਰੇਕ ਫੇਲ੍ਹ, ਲੈਂਡਿੰਗ ਦੌਰਾਨ

ਮਗਰੋਂ ਏਅਰਫੋਰਸ ਨੇ ਲੱਗਭੱਗ 30 ਸਿੰਗਲ ਸੀਟ ਤੇਜਸ ਜੈੱਟ ਦੇ ਪੂਰੇ ਬੇੜੇ ਦੀ ਟੈਕਨੀਕਲ ਜਾਂਚ ਲਈ ਗਰਾਊਂਡ ਕਰ ਦਿੱਤਾ। ਮਤਲਬ ਜਾਂਚ ਪੂਰੀ ਹੋਣ ਤੱਕ ਜਹਾਜ਼ ਉਡਾਣ ਨਹੀਂ ਭਰਨਗੇ। ਹਾਦਸੇ 'ਤੇ 916 ਦਾ ਕੋਈ ਅਧਿਕਾਰਕ ਬਿਆਨ ਸਾਹਮਣੇ ਨਹੀਂ ਆਇਆ ਹੈ। ਤੇਜਸ ਜੈੱਟ ਨਾਲ ਜੁੜਿਆ ਇਹ ਤੀਜਾ ਹਾਦਸਾ ਹੈ। ਪਹਿਲਾ ਹਾਦਸਾ ਮਾਰਚ, 2024 ਵਿਚ ਹੋਇਆ ਸੀ ਜਦੋਂ ਜੈਸਲਮੇਰ ਕੋਲ ਇਕ ਤੇਜਸ ਜੈੱਟ ਕ੍ਰੈਸ਼ ਹੋ ਗਿਆ ਸੀ। ਦੂਜਾ ਹਾਦਸਾ ਨਵੰਬਰ, 2025 ਵਿਚ ਹੋਇਆ ਸੀ ਜਦੋਂ ਦੁਬਈ ਏਅਰਸ਼ੋਅ ਵਿਚ ਏਰੀਅਲ ਡਿਸਪਲੇਅ ਦੌਰਾਨ ਇਕ ਤੇਜਸ ਜੈੱਟ ਕ੍ਰੈਸ਼ ਹੋ ਗਿਆ ਸੀ।

ਵੱਖ-ਵੱਖ ਮੁਲਕਾਂ ਨਾਲ ਸਬੰਧਾਂ ਦੀ ਮਜ਼ਬੂਤੀ

ਸਮੇਤ ਕਈ ਹੋਰ ਪ੍ਰਮੁੱਖ ਚਿਹਰੇ ਸ਼ਾਮਲ ਹਨ। ਲੋਕ ਸਭਾ ਸਕੱਤਰੇਤ ਨੇ ਇਨ੍ਹਾਂ ਗਰੁੱਪਾਂ ਦੇ ਗਠਨ ਨੂੰ ਵਿਸ਼ਵ ਪੱਧਰ 'ਤੇ ਭਾਰਤ ਦੇ ਅੰਤਰ-ਸੰਸਦੀ ਸੰਪਰਕ ਨੂੰ ਵਧਾਉਣ ਲਈ ਇੱਕ ਮਹੱਤਵਪੂਰਨ ਕਦਮ ਦੱਸਿਆ ਹੈ। ਇੱਕ ਅਧਿਕਾਰਤ ਬਿਆਨ ਵਿੱਚ ਕਿਹਾ ਗਿਆ ਹੈ,'ਇਹ ਕਦਮ ਭਾਰਤੀ ਸੰਸਦ ਵੱਲੋਂ ਵੱਖ-ਵੱਖ ਮਹਾਂਦੀਪਾਂ ਦੀਆਂ ਵਿਧਾਨ ਸਭਾਵਾਂ ਨਾਲ ਸੰਵਾਦ ਅਤੇ ਵਿਚਾਰਾਂ ਦੇ ਅਦਾਨ-ਪ੍ਰਦਾਨ ਨੂੰ ਡੂੰਘਾ ਕਰਨ ਦੀ ਇੱਕ ਸੁਚੇਤ ਕੋਸ਼ਿਸ਼ ਹੈ। ਇਹ ਰਵਾਇਤੀ ਕੂਟਨੀਤੀ ਦੇ ਨਾਲ-ਨਾਲ ਸੰਸਦੀ ਪੱਧਰ 'ਤੇ ਲਗਾਤਾਰ ਤਾਲਮੇਲ ਬਣਾਉਣ ਵਿੱਚ ਮਦਦਗਾਰ ਸਾਬਤ ਹੋਵੇਗਾ।' ਜਿਨ੍ਹਾਂ ਦੇਸ਼ਾਂ ਨਾਲ ਸਬੰਧ ਮਜ਼ਬੂਤ ਕਰਨ ਲਈ ਇਹ ਸੰਸਦੀ ਦੋਸਤੀ ਗਰੁੱਪ ਬਣਾਏ ਗਏ ਹਨ, ਉਨ੍ਹਾਂ ਵਿੱਚ ਪ੍ਰਮੁੱਖ ਤੌਰ 'ਤੇ ਸ੍ਰੀਲੰਕਾ, ਜਰਮਨੀ, ਨਿਊਜ਼ੀਲੈਂਡ, ਸਵਿਟਜ਼ਰਲੈਂਡ, ਦੱਖਣੀ ਅਫ਼ਰੀਕਾ, ਭੂਟਾਨ, ਸਾਊਦੀ ਅਰਬ, ਇਜ਼ਰਾਈਲ, ਮਾਲਦੀਵ, ਅਮਰੀਕਾ, ਰੂਸ, ਯੂਰਪੀਅਨ ਯੂਨੀਅਨ ਪਾਰਲੀਮੈਂਟ, ਦੱਖਣੀ ਕੋਰੀਆ, ਨੇਪਾਲ, ਬਰਤਾਨੀਆ, ਫਰਾਂਸ, ਜਾਪਾਨ, ਇਟਲੀ, ਓਮਾਨ, ਆਸਟਰੇਲੀਆ, ਯੂਨਾਨ, ਸਿੰਗਾਪੁਰ, ਬ੍ਰਾਜ਼ੀਲ, ਵੀਅਤਨਾਮ, ਮੈਕਸੀਕੋ, ਈਰਾਨ ਅਤੇ ਯੂ.ਏ.ਈ. ਸ਼ਾਮਲ ਹਨ।

ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ 26 ਨੂੰ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕਰਨਗੇ। ਬਿਆਨ ਵਿੱਚ ਕਿਹਾ ਗਿਆ ਹੈ ਕਿ ਦੋਵੇਂ ਆਗੂ ਭਾਰਤ-ਕੈਨੇਡਾ ਸਬੰਧਾਂ ਨੂੰ ਨਵੀਆਂ ਉਚਾਈਆਂ 'ਤੇ ਲਿਜਾਣ ਲਈ ਵਪਾਰ, ਮਸਨੂਈ ਬੁੱਧੀ (ਏ.ਆਈ.), ਸੱਭਿਆਚਾਰ ਅਤੇ ਰੱਖਿਆ ਵਰਗੇ ਖੇਤਰਾਂ ਵਿੱਚ ਅਹਿਮ ਸਮਝੌਤਿਆਂ 'ਤੇ ਚਰਚਾ ਕਰਨਗੇ। ਕਾਰਨੀ ਭਾਰਤ ਦੇ ਕਾਰੋਬਾਰੀ ਆਗੂਆਂ ਨਾਲ ਵੀ ਮੁਲਾਕਾਤ ਕਰਨਗੇ ਤਾਂ ਜੋ ਕੈਨੇਡਾ ਵਿੱਚ ਨਿਵੇਸ਼ ਦੇ ਨਵੇਂ ਮੌਕੇ ਪੈਦਾ ਕੀਤੇ ਜਾ ਸਕਣ। ਕਾਰਨੀ ਨੇ ਕਿਹਾ, 'ਅਨਿਸ਼ਚਿਤਤਾ ਦੇ ਦੌਰ ਵਿੱਚ ਕੈਨੇਡਾ ਆਪਣੇ ਵਪਾਰ ਵਿੱਚ ਵਿਭਿੰਨਤਾ ਲਿਆਉਣ ਅਤੇ ਨਵਾਂ ਨਿਵੇਸ਼ ਖਿੱਚਣ 'ਤੇ ਧਿਆਨ ਕੇਂਦਰਿਤ ਕਰ ਰਿਹਾ ਹੈ। ਅਸੀਂ ਆਪਣੇ ਦੇਸ਼ ਦੀ ਖੁਸ਼ਹਾਲੀ ਅਤੇ ਸੁਰੱਖਿਆ ਲਈ ਵਿਦੇਸ਼ਾਂ ਵਿੱਚ ਨਵੀਆਂ ਭਾਈਵਾਲੀਆਂ ਗੰਢ ਰਹੇ ਹਾਂ।'

ਹੈੱਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਦੇ

ਨਹੀਂ ਰੱਖਿਆ ਜਾ ਰਿਹਾ। ਫਿਲਹਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ 72 ਘੰਟੇ ਦੇ ਨੋਟਿਸ ਦੇ ਕੇ ਇਕ ਨੁਕਾਤੀ ਏਜੰਡੇ 'ਤੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿਚ 26 ਫਰਵਰੀ ਨੂੰ ਮੀਟਿੰਗ ਸੱਦ ਲਈ ਹੈ। ਇਸ ਮੀਟਿੰਗ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਲਾਨਾ ਬਜਟ ਇਜਲਾਸ ਬਾਰੇ ਵੀ ਵਿਚਾਰ ਚਰਚਾ ਕੀਤੀ ਜਾ ਸਕਦੀ ਹੈ।ਜ਼ਿਕਰਯੋਗ ਹੈ ਕਿ ਪੰਥਕ ਗਲਿਆਰਿਆਂ ਵਿੱਚ ਇਸ ਸਮੇਂ ਜੋ ਮਾਹੌਲ ਚੱਲ ਰਿਹਾ ਹੈ ਉਹ ਬਹੁਤ ਹੀ ਤਨਾਵਪੂਰਨ ਬਣਿਆ ਹੋਇਆ ਹੈ। ਹੈੱਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਹੋਣਾਂ ਵੱਲੋਂ ਪ੍ਰੈਸ ਕਾਨਫਰੰਸ ਕਰਕੇ ਸ਼੍ਰੋਮਣੀ ਕਮੇਟੀ ਦੇ ਅਦਾਰੇ ਵਿੱਚ ਹੋ ਰਹੀਆਂ ਬੇਨਿਯਮੀਆਂ ਅਤੇ ਘਪਲਿਆਂ ਬਾਰੇ ਜੋ ਵੀ ਕਿਹਾ ਗਿਆ ਹੈ ਜਾਂ ਸਾਬਕਾ ਜਥੇਦਾਰ ਗਿਆਨੀ ਰਣਜੀਤ ਸਿੰਘ ਵੱਲੋਂ ਸ਼੍ਰੋਮਣੀ ਕਮੇਟੀ ਦੇ ਖਿਲਾਫ ਪ੍ਰੈਸ ਕਾਨਫਰੰਸਾਂ ਕੀਤੀਆਂ ਜਾ ਰਹੀਆਂ ਹਨ।ਉਸ ਨਾਲ ਸੰਗਤ ਅਤੇ ਧਾਰਮਿਕ ਸੰਸਥਾ ਦੀ ਸਾਖ ਤੇ ਬਹੁਤ ਹੀ ਗਹਿਰਾ ਅਸਰ ਪੈ ਰਿਹਾ ਹੈ। ਹੁਣ ਦੂਜੇ ਪਾਸੇ ਮੈਂਬਰ ਸ਼੍ਰੋਮਣੀ ਕਮੇਟੀ ਤੋਂ ਇਲਾਵਾ ਸਾਬਕਾ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ ਅਤੇ ਕਈ ਹੋਰ ਨਾਮਵਰ ਹਸਤੀਆਂ ਵੱਲੋਂ ਗਿਆਨੀ ਰਘਬੀਰ ਸਿੰਘ ਅਤੇ ਗਿਆਨੀ ਹਰਪ੍ਰੀਤ ਸਿੰਘ ਦੇ ਖਿਲਾਫ ਬਿਆਨ ਜਾਰੀ ਕੀਤੇ ਜਾ ਰਹੇ ਹਨ। ਕਿਤੇ ਨਾ ਕਿਤੇ ਇਸ ਨਾਲ ਸਿੱਖ ਪੰਥ ਦੇ ਸਰਵ ਉੱਚ ਅਹੁਦੇ ਅਤੇ ਸਿੱਖਾਂ ਦੀ ਪਾਰਲੀਮੈਂਟ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਾਖ ਨੂੰ ਢਾਹ ਲੱਗ ਰਹੀ ਹੈ, ਜੋ ਕਿ ਸਿੱਖ ਸੰਗਤ ਵਾਸਤੇ ਬਰਦਾਸ਼ਤ ਕਰਨ ਯੋਗ ਨਹੀਂ ਹੈ। ਇਸ ਲਈ ਸਿੱਖ ਪੰਥ ਦੀਆਂ ਸਮੂਹ ਸੰਸਥਾਵਾਂ ਨੂੰ ਇਹ ਮਾਹੌਲ ਸੁਖਾਵਾਂ ਬਣਾਉਣ ਲਈ ਅੱਗੇ ਆਉਣਾ ਚਾਹੀਦਾ ਹੈ ਤਾਂ ਜੋ ਗੁਰੂ ਸਾਹਿਬ ਜੀ ਵੱਲੋਂ ਸਾਜੇ ਸਿੱਖ ਪੰਥ ਨੂੰ ਹੋਰ ਚੜ੍ਹਦੀ ਕਲਾ ਵੱਲ ਲਜਾਇਆ ਜਾ ਸਕੇ।

ਅਬੋਹਰ 'ਚ ਡਿਵਾਈਡਰ ਨਾਲ ਟਕਰਾਈ ਤੇਜ਼

ਹਿੱਸੇ ਦੇ ਪਰਖੱਚੇ ਉੱਡ ਗਏ। ਦੋ ਨੌਜਵਾਨਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ ਸੀ। ਪੁਲਿਸ ਨੇ ਲਾਸ਼ਾਂ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ ਹੈ ਅਤੇ ਜ਼ਖ਼ਮੀਆਂ ਨੂੰ ਫਰੀਦਕੋਟ ਰੈਫ਼ਰ ਕਰ ਦਿੱਤਾ ਗਿਆ ਹੈ। ਫਿਲਹਾਲ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

ਵਿਦੇਸ਼ੀ ਨੌਕਰੀ ਪਾਉਣ ਦੇ ਮਾਮਲੇ 'ਚ ਸਭ ਤੋਂ

ਮਾਮਲਿਆਂ ਵਿੱਚ ਸੂਬਾ ਪੁਲਿਸ ਜਾਂ ਕੇਂਦਰ ਸ਼ਾਸਿਤ ਪ੍ਰਦੇਸ਼ ਪ੍ਰਸ਼ਾਸਨ ਵੱਲੋਂ ਐੱਫ.ਆਈ.ਆਰ. ਦਰਜ ਕੀਤੀ ਗਈ ਜਾਂ ਐਕਸ਼ਨ ਰਿਪੋਰਟ ਦਾਖਲ ਕੀਤੀ ਗਈ। ਪੰਜਾਬ ਵਿੱਚ 2023 ਵਿੱਚ ਕੋਈ ਐੱਫ.ਆਈ.ਆਰ. ਦਰਜ ਨਹੀਂ ਹੋਈ, ਜਦਕਿ 2024 ਵਿੱਚ 38 ਅਤੇ 2025 ਵਿੱਚ 69 ਐੱਫ.ਆਈ.ਆਰ. ਦਰਜ ਕੀਤੀਆਂ ਗਈਆਂ। ਚੰਡੀਗੜ੍ਹ ਵਿੱਚ 2023 ਅਤੇ 2024 ਵਿੱਚ ਕੋਈ ਐੱਫ.ਆਈ.ਆਰ. ਨਹੀਂ ਹੋਈ, ਪਰ 2025 ਵਿੱਚ 37 ਐੱਫਆਈਆਰ ਦਰਜ ਹੋਈਆਂ। ਹਰਿਆਣਾ ਵਿੱਚ 2025 ਵਿੱਚ 15 ਐੱਫ.ਆਈ.ਆਰ. ਦਰਜ ਹੋਈਆਂ, ਜਦਕਿ ਹਿਮਾਚਲ ਪ੍ਰਦੇਸ਼ ਵਿੱਚ 2023 ਅਤੇ 2025 ਵਿੱਚ ਇੱਕ-ਇੱਕ ਐੱਫ.ਆਈ.ਆਰ. ਦਰਜ ਹੋਈ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

ਦ੍ਰੋਪਦੀ ਮੁਰਮੂ ਵੱਲੋਂ ਰਾਸ਼ਟਰਪਤੀ ਭਵਨ ਵਿਖੇ ਚੱਕਰਵਰਤੀ ਰਾਜਗੋਪਾਲਾਚਾਰੀ ਦੇ ਬੁੱਤ ਦਾ ਉਦਘਾਟਨ

ਨਵੀਂ ਦਿੱਲੀ, 23 ਫਰਵਰੀ (ਅੰਮ੍ਰਿਤਪਾਲ ਸਿੰਘ) : ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਰਾਸ਼ਟਰਪਤੀ ਭਵਨ ਵਿਖੇ ਸੁਤੰਤਰ ਭਾਰਤ ਦੇ ਪਹਿਲੇ ਅਤੇ ਇਕਲੌਤੇ ਭਾਰਤੀ ਗਵਰਨਰ ਜਨਰਲ, ਚੱਕਰਵਰਤੀ ਰਾਜਗੋਪਾਲਾਚਾਰੀ ਦੇ ਬੁੱਤ ਦਾ ਉਦਘਾਟਨ ਕੀਤਾ। ਇਸ ਮੌਕੇ ਭਾਜਪਾ ਆਗੂ ਅਤੇ ਭਾਰਤ ਦੇ ਆਖਰੀ ਗਵਰਨਰ-ਜਨਰਲ ਸੀ. ਰਾਜਗੋਪਾਲਾਚਾਰੀ ਦੇ ਪੜਪੋਤੇ, ਸੀ.ਆਰ. ਕੇਸ਼ਵਨ ਨੇ ਕਿਹਾ, ਅਸੀਂ ਰਾਸ਼ਟਰਪਤੀ ਭਵਨ ਵਿਚ ਰਾਜਾਜੀ ਦੇ ਬੁੱਤ ਦਾ ਉਦਘਾਟਨ ਕਰਨ ਲਈ ਆਪਣੀ ਰਾਸ਼ਟਰਪਤੀ ਦਰੋਪਦੀ ਮੁਰਮੂ ਜੀ ਦਾ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਦਾ ਉਨ੍ਹਾਂ ਦੇ ਸ਼ਾਨਦਾਰ ਸੰਦੇਸ਼ ਲਈ ਧੰਨਵਾਦ ਕਰਨਾ ਚਾਹੁੰਦੇ ਹਾਂ, ਜੋ ਕਿ ਪ੍ਰਧਾਨ ਮੰਤਰੀ ਮੋਦੀ ਜੀ ਦੁਆਰਾ ਇਕ ਬਹੁਤ ਹੀ ਭਾਵੁਕ ਸੰਦੇਸ਼ ਸੀ,

ਜਿਸਨੂੰ ਅੱਜ ਰਾਜਾਜੀ ਉਤਸਵ ਸਮਾਰੋਹ ਵਿਚ ਪੜ੍ਹਿਆ ਗਿਆ... ਭਾਰਤ ਆਪਣੀਆਂ ਸੱਭਿਅਤਾ ਦੀਆਂ ਕਦਰਾਂ-ਕੀਮਤਾਂ ਵਿਚ ਬਹੁਤ ਮਾਣ ਮਹਿਸੂਸ ਕਰ ਰਿਹਾ ਹੈ ਅਤੇ ਇਕ ਗੱਲ ਜੋ ਮੈਂ ਅੱਜ ਬਹੁਤ ਹੀ ਉਚਿਤ ਢੰਗ ਨਾਲ ਦੱਸਾਂਗਾ ਉਹ ਹੈ ਕਿ ਆਜ਼ਾਦੀ ਤੋਂ ਬਾਅਦ ਦਹਾਕਿਆਂ ਤੱਕ ਸਾਬਕਾ ਕਾਂਗਰਸ ਸ਼ਾਸਨ ਨੇ ਜਾਣਬੁੱਝ ਕੇ ਮਹਾਨ ਨੇਤਾਵਾਂ ਦੇ ਸ਼ਾਨਦਾਰ ਬਲੀਦਾਨ ਅਤੇ ਨਿਰਸਵਾਰਥ ਯੋਗਦਾਨ ਨੂੰ ਪਾਸੇ ਕਰ ਦਿੱਤਾ, ਜਿਨ੍ਹਾਂ ਨੇ ਆਜ਼ਾਦੀ ਅੰਦੋਲਨ ਲਈ ਕੁਰਬਾਨੀ ਦਿੱਤੀ ਸੀ। ਇਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਹਨ ਜਿਨ੍ਹਾਂ ਨੇ ਉਨ੍ਹਾਂ ਦੀਆਂ ਸ਼ਾਨਦਾਰ ਵਿਰਾਸਤਾਂ ਨੂੰ ਸਹੀ ਢੰਗ ਨਾਲ ਮੁੜ ਸੁਰਜੀਤ ਕੀਤਾ ਹੈ ਅਤੇ ਉਨ੍ਹਾਂ ਦਾ ਸਨਮਾਨ ਕੀਤਾ ਹੈ...'।

ਜੇ.ਐਨ.ਯੂ. ਵਿੱਚ ਵੀ.ਸੀ. ਖ਼ਿਲਾਫ਼ ਮੁਜ਼ਾਹਰੇ ਦੌਰਾਨ ਹਿੰਸਾ ਕਾਰਨ ਤਣਾਅ

ਖੱਬੇ ਤੇ ਸੱਜੇ ਪੱਖੀ ਵਿਦਿਆਰਥੀ ਜਥੇਬੰਦੀਆਂ ਵੱਲੋਂ ਇੱਕ-ਦੂਜੇ 'ਤੇ ਦੋਸ਼; ਪ੍ਰਸ਼ਾਸਨ ਵੱਲੋਂ ਕਾਰਵਾਈ ਦੀ ਚੇਤਾਵਨੀ

ਨਵੀਂ ਦਿੱਲੀ, 23 ਫਰਵਰੀ (ਚ.ਨ.ਸ.) : ਜਵਾਹਰ ਲਾਲ ਨਹਿਰੂ ਯੂਨੀਵਰਸਿਟੀ (ਜੇ.ਐਨ.ਯੂ.) ਵਿੱਚ ਦੇਰ ਰਾਤ ਦੋ ਵਿਦਿਆਰਥੀ ਗੁੱਟਾਂ ਵਿਚਾਲੇ ਹੋਈ ਹਿੰਸਕ ਝੜਪ ਵਿੱਚ ਕਈ ਵਿਦਿਆਰਥੀ ਜ਼ਖ਼ਮੀ ਹੋ ਗਏ। ਖੱਬੇ ਪੱਖੀ ਜਥੇਬੰਦੀਆਂ ਅਤੇ ਏਬੀਵੀਪੀ ਨੇ ਇੱਕ-ਦੂਜੇ 'ਤੇ ਹਿੰਸਾ ਭੜਕਾਉਣ ਦੇ ਦੋਸ਼ ਲਾਏ ਹਨ, ਜਦਕਿ ਯੂਨੀਵਰਸਿਟੀ ਪ੍ਰਸ਼ਾਸਨ ਨੇ ਕੈਂਪਸ ਵਿੱਚ ਅਨੁਸ਼ਾਸਨਹੀਣਤਾ ਫੈਲਾਉਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਦੀ ਚੇਤਾਵਨੀ ਦਿੱਤੀ ਹੈ।

ਸੋਮਵਾਰ ਤੜਕੇ ਕਰੀਬ 1:30 ਵਜੇ ਵਾਈਸ ਚਾਂਸਲਰ (ਵੀਸੀ) ਵਿਰੁੱਧ ਚੱਲ ਰਿਹਾ ਪ੍ਰਦਰਸ਼ਨ ਹਿੰਸਕ ਰੂਪ ਧਾਰ ਗਿਆ, ਜਿਸ ਮਗਰੋਂ ਕੈਂਪਸ ਵਿੱਚ ਤਣਾਅ ਫੈਲ ਗਿਆ। ਜ਼ਿਕਰਯੋਗ ਹੈ ਕਿ ਖੱਬੇ ਪੱਖੀ ਜਥੇਬੰਦੀਆਂ ਦੀ ਹਮਾਇਤ ਵਾਲੀ ਜੇਐਨਯੂ ਵਿਦਿਆਰਥੀ ਯੂਨੀਅਨ (ਜੇਐਨਯੂਐਸਯੂ) ਨੇ ਐਤਵਾਰ ਰਾਤ ਈਸਟ ਗੇਟ ਵੱਲ 'ਸਮਤਾ ਜਲੂਸ' ਕੱਢਣ ਦਾ ਸੱਦਾ ਦਿੱਤਾ ਸੀ। ਵਿਦਿਆਰਥੀ ਵਾਈਸ ਚਾਂਸਲਰ ਸ਼ਾਂਤੀਸ਼੍ਰੀ ਧੂਲੀਪੁੜੀ ਪੰਡਿਤ ਦੇ ਅਸਤੀਫ਼ੇ ਅਤੇ ਇੱਕ ਵਿਦਿਆਰਥੀ ਨੂੰ ਕੱਢਣ (ਰਸਟੀਕੇਸ਼ਨ) ਦੇ ਹੁਕਮ ਨੂੰ ਰੱਦ ਕਰਨ ਦੀ ਮੰਗ ਕਰ ਰਹੇ ਸਨ।

ਪ੍ਰਦਰਸ਼ਨਕਾਰੀ ਵਿਦਿਆਰਥੀਆਂ ਨੇ ਦੋਸ਼ ਲਾਇਆ ਕਿ ਪ੍ਰਸ਼ਾਸਨ ਨੇ ਉਨ੍ਹਾਂ ਨਾਲ ਗੱਲਬਾਤ ਕਰਨ ਦੀ ਬਜਾਏ ਏਬੀਵੀਪੀ ਦੇ ਮੈਂਬਰਾਂ ਨੂੰ ਟਕਰਾਅ ਦੀ ਖੁੱਲ੍ਹ ਦਿੱਤੀ। ਦੂਜੇ ਪਾਸੇ, ਸੱਜੇ ਪੱਖੀ ਵਿਦਿਆਰਥੀ ਜਥੇਬੰਦੀ ਨੇ ਖੱਬੇ ਪੱਖੀਆਂ'ਤੇ ਹਿੰਸਾ ਸ਼ੁਰੂ ਕਰਨ ਦੇ ਦੋਸ਼ ਮੜ੍ਹੇ ਹਨ। ਦੱਸਣਯੋਗ ਹੈ ਕਿ ਵੀਸੀ ਵੱਲੋਂ ਇੱਕ ਇੰਟਰਵਿਊ ਦੌਰਾਨ ਦਿੱਤੇ ਬਿਆਨ ਕਿ ਭਾਈਚਾਰੇ ਸਥਾਈ ਤੌਰ 'ਤੇ ਪੀੜਤ ਬਣ ਕੇ ਜਾਂ ਵਿਕਟਿਮ ਕਾਰਡ ਖੇਡ ਕੇ ਤਰੱਕੀ ਨਹੀਂ ਕਰ ਸਕਦੇ, ਕਾਰਨ ਵਿਵਾਦ ਖੜ੍ਹਾ ਹੋ ਗਿਆ ਸੀ। ਜੇਐਨਯੂਐਸਯੂ ਨੇ ਇਨ੍ਹਾਂ ਟਿੱਪਣੀਆਂ ਨੂੰ 'ਜਾਤੀਵਾਦੀ' ਅਤੇ ਪੱਛੜੇ ਭਾਈਚਾਰਿਆਂ ਪ੍ਰਤੀ 'ਸੰਵੇਦਨਹੀਣ' ਕਰਾਰ ਦਿੱਤਾ ਹੈ।

ਯੂਨੀਵਰਸਿਟੀ ਪ੍ਰਸ਼ਾਸਨ ਨੇ ਇੱਕ ਅਧਿਕਾਰਤ ਬਿਆਨ ਜਾਰੀ ਕਰਦਿਆਂ ਕਿਹਾ ਕਿ ਇਸ ਘਟਨਾ ਨੂੰ ਗੰਭੀਰਤਾ ਨਾਲ ਲਿਆ ਗਿਆ ਹੈ। ਪ੍ਰਸ਼ਾਸਨ ਅਨੁਸਾਰ ਪ੍ਰਦਰਸ਼ਨਕਾਰੀ ਵਿਦਿਆਰਥੀਆਂ ਨੇ ਕਈ ਅਕਾਦਮਿਕ ਇਮਾਰਤਾਂ ਨੂੰ ਤਾਲੇ ਲਗਾ ਦਿੱਤੇ ਸਨ ਅਤੇ ਲਾਇਬ੍ਰੇਰੀ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਜ਼ਬਰਦਸਤੀ ਪ੍ਰਦਰਸ਼ਨ ਵਿੱਚ ਸ਼ਾਮਲ ਹੋਣ ਲਈ ਡਰਾਇਆ-ਧਮਕਾਇਆ, ਜਿਸ ਕਾਰਨ ਝੜਪ ਹੋਈ। ਯੂਨੀਵਰਸਿਟੀ ਨੇ ਸਪਸ਼ਟ ਕੀਤਾ ਹੈ ਕਿ ਭਾਰਤੀ ਨਿਆ ਸੰਹਿਤਾ (ਬੀ.ਐਨ.ਐਸ.) ਅਤੇ ਯੂਨੀਵਰਸਿਟੀ ਦੇ ਨਿਯਮਾਂ ਤਹਿਤ ਦੋਸ਼ੀਆਂ ਖਿਲਾਫ਼ ਕਾਰਵਾਈ ਕੀਤੀ ਜਾਵੇਗੀ।

ਦੂਜੇ ਪਾਸੇ ਜੇਐਨਯੂਐਸਯੂ ਨੇ 26 ਫਰਵਰੀ ਨੂੰ ਸਿੱਖਿਆ ਮੰਤਰਾਲੇ ਤੱਕ 'ਲੌਂਗ ਮਾਰਚ' ਕਰਨ ਦਾ ਐਲਾਨ ਕੀਤਾ ਹੈ ਅਤੇ ਵਾਈਸ ਚਾਂਸਲਰ ਦੇ ਅਸਤੀਫ਼ੇ ਦੀ ਮੰਗ ਦੁਹਰਾਈ ਹੈ।

ਸਾਬਕਾ ਕੇਂਦਰੀ ਮੰਤਰੀ ਮੁਕੁਲ ਰਾਏ ਦਾ ਦੇਹਾਂਤ

ਕਾਫੀ ਸਮੇਂ ਤੋਂ ਸਨ ਬਿਮਾਰ; ਹਸਪਤਾਲ ਵਿੱਚ ਲਏ ਆਖਰੀ ਸਾਹ

ਨਵੀਂ ਦਿੱਲੀ, 23 ਫਰਵਰੀ (ਚ.ਨ.ਸ.) : ਸਾਬਕਾ ਕੇਂਦਰੀ ਰੇਲ ਰਾਜ ਮੰਤਰੀ ਮੁਕੁਲ ਰਾਏ ਦਾ ਦੇਹਾਂਤ ਹੋ ਗਿਆ ਹੈ। ਉਹ ਪਿਛਲੇ ਕਾਫੀ ਲੰਬੇ ਸਮੇਂ ਤੋਂ ਗੰਭੀਰ ਬਿਮਾਰੀਆਂ ਨਾਲ ਜੂਝ ਰਹੇ ਸਨ ਅਤੇ ਹਸਪਤਾਲ ਵਿੱਚ ਇਲਾਜ ਅਧੀਨ ਸਨ। ਉਨ੍ਹਾਂ ਦੇ ਚਲੇ ਜਾਣ ਨਾਲ ਰਾਜਨੀਤਕ ਜਗਤ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ ਅਤੇ ਵੱਖ-ਵੱਖ ਪਾਰਟੀਆਂ ਦੇ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ।ਉਨ੍ਹਾਂ ਦੇ ਪੁੱਤਰ ਸ਼ੁਭਰਾਂਸ਼ੂ ਰਾਏ ਨੇ ਦੱਸਿਆ ਕਿ 71 ਸਾਲਾ ਮੁਕੁਲ ਰਾਏ ਨੇ ਸੋਮਵਾਰ ਰਾਤ ਡੇਢ ਵਜੇ ਇੱਕ ਨਿੱਜੀ ਹਸਪਤਾਲ ਵਿੱਚ ਆਖ਼ਰੀ ਸਾਹ ਲਏ। ਉਹ ਪਿਛਲੇ ਕਈ ਦਿਨਾਂ ਤੋਂ ਕੋਮਾ ਵਿੱਚ ਸਨ ਅਤੇ ਲੰਬੇ ਸਮੇਂ ਤੋਂ ਬਿਮਾਰੀ ਨਾਲ ਲੜ ਰਹੇ ਸਨ। ਉਨ੍ਹਾਂ ਦੇ ਜਾਣ ਨਾਲ ਪੱਛਮੀ ਬੰਗਾਲ ਅਤੇ ਦੇਸ਼ ਦੀ ਰਾਜਨੀਤੀ ਵਿੱਚ ਇੱਕ ਵੱਡਾ ਖਲਾਅ ਪੈਦਾ ਹੋ ਗਿਆ ਹੈ।

ਮੁਕੁਲ ਰਾਏ ਉਨ੍ਹਾਂ ਚੋਣਵੇਂ ਆਗੂਆਂ ਵਿੱਚੋਂ ਇੱਕ ਸਨ ਜਿਨ੍ਹਾਂ ਨੇ 1998 ਵਿੱਚ ਮਮਤਾ ਬੈਨਰਜੀ ਨਾਲ ਮਿਲ ਕੇ ਤ੍ਰਿਣਮੂਲ ਕਾਂਗਰਸ (ਟੀ.ਐਮ.ਸੀ.) ਦੀ ਨੀਂਹ ਰੱਖੀ ਸੀ। ਉਹ ਪਾਰਟੀ ਦੇ ਸੰਸਥਾਪਕ ਮੈਂਬਰ ਸਨ ਅਤੇ ਲੰਬਾ ਸਮਾਂ ਪਾਰਟੀ ਦੇ ਸੰਗਠਨ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਰਹੇ। ਉਨ੍ਹਾਂ ਨੇ ਦੋ ਵਾਰ ਰਾਜ ਸਭਾ ਵਿੱਚ ਪੱਛਮੀ ਬੰਗਾਲ ਦੀ ਨੁਮਾਇੰਦਗੀ ਕੀਤੀ। ਸਾਲ 2011 ਵਿੱਚ ਜਦੋਂ ਕੇਂਦਰ ਵਿੱਚ ਯੂ.ਪੀ.ਏ.-2 ਦੀ ਸਰਕਾਰ ਸੀ, ਉਦੋਂ ਉਨ੍ਹਾਂ ਨੇ ਦੇਸ਼ ਦੇ ਰੇਲ ਮੰਤਰੀ ਵਜੋਂ ਵੀ ਸੇਵਾਵਾਂ ਨਿਭਾਈਆਂ ਸਨ।



ਆਪਣੇ ਲੰਬੇ ਸਿਆਸੀ ਸਫ਼ਰ ਦੌਰਾਨ ਮੁਕੁਲ ਰਾਏ ਨੇ ਕਈ ਉਤਰਾਅ-ਚੜ੍ਹਾਅ ਦੇਖੇ। ਪਾਰਟੀ ਲੀਡਰਸ਼ਿਪ ਨਾਲ ਮੱਤਭੇਦ ਹੋਣ ਕਾਰਨ ਉਨ੍ਹਾਂ ਨੇ 2017 ਵਿੱਚ ਤ੍ਰਿਣਮੂਲ ਕਾਂਗਰਸ ਛੱਡ ਦਿੱਤੀ ਸੀ ਅਤੇ ਭਾਰਤੀ ਜਨਤਾ ਪਾਰਟੀ (ਬੀ.ਜੇ.ਪੀ.) ਵਿੱਚ ਸ਼ਾਮਲ ਹੋ ਗਏ ਸਨ। ਸਾਲ 2021 ਦੀਆਂ ਪੱਛਮੀ ਬੰਗਾਲ ਵਿਧਾਨ ਸਭਾ ਚੋਣਾਂ ਵਿੱਚ ਉਹ ਭਾਜਪਾ ਦੀ ਟਿਕਟ 'ਤੇ ਕ੍ਰਿਸ਼ਨਾਨਗਰ ਉੱਤਰ ਸੀਟ ਤੋਂ ਵਿਧਾਇਕ ਚੁਣੇ ਗਏ। ਹਾਲਾਂਕਿ, ਚੋਣਾਂ ਤੋਂ ਕੁਝ ਸਮੇਂ ਬਾਅਦ ਹੀ ਉਹ ਦੁਬਾਰਾ ਆਪਣੀ ਪੁਰਾਣੀ ਪਾਰਟੀ ਤ੍ਰਿਣਮੂਲ ਕਾਂਗਰਸ ਵਿੱਚ ਵਾਪਸ ਪਰਤ ਆਏ ਸਨ।

ਮੁਕੁਲ ਰਾਏ ਭਾਰਤੀ ਰਾਜਨੀਤੀ ਦਾ ਇੱਕ ਵੱਡਾ ਚਿਹਰਾ ਸਨ ਅਤੇ ਉਨ੍ਹਾਂ ਨੇ ਆਪਣੇ ਸਿਆਸੀ ਜੀਵਨ ਦੌਰਾਨ ਕਈ ਅਹਿਮ ਜ਼ਿੰਮੇਵਾਰੀਆਂ ਨਿਭਾਈਆਂ। ਖਾਸ ਕਰਕੇ ਰੇਲ ਮੰਤਰੀ ਵਜੋਂ ਉਨ੍ਹਾਂ ਦੇ ਕਾਰਜਕਾਲ ਨੂੰ ਯਾਦ ਕੀਤਾ ਜਾਂਦਾ ਹੈ। ਉਹ ਪੱਛਮੀ ਬੰਗਾਲ ਦੀ ਰਾਜਨੀਤੀ ਵਿੱਚ ਵੀ ਬਹੁਤ ਪ੍ਰਭਾਵਸ਼ਾਲੀ ਰਹੇ ਅਤੇ ਤ੍ਰਿਣਮੂਲ ਕਾਂਗਰਸ ਦੇ ਸੰਸਥਾਪਕ ਮੈਂਬਰਾਂ ਵਿੱਚੋਂ ਇੱਕ ਸਨ। ਉਨ੍ਹਾਂ ਨੇ ਲੰਬਾ ਸਮਾਂ ਜਨਤਾ ਦੀ ਸੇਵਾ ਕੀਤੀ ਅਤੇ ਸੰਸਦ ਮੈਂਬਰ ਵਜੋਂ ਵੀ ਕਈ ਮਹੱਤਵਪੂਰਨ ਮੁੱਦੇ ਉਠਾਏ।ਉਨ੍ਹਾਂ ਦੇ ਪਰਿਵਾਰ ਨੇ ਦੱਸਿਆ ਕਿ ਮੁਕੁਲ ਰਾਏ ਨੇ ਅੰਤਿਮ ਸਾਹ ਹਸਪਤਾਲ ਵਿੱਚ ਲਏ ਜਿੱਥੇ ਡਾਕਟਰਾਂ ਦੀ ਟੀਮ ਉਨ੍ਹਾਂ ਨੂੰ ਬਚਾਉਣ ਦੀ ਲਗਾਤਾਰ ਕੋਸ਼ਿਸ਼ ਕਰਦੀ ਰਹੀ ਸੀ। ਉਨ੍ਹਾਂ ਦੀ ਮ੍ਰਿਤਕ ਦੇਹ ਨੂੰ ਅੰਤਿਮ ਦਰਸ਼ਨਾਂ ਲਈ ਰੱਖਿਆ ਜਾਵੇਗਾ ਤਾਂ ਕਿ ਉਨ੍ਹਾਂ ਦੇ ਸਮਰਥਕ ਅਤੇ ਰਾਜਨੀਤਕ ਸਾਥੀ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰ ਸਕਣ।

ਲੁਧਿਆਣਾ 'ਚ 3,200 ਕਰੋੜ ਦੀ ਲਾਗਤ ਵਾਲਾ ਟਾਟਾ ਸਟੀਲ ਪਲਾਂਟ ਮਾਰਚ ਤੋਂ ਹੋਵੇਗਾ ਕਾਰਜਸ਼ੀਲ : ਭਗਵੰਤ ਸਿੰਘ ਮਾਨ

- ਭਾਰਤ 'ਚ ਜਮਸ਼ੇਦਪੁਰ ਤੋਂ ਬਾਅਦ ਟਾਟਾ ਸਟੀਲ ਦਾ ਦੂਜਾ ਸਭ ਤੋਂ ਵੱਡਾ ਪਲਾਂਟ ਹੁਣ ਪੰਜਾਬ 'ਚ
- ਮੈਗਾ ਟਾਟਾ ਸਟੀਲ ਪ੍ਰੋਜੈਕਟ ਲੁਧਿਆਣਾ ਦੇ ਉਦਯੋਗਿਕ ਮਾਹੌਲ ਨੂੰ ਮਜ਼ਬੂਤੀ ਦੇਵੇਗਾ

ਚੰਡੀਗੜ੍ਹ, 23 ਫਰਵਰੀ (ਅੰਮ੍ਰਿਤਪਾਲ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇੱਥੇ ਕਿਹਾ ਕਿ ਮਾਰਚ ਤੋਂ ਲੁਧਿਆਣਾ ਵਿੱਚ ਟਾਟਾ ਸਟੀਲ ਦੇ ਮੈਨੂਫੈਕਚਰਿੰਗ ਪਲਾਂਟ ਦੇ ਕਾਰਜਸ਼ੀਲ ਹੋਣ ਨਾਲ ਪੰਜਾਬ ਵਿੱਚ ਉਦਯੋਗ ਦੇ ਵੱਡਾ ਹੁਲਾਰਾ ਮਿਲੇਗਾ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਪ੍ਰੋਜੈਕਟ ਸੂਬੇ ਦੀਆਂ ਪ੍ਰਗਤੀਸ਼ੀਲ ਨੀਤੀਆਂ ਅਤੇ ਮਜ਼ਬੂਤ ਸ਼ਾਸਨ ਢਾਂਚੇ ਵਿੱਚ ਆਲਮੀ ਉਦਯੋਗ ਦੇ ਵਧ ਰਹੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਟਾਟਾ ਸਟੀਲ ਦੇ ਇਕ ਸੀਨੀਅਰ ਵਫ਼ਦ, ਜਿਸ ਵਿੱਚ ਉਪ-ਪ੍ਰਧਾਨ (ਲੌਂਗ ਪ੍ਰੋਡਕਟਸ) ਆਸ਼ੀਸ਼ ਅਨੁਪਮ ਅਤੇ ਕਾਰਪੋਰੇਟ ਮਾਮਲਿਆਂ ਦੇ ਸੀਨੀਅਰ ਪ੍ਰਤੀਨਿਧ ਸ਼ਾਮਲ ਸਨ, ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਟਾਟਾ ਸਟੀਲ ਗਰੁੱਪ ਦੁਨੀਆਂ ਦੇ ਮੋਹਰੀ ਸਟੀਲ ਨਿਰਮਾਤਾਵਾਂ ਵਿੱਚੋਂ ਇੱਕ ਹੈ, ਜਿਸ ਦੀ ਕੱਚੇ ਸਟੀਲ ਦੀ ਸਾਲਾਨਾ ਸਮਰੱਥਾ ਲਗਭਗ 34 ਮਿਲੀਅਨ ਟਨ ਹੈ ਅਤੇ ਦੁਨੀਆਂ ਦੇ ਵੱਖ ਵੱਖ ਭੂਗੋਲਿਕ ਖੇਤਰਾਂ ਵਿੱਚ ਇਸ ਦਾ ਮਜ਼ਬੂਤ ਸਥਾਨ ਹੈ। ਮੁੱਖ ਮੰਤਰੀ ਨੇ ਕਿਹਾ ਕਿ ਟਾਟਾ ਸਟੀਲ ਲਿਮਟਿਡ ਲੁਧਿਆਣਾ ਦੀ ਹਾਈਟੈੱਕ ਵੈਲੀ ਨੇੜੇ ਰੀਬਾਰ ਮਿੱਲ ਦੇ ਨਾਲ ਇੱਕ 0.75 ਐਮ.ਟੀ.ਪੀ.ਏ. ਇਲੈਕਟ੍ਰਿਕ ਆਰਕ ਫਰਨੇਸ ਅਧਾਰਤ ਸਟੀਲ-ਮੇਕਿੰਗ ਫੈਸਿਲਟੀ ਸਥਾਪਤ ਕਰ ਰਿਹਾ ਹੈ।

ਉਨ੍ਹਾਂ ਕਿਹਾ ਕਿ 115 ਏਕੜ ਵਿੱਚ ਫੈਲੇ ਇਸ ਪ੍ਰੋਜੈਕਟ ਵਿੱਚ ਸ਼ੁਰੂ 'ਚ ਲਗਭਗ 2,600 ਕਰੋੜ ਦੇ ਨਿਵੇਸ਼ ਦੀ ਅਨੁਮਾਨ ਸੀ, ਜੋ ਹੁਣ ਵਧ ਕੇ 3,200 ਕਰੋੜ ਹੋ ਗਿਆ ਹੈ। ਇਸ ਪਲਾਂਟ ਤੋਂ ਲਗਭਗ 2,500 ਵਿਅਕਤੀਆਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਹੋਣ ਦੀ ਉਮੀਦ ਹੈ, ਜਿਸ ਨਾਲ ਖੇਤਰ ਦੇ ਉਦਯੋਗਿਕ ਮਾਹੌਲ ਨੂੰ ਮਜ਼ਬੂਤੀ ਮਿਲੇਗੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਯੂਨਿਟ 100 ਪ੍ਰਤੀਸ਼ਤ ਸਟੀਲ ਸਕ੍ਰੈਪ ਨੂੰ ਕੱਚੇ ਮਾਲ ਵਜੋਂ ਵਰਤੇਗਾ ਅਤੇ ਟਿਕਾਊ ਅਤੇ ਵਾਤਾਵਰਣ-ਅਨੁਕੂਲ ਉਤਪਾਦਨ ਪ੍ਰਕਿਰਿਆ ਅਪਣਾਏਗਾ। ਉਨ੍ਹਾਂ ਕਿਹਾ ਕਿ ਇਲੈਕਟ੍ਰਿਕ ਆਰਕ ਫਰਨੇਸ ਰੂਟ ਰਵਾਇਤੀ ਬਲਾਸਟ ਫਰਨੇਸ ਤਕਨਾਲੋਜੀ ਦੇ ਮੁਕਾਬਲੇ ਕਾਰਬਨ ਨਿਕਾਸ ਨੂੰ ਕਾਫ਼ੀ ਹੱਦ ਤੱਕ ਘਟਾਉਂਦਾ ਹੈ, ਜੋ ਵਾਤਾਵਰਣ ਅਨੁਕੂਲ ਅਤੇ ਟਿਕਾਊ ਉਦਯੋਗਿਕ ਵਿਕਾਸ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤੀ ਦਿੰਦਾ ਹੈ। ਪੰਜਾਬ ਸਰਕਾਰ ਵੱਲੋਂ ਨਿਭਾਈ ਗਈ ਸਰਗਰਮ ਭੂਮਿਕਾ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਇਸ ਮੈਗਾ ਪ੍ਰੋਜੈਕਟ ਦੇ ਨਿਰਮਾਣ ਅਤੇ ਸੰਚਾਲਨ ਨੂੰ ਸਮਾਂਬੱਧ ਢੰਗ ਨਾਲ ਯਕੀਨੀ ਬਣਾਇਆ, ਜੋ ਕਿ ਪੰਜਾਬ ਦੀਆਂ ਉਦਯੋਗ-ਪੱਖੀ ਨੀਤੀਆਂ ਅਤੇ ਸਰਗਰਮ ਸ਼ਾਸਨ ਢਾਂਚੇ ਨੂੰ ਦਰਸਾਉਂਦਾ ਹੈ।

ਇਸ ਪ੍ਰੋਜੈਕਟ ਦੀ ਸ਼ੁਰੂਆਤ ਨੂੰ ਸੂਬੇ ਲਈ ਮਾਣ ਵਾਲੀ ਗੱਲ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਜਮਸ਼ੇਦਪੁਰ ਤੋਂ ਬਾਅਦ ਭਾਰਤ ਵਿੱਚ ਟਾਟਾ ਸਟੀਲ ਦਾ ਦੂਜਾ ਸਭ ਤੋਂ ਵੱਡਾ ਪਲਾਂਟ ਹੈ ਅਤੇ ਪੰਜਾਬ ਵਿੱਚ ਕੰਪਨੀ ਦੇ ਸਭ ਤੋਂ ਵੱਡੇ ਨਿਵੇਸ਼ ਨੂੰ ਦਰਸਾਉਂਦਾ ਹੈ। ਨਿਰੰਤਰ ਉਦਯੋਗਿਕ ਵਿਸਥਾਰ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਉਨ੍ਹਾਂ ਪ੍ਰੋਜੈਕਟ ਦੇ ਸਫ਼ਲ ਸੰਚਾਲਨ ਅਤੇ ਭਵਿੱਖ ਵਿੱਚ ਹੋਰ ਵਿਸਥਾਰ ਲਈ ਟਾਟਾ ਸਟੀਲ ਨੂੰ ਪੂਰਾ ਸਮਰਥਨ ਅਤੇ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਇਸ ਮੌਕੇ ਕੈਬਨਿਟ ਮੰਤਰੀ ਸੰਜੀਵ ਅਰੋੜਾ, ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਅਤੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

ਪੰਜਾਬ ਸਰਕਾਰ ਵੱਲੋਂ ਜਲਦ ਕਰਵਾਈ ਜਾਵੇਗੀ ਐਨ.ਆਰ.ਆਈ. ਮਿਲਣੀ : ਡਾ. ਰਵਜੋਤ ਸਿੰਘ

- ਐਨ.ਆਰ.ਆਈਜ਼ ਦੀਆਂ ਸਮੱਸਿਆਵਾਂ ਪਹਿਲ ਦੇ ਆਧਾਰ 'ਤੇ ਹੱਲ ਕੀਤੀਆਂ ਜਾਣਗੀਆਂ
- ਐਨ.ਆਰ.ਆਈ. ਸਭਾ ਦੀ ਚੋਣ ਜਲਦ ਕਰਵਾਉਣ ਦੇ ਹੁਕਮ

ਚੰਡੀਗੜ੍ਹ, 23 ਫਰਵਰੀ (ਚ.ਨ.ਸ.): ਪੰਜਾਬ ਸਰਕਾਰ ਵੱਲੋਂ ਜਲਦ ਹੀ ਜ਼ਿਲ੍ਹਾ ਵਾਰ ਐਨ.ਆਰ.ਆਈ ਮਿਲਣੀਆਂ ਦਾ ਆਯੋਜਨ ਕੀਤਾ ਜਾਵੇਗਾ। ਇਹ ਜਾਣਕਾਰੀ ਇੱਥੇ ਐਨ.ਆਰ.ਆਈ. ਮਾਮਲਿਆਂ ਸਬੰਧੀ ਵਿਭਾਗੀ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਨ ਉਪਰੰਤ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਦਿੱਤੀ। ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿਦੇਸ਼ਾਂ ਵਿੱਚ ਵਸਦੇ ਪੰਜਾਬੀ ਐਨ.ਆਰ.ਆਈਜ਼ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਐਨ.ਆਰ.ਆਈ ਮਿਲਣੀਆਂ ਦਾ ਆਯੋਜਨ ਲਗਾਤਾਰ ਕੀਤਾ ਜਾ ਰਿਹਾ ਹੈ ਅਤੇ ਇਸੇ ਦਿਸ਼ਾ ਵਿੱਚ ਚਾਲੂ ਸਾਲ ਦੌਰਾਨ ਸੂਬੇ ਦੇ ਹਰੇਕ ਜ਼ਿਲ੍ਹੇ ਵਿੱਚ ਐਨ.ਆਰ. ਆਈਜ਼ ਮਿਲਣੀਆਂ ਕਰਵਾਈਆਂ ਜਾਣਗੀਆਂ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਸਾਡਾ ਮੁੱਖ ਮਕਸਦ ਐਨ. ਆਰ. ਆਈਜ ਨੂੰ ਦਰਪੇਸ਼ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੇ ਕੋਲ ਪਹੁੰਚ ਕੇ ਕਰਨਾ ਹੈ ਤਾਂ ਜੋ ਉਨ੍ਹਾਂ ਨੂੰ ਸਰਕਾਰੀ ਦਫ਼ਤਰਾਂ ਦੇ ਬੇਲੋੜੇ ਚੱਕਰ ਨਾ ਕੱਟਣੇ ਪੈਣ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਕਿ ਐਨ.ਆਰ. ਆਈਜ ਦੇ ਮਸਲੇ ਤੇ ਸ਼ਿਕਾਇਤਾਂ ਤੈਅ ਸਮੇਂ ਅੰਦਰ ਹੱਲ ਕੀਤੀਆਂ ਜਾਣ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਿਦੇਸ਼ਾਂ ਵਿੱਚ ਬੈਠੇ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ।

ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਿਦੇਸ਼ਾਂ ਵਿੱਚ ਵਸਦੇ ਐਨ.ਆਰ.ਆਈਜ਼ ਪੰਜਾਬੀਆਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਸਾਡੀ ਸਰਕਾਰ ਨੇ ਐਨ.ਆਰ.ਆਈਜ਼ ਦੀਆਂ ਪੰਜਾਬ ਵਿੱਚ ਪਈਆਂ ਜ਼ਮੀਨ ਜਾਇਦਾਦ ਦੇ ਅਧਿਕਾਰ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੁਖਤਾ ਪ੍ਰਬੰਧ ਕੀਤੇ ਹਨ। ਮੰਤਰੀ ਨੇ ਵਿਭਾਗੀ ਅਧਿਕਾਰੀਆਂ ਨੂੰ ਹਦਾਇਤ ਦਿੰਦਿਆਂ ਕਿਹਾ ਕਿ ਐਨ.ਆਰ.ਆਈਜ਼ ਸਭਾ ਦੀ ਜਲਦ ਚੋਣ ਕਰਵਾਈ ਜਾਵੇ ਤੇ ਇਸ ਸਬੰਧੀ ਲੋੜੀਂਦੀ ਕਾਰਵਾਈ ਨੂੰ ਤੇਜ਼ੀ ਨਾਲ ਨੇਪਰੇ ਚੜ੍ਹਾਇਆ ਜਾਵੇ।

ਇਸ ਮੌਕੇ ਐਨ. ਆਰ.ਆਈ ਵਿਭਾਗ ਦੇ ਸਕੱਤਰ ਵੀ. ਐਨ. ਜ਼ਾਦੇ, ਡਵੀਜ਼ਨਲ ਕਮਿਸ਼ਨਰ ਜਲੰਧਰ ਤੇ ਸਕੱਤਰ ਸੂਚਨਾ ਤੇ ਲੋਕ ਸੰਪਰਕ ਵਿਭਾਗ ਰਾਮਵੀਰ, ਵਿਸ਼ੇਸ਼ ਸਕੱਤਰ ਐਨ.ਆਰ. ਆਈ ਅਮਨਦੀਪ ਕੌਰ, ਏ.ਡੀ.ਜੀ.ਪੀ ਐਨ.ਆਰ.ਆਈ ਆਰ. ਕੇ. ਜੈਸਵਾਲ, ਵਧੀਕ ਸਕੱਤਰ ਐਨ. ਆਰ.ਆਈ ਆਰ. ਬੀ.ਐਸ ਬਰਾੜ ਅਤੇ ਏ.ਆਈ.ਜੀ ਅਜਿੰਦਰ ਸਿੰਘ ਹਾਜ਼ਰ ਸਨ।

ਭਾਜਪਾ ਦੇ ਸਾਬਕਾ ਸਾਂਸਦ ਨੇ ਔਰਤ ਤੋਂ ਧਰਮ ਪੁੱਛ ਕੇ ਦਿੱਤਾ ਹੋਇਆ ਕੰਬਲ ਲਿਆ ਵਾਪਸ!

ਜੈਪੁਰ, 23 ਫਰਵਰੀ (ਚ.ਨ.ਸ.): ਰਾਜਸਥਾਨ ਦੇ ਟੋਂਕ ਜ਼ਿਲ੍ਹੇ ਵਿੱਚ ਸਾਬਕਾ ਭਾਰਤੀ ਜਨਤਾ ਪਾਰਟੀ (ਭਾਜਪਾ) ਸੰਸਦ ਮੈਂਬਰ ਸੁਖਬੀਰ ਸਿੰਘ ਜੌਨਪੁਰੀਆ ਇੱਕ ਵੱਡੇ ਵਿਵਾਦ ਦੇ ਕੇਂਦਰ 'ਚ ਆ ਗਏ ਹਨ। ਇੱਕ ਵੀਡੀਓ ਸਾਹਮਣੇ ਆਈ ਹੈ ਜਿਸ ਵਿੱਚ ਉਹ ਇੱਕ ਮੁਸਲਿਮ ਮਹਿਲਾ ਤੋਂ ਉਸ ਦਾ ਧਰਮ ਪੁੱਛਣ ਤੋਂ ਬਾਅਦ ਉਸ ਨੂੰ ਦਿੱਤਾ ਕੰਬਲ ਵਾਪਸ ਲੈਂਦੇ ਨਜ਼ਰ ਆ ਰਹੇ ਹਨ। ਇਹ ਘਟਨਾ ਨਿਵਾਈ ਤਹਿਸੀਲ ਦੇ ਖਰੇਡਾ ਪਿੰਡ ਦੇ ਮੰਦਰ ਪਰਿਸਰ ਵਿੱਚ ਵਾਪਰੀ, ਜਿੱਥੇ ਜੌਨਪੁਰੀਆ ਲੋਕਾਂ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ 28 ਫਰਵਰੀ ਨੂੰ ਅਜਮੇਰ ਯਾਤਰਾ ਲਈ ਸੱਦਾ ਦੇਣ ਗਏ ਸਨ। ਵੀਡੀਓ ਵਿੱਚ ਜੌਨਪੁਰੀਆ ਕਹਿੰਦੇ ਸੁਣੇ ਗਏ ਕਿ "ਜੋ ਪ੍ਰਧਾਨ ਮੰਤਰੀ ਮੋਦੀ ਨੂੰ ਗਾਲਾਂ ਕੱਢਦੇ ਹਨ, ਉਹਨਾਂ ਨੂੰ ਕੰਬਲ ਲੈਣ ਦਾ ਕੋਈ ਹੱਕ ਨਹੀਂ।" ਇਸ ਘਟਨਾ ਨੇ ਸੋਸ਼ਲ ਮੀਡੀਆ 'ਤੇ ਤੀਖੀ ਪ੍ਰਤੀਕਿਰਿਆ ਜਨਮ ਦਿੱਤੀ ਹੈ। ਕਾਂਗਰਸ ਨੇਤਾ ਟਿਕਾਰਾਮ ਜੂੱਲੀ ਨੇ ਇਸਨੂੰ ਧਰਮ ਅਧਾਰਿਤ ਭੇਦਭਾਵ ਕਰਾਰ ਦਿੰਦਿਆਂ ਕਿਹਾ, "ਇੱਕ ਗਰੀਬ ਮਹਿਲਾ ਤੋਂ ਉਸ ਦਾ ਧਰਮ ਪੁੱਛ ਕੇ ਕੰਬਲ ਵਾਪਸ ਲੈਣਾ ਬਹੁਤ ਹੀ ਨਿੰਦਣਯੋਗ ਹੈ। "ਟੋਂਕ-ਸਵਾਈ ਮਾਧੋਪੁਰ ਤੋਂ ਕਾਂਗਰਸ ਸੰਸਦ ਮੈਂਬਰ ਹਰੀਸ਼ ਚੰਦਰ ਮੀਣਾ ਨੇ ਕਿਹਾ ਕਿ ਇਹ ਸੋਚ ਸਮਾਜਕ ਤਾਨੇਬਾਨੇ ਨੂੰ ਤੋੜਦੀ ਹੈ। ਉਨ੍ਹਾਂ ਨੇ ਕਿਹਾ, "ਗਰੀਬ ਮਹਿਲਾਵਾਂ ਨੂੰ ਕੰਬਲ ਦੇ ਕੇ ਫਿਰ ਧਰਮ ਦੇ ਆਧਾਰ 'ਤੇ ਵਾਪਸ ਲੈਣਾ ਬਹੁਤ ਹੀ ਸ਼ਰਮਨਾਕ ਅਤੇ ਅਣਮਨੁੱਖੀ ਹੈ।" ਟੋਂਕ ਦੇ ਵਿਧਾਇਕ ਸਚਿਨ ਪਾਇਲਟ ਨੇ ਵੀ ਇਸ ਘਟਨਾ ਦੀ ਨਿੰਦਾ ਕੀਤੀ। ਉਨ੍ਹਾਂ ਨੇ ਕਿਹਾ, "ਧਰਮ ਅਤੇ ਜਾਤੀ ਦੇ ਆਧਾਰ 'ਤੇ ਵਿਤਕਰਾ ਕਰਨਾ ਨਾ ਸਿਰਫ਼ ਨੈਤਿਕ ਤੌਰ 'ਤੇ ਗਲਤ ਹੈ, ਸਗੋਂ ਸੰਵਿਧਾਨਕ ਅਧਿਕਾਰਾਂ ਦੀ ਵੀ ਉਲੰਘਣਾ ਹੈ।" ਦੂਜੇ ਪਾਸੇ, ਭਾਜਪਾ ਵਿਧਾਇਕ ਬਾਲਮੁਕੁੰਦ ਆਚਾਰਿਆ ਨੇ ਜੌਨਪੁਰੀਆ ਦਾ ਬਚਾਅ ਕਰਦਿਆਂ ਕਿਹਾ ਕਿ ਮਹਿਲਾ ਨੇ ਸ਼ਾਇਦ ਪ੍ਰਧਾਨ ਮੰਤਰੀ ਬਾਰੇ ਕੁਝ ਗਲਤ ਕਿਹਾ ਹੋਵੇ। ਆਚਾਰਿਆ ਨੇ ਕਿਹਾ, "ਮੋਦੀ ਨੇ ਇਤਿਹਾਸਕ ਕੰਮ ਕੀਤੇ ਹਨ ਅਤੇ ਉਹ ਰਾਸ਼ਟਰ ਦੇ ਹਿੱਤ ਲਈ ਕੰਮ ਕਰ ਰਹੇ ਹਨ। ਹਰ ਨਾਗਰਿਕ ਉਨ੍ਹਾਂ ਦੇ ਪਰਿਵਾਰ ਦਾ ਹਿੱਸਾ ਹੈ।" ਉਧਰ ਘਟਨਾ ਤੋਂ ਬਾਅਦ ਕਾਂਗਰਸ ਯੂਥ ਨੇਤਾ ਵਿਕਰਮ ਚੌਧਰੀ ਨੇ ਪਿੰਡ ਵਿੱਚ ਜਾ ਕੇ ਕੁਝ ਮਹਿਲਾਵਾਂ ਨੂੰ ਕੰਬਲ ਵੰਡੇ ਅਤੇ ਕਿਹਾ, "ਤੁਸੀਂ ਕਿਸੇ ਧਰਮ ਦੀ ਬੇਇਜ਼ਤੀ ਨਹੀਂ ਕੀਤੀ, ਇਹ ਪੂਰੇ ਟੋਂਕ ਜ਼ਿਲ੍ਹੇ ਦੇ ਸਵੈ-ਸਮਾਨ ਦੀ ਬੇਇਜ਼ਤੀ ਹੈ।" ਪਿੰਡ ਵਾਸੀਆਂ ਅਤੇ ਕਾਂਗਰਸ ਵਰਕਰਾਂ ਨੇ ਸੋਮਵਾਰ ਨੂੰ ਵਿਰੋਧ ਪ੍ਰਦਰਸ਼ਨ ਕੀਤਾ ਅਤੇ ਜੌਨਪੁਰੀਆ ਦਾ ਪੁਤਲਾ ਫੂਕਿਆ। ਇਹ ਮਾਮਲਾ ਹੁਣ ਸਿਆਸੀ ਤੌਰ 'ਤੇ ਭੜਕ ਗਿਆ ਹੈ ਅਤੇ ਧਰਮ ਅਧਾਰਿਤ ਭੇਦਭਾਵ 'ਤੇ ਵੱਡੀ ਚਰਚਾ ਛੇੜ ਦਿੱਤੀ ਹੈ।

ਬੈਂਕ ਕਰਮਚਾਰੀ ਹੋਵੇ ਜਾਂ ਸਰਕਾਰੀ, ਕੋਈ ਵੀ ਦੋਸ਼ੀ ਬਖ਼ਸ਼ਿਆ ਨਹੀਂ ਜਾਵੇਗਾ : ਸੈਣੀ

ਨਵੀਂ ਦਿੱਲੀ/ਚੰਡੀਗੜ੍ਹ, 23 ਫਰਵਰੀ (ਚ.ਨ.ਸ.): ਆਈ.ਡੀ.

ਐਫ.ਸੀ. ਫਰਸਟ ਬੈਂਕ ਵੱਲੋਂ ਹਰਿਆਣਾ ਸਰਕਾਰ ਦੇ ਖਾਤਿਆਂ ਵਿੱਚ 590 ਕਰੋੜ ਰੁਪਏ ਦੀ ਧੋਖਾਧੜੀ ਦੇ ਪ੍ਰਗਟਾਵੇ ਨੇ ਵੱਡਾ ਹੰਗਾਮਾ ਖੜ੍ਹਾ ਕਰ ਦਿੱਤਾ ਹੈ। ਰਿਜ਼ਰਵ ਬੈਂਕ ਆਫ ਇੰਡੀਆ ਦੇ ਗਵਰਨਰ ਸੰਜੇ ਮਲਹੋਤਰਾ ਨੇ ਕਿਹਾ, "ਅਸੀਂ ਇਸ ਮਾਮਲੇ 'ਤੇ ਨਿਗਰਾਨੀ ਕਰ ਰਹੇ ਹਾਂ, ਪਰ ਇਹ ਕੋਈ ਸਿਸਟਮ ਦਾ ਮੁੱਦਾ ਨਹੀਂ ਹੈ।" ਇਸ ਮਾਮਲੇ ਨਾਲ ਨਾ ਸਿਰਫ਼ ਬੈਂਕਿੰਗ ਸਿਸਟਮ ਦੀ ਸੁਰੱਖਿਆ 'ਤੇ ਸਵਾਲ ਖੜ੍ਹਾ ਹੋ ਗਿਆ ਹੈ, ਸਗੋਂ ਸਰਕਾਰੀ ਖਾਤਿਆਂ ਦੀ ਨਿਗਰਾਨੀ ਅਤੇ ਪਾਰਦਰਸ਼ਤਾ ਦੀ ਲੋੜ ਵੀ ਮਹਿਸੂਸ ਕੀਤੀ ਜਾ ਰਹੀ ਹੈ। ਉਧਰ ਹਰਿਆਣਾ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਨੇ ਇਹ ਮਾਮਲਾ ਉਠਾਇਆ, ਜਿਸ 'ਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਐਲਾਨ ਕੀਤਾ ਕਿ ਭ੍ਰਿਸ਼ਟਾਚਾਰ ਵਿਰੋਧੀ ਬਿਊਰੋ ਅਤੇ ਵਿਜੀਲੈਂਸ ਜਾਂਚ ਕਰ ਰਹੇ ਹਨ। ਉਨ੍ਹਾਂ ਨੇ ਸਪਸ਼ਟ ਕੀਤਾ, "ਚਾਹੇ ਬੈਂਕ ਕਰਮਚਾਰੀ ਹੋਵੇ ਜਾਂ ਸਰਕਾਰੀ, ਕੋਈ ਵੀ ਦੋਸ਼ੀ ਬਖ਼ਸ਼ਿਆ ਨਹੀਂ ਜਾਵੇਗਾ।" ਸਰਕਾਰ ਨੇ ਤੁਰੰਤ ਆਈ.ਡੀ.ਐਫ.ਸੀ. ਫਰਸਟ ਬੈਂਕ ਅਤੇ ਏ.ਯੂ. ਬੈਂਕ ਨੂੰ ਸਰਕਾਰੀ ਕਾਰੋਬਾਰ ਤੋਂ ਡੀ-ਐਮਪੈਨਲ ਕਰ ਦਿੱਤਾ।

ਧੋਖਾਧੜੀ "ਜਾਲੀ ਚੈਕ ਲੈਣ-ਦੇਣ ਰਾਹੀਂ ਕਰਮਚਾਰੀਆਂ ਤੇ ਬਾਹਰੀ ਪੱਖਾਂ ਦੀ ਮਿਲੀਭਗਤ" ਨਾਲ ਹੋਈ : ਸੀ.ਈ.ਓ.

ਆਈ.ਡੀ.ਐਫ.ਸੀ. ਫਰਸਟ ਬੈਂਕ ਦੇ ਸੀ.ਈ.ਓ. ਵੀ.ਵੈਦਿਆਨਾਥਨ ਨੇ ਮੰਨਿਆ ਕਿ ਇਹ ਧੋਖਾਧੜੀ "ਜਾਅਲੀ ਚੈਕ ਲੈਣ-ਦੇਣ ਰਾਹੀਂ ਕਰਮਚਾਰੀਆਂ ਤੇ ਬਾਹਰੀ ਪੱਖਾਂ ਦੀ ਮਿਲੀਭੁਗਤ" ਨਾਲ ਹੋਈ ਹੈ। ਵੈਦਿਆਨਾਥਨ ਨੇ ਇਹ ਵੀ ਕਿਹਾ ਕਿ ਬੈਂਕ ਨੇ ਪੁਲਿਸ ਵਿੱਚ ਸ਼ਿਕਾਇਤ ਦਰਜ ਕਰਾਈ ਹੈ ਅਤੇ 35 ਕਰੋੜ ਰੁਪਏ ਦਾ "ਕਰਮਚਾਰੀ ਬੇਈਮਾਨੀ ਬੀਮਾ" ਕਵਰ ਵੀ ਮੌਜੂਦ ਹੈ। ਹਾਲਾਂਕਿ ਇਸ ਪ੍ਰਗਟਾਵੇ ਤੋਂ ਬਾਅਦ ਬੈਂਕ ਦੇ ਸ਼ੇਅਰ 20% ਡਿੱਗ ਕੇ 66.85 ਰੁਪਏ 'ਤੇ ਆ ਗਏ, ਜਦਕਿ ਏ.ਯੂ. ਸਮਾਲ ਫਾਇਨੈਂਸ ਬੈਂਕ ਦੇ ਸ਼ੇਅਰ ਵੀ 7.6% ਘਟੇ। ਏਯੂ ਬੈਂਕ ਨੇ ਕਿਸੇ ਵੀ ਗੜਬੜ ਤੋਂ ਇਨਕਾਰ ਕਰਦਿਆਂ ਕਿਹਾ ਕਿ ਸਾਰੇ ਖਾਤੇ "ਪੂਰੀ KY3 ਤੇ ਅਧਿਕਾਰਿਤ ਪ੍ਰਕਿਰਿਆ-ਨਾਲ ਖੋਲ੍ਹੇ ਗਏ ਸਨ ਤੇ 25 ਕਰੋੜ ਰੁਪਏ ਦੀ ਬਾਕੀ ਰਕਮ ਮੁੜ ਵਾਪਸ ਕਰ ਦਿੱਤੀ ਗਈ। ਇਸ ਸਮੇਂ ਬੈਂਕ ਵੱਲੋਂ ਧੋਖਾਧੜੀ ਦੀ ਰਕਮ ਦਾ ਅੰਦਾਜ਼ਾ 590 ਕਰੋੜ ਰੁਪਏ ਲਾਇਆ ਗਿਆ ਹੈ, ਪਰ "ਰੀਕੰਸਿਲੀਏਸ਼ਨ ਐਕਸਰਸਾਈਜ਼" ਤੋਂ ਬਾਅਦ ਅੰਤਿਮ ਅੰਕੜਾ ਸਾਹਮਣੇ ਆਵੇਗਾ।

ਕਟਾਰੂਚੱਕ ਵੱਲੋਂ "ਮੇਰੀ ਰਸੋਈ ਯੋਜਨਾ" ਨੂੰ ਹਰੀ ਝੰਡੀ ਦੇਣ ਲਈ ਮੁੱਖ ਮੰਤਰੀ ਦਾ ਧੰਨਵਾਦ

ਚੰਡੀਗੜ੍ਹ, 23 ਫਰਵਰੀ (ਚ.ਨ.ਸ.): ਕੌਮੀ ਖੁਰਾਕ ਸੁਰੱਖਿਆ ਐਕਟ (ਐਨ.ਐਫ.ਐਸ.ਏ.), 2013 ਦੇ ਰਜਿਸਟਰਡ ਲਾਭਪਾਤਰੀਆਂ ਲਈ ਸਹੂਲਤਾਂ ਦੇ ਵਿਸਥਾਰ ਦੇ ਉਦੇਸ਼ ਨਾਲ ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਕੈਬਨਿਟ ਵੱਲੋਂ "ਮੇਰੀ ਰਸੋਈ" ਯੋਜਨਾ ਸ਼ੁਰੂ ਕਰਨ ਦੇ ਐਲਾਨ ਨਾਲ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਲੋਕ ਭਲਾਈ ਲਈ ਇਹ ਵੱਡਾ ਕਦਮ ਚੁੱਕਣ ਵਾਸਤੇ ਮੁੱਖ ਮੰਤਰੀ ਦਾ ਧੰਨਵਾਦ ਕੀਤਾ ਹੈ।

ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਲਾਭਪਾਤਰੀਆਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਇਹ ਉਸਾਰੂ ਪਹਿਲ ਕੀਤੀ ਹੈ। ਜ਼ਿਕਰਯੋਗ ਹੈ ਕਿ ਸੂਬੇ ਵਿੱਚ ਐਨ.ਐਫ.ਐਸ.ਏ. ਅਧੀਨ 40 ਲੱਖ ਲਾਭਪਾਤਰੀ ਹਨ ਅਤੇ ਹੁਣ ਤੱਕ ਨੀਲੇ ਕਾਰਡ ਧਾਰਕ ਲਾਭਪਾਤਰੀਆਂ ਨੂੰ ਕਣਕ ਹੀ ਦਿੱਤੀ ਜਾਂਦੀ ਰਹੀ ਹੈ, ਪਰ ਮੰਤਰੀ ਮੰਡਲ ਵੱਲੋਂ ਮਨਜ਼ੂਰ ਕੀਤੀ ਗਈ 1 ਅਪ੍ਰੈਲ ਤੋਂ ਸ਼ੁਰੂ ਹੋਣ ਵਾਲੀ ਇਸ ਯੋਜਨਾ ਤਹਿਤ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਵੱਲੋਂ ਹਰ ਤਿੰਨ ਮਹੀਨਿਆਂ ਬਾਅਦ ਲਾਭਪਾਤਰੀਆਂ ਨੂੰ ਵਿਸ਼ੇਸ਼ ਰਾਸ਼ਨ ਕਿੱਟਾਂ ਪ੍ਰਦਾਨ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਇਸ ਰਾਸ਼ਨ ਕਿੱਟ ਵਿੱਚ 2 ਕਿਲੋ ਦਾਲ, 2 ਕਿਲੋ ਖੰਡ, 1 ਕਿਲੋ ਆਇਓਡੀਨ ਯੁਕਤ ਨਮਕ, 200 ਗ੍ਰਾਮ ਹਲਦੀ ਪਾਊਡਰ ਅਤੇ 1 ਲੀਟਰ ਸਰ੍ਹੋਂ ਦਾ ਤੇਲ ਸ਼ਾਮਿਲ ਹੋਵੇਗਾ।

ਸੰਧਵਾਂ ਵੱਲੋਂ ਰਣਵੀਰ ਸਿੰਘ ਸਚਦੇਵਾ ਨੂੰ ਏ.ਆਈ. ਤਕਨਾਲੌਜੀ 'ਚ ਯੋਗਦਾਨ ਪਾਉਣ ਲਈ ਸ਼ੁਭਕਾਮਨਾਵਾਂ

ਚੰਡੀਗੜ੍ਹ 23 ਫਰਵਰੀ (ਚ.ਨ.ਸ.): ਪੰਜਾਬ ਵਿਧਾਨ ਸਭਾ ਦੇ ਸਪੀਕਰ ਸਰਦਾਰ ਕੁਲਤਾਰ ਸਿੰਘ ਸੰਧਵਾਂ ਨੇ ਅੱਠ ਸਾਲਾ ਰਣਵੀਰ ਸਿੰਘ ਸਚਦੇਵਾ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ ਅਧਾਰਤ ਤਕਨਾਲੋਜੀਆਂ ਵਿੱਚ ਯੋਗਦਾਨ ਪਾਉਣ ਲਈ ਵਧਾਈ ਦਿੱਤੀ ਤੇ ਉਸਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਪ੍ਰਮਾਤਮਾ ਉਸਦੇ ਭਵਿੱਖ ਦੇ ਸੁਪਨੇ ਪੂਰੇ ਕਰੇ ਅਤੇ ਉਹ ਆਪਣੀ ਜ਼ਿੰਦਗੀ ਵਿੱਚ ਕਾਮਯਾਬੀ ਦੇ ਸਿਖਰ 'ਤੇ ਪਹੁੰਚੇ। ਉਨ੍ਹਾਂ ਕਿਹਾ ਕਿ ਬੱਚੇ ਸਾਡੇ ਦੇਸ਼ ਦਾ ਭਵਿੱਖ ਹਨ ਤੇ ਜੇਕਰ ਉਹ ਮਿਆਰੀ ਸਿੱਖਿਆ ਪ੍ਰਾਪਤ ਕਰਦੇ ਹਨ ਤਾਂ ਸਾਡਾ ਦੇਸ਼ ਖੁਸ਼ਹਾਲ ਹੋਵੇਗਾ। ਉਨ੍ਹਾਂ ਨੇ ਅੱਗੇ ਕਿਹਾ ਕਿ ਪੂਰਾ ਸਿੱਖ ਭਾਈਚਾਰਾ ਉਸ 'ਤੇ ਮਾਣ ਕਰਦਾ ਹੈ।

ਇੰਡੀਆ ਏ.ਆਈ. ਇਮਪੈਕਟ ਸੰਮੇਲਨ ਵਿੱਚ ਹਿੱਸਾ ਲੈਂਦੇ ਹੋਏ ਵਿਦਿਆਰਥੀ ਰਣਵੀਰ ਸਿੰਘ ਸਚਦੇਵਾ ਨੇ ਕਿਹਾ ਕਿ ਉਹ ਪ੍ਰਾਚੀਨ ਭਾਰਤੀ ਫਿਲੋਸਫੀਜ਼ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ ਤਕਨਾਲੋਜੀਆਂ ਰਾਹੀਂ ਅਜੋਕੇ ਦੌਰ ਨਾਲ ਜੋੜ ਦਾ ਯਤਨ ਕਰ ਰਿਹਾ ਹੈ। ਆਉਣ ਵਾਲੇ ਸਮੇਂ 'ਚ ਦੁਨੀਆ ਇਸਨੂੰ ਅਪਣਾਏਗੀ। ਉਹ ਏ.ਆਈ. ਰਾਹੀਂ ਸੰਚਾਲਿਤ ਤਕਨਾਲੋਜੀਆਂ ਵਿੱਚ ਯੋਗਦਾਨ ਪਾਉਣਾ ਚਾਹੁੰਦਾ ਹੈ ਕਿਉਂਕਿ ਭਵਿੱਖ ਵਿੱਚ ਏਆਈ, ਭਾਰਤ ਦੇ ਜੀ.ਡੀ.ਪੀ. ਦੇ ਵਿਕਾਸ ਵਿੱਚ ਬਹੁਤ ਅਹਿਮ ਯੋਗਦਾਨ ਪਾਵੇਗੀ।

ਮੋਗਾ 'ਚ ਲਿਵ-ਇਨ ਸੰਬੰਧ ਬਣੇ ਖ਼ੂਨੀ ਟਕਰਾਅ ਦਾ ਕਾਰਨ, ਨੌਜਵਾਨ ਦਾ ਗਲਾ ਕੱਟਿਆ ਮਿਲਿਆ, ਪ੍ਰੇਮਿਕਾ ਗੰਭੀਰ ਜ਼ਖ਼ਮੀ

ਮੋਗਾ, 23 ਫਰਵਰੀ (ਨਿਸ਼ੀ ਮਨਚੰਦਾ): ਮੋਗਾ ਥਾਣਾ ਸਿਟੀ ਸਾਊਥ ਦੇ ਬੁੱਕਨਵਾਲਾ ਰੋਡ 'ਤੇ ਲਿਵ-ਇਨ ਸੰਬੰਧਾਂ ਵਿੱਚ ਰਹਿ ਰਹੇ ਇਕ ਜੋੜੇ ਵਿਚਕਾਰ ਹੋਇਆ ਵਿਵਾਦ ਖ਼ੂਨੀ ਰੂਪ ਧਾਰ ਗਿਆ। ਇਸ ਦੌਰਾਨ ਨੌਜਵਾਨ ਦੀ ਗਲਾ ਕਟਣ ਨਾਲ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਉਸ ਦੀ ਪ੍ਰੇਮਿਕਾ ਗੰਭੀਰ ਜ਼ਖਮੀ ਹਾਲਤ ਵਿੱਚ ਸਿਵਲ ਹਸਪਤਾਲ ਵਿੱਚ ਦਾਖਲ ਹੈ।ਮ੍ਰਿਤਕ ਦੀ ਪਹਿਚਾਣ ਲਵਦੀਪ ਸਿੰਘ ਵਜੋਂ ਹੋਈ ਹੈ। ਥਾਣਾ ਸਿਟੀ ਸਾਊਥ ਦੇ ਇੰਚਾਰਜ ਸਬ ਇੰਸਪੈਕਟਰ ਭਲਵਿੰਦਰ ਸਿੰਘ ਅਨੁਸਾਰ ਲਵਦੀਪ ਸਿੰਘ ਦੇ ਇਲਾਕੇ ਦੀ ਰਹਿਣ ਵਾਲੀ 30 ਸਾਲਾ ਮਨਦੀਪ ਕੌਰ (ਪਤਨੀ ਗੁਰਦਿਤ ਸਿੰਘ) ਨਾਲ ਪ੍ਰੇਮ ਸੰਬੰਧ ਸਨ ਅਤੇ ਦੋਵੇਂ ਲਿਵ-ਇਨ ਵਿੱਚ ਰਹਿ ਰਹੇ ਸਨ ਕਿਹਾ ਕਿ ਮਨਦੀਪ ਕੌਰ ਲਵਦੀਪ ਦੇ ਘਰ ਪਹੁੰਚੀ। ਨੌਜਵਾਨ ਦੀ ਮਾਂ ਚਾਹ ਬਣਾਉਣ ਤੋਂ ਬਾਅਦ ਘਰ ਤੋਂ ਬਾਹਰ ਚਲੀ ਗਿਆ ਕੁਝ ਹੀ ਸਮੇਂ ਬਾਅਦ ਲਵਦੀਪ ਸਿੰਘ ਦਾ ਗਲਾ ਕਟਿਆ ਹੋਇਆ ਮਿਲਿਆ, ਜਦਕਿ ਮਨਦੀਪ ਕੌਰ ਵੀ ਲਹੂ-ਲੁਹਾਨ ਹਾਲਤ ਵਿੱਚ ਪਾਈ ਗਈ। ਹਸਪਤਾਲ ਵਿੱਚ ਦਾਖਲ ਮਨਦੀਪ ਕੌਰ ਨੇ ਦੱਸਿਆ ਕਿ ਲਵਦੀਪ ਸਿੰਘ ਨੇ ਪਹਿਲਾਂ ਲਵਦੀਪ ਉਸਦੇ ਬੱਚਿਆਂ ਨੂੰ ਆਪਣੇ ਨਾਲ ਲੈ ਗਿਆ ਤੇ ਬਾਅਦ ਵਿੱਚ ਉਸਨੂੰ ਵੀ ਘਰ ਬੁਲਾਇਆ। ਮਹਿਲਾ ਦੇ ਅਨੁਸਾਰ

ਲਵਦੀਪ ਨੇ ਆਨਲਾਈਨ ਮੰਗਵਾਏ ਚਾਕੂ ਨਾਲ ਉਸ 'ਤੇ ਹਮਲਾ ਕੀਤਾ ਅਤੇ ਬਾਅਦ ਵਿੱਚ ਆਪਣੇ ਆਪ 'ਤੇ ਵੀ ਵਾਰ ਕਰ ਲਿਆ।

ਜਾਣਕਾਰੀ ਦਿੰਦਿਆਂ ਥਾਣਾ ਸਿਟੀ ਸਾਊਥ ਤੇ ਐਸਐਚਓ ਭਲਵਿੰਦਰ ਸਿੰਘ ਨੇ ਕਿਹਾ ਕਿ ਪੁਲਿਸ ਨੇ ਮੌਕੇ ਤੋਂ ਤੇਜ਼ਧਾਰ ਹਥਿਆਰ ਬਰਾਮਦ ਕਰਕੇ ਲਾਸ਼ ਕਬਜ਼ੇ ਵਿੱਚ ਲੈ ਲਈ ਹੈ। ਜ਼ਖਮੀ ਮਹਿਲਾ ਦਾ ਇਲਾਜ ਸਿਵਲ ਹਸਪਤਾਲ ਵਿੱਚ ਚੱਲ ਰਿਹਾ ਹੈ ਅਤੇ ਉਸਦੀ ਹਾਲਤ ਸਥਿਰ ਦੱਸੀ ਜਾ ਰਹੀ ਹੈ। ਪੁਲਿਸ ਵੱਲੋਂ ਮਾਮਲੇ ਦੀ ਗਹਿਰਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਸਾਰੇ ਪੱਖਾਂ ਨੂੰ ਧਿਆਨ ਵਿੱਚ ਰੱਖ ਕੇ ਅਗਲੀ ਕਾਰਵਾਈ ਕੀਤੀ ਜਾਵੇਗੀ। ਪੁਲਿਸ ਦਾ ਕਹਿਣਾ ਹੈ ਕਿ ਜਾਂਚ ਪੂਰੀ ਹੋਣ ਤੋਂ ਬਾਅਦ ਹੀ ਸੱਚਾਈ ਸਾਹਮਣੇ ਆਵੇਗੀ।

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੇ ਕਾਰਜਕਾਲ 'ਚ ਵਾਧਾ

ਐਸ.ਏ.ਐਸ. ਨਗਰ (ਮੋਹਾਲੀ), 23 ਫਰਵਰੀ 2026 (ਚ.ਨ.ਸ.): ਪੰਜਾਬ ਸਰਕਾਰ ਵੱਲੋਂ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੇ ਕਾਰਜਕਾਲ ਵਿੱਚ ਵਾਧਾ ਕੀਤਾ ਗਿਆ ਹੈ। ਇਸ ਫੈਸਲੇ ਨਾਲ ਹਰ ਵਰਗ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਕਾਰਜਕਾਲ ਵਿੱਚ ਵਾਧਾ ਹੋਣ ਤੋਂ ਬਾਅਦ ਹਰਚੰਦ ਸਿੰਘ ਬਰਸਟ ਅੱਜ ਪੰਜਾਬ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਪਹੁੰਚੇ, ਜਿੱਥੇ ਸਮੂੰਹ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਅਤੇ ਫੁੱਲਾਂ ਦੇ ਗੁਲਦਸਤਿਆਂ ਨਾਲ ਉਨ੍ਹਾਂ ਨੂੰ ਵਧਾਈ ਦਿੱਤੀ ਗਈ। ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਦਫ਼ਤਰ ਦਾ ਮਾਹੌਲ ਖੁਸ਼ੀ ਅਤੇ ਉਤਸ਼ਾਹ ਨਾਲ ਭਰਪੂਰ ਰਿਹਾ। ਇਸ ਦੌਰਾਨ ਆਪਣੇ ਸੰਬੋਧਨ ਵਿੱਚ ਚੇਅਰਮੈਨ ਬਰਸਟ ਨੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਤੇ ਪੰਜਾਬ ਪ੍ਰਧਾਨ ਅਮਨ ਅਰੋੜਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਹੋਰ ਵੱਧ ਜੋਸ਼ ਤੇ ਜ਼ਿੰਮੇਵਾਰੀ ਨਾਲ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਤੇ ਮੁਲਾਜਮਾਂ ਦੇ ਹਿੱਤ ਵਿੱਚ ਕੰਮ ਕਰਦੇ ਰਹਿਣਗੇ। ਉਨ੍ਹਾਂ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁਚੱਜੇ ਪ੍ਰਬੰਧਾਂ ਤੇ ਸਹੂਲਤਾਂ

ਦੇ ਵਿਸਥਾਰ ਲਈ ਹੋਰ ਜਿਆਦਾ ਜੋਸ਼ ਨਾਲ ਯਤਨ ਕਰਨ। ਚੇਅਰਮੈਨ ਨੇ ਖਾਸ ਤੌਰ 'ਤੇ ਪੰਜਾਬ ਮੰਡੀ ਬੋਰਡ ਦੀ ਆਮਦਨ ਵਿੱਚ ਵਾਧਾ ਕਰਨ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਆਧੁਨਿਕ ਤਕਨੀਕਾਂ ਦੇ ਇਸਤੇਮਾਲ ਤੇ ਡਿਜੀਟਲ ਪ੍ਰਣਾਲੀਆਂ ਦੇ ਵਿਸਥਾਰ ਨਾਲ ਬੋਰਡ ਦੀ ਕਾਰਗੁਜ਼ਾਰੀ ਨੂੰ ਹੋਰ ਮਜ਼ਬੂਤ ਬਣਾਇਆ ਜਾਵੇਗਾ। ਇਸ ਦੇ ਨਾਲ-ਨਾਲ ਸੂਬੇ ਦੀਆਂ ਮੰਡੀਆਂ ਦੇ ਵਿਕਾਸ ਲਈ ਢਾਂਚਾਗਤ ਸੁਧਾਰ, ਸਫਾਈ ਪ੍ਰਬੰਧ ਅਤੇ ਬੁਨਿਆਦੀ ਸਹੂਲਤਾਂ ਨੂੰ ਅਪਗ੍ਰੇਡ ਕਰਨ ਲਈ ਵੀ ਵਿਸ਼ੇਸ਼ ਯੋਜਨਾਵਾਂ ਤਹਿਤ ਕੰਮ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਦੀ ਖੇਤਾਬਾੜੀ ਪ੍ਰਣਾਲੀ ਵਿੱਚ ਮੰਡੀਆਂ ਦੀ ਕੇਂਦਰੀ ਭੂਮਿਕਾ ਹੈ ਤੇ ਮੰਡੀਆਂ ਸਿਰਫ਼ ਖਰੀਦ-ਫਰੋਖ਼ਤ ਦਾ ਕੇਂਦਰ ਨਹੀਂ, ਸਗੋਂ ਕਿਸਾਨਾਂ ਦੀ ਆਰਥਿਕ ਮਜ਼ਬੂਤੀ ਦਾ ਆਧਾਰ ਹਨ ਤੇ ਇਸ ਭੂਮਿਕਾ ਨੂੰ ਹੋਰ ਮਜ਼ਬੂਤ ਬਣਾਉਣਾ ਹੀ ਉਨ੍ਹਾਂ ਦਾ ਮੁੱਖ ਲਕਸ਼ ਹੈ। ਬਰਸਟ ਨੇ ਵਿਸ਼ਵਾਸ ਜਤਾਇਆ ਕਿ ਸਾਰਿਆਂ ਦੇ ਸਾਂਝੇ ਯਤਨਾਂ ਨਾਲ ਪੰਜਾਬ ਮੰਡੀ ਬੋਰਡ ਨਵੀਆਂ ਉਚਾਈਆਂ ਹਾਸਲ ਕਰੇਗਾ। ਇਸ ਮੌਕੇ ਤੇ ਕੁਮਾਰ ਅਮਿਤ ਆਈ.ਏ.ਐਸ. ਸਕੱਤਰ ਪੰਜਾਬ ਮੰਡੀ ਬੋਰਡ, ਜਤਿੰਦਰ ਸਿੰਘ ਭੰਗੂ ਇੰਜੀਨੀਅਰ ਇਨ ਚੀਫ਼, ਹਰਜੀਤ ਸਿੰਘ ਸੰਧੂ ਪੀ.ਸੀ.ਐਸ. ਸੰਯੁਕਤ ਸਕੱਤਰ ਸਮੇਤ ਸਮੂੰਹ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਹਰਚੰਦ ਸਿੰਘ ਬਰਸਟ ਦਾ ਸਵਾਗਤ ਕੀਤਾ। ਸਾਰੇ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਬਰਸਟ ਦੀ ਅਗਵਾਈ ਵਿੱਚ ਕਿਸਾਨਾਂ, ਮਜਦੂਰਾਂ, ਆੜ੍ਹਤੀਆਂ ਤੇ ਮੁਲਾਜਮਾਂ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਬਾਰੇ ਵਿਸਥਾਰ ਨਾਲ ਦੱਸਿਆ ਤੇ ਵਿਸ਼ਵਾਸ ਦਵਾਇਆ ਕਿ ਸਮੂੰਹ ਅਧਿਕਾਰੀ ਅਤੇ ਕਰਮਚਾਰੀ ਆਪਣੀ ਜਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ।

ਗੈਂਗਸਟਰਾਂ 'ਤੇ ਵਾਰ ਦੇ 34ਵੇਂ ਦਿਨ 487 ਥਾਈਂ ਛਾਪੇਮਾਰੀ ਦੌਰਾਨ 208 ਕਾਬੂ

ਚੰਡੀਗੜ੍ਹ, 23 ਫਰਵਰੀ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਚੱਲ ਰਹੀ ਫੈਸਲਾਕੁੰਨ ਮੁਹਿੰਮ 'ਗੈਂਗਸਟਰਾਂ ਤੇ ਵਾਰ' ਦੇ 34ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 487 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ 'ਗੈਂਗਸਟਰਾਂ ਤੇ ਵਾਰ' - ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜਿਸਦੀ ਸ਼ੁਰੂਆਤ 20 ਜਨਵਰੀ, 2026 ਨੂੰ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਕੀਤੀ ਸੀ। ਇਸ ਮੁਹਿੰਮ ਤਹਿਤ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਪੂਰੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

ਮੁਹਿੰਮ ਦੇ 34ਵੇਂ ਦਿਨ, ਪੁਲਿਸ ਟੀਮਾਂ ਨੇ 208 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਮੁਲਜ਼ਮਾਂ ਦੇ ਕਬਜ਼ੇ 'ਚੋਂ ਇੱਕ ਹਥਿਆਰ ਬਰਾਮਦ ਕੀਤਾ ਹੈ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਕੁੱਲ ਗਿਣਤੀ 11,082 ਹੋ ਗਈ ਹੈ। ਇਸ ਤੋਂ ਇਲਾਵਾ 86 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 151 ਵਿਅਕਤੀਆਂ ਨੂੰ ਤਫ਼ਤੀਸ਼ ਅਤੇ ਪੁੱਛਗਿੱਛ ਪਿੱਛੋਂ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 9 ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਗ੍ਰਿਫਤਾਰ ਕੀਤਾ ਹੈ।

ਉਨ੍ਹਾਂ ਕਿਹਾ ਕਿ ਲੋਕ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਗੁਪਤ ਰੂਪ ਵਿੱਚ ਜਾਣਕਾਰੀ ਦੇ ਸਕਦੇ ਹਨ ਅਤੇ ਇਸ 'ਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ/ਜਾਣਕਾਰੀ ਵੀ ਸਾਂਝੀ ਕੀਤੀ ਜਾ ਸਕਦੀ ਹੈ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ 359ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 99 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 6.9 ਕਿਲੋ ਹੈਰੋਇਨ, 6 ਕਿਲੋ ਆਈਸ, 1 ਕਿਲੋ ਅਫੀਮ, 210 ਕਿਲੋ ਭੁੱਕੀ, 577 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 7870 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ। ਇਸ ਦੇ ਨਾਲ ਸਿਰਫ਼ 359 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 50,964 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਅੱਜ 30 ਵਿਅਕਤੀਆਂ ਨੂੰ ਨਸ਼ਾ ਛੱਡਣ ਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ।

ਜਸਵੀਰ ਸਿੰਘ ਗੜ੍ਹੀ ਨੇ ਸਮੂਹ ਐਸ.ਸੀ. ਮੁਲਾਜ਼ਮ ਜਥੇਬੰਦੀਆਂ ਦੀਆਂ ਮੁਸ਼ਕਲਾਂ ਸੁਣੀਆਂ

ਚੰਡੀਗੜ੍ਹ, 23 ਫਰਵਰੀ (ਚ.ਨ.ਸ.): ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵੱਲੋਂ ਅਨੁਸੂਚਿਤ ਜਾਤੀ ਵਰਗ ਨਾਲ ਸਬੰਧਤ ਪੰਜਾਬ ਦੀਆਂ ਐਸ.ਸੀ ਮੁਲਾਜ਼ਮ ਜਥੇਬੰਦੀਆਂ ਦੀਆਂ ਸਮੱਸਿਆਵਾਂ ਤੇ ਸੰਵਿਧਾਨਕ ਅਧਿਕਾਰਾਂ ਨੂੰ ਲਾਗੂ ਕਰਵਾਉਣ ਵਿੱਚ ਆ ਰਹੀਆਂ ਦਿੱਕਤਾਂ ਨੂੰ ਹੱਲ ਕਰਵਾਉਣ ਲਈ ਪੰਜਾਬ ਭਵਨ, ਚੰਡੀਗੜ੍ਹ ਵਿਖੇ ਵਿਸ਼ੇਸ਼ ਮੀਟਿੰਗ ਦੀ ਪ੍ਰਧਾਨਗੀ ਕੀਤੀ ਗਈ। ਇਸ ਮੀਟਿੰਗ ਵਿੱਚ ਸੂਬੇ ਦੀਆਂ ਜ਼ਿਆਦਾਤਰ ਐਸ.ਸੀ. ਮੁਲਾਜ਼ਮ ਜਥੇਬੰਦੀਆਂ ਵੱਲੋਂ ਹਿੱਸਾ ਲਿਆ ਗਿਆ। ਜੱਥੇਬੰਦੀਆਂ ਦੇ ਪ੍ਰਤੀਨਿਧੀਆਂ ਨੇ ਮੀਟਿੰਗ ਦੌਰਾਨ ਰਾਖਵਾਂਕਰਨ/ਪ੍ਰਤੀਨਿਧਤਾ ਸਬੰਧੀ ਪੰਜਾਬ ਵਿੱਚ ਲਾਗੂ ਨਿਯਮਾਂ ਦਾ ਮੁੜ ਮੁਲਾਂਕਣ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਪੰਜਾਬ ਰਾਜ ਵਿੱਚ ਰਾਖਵਾਂਕਰਨ ਨੀਤੀ 1971 ਦੇ ਮਰਦਮਸ਼ੁਮਾਰੀ ਅਨੁਸਾਰ ਤੈਅ ਕੀਤੀ ਗਈ ਸੀ, ਜਿਸ ਵਿੱਚ 50 ਸਾਲ ਬੀਤਣ ਦੇ ਬਾਵਜੂਦ ਦੀ ਕੋਈ ਮੁਲਾਂਕਣ ਨਹੀਂ ਕੀਤਾ ਗਿਆ ਜਦਕਿ ਪੰਜਾਬ ਰਾਜ ਵਿੱਚ ਦਲਿਤ ਆਬਾਦੀ 38 ਫੀਸਦ ਤੋਂ ਜ਼ਿਆਦਾ ਹੋ ਗਈ ਹੈ। ਇਸ ਦੇ ਨਾਲ ਹੀ ਇਨ੍ਹਾਂ ਆਗੂਆਂ ਵੱਲੋਂ 85ਵੀਂ ਸੰਵਿਧਾਨਕ ਸੋਧ ਲਾਗੂ ਕਰਨ, 10-10-2014 ਨੂੰ ਜਾਰੀ ਕੀਤੇ ਗਏ ਗੈਰ ਸੰਵਿਧਾਨਕ ਪੱਤਰ ਨੂੰ ਵਾਪਿਸ ਲੈਣ ਰੋਸਟਰ ਰਜਿਸਟਰਾਂ ਅਤੇ ਬੈਕਲਾਗ ਨਾਲ ਸਬੰਧਤ ਭਰਤੀਆਂ ਨਾਲ ਸਬੰਧਤ ਮਾਮਲਿਆਂ ਨੂੰ ਚੁੱਕਿਆ ਗਿਆ ਤੇ ਕਮਿਸ਼ਨ ਤੋਂ ਮੰਗ ਕੀਤੀ ਗਈ ਕਿ ਇਸ ਸਬੰਧੀ ਜਲਦ ਕਾਰਵਾਈ ਕਰਕੇ ਇਨ੍ਹਾਂ ਮਸਲਿਆਂ ਨੂੰ ਹੱਲ ਕਰਵਾਇਆ ਜਾਵੇ। ਮੁਲਾਜ਼ਮ ਜੱਥੇਬੰਦੀਆਂ ਨੇ ਕੱਚੇ ਮੁਲਾਜ਼ਮਾਂ ਦਾ ਵੀ ਮੁੱਦਾ ਚੁੱਕਦਿਆਂ ਕਮਿਸ਼ਨ ਤੋਂ ਮੰਗ ਕੀਤੀ ਕਿ ਇਨ੍ਹਾਂ ਦੀਆਂ ਸੇਵਾਵਾਂ ਨੂੰ ਰੈਗੂਲਰ ਕਰਵਾਉਣ ਲਈ ਉੱਦਮ ਕੀਤੇ ਜਾਣ। ਅੱਜ ਦੀ ਇਸ ਮੀਟਿੰਗ ਵਿੱਚ ਜਸਵੀਰ ਸਿੰਘ ਪਾਲ, ਅਵਤਾਰ ਸਿੰਘ ਕੈਂਥ, ਅਮਰੀਕ ਸਿੰਘ ਬੰਗੜ, ਕ੍ਰਿਸ਼ਨ ਸਿੰਘ ਤੇ ਕਈ ਹੋਰ ਹਾਜ਼ਰ ਸਨ।

ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ 'ਅਨਸਟਾਪੇਬਲ ਹਰ' ਵਿੱਚ ਦੌੜੇਗਾ ਸਿਟੀ ਬਿਊਟੀਫੁੱਲ

ਚੰਡੀਗੜ੍ਹ, 23 ਫਰਵਰੀ (ਅੰਮ੍ਰਿਤਪਾਲ ਸਿੰਘ): ਵਿਲੇ ਪਾਰਲੇ ਕੇਲਾਵਾਨੀ ਮੰਡਲ ਦੇ ਨਰਸੀ ਮੋਨਜੀ ਇੰਸਟੀਚਿਊਟ ਆਫ਼ ਮੈਨੇਜਮੈਂਟ ਸਟੱਡੀਜ਼, ਚੰਡੀਗੜ੍ਹ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ 8 ਮਾਰਚ ਨੂੰ ਐਨਐਮਆਈਐਮਐਸ ਕੈਂਪਸ ਵਿੱਚ ਚੌਥੀ ਹਾਫ ਮੈਰਾਥਨ ਦਾ ਆਯੋਜਨ ਕੀਤਾ ਜਾਵੇਗਾ। ਇਸ ਸਾਲ, ਥੀਮ "ਅਨਸਟੌਪੇਬਲ ਹਰ" ਹੋਵੇਗੀ। ਸੋਮਵਾਰ ਨੂੰ ਚੰਡੀਗੜ੍ਹ ਪ੍ਰੈਸ ਕਲੱਬ ਵਿਖੇ ਆਯੋਜਿਤ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ, ਐਨਐਮਆਈਐਮਐਸ ਦੀ ਪ੍ਰੋਫੈਸਰ (ਡਾ.) ਜਯੋਤਸਨਾ ਸਿੰਘ ਨੇ ਦੱਸਿਆ ਕਿ ਚੰਡੀਗੜ੍ਹ ਪ੍ਰਸ਼ਾਸਨ ਦੇ ਸਹਿਯੋਗ ਨਾਲ ਆਯੋਜਿਤ ਇਸ ਮੈਰਾਥਨ ਦਾ ਮੁੱਖ ਉਦੇਸ਼ ਔਰਤਾਂ ਦੀ ਲੀਡਰਸ਼ਿਪ ਸਮਰੱਥਾ, ਸਸ਼ਕਤੀਕਰਨ ਦੀ ਭਾਵਨਾ ਦਾ ਜਸ਼ਨ ਮਨਾਉਣਾ ਅਤੇ ਤਬਦੀਲੀ ਲਿਆਉਣ ਦੀ ਭੂਮਿਕਾ 'ਤੇ ਜ਼ੋਰ ਦੇਣਾ ਹੈ।

ਉਨ੍ਹਾਂ ਦੱਸਿਆ ਕਿ ਚੰਡੀਗੜ੍ਹ ਦੇ ਪ੍ਰਸ਼ਾਸਕ ਅਤੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ। ਐਨਐਮਆਈਐਮਐਸ ਹਾਫ ਮੈਰਾਥਨ 2026 ਵਿੱਚ ਚੰਡੀਗੜ੍ਹ ਟ੍ਰਾਈਸਿਟੀ ਦੇ 1,000 ਤੋਂ ਵੱਧ ਭਾਗੀਦਾਰਾਂ ਦੇ

ਹਿੱਸਾ ਲੈਣ ਦੀ ਉਮੀਦ ਹੈ। ਜਿਸ 'ਚ ਤਿੰਨ ਦੌੜ ਸ਼੍ਰੇਣੀਆਂ ਪੁਰਸ਼ਾਂ ਤੇ ਔਰਤਾਂ ਦੋਵਾਂ ਲਈ ਖੁੱਲ੍ਹੀਆਂ ਹਨ, ਜਿਨ੍ਹਾਂ 'ਚ 21.1 ਕਿਲੋਮੀਟਰ ਹਾਫ ਮੈਰਾਥਨ, 10 ਕਿਲੋਮੀਟਰ ਦੌੜ ਅਤੇ 5 ਕਿਲੋਮੀਟਰ ਦੌੜ ਸ਼ਾਮਲ ਹਨ।

ਉਨ੍ਹਾਂ ਦੱਸਿਆ ਕਿ ਇਸ ਮੈਰਾਥਨ ਦੌਰਾਨ ਮਹਿਲਾ ਪੱਤਰਕਾਰਾਂ ਨੂੰ ਉਨ੍ਹਾਂ ਦੇ ਪਤੀ ਜਾਂ ਪਰਿਵਾਰ ਦੇ ਕਿਸ ਇੱਕ ਮੈਂਬਰ ਨਾਲ ਮੁਫ਼ਤ ਐਂਟਰੀ ਮਿਲੇਗੀ। ਇਸੇ ਤਰ੍ਹਾਂ, ਪੁਰਸ਼ ਪੱਤਰਕਾਰ ਸਿਰਫ਼ ਤਾਂ ਹੀ ਹਿੱਸਾ ਲੈ ਸਕਣਗੇ ਜੇਕਰ ਉਨ੍ਹਾਂ ਦੇ ਜੀਵਨ ਸਾਥੀ ਜਾਂ ਪਰਿਵਾਰਕ ਮਹਿਲਾ ਮੈਂਬਰ ਹੋਵੇਗੀ। ਇਸ ਮੈਰਾਥਨ ਦੇ ਜੇਤੂਆਂ ਨੂੰ ਇੱਕ ਲੱਖ ਰੁਪਏ ਤੱਕ ਦੇ ਨਕਦ ਇਨਾਮ ਦਿੱਤੇ ਜਾਣਗੇ। ਪ੍ਰੋ. (ਡਾ.) ਜਯੋਤਸਨਾ ਸਿੰਘ ਨੇ ਕਿਹਾ ਕਿ ਹਾਫ ਮੈਰਾਥਨ ਸਿਰਫ਼ ਇੱਕ ਸਪੋਰਟਸ ਈਵੈਂਟ ਨਹੀਂ ਹੈ, ਸਗੋਂ ਇੱਕ ਉਦੇਸ਼ ਨਾਲ ਇੱਕ ਸਾਲਾਨਾ ਮੂਵਮੈਂਟ ਹੈ, ਅਤੇ ਹਰ ਸਾਲ ਇਹ ਇੱਕ ਸਮਾਜਿਕ ਉਦੇਸ਼ ਨੂੰ ਸਮਰਪਿਤ ਹੁੰਦੀ ਹੈ। "ਅਨਸਟੌਪੇਬਲ ਹਰ" ਹਰ ਉਸ ਔਰਤ ਨੂੰ ਇੱਕ ਟ੍ਰਿਬਿਊਟ ਹੈ ਜੋ ਉਮੀਦਾਂ ਅਤੇ ਜ਼ਿੰਮੇਵਾਰੀਆਂ ਨੂੰ ਸੰਤੁਲਿਤ ਕਰਦੀ ਹੈ ਅਤੇ ਹਰ ਖੇਤਰ ਵਿੱਚ ਰੁਕਾਵਟਾਂ ਨੂੰ ਤੋੜਦੀ ਰਹਿੰਦੀ ਹੈ।

ਨਸ਼ਾ ਤਸਕਰੀ ਨਾਲ ਸਬੰਧਤ ਨੈਟਵਰਕ ਦੇ ਤਿੰਨ ਕਾਰਕੁੰਨ 6 ਕਿਲੋ ਹੈਰੋਇਨ ਤੇ 6 ਕਿਲੋ ਆਈਸੀਈ ਸਮੇਤ ਕਾਬੂ

ਚੰਡੀਗੜ੍ਹ/ਅੰਮ੍ਰਿਤਸਰ, 23 ਫਰਵਰੀ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਤਹਿਤ ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਨਸ਼ਾ ਤਸਕਰੀ ਨਾਲ ਜੁੜੇ ਮਾਡਿਊਲ ਦੇ ਤਿੰਨ ਕਾਰਕੁਨਾਂ ਨੂੰ 6 ਕਿਲੋ ਹੈਰੋਇਨ ਅਤੇ 6 ਕਿਲੋ ਆਈਸੀਈ (ਕ੍ਰਿਸਟਲ ਮੇਥਾਮਫੇਟਾਮਾਈਨ) ਬਰਾਮਦ ਕਰਕੇ, ਇਸ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ), ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਸਾਂਝੀ ਕੀਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਫਿਰੋਜ਼ਪੁਰ ਦੇ ਪਿੰਡ ਸੁਰਸਿੰਘ ਵਾਲਾ ਦੇ ਵਸਨੀਕ ਪ੍ਰਤਾਪ ਸਿੰਘ, ਅੰਮ੍ਰਿਤਸਰ ਦੇ ਪਿੰਡ ਕੋਹਾਲਾ ਦੇ ਵਸਨੀਕ ਅਜੈਪਾਲ ਸਿੰਘ ਅਤੇ ਅੰਮ੍ਰਿਤਸਰ ਦੇ ਪਿੰਡ ਖਿਆਲਾ ਕਲਾਂ ਦੇ ਵਸਨੀਕ ਜੋਬਨਦੀਪ ਸਿੰਘ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਨਸ਼ੀਲੇ ਪਦਾਰਥਾਂ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ ਦੋਸ਼ੀਆਂ ਦਾ ਕਾਲੇ ਰੰਗ ਦਾ ਸਪਲੈਂਡਰ ਮੋਟਰਸਾਈਕਲ (ਪੀਬੀ 02ਐਫ.ਈ. 1185) ਅਤੇ ਚਿੱਟੇ ਰੰਗ ਦੀ ਐਕਟਿਵਾ (ਪੀਬੀ02 ਈਟੀ 8995) ਵੀ ਜ਼ਬਤ ਕਰ ਲਿਆ ਹੈ, ਜੋ ਖੇਪ ਦੀ ਢੋਆ-ਢੁਆਈ ਲਈ ਵਰਤੇ ਜਾ ਰਹੇ ਸਨ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ, ਪ੍ਰਤਾਪ ਸਿੰਘ ਅਤੇ ਅਜੈਪਾਲ ਸਿੰਘ ਪਾਕਿਸਤਾਨੀ ਤਸਕਰ ਦੇ ਸਿੱਧੇ ਸੰਪਰਕ ਵਿੱਚ ਸਨ। ਉਨ੍ਹਾਂ ਕਿਹਾ ਕਿ ਗ੍ਰਿਫਤਾਰ ਕੀਤੇ ਗਏ ਮੁਲਜ਼ਮ ਅੰਮ੍ਰਿਤਸਰ ਦੇ ਪਿੰਡਾਂ ਅਟਲਗੜ੍ਹ ਅਤੇ ਰਤਨ ਦੇ ਵਾੜ ਵਾਲੇ ਖੇਤਰ ਤੋਂ ਡਰੋਨ ਰਾਹੀਂ ਸਰਹੱਦ ਪਾਰੋਂ ਤਸਕਰੀ ਕੀਤੀਆਂ ਖੇਪਾਂ ਪ੍ਰਾਪਤ ਕਰ ਰਹੇ ਸਨ ਅਤੇ ਉਨ੍ਹਾਂ ਨੂੰ ਸੂਬੇ ਵਿੱਚ ਅੱਗੇ ਹੋਰਨਾਂ ਨੂੰ ਇਹ ਨਸ਼ੀਲੇ ਪਦਾਰਥ ਸਪਲਾਈ ਕਰਨ ਦਾ ਕੰਮ ਸੌਂਪਿਆ ਗਿਆ ਸੀ। ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਕਿਹਾ ਕਿ ਸੀਆਈ ਅੰਮ੍ਰਿਤਸਰ ਨੂੰ ਪੁਖ਼ਤਾ ਖੁਫੀਆ ਜਾਣਕਾਰੀ ਮਿਲੀ ਸੀ ਕਿ ਪ੍ਰਤਾਪ ਸਿੰਘ ਤੇ ਅਜੈਪਾਲ ਸਿੰਘ ਨੂੰ ਹਾਲ ਹੀ ਵਿੱਚ ਡਰੋਨ ਰਾਹੀਂ ਨਸ਼ੀਲੇ ਪਦਾਰਥਾਂ ਦੀ ਇੱਕ ਵੱਡੀ ਖੇਪ ਮਿਲੀ ਹੈ ਅਤੇ ਉਹ ਇਸ ਖੇਪ ਨੂੰ ਪਿੰਡ ਪਧਰੀ ਵਿਖੇ ਸ਼ਮਸ਼ਾਨ ਘਾਟ ਦੀ ਪਾਣੀ ਵਾਲੀ ਟੈਂਕੀ ਨੇੜੇ ਆਪਣੇ ਸਾਥੀ ਜੋਬਨਦੀਪ ਸਿੰਘ ਤੱਕ ਪਹੁੰਚਾਉਣ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਤੇਜ਼ੀ ਨਾਲ ਕਾਰਵਾਈ ਕਰਦਿਆਂ ਸੀ.ਆਈ. ਅੰਮ੍ਰਿਤਸਰ ਦੀ ਪੁਲਿਸ ਟੀਮ ਨੇ ਉਸ ਥਾਂ 'ਤੇ ਛਾਪਾ ਮਾਰਿਆ ਅਤੇ ਤਿੰਨਾਂ ਸ਼ੱਕੀਆਂ ਨੂੰ 6 ਕਿਲੋ ਹੈਰੋਇਨ ਅਤੇ 6 ਕਿਲੋ ਆਈਸੀਈ ਸਮੇਤ ਗ੍ਰਿਫ਼ਤਾਰ ਕੀਤਾ।

ਡੀਜੀਪੀ ਨੇ ਕਿਹਾ ਕਿ ਮਾਮਲੇ ਵਿੱਚ ਪੂਰੇ ਗਿਰੋਹ ਦਾ ਪਰਦਾਫਾਸ਼ ਕਰਨ ਲਈ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ ਅਤੇ ਹੋਰ ਗ੍ਰਿਫਤਾਰੀਆਂ ਹੋਣ ਦੀ ਉਮੀਦ ਹੈ। ਇਸ ਸਬੰਧ ਵਿੱਚ ਐਫਆਈਆਰ ਨੰਬਰ 10 ਮਿਤੀ 23.02.2026 ਨੂੰ ਪੁਲਿਸ ਸਟੇਸ਼ਨ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿਖੇ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ 21, 22, 25 ਅਤੇ 29 ਤਹਿਤ ਕੇਸ ਦਰਜ ਕੀਤਾ ਗਿਆ ਹੈ।

ਸੰਪਾਦਕੀ

ਸੰਵੇਦਨਸ਼ੀਲਤਾ ਉਤੇ ਸਵਾਲ

ਇਸ ਵਿੱਚ ਕੋਈ ਸ਼ੱਕ ਨਹੀਂ ਕਿ ਕਿਸੇ ਵੀ ਤਰ੍ਹਾਂ ਦੀ ਬੇਇਨਸਾਫ਼ੀ ਤੋਂ ਬਾਅਦ ਨਿਆਂਪਾਲਿਕਾ ਹੀ ਇਨਸਾਫ਼ ਦੀ ਇੱਕੋ ਇੱਕ ਉਮੀਦ ਹੈ। ਅਦਾਲਤਾਂ ਵਿੱਚ ਬੈਠੇ ਜੱਜ ਇਹ ਯਕੀਨੀ ਬਣਾਉਂਦੇ ਹਨ ਕਿ ਪੀੜਤ ਧਿਰ ਨੂੰ ਨਿਆਂ ਮਿਲੇ। ਹਾਲਾਂਕਿ, ਚਰਚਾ ਅਤੇ ਚਿੰਤਾ ਦੇ ਅਜਿਹੇ ਮੌਕੇ ਆਏ ਹਨ, ਜਿੱਥੇ ਔਰਤਾਂ ਵਿਰੁੱਧ ਅਪਰਾਧਾਂ ਨਾਲ ਸਬੰਧਤ ਮਾਮਲਿਆਂ ਵਿੱਚ ਜੱਜ ਦੀਆਂ ਟਿੱਪਣੀਆਂ ਜਾਂ ਫੈਸਲਿਆਂ ਨੂੰ ਨਿਆਂ ਦੀ ਧਾਰਨਾ ਦੇ ਵਿਰੁੱਧ ਪੱਖਪਾਤੀ ਮੰਨਿਆ ਗਿਆ ਹੈ। ਸਿੱਟੇ ਵਜੋਂ, ਕਾਨੂੰਨੀ ਪ੍ਰਬੰਧਾਂ ਦੀ ਵਿਆਖਿਆ ਸੰਵੇਦਨਸ਼ੀਲਤਾ ਦੀ ਘਾਟ ਦੁਆਰਾ ਦਰਸਾਈ ਗਈ ਹੈ। ਸ਼ਾਇਦ ਇਸੇ ਲਈ ਪਿਛਲੇ ਹਫ਼ਤੇ ਸੁਪਰੀਮ ਕੋਰਟ ਨੂੰ ਜੱਜਾਂ ਦੇ ਦ੍ਰਿਸ਼ਟੀਕੋਣਾਂ ਵਿੱਚ ਲੋੜੀਂਦੀ ਸੰਵੇਦਨਸ਼ੀਲਤਾ ਵਿਕਸਤ ਕਰਨ ਲਈ ਇੱਕ ਵੱਖਰੇ ਯਤਨ ਦੀ ਜ਼ਰੂਰਤ 'ਤੇ ਜ਼ੋਰ ਦੇਣਾ ਪਿਆ। ਸੁਪਰੀਮ ਕੋਰਟ ਦੇ ਬੈਂਚ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਨਿਆਂਪਾਲਿਕਾ ਦੇ ਮੈਂਬਰਾਂ ਦੇ ਦ੍ਰਿਸ਼ਟੀਕੋਣਾਂ ਦੇ ਨਾਲ-ਨਾਲ ਨਿਆਂਇਕ ਪ੍ਰਕਿਰਿਆਵਾਂ ਵਿੱਚ ਨਿਹਿਤ ਸੰਵੇਦਨਸ਼ੀਲਤਾ ਅਤੇ ਵਿਵੇਕ ਨੂੰ ਵਿਕਸਤ ਕਰਨ ਲਈ ਕਦਮ ਚੁੱਕਣ ਦੀ ਲੋੜ ਹੈ। ਹਾਲਾਂਕਿ, ਸਮੇਂ-ਸਮੇਂ 'ਤੇ ਸੁਪਰੀਮ ਕੋਰਟ ਨੇ ਜੱਜਾਂ ਦੇ ਦ੍ਰਿਸ਼ਟੀਕੋਣਾਂ ਵਿੱਚ ਰੂੜੀਵਾਦੀ ਸੋਚ ਦੇ ਦਬਦਬੇ ਤੋਂ ਪੈਦਾ ਹੋਣ ਵਾਲੇ ਸਵਾਲਾਂ ਨੂੰ ਹੱਲ ਕਰਨ ਲਈ ਕਦਮ ਚੁੱਕੇ ਹਨ। 2023 ਵਿੱਚ, ਜੱਜਾਂ ਨੂੰ ਪਿਤਾ-ਪੁਰਖੀ ਭਾਸ਼ਾ ਦੀ ਪਛਾਣ ਕਰਨ ਅਤੇ ਇਸ ਤੋਂ ਬਚਣ ਵਿੱਚ ਮਦਦ ਕਰਨ ਲਈ ਇੱਕ ਕਿਤਾਬਚਾ ਵੀ ਤਿਆਰ ਕੀਤਾ ਗਿਆ ਸੀ। ਪਰ ਇਸ ਸਭ ਦਾ ਕੋਈ ਠੋਸ ਨਤੀਜਾ ਨਹੀਂ ਨਿਕਲਿਆ ਹੈ। ਇਸ ਦੇ ਮੱਦੇਨਜ਼ਰ ਸੁਪਰੀਮ ਕੋਰਟ ਨੇ ਹੁਣ ਨੈਸ਼ਨਲ ਜੁਡੀਸ਼ੀਅਲ ਅਕੈਡਮੀ ਨੂੰ ਇੱਕ ਮਾਹਰ ਕਮੇਟੀ ਬਣਾਉਣ ਦਾ ਨਿਰਦੇਸ਼ ਦਿੱਤਾ ਹੈ ਜੋ ਜਿਨਸੀ ਹਿੰਸਾ ਅਤੇ ਹੋਰ ਅਪਰਾਧਾਂ ਦੇ ਸੰਦਰਭ ਵਿੱਚ ਜੱਜਾਂ ਅਤੇ ਨਿਆਂਇਕ ਪ੍ਰਕਿਰਿਆ ਦੇ ਅੰਦਰ ਸੰਵੇਦਨਸ਼ੀਲਤਾ ਅਤੇ ਹਮਦਰਦੀ ਵਿਕਸਤ ਕਰਨ ਦੇ ਉਦੇਸ਼ ਨਾਲ ਦਿਸ਼ਾ-ਨਿਰਦੇਸ਼ ਵਿਕਸਤ ਕਰੇ। ਸਪੱਸ਼ਟ ਤੌਰ 'ਤੇ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਜੱਜ ਔਰਤਾਂ ਵਿਰੁੱਧ ਅਪਰਾਧਾਂ, ਖਾਸ ਕਰਕੇ ਜਿਨਸੀ ਹਿੰਸਾ ਦੇ ਮਾਮਲਿਆਂ ਨੂੰ ਪੂਰੀ ਸੰਵੇਦਨਸ਼ੀਲਤਾ ਨਾਲ ਸੰਭਾਲਣ, ਇਹ ਯਕੀਨੀ ਬਣਾਉਣਾ ਕਿ ਉਨ੍ਹਾਂ ਦੇ ਫੈਸਲੇ ਸਮਾਜਿਕ ਪੱਖਪਾਤ ਜਾਂ ਪੱਖਪਾਤ ਤੋਂ ਪ੍ਰਭਾਵਿਤ ਨਾ ਹੋਣ। ਸੁਪਰੀਮ ਕੋਰਟ ਦੀ ਇਸ ਪਹਿਲਕਦਮੀ ਨੇ ਇੱਕ ਅਜਿਹੀ ਸਮੱਸਿਆ ਦੀ ਪਛਾਣ ਕੀਤੀ ਹੈ ਅਤੇ ਉਜਾਗਰ ਕੀਤੀ ਹੈ, ਜਿਸਨੂੰ ਅਕਸਰ ਨਜ਼ਰਅੰਦਾਜ਼ ਕੀਤਾ ਜਾਂਦਾ ਹੈ, ਫਿਰ ਵੀ ਇਸਦਾ ਪ੍ਰਭਾਵ ਬਹੁਤ ਸਾਰੇ ਫੈਸਲਿਆਂ ਵਿੱਚ ਮਹਿਸੂਸ ਕੀਤਾ ਜਾਂਦਾ ਹੈ। ਦਰਅਸਲ, ਔਰਤਾਂ ਵਿਰੁੱਧ ਜਿਨਸੀ ਹਿੰਸਾ ਨਾਲ ਸਬੰਧਤ ਮਾਮਲਿਆਂ ਵਿੱਚ ਸਮਾਜਿਕ ਧਾਰਨਾਵਾਂ ਅਕਸਰ ਪਿਤਰਸੱਤਾਤਮਕ ਸੋਚ 'ਤੇ ਹਾਵੀ ਹੁੰਦੀਆਂ ਹਨ। ਅਦਾਲਤਾਂ ਵਿੱਚ ਜੱਜਾਂ ਤੋਂ ਸਮਾਜ ਵਿੱਚ ਪ੍ਰਚੱਲਤ ਮਾਨਸਿਕਤਾ, ਨਤੀਜੇ ਵਜੋਂ ਧਾਰਨਾਵਾਂ ਅਤੇ ਇਸ ਵਿੱਚ ਔਰਤਾਂ ਦੀ ਅਸਲ ਸਥਿਤੀ ਨੂੰ ਧਿਆਨ ਵਿੱਚ ਰੱਖਦੇ ਹੋਏ, ਅਜਿਹੇ ਪੱਖਪਾਤਾਂ ਤੋਂ ਬਿਨਾਂ ਕਾਨੂੰਨ ਦੀ ਵਿਆਖਿਆ ਕਰਨ ਦੀ ਉਮੀਦ ਕੀਤੀ ਜਾਂਦੀ ਹੈ। ਉਹ ਨਿਰਪੱਖ ਰਹਿੰਦੇ ਹੋਏ, ਮਾਮਲਿਆਂ ਵਿੱਚ ਫੈਸਲੇ ਦਿੰਦੇ ਸਮੇਂ ਜ਼ਰੂਰੀ ਸੰਵੇਦਨਸ਼ੀਲਤਾ ਅਤੇ ਹਮਦਰਦੀ ਦੀ ਵਰਤੋਂ ਵੀ ਕਰਨਗੇ। ਵਿਅੰਗਾਤਮਕ ਗੱਲ ਇਹ ਹੈ ਕਿ ਦੇਸ਼ ਭਰ ਦੀਆਂ ਹੇਠਲੀਆਂ ਅਦਾਲਤਾਂ ਵਿੱਚ ਔਰਤਾਂ ਵਿਰੁੱਧ ਘਿਨਾਉਣੇ ਅਪਰਾਧਾਂ ਅਤੇ ਬਲਾਤਕਾਰ ਦੇ ਮਾਮਲਿਆਂ ਵਿੱਚ ਵੀ, ਕੁਝ ਜੱਜ, ਸਮਾਜਿਕ ਹਕੀਕਤਾਂ ਨੂੰ ਨਜ਼ਰਅੰਦਾਜ਼ ਕਰਦੇ ਹੋਏ, ਕਾਨੂੰਨੀ ਪ੍ਰਬੰਧਾਂ ਦੀ ਵਿਆਖਿਆ ਇਸ ਤਰੀਕੇ ਨਾਲ ਕਰਦੇ ਹਨ ਜੋ ਦੋਸ਼ੀਆਂ ਨੂੰ ਨਰਮ ਕਰਦੇ ਹਨ ਅਤੇ ਪੀੜਤ ਲਈ ਨਿਆਂ ਦਾ ਰਸਤਾ ਹੋਰ ਵੀ ਮੁਸ਼ਕਲ ਬਣਾ ਦਿੰਦੇ ਹਨ। ਇਸ ਲਈ ਜੱਜਾਂ ਦੇ ਦ੍ਰਿਸ਼ਟੀਕੋਣਾਂ ਵਿੱਚ ਸੰਵੇਦਨਸ਼ੀਲਤਾ ਅਤੇ ਹਮਦਰਦੀ ਵਿਕਸਤ ਕਰਨ ਲਈ ਲਿੰਗ ਸੰਵੇਦਨਸ਼ੀਲਤਾ 'ਤੇ ਕੇਂਦ੍ਰਿਤ ਸਿਖਲਾਈ ਪ੍ਰੋਗਰਾਮ ਚਲਾਉਣ ਦੀ ਜ਼ਰੂਰਤ ਹੈ, ਨਾਲ ਹੀ ਨਿਆਂਪਾਲਿਕਾ ਵਿੱਚ ਔਰਤਾਂ ਦੀ ਪ੍ਰਤੀਨਿੱਧਤਾ ਵਧਾਉਣ 'ਤੇ ਜ਼ੋਰ ਦਿੱਤਾ ਜਾਵੇ।

-ਜਗਜੀਤ ਸਿੰਘ ਦਰਦੀ

ਏਪਸਟੀਨ ਫਾਈਲਾਂ 'ਚ, ਪੂਰੀ ਦੁਨੀਆਂ ਦੇ ਨੇਤਾ ਤੇ ਧਨ ਕੁਬੇਰ ਹਿਲ ਜਾਣਗੇ

ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਭਾਰਤੀ ਅਰਬਪਤੀ ਤੇ ਰਾਜਨੀਤਿਕ ਨੇਤਾਵਾਂ ਦੇ ਨਾਮ ਵੀ ਹੁਣ ਸਾਹਮਣੇ ਹਨ
ਏਪਸਟੀਨ ਫਾਈਲਾਂ: ਸੱਤਾ ਦੀ ਗੰਦੀ ਰਾਜਨੀਤੀ ਅਤੇ ਦੁਨੀਆਂ ਦੇ ਪਤਨ ਦੀ ਕਹਾਣੀ

ਜੈਫਰੀ ਏਪਸਟੀਨ, ਇੱਕ ਅਮਰੀਕੀ ਅਰਬਪਤੀ ਵਿੱਤ ਘੁਟਾਲਿਆਂ ਦਾ ਸਰਗਨਾ ਤੇ ਅਪਰਾਧੀ ਵਿਚੋਲਾ, ਜਿਸ ਨੇ ਆਪਣੀ ਜ਼ਿੰਦਗੀ ਵਿੱਚ ਨਾਬਾਲਗ ਲੜਕੀਆਂ ਨੂੰ ਯੌਨ ਸ਼ੋਸ਼ਣ ਅਤੇ ਤਸਕਰੀ ਦੇ ਨੈੱਟਵਰਕ ਚਲਾਇਆ, ਉਸ ਦੀਆਂ ਫਾਈਲਾਂ ਨੇ ਪੂਰੀ ਦੁਨੀਆ ਵਿੱਚ ਤਹਿਲਕਾ ਮਚਾ ਦਿੱਤਾ ਹੈ।

19 ਦਸੰਬਰ 2025 ਨੂੰ ਅਮਰੀਕੀ ਜਸਟਿਸ ਡਿਪਾਰਟਮੈਂਟ ਵੱਲੋਂ ਜਾਰੀ ਕੀਤੀਆਂ ਗਈਆਂ ਹਜ਼ਾਰਾਂ ਫਾਈਲਾਂ ਵਿੱਚ ਫੋਟੋਆਂ, ਈਮੇਲਾਂ, ਫੋਨ ਰਿਕਾਰਡ ਅਤੇ ਜਾਂਚ ਸਬੰਧੀ ਦਸਤਾਵੇਜ਼ ਸ਼ਾਮਲ ਹਨ। ਇਹ ਫਾਈਲਾਂ ਏਪਸਟੀਨ ਦੇ ਨੈੱਟਵਰਕ ਨੂੰ ਉਜਾਗਰ ਕਰਦੀਆਂ ਹਨ, ਜਿਸ ਵਿੱਚ ਵਿਸ਼ਵ ਪੱਧਰ ਦੇ ਨੇਤਾ, ਉਦਯੋਗਪਤੀ ਅਤੇ ਸੈਲੀਬ੍ਰਿਟੀਆਂ ਦੇ ਨਾਂ ਅਤੇ ਤਸਵੀਰਾਂ ਹਨ। ਇਹਨਾਂ ਖੁਲਾਸਿਆਂ ਨੇ ਨਾ ਸਿਰਫ ਅਮਰੀਕਾ ਵਿੱਚ ਸਨਸਨੀ ਪੈਦਾ ਕੀਤੀ ਹੈ, ਸਗੋਂ ਅੰਤਰਰਾਸ਼ਟਰੀ ਰਾਜਨੀਤੀ ਨੂੰ ਵੀ ਹਿਲਾ ਕੇ ਰੱਖ ਦਿੱਤਾ ਹੈ।

ਅੱਜ ਭਾਰਤ ਵਿੱਚ ਵੀ ਕੁਝ ਨਾਂ ਜੁੜਨ ਕਾਰਨ ਚਰਚਾ ਗਰਮ ਹੈ ਅਤੇ ਲੋਕਾਂ ਵਿੱਚ ਉਮੀਦ ਹੈ ਕਿ ਹੋਰ ਭਾਰਤੀ ਨੇਤਾਵਾਂ ਜਾਂ ਸੈਲੀਬ੍ਰਿਟੀਆਂ ਦੇ ਨਾਂ ਸਾਹਮਣੇ ਆਉਣਗੇ।ਏਪਸਟੀਨ ਦੀ ਕਹਾਣੀ ਸੱਤਾ ਦੀ ਗੰਦੀ ਰਾਜਨੀਤੀ ਦਾ ਇੱਕ ਕਾਲਾ ਅਧਿਆਇ ਹੈ। ਉਹ ਇੱਕ ਅਜਿਹਾ ਵਿਅਕਤੀ ਸੀ, ਜਿਸ ਨੇ ਆਪਣੀ ਦੌਲਤ ਅਤੇ ਸੰਪਰਕਾਂ ਨਾਲ ਵਿਸ਼ਵ ਦੇ ਸਭ ਤੋਂ ਸ਼ਕਤੀਸ਼ਾਲੀ ਲੋਕਾਂ ਨੂੰ ਆਪਣੇ ਜਾਲ ਵਿੱਚ ਫਸਾਇਆ। ਉਸ ਦੇ ਨਿੱਜੀ ਜਹਾਜ਼ - 'ਲੋਲੀਟਾ ਐਕਸਪ੍ਰੈੱਸ' ਅਤੇ ਨਿੱਜੀ ਟਾਪੂ 'ਲਿਟਲ ਸੇਂਟ ਜੇਮਜ਼' ਉਸ ਦੇ ਅਪਰਾਧਾਂ ਦੇ ਕੇਂਦਰ ਸਨ, ਜਿੱਥੇ ਨਾਬਾਲਗ ਲੜਕੀਆਂ ਨੂੰ ਧਨੀ ਅਤੇ ਪ੍ਰਭਾਵਸ਼ਾਲੀ ਲੋਕਾਂ ਲਈ ਲਿਆਂਦਾ ਜਾਂਦਾ ਸੀ। ਏਪਸਟੀਨ ਨੇ ਇਹ ਨੈੱਟਵਰਕ ਨਾ ਸਿਰਫ ਵਿਅਕਤੀਗਤ ਲਾਲਸਾ ਲਈ ਚਲਾਇਆ, ਸਗੋਂ ਇਸ ਨੂੰ ਬਲੈਕਮੇਲ ਅਤੇ ਪ੍ਰਭਾਵ ਵਧਾਉਣ ਦੇ ਹਥਿਆਰ ਵਜੋਂ ਵਰਤਿਆ।

ਉਸ ਦੀ ਮੌਤ 2019 ਵਿੱਚ ਜੇਲ੍ਹ ਵਿੱਚ ਹੋਈ, ਜਿਸ ਨੂੰ ਅਧਿਕਾਰਤ ਤੌਰ ਤੇ ਖੁਦਕੁਸ਼ੀ ਕਿਹਾ ਗਿਆ, ਪਰ ਬਹੁਤ ਸਾਰੇ ਲੋਕ ਇਸ ਨੂੰ ਸਾਜ਼ਿਸ਼ ਮੰਨਦੇ ਹਨ।2025 ਵਿੱਚ ਜਾਰੀ ਫਾਈਲਾਂ ਵਿੱਚ ਬਿੱਲ ਕਲਿੰਟਨ, ਮਾਈਕਲ ਜੈਕਸਨ, ਮਿਕ ਜੈਗਰ, ਡਾਇਨਾ ਰੌਸ, ਰਿਚਰਡ ਬ੍ਰੈਂਸਨ, ਕ੍ਰਿਸ ਟੱਕਰ ਅਤੇ ਕੇਵਿਨ ਸਪੇਸੀ ਵਰਗੇ ਨਾਂਆਂ ਦੀਆਂ ਤਸਵੀਰਾਂ ਹਨ। ਡੋਨਾਲਡ ਟਰੰਪ ਦਾ ਨਾਂ ਵੀ ਆਉਂਦਾ ਹੈ, ਪਰ ਜ਼ਿਆਦਾਤਰ ਪੁਰਾਣੀਆਂ ਅਤੇ ਜਾਣੀਆਂ ਤਸਵੀਰਾਂ ਹਨ । ਇਹ ਫਾਈਲਾਂ ਭਾਰੀ ਰੈਡੈਕਟਡ ਹਨ, ਯਾਨੀ ਕਈ ਨਾਂ ਅਤੇ ਵੇਰਵੇ ਲੁਕਾਏ ਗਏ ਹਨ, ਜਿਸ ਕਾਰਨ ਅਮਰੀਕਾ ਵਿੱਚ ਵਿਰੋਧ ਹੋ ਰਿਹਾ ਹੈ। ਟਰੰਪ ਪ੍ਰਸ਼ਾਸਨ ਨੂੰ ਇਲਜ਼ਾਮ ਲੱਗ ਰਿਹਾ ਹੈ ਕਿ ਉਹ ਆਪਣੇ ਨੇੜਲੇ ਲੋਕਾਂ ਨੂੰ ਬਚਾਉਣ ਲਈ ਫਾਈਲਾਂ ਨੂੰ ਪੂਰੀ ਤਰ੍ਹਾਂ ਨਹੀਂ ਜਾਰੀ ਕਰ ਰਿਹਾ।

ਅੱਜ ਇਹ ਖੁਲਾਸੇ ਅਮਰੀਕੀ ਰਾਜਨੀਤੀ ਵਿੱਚ ਇੱਕ ਵੱਡਾ ਝਟਕਾ ਹਨ, ਕਿਉਂਕਿ ਇਹ ਦਿਖਾਉਂਦੇ ਹਨ ਕਿ ਸੱਤਾ ਵਿੱਚ ਬੈਠੇ ਲੋਕ ਆਪਣੀ ਨੈਤਿਕਤਾ ਨੂੰ ਕਿਵੇਂ ਤਿਲਾਂਜਲੀ ਦਿੰਦੇ ਹਨ।ਅੰਤਰਰਾਸ਼ਟਰੀ ਪੱਧਰ 'ਤੇ ਇਹ ਫਾਈਲਾਂ ਰਾਜਨੀਤੀ ਨੂੰ ਕਿਵੇਂ ਪ੍ਰਭਾਵਿਤ ਕਰ ਰਹੀਆਂ ਹਨ? ਏਪਸਟੀਨ ਦੇ ਸੰਪਰਕ ਵਿਸ਼ਵ ਵਿਆਪੀ ਸਨ। ਉਸ ਨੇ ਰਾਜਨੀਤਿਕ ਨੇਤਾਵਾਂ ਨੂੰ ਆਪਣੇ ਨੈੱਟਵਰਕ ਵਿੱਚ ਸ਼ਾਮਲ ਕਰਕੇ ਉਹਨਾਂ ਦੇ ਫੈਸਲਿਆਂ ਨੂੰ ਪ੍ਰਭਾਵਿਤ ਕੀਤਾ। ਉਦਾਹਰਣ ਵਜੋਂ, ਇਜ਼ਰਾਈਲ ਨਾਲ ਜੁੜੇ ਡਿਫੈਂਸ ਡੀਲਾਂ ਵਿੱਚ ਉਸ ਦੀ ਭੂਮਿਕਾ ਦੇ ਸੰਕੇਤ ਮਿਲੇ ਹਨ।

ਇਹ ਖੁਲਾਸੇ ਦੁਨੀਆਂ ਦੇ ਲੋਕਾਂ ਵਿੱਚ ਭਰੋਸੇ ਨੂੰ ਤੋੜ ਰਹੇ ਹਨ। ਲੋਕ ਪੁੱਛ ਰਹੇ ਹਨ ਕਿ ਜੋ ਨੇਤਾ ਸਮਾਜ ਨੂੰ ਨੈਤਿਕਤਾ ਅਤੇ ਨਿਆਂ ਦੀ ਸਿੱਖਿਆ ਦਿੰਦੇ ਹਨ, ਉਹ ਆਪਣੀ ਜ਼ਿੰਦਗੀ ਵਿੱਚ ਇੰਨੇ ਗੰਦੇ ਕਿਉਂ ਹਨ? ਇਹ ਸੱਤਾ ਦੇ ਲਾਲਚ ਨੂੰ ਉਜਾਗਰ ਕਰਦਾ ਹੈ, ਜਿੱਥੇ ਵਿਅਕਤੀਗਤ ਲਾਲਸਾਵਾਂ ਸਮਾਜ ਦੇ ਹਿੱਤਾਂ ਤੋਂ ਉੱਪਰ ਹੋ ਜਾਂਦੀਆਂ ਹਨ।ਭਾਰਤ ਦੇ ਸੰਦਰਭ ਵਿੱਚ ਇਹ ਫਾਈਲਾਂ ਵੱਧ ਚਰਚਾ ਵਿੱਚ ਹਨ। ਪਿਛਲੇ ਮਹੀਨਿਆਂ ਵਿੱਚ ਜਾਰੀ ਦਸਤਾਵੇਜ਼ਾਂ ਵਿੱਚ ਭਾਰਤੀ ਨਾਂ ਵੀ ਸਾਹਮਣੇ ਆਏ ਹਨ।

ਏਪਸਟੀਨ ਨੇ 2019 ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਸਟੀਵ ਬੈਨਨ ਵਿਚਕਾਰ ਮੀਟਿੰਗ ਕਰਵਾਉਣ ਦੀ ਕੋਸ਼ਿਸ਼ ਕੀਤੀ ਸੀ। ਉਸ ਦੇ ਕੈਲੰਡਰ ਵਿੱਚ ਹਰਦੀਪ ਸਿੰਘ ਪੁਰੀ ਨਾਲ ਮੀਟਿੰਗਾਂ ਦਾ ਜ਼ਿਕਰ ਹੈ। ਅਨਿਲ ਅੰਬਾਨੀ ਨਾਲ ਵੀ ਈਮੇਲਾਂ ਮਿਲੀਆਂ ਹਨ, ਜਿਨ੍ਹਾਂ ਵਿੱਚ ਇੰਡੀਆ-ਇਜ਼ਰਾਈਲ ਡਿਫੈਂਸ ਡੀਲਾਂ ਦਾ ਜ਼ਿਕਰ ਹੈ। ਰਾਫੇਲ ਡੀਲ ਵਰਗੇ ਮੁੱਦੇ ਫਿਰ ਤੋਂ ਚਰਚਾ ਵਿੱਚ ਆ ਗਏ ਹਨ। ਡੀਪਕ ਚੋਪੜਾ ਵਰਗੇ ਨਾਂ ਵੀ ਜੁੜੇ ਹਨ।

ਇਹ ਖੁਲਾਸੇ ਭਾਰਤੀ ਰਾਜਨੀਤੀ ਵਿੱਚ ਤੂਫਾਨ ਖੜ੍ਹਾ ਕਰ ਸਕਦੇ ਹਨ। ਵਿਰੋਧੀ ਧਿਰ ਇਸ ਨੂੰ ਸਰਕਾਰ ਵਿਰੋਧੀ ਹਥਿਆਰ ਵਜੋਂ ਵਰਤ ਰਹੀ ਹੈ, ਜਦਕਿ ਸੱਤਾਧਾਰੀ ਧਿਰ ਇਸ ਨੂੰ ਪੁਰਾਣੀਆਂ ਅਤੇ ਬੇਬੁਨਿਆਦ ਗੱਲਾਂ ਕਹਿ ਕੇ ਖਾਰਜ ਕਰ ਰਹੀ ਹੈ।ਪਰ ਸੱਚ ਇਹ ਹੈ ਕਿ ਇਹ ਫਾਈਲਾਂ ਸਿਰਫ ਨਾਂਆਂ ਦੀ ਲਿਸਟ ਨਹੀਂ, ਸਗੋਂ ਸੱਤਾ ਦੇ ਦੁਰਵਰਤੋਂ ਦੀ ਕਹਾਣੀ ਹਨ। ਭਾਰਤ ਵਿੱਚ ਜੇਕਰ ਹੋਰ ਨਾਂ ਸਾਹਮਣੇ ਆਏ ਤਾਂ ਰਾਜਨੀਤਿਕ ਭੂਚਾਲ ਆ ਸਕਦਾ ਹੈ। ਲੋਕਾਂ ਵਿੱਚ ਗੁੱਸਾ ਵਧੇਗਾ ਕਿ ਜੋ ਨੇਤਾ ਦੇਸ਼ ਨੂੰ ਚਲਾਉਂਦੇ ਹਨ, ਉਹ ਆਪਣੀ ਜ਼ਿੰਦਗੀ ਵਿੱਚ ਇੰਨੇ ਅਨੈਤਿਕ ਕਿਉਂ ਹਨ?

ਇਹ ਭਾਰਤੀ ਰਾਜਨੀਤੀ ਨੂੰ ਨਵੀਂ ਦਿਸ਼ਾ ਦੇ ਸਕਦਾ ਹੈ, ਜਿੱਥੇ ਲੋਕ ਨੇਤਾਵਾਂ ਤੋਂ ਜ਼ਿਆਦਾ ਜਵਾਬਦੇਹੀ ਮੰਗਣਗੇ।ਇਹ ਸਾਰੀ ਕਹਾਣੀ ਦੁਨੀਆਂ ਦੇ ਪਤਨ ਨੂੰ ਦਰਸਾਉਂਦੀ ਹੈ। ਅੱਜ ਦੀ ਦੁਨੀਆ ਵਿੱਚ ਸੱਤਾ ਅਤੇ ਦੌਲਤ ਵਾਲੇ ਲੋਕ ਕਾਨੂੰਨ ਤੋਂ ਉੱਪਰ ਮੰਨੇ ਜਾਂਦੇ ਹਨ। ਏਪਸਟੀਨ ਵਰਗੇ ਲੋਕ ਇਸ ਨੂੰ ਆਪਣੇ ਫਾਇਦੇ ਲਈ ਵਰਤਦੇ ਹਨ। ਉਹ ਨੇਤਾ ਜੋ ਸਮਾਜ ਨੂੰ ਨੈਤਿਕਤਾ ਦੀ ਸਿੱਖਿਆ ਦਿੰਦੇ ਹਨ, ਆਪਣੀ ਜ਼ਿੰਦਗੀ ਵਿੱਚ ਲਾਲਸਾਵਾਂ ਵਿੱਚ ਡੁੱਬੇ ਰਹਿੰਦੇ ਹਨ। ਇਹ ਹਿਪੋਕ੍ਰਿਸੀ ਸਮਾਜ ਨੂੰ ਖੋਖਲਾ ਕਰ ਰਹੀ ਹੈ।

ਇਨ੍ਹਾਂ ਫਾਈਲਾਂ ਵਿੱਚ ਦਿਖਾਇਆ ਗਿਆ ਹੈ ਕਿ ਏਪਸਟੀਨ ਨੇ ਕਿਵੇਂ ਧਨੀ ਲੋਕਾਂ ਨੂੰ ਆਪਣੇ ਟਾਪੂ ਤੇ ਬੁਲਾ ਕੇ ਉਹਨਾਂ ਨੂੰ ਫਸਾਇਆ। ਇਹ ਨਾ ਸਿਰਫ ਯੌਨ ਅਪਰਾਧ ਹਨ, ਸਗੋਂ ਸੱਤਾ ਦੇ ਦੁਰਵਰਤੋਂ ਦਾ ਪ੍ਰਤੀਕ ਹਨ।ਭਾਵਪੂਰਨ ਤੌਰ 'ਤੇ ਵੇਖੀਏ ਤਾਂ ਇਹ ਫਾਈਲਾਂ ਇੱਕ ਦੁਖਦਾਈ ਸੱਚ ਉਜਾਗਰ ਕਰਦੀਆਂ ਹਨ। ਦੁਨੀਆਂ ਦੇ ਨੇਤਾ ਅਤੇ ਉਦਯੋਗਪਤੀ, ਜੋ ਬਾਹਰੋਂ ਚਮਕਦਾਰ ਜ਼ਿੰਦਗੀ ਜੀ ਰਹੇ ਹਨ, ਅੰਦਰੋਂ ਗੰਦਗੀ ਨਾਲ ਭਰੇ ਹਨ। ਉਹਨਾਂ ਦੀ ਜ਼ਿੰਦਗੀ ਵਿੱਚ ਲਾਲਸਾ, ਲੋਭ ਅਤੇ ਬਲੈਕਮੇਲ ਦਾ ਬੋਲਬਾਲਾ ਹੈ। ਇਹ ਪਤਨ ਸਮਾਜ ਨੂੰ ਕਮਜ਼ੋਰ ਕਰ ਰਿਹਾ ਹੈ। ਨਾਬਾਲਗ ਲੜਕੀਆਂ ਦੇ ਸ਼ੋਸ਼ਣ ਵਰਗੇ ਅਪਰਾਧਾਂ ਨੂੰ ਛੁਪਾਉਣਾ ਸਿਸਟਮ ਦੀ ਨਾਕਾਮੀ ਹੈ।

ਇਹ ਫਾਈਲਾਂ ਸਾਨੂੰ ਯਾਦ ਦਿਵਾਉਂਦੀਆਂ ਹਨ ਕਿ ਸੱਤਾ ਕੋਲ ਆਉਣ ਵਾਲੇ ਲੋਕਾਂ ਨੂੰ ਜਵਾਬਦੇਹ ਬਣਾਉਣਾ ਕਿੰਨਾ ਜ਼ਰੂਰੀ ਹੈ।ਅੰਤ ਵਿੱਚ, ਏਪਸਟੀਨ ਫਾਈਲਾਂ ਇੱਕ ਚੇਤਾਵਨੀ ਹਨ। ਉਹ ਦਿਖਾਉਂਦੀਆਂ ਹਨ ਕਿ ਗੰਦੀ ਰਾਜਨੀਤੀ ਅਤੇ ਨੈਤਿਕ ਪਤਨ ਕਿਵੇਂ ਦੁਨੀਆਂ ਨੂੰ ਖੋਖਲਾ ਕਰ ਰਿਹਾ ਹੈ।

ਭਾਰਤ ਵਿੱਚ ਵੀ ਇਸ ਦਾ ਅਸਰ ਪਵੇਗਾ, ਜਿੱਥੇ ਲੋਕ ਨੇਤਾਵਾਂ ਤੋਂ ਸਾਫ-ਸੁਥਰੀ ਰਾਜਨੀਤੀ ਮੰਗਣਗੇ। ਇਹ ਸਮਾਂ ਹੈ ਕਿ ਅਸੀਂ ਆਪਣੇ ਨੇਤਾਵਾਂ ਨੂੰ ਆਇਨੇ ਵਿੱਚ ਵੇਖੀਏ ਅਤੇ ਇੱਕ ਬਿਹਤਰ ਸਮਾਜ ਦੀ ਉਸਾਰੀ ਕਰੀਏ। ਏਪਸਟੀਨ ਦੀ ਕਹਾਣੀ ਖਤਮ ਨਹੀਂ ਹੋਈ, ਇਹ ਸਾਡੇ ਸਮਾਜ ਦੇ ਅੰਦਰਲੇ ਅੰਧੇਰੇ ਨੂੰ ਰੌਸ਼ਨ ਕਰ ਰਹੀ ਹੈ।

ਪੰਥਕ ਸਿਆਸਤ ਵਿੱਚ ਆਪਸੀ ਚੁਣੌਤੀਆਂ ਦਾ ਘੌਰੂ

ਕਮਲਜੀਤ ਸਿੰਘ ਬਨਵੈਤ
98147 34035

- ☛ ਗਿਆਨੀ ਰਣਜੀਤ ਸਿੰਘ ਗੌਹਰ ਨੇ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗੜਗੱਜ ਨੂੰ ਵਿੱਚ ਵਿਚਾਲੇ ਪੈ ਕੇ ਝਗੜੇ ਦਾ ਨਬੇੜਾ ਕਰਨ ਦੀ ਕੀਤੀ ਬੇਨਤੀ
- ☛ ਹਰਜਿੰਦਰ ਸਿੰਘ ਧਾਮੀ ਦੀ ਮੋਹਲਤ ਦੇ ਜਵਾਬ ਵਿੱਚ ਗਿਆਨੀ ਰਘਬੀਰ ਸਿੰਘ ਨੇ ਦੇ ਦਿੱਤੀ ਚੁਣੌਤੀ
- ☛ ਗਿਆਨੀ ਹਰਪ੍ਰੀਤ ਸਿੰਘ ਨੇ ਹਰਜਿੰਦਰ ਸਿੰਘ ਧਾਮੀ ਨੂੰ ਹੱਤਕ ਦਾ ਕੇਸ ਪਾਉਣ ਦਾ ਕੀਤਾ ਚੈਲੰਜ
- ☛ ਸ਼੍ਰੋਮਣੀ ਕਮੇਟੀ ਦਾ ਜਥੇਦਾਰਾਂ ਨਾਲ ਪੇਚਾ ਪੈਣ ਤੋਂ ਬਾਅਦ ਪਹਿਲੀ ਵਾਰ ਸ੍ਰੀ ਹਰਿਮੰਦਰ ਸਾਹਿਬ ਦੇ ਹੈਡ ਗ੍ਰੰਥੀ ਨਾਲ ਖੜ੍ਹਾ ਹੋਇਆ ਵਿਵਾਦ

ਪੰਜਾਬ ਜਿਸ ਮੋੜ 'ਤੇ ਆ ਖੜ੍ਹਾ ਹੈ, ਉੱਥੇ ਨਾ ਕੋਈ ਧਾਰਮਿਕ ਅਤੇ ਨਾ ਹੀ ਸਿਆਸੀ ਨੇਤਾ ਬਾਂਹ ਫੜਨ ਵਾਲਾ ਦਿਸਦਾ ਹੈ। ਪੰਥਕ ਸੰਸਥਾਵਾਂ ਅਤੇ ਸਿਆਸੀ ਪ੍ਰਬੰਧਨ ਵਿੱਚ ਖੋਟ ਹੀ ਖੋਟ ਦਿਸਣ ਲੱਗਾ ਹੈ। ਸਿੱਖ ਪੰਥ ਦੇ ਇਤਿਹਾਸ ਵਿੱਚ ਸ਼ਾਇਦ ਇਹ ਪਹਿਲੀ ਵਾਰ ਹੈ ਜਦੋਂ ਸ੍ਰੀ ਹਰਿਮੰਦਰ ਸਾਹਿਬ ਦੇ ਹੈਡ ਗ੍ਰੰਥੀ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੱਕ ਦੂਜੇ ਨੂੰ ਚੁਣੌਤੀਆਂ ਦੇਣ ਲੱਗੇ ਹਨ। ਇਸ ਤੋਂ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਸਮੇਤ ਦੋ ਹੋਰਾਂ ਤਖ਼ਤਾਂ ਦੇ ਜਥੇਦਾਰਾਂ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਪੇਚਾ ਪਿਆ ਸੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਰਿਮੋਟ ਕੰਟਰੋਲ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਫੜੀ ਬੈਠੇ ਹਨ। ਉਹ ਵਜ੍ਹਾ ਹੈ ਕਿ ਉਹਨਾਂ ਨੂੰ ਵੀ ਬਰਾਬਰ ਦੇ ਹੋ ਕੇ ਘੇਰਿਆ ਜਾ ਰਿਹਾ ਹੈ। ਗੱਲ ਸ਼੍ਰੋਮਣੀ ਅਕਾਲੀ ਦਲ ਦੇ ਦਾਗ਼ੀਆਂ ਅਤੇ ਬਾਗ਼ੀਆਂ ਤੋਂ ਸ਼ੁਰੂ ਹੋਈ।

ਸ੍ਰੀ ਅਕਾਲ ਤਖਤ ਸਾਹਿਬ ਦੀ ਫ਼ਸੀਲ ਤੋਂ ਜਾਰੀ ਹੋਇਆ ਇਤਿਹਾਸਕ ਹੁਕਮਨਾਮਾ ਪੰਥ ਵਿੱਚ ਪੁਆੜੇ ਦੀ ਜੜ੍ਹ ਬਣ ਗਿਆ, ਹਾਲਾਂਕਿ ਇਸੇ ਦੀ ਚਰਚਾ ਵਿਸ਼ਵ ਭਰ ਵਿੱਚ ਹੋਈ ਸੀ। ਸੁਖਬੀਰ ਸਿੰਘ ਬਾਦਲ ਨੇ ਦੋ ਦਸੰਬਰ ਨੂੰ ਪੰਜ ਸਿੰਘ ਸਾਹਿਬਾਨ ਦੀ ਹਾਜ਼ਰੀ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ ਮੂਹਰੇ ਖੜ੍ਹ ਕੇ ਸਾਰੇ ਗੁਨਾਹ ਆਪਣੀ ਝੋਲੀ ਪਵਾਏ ਅਤੇ ਬਾਅਦ ਵਿੱਚ ਤਿੜਕ ਜਾਂਦੇ ਰਹੇ। ਸੁਖਬੀਰ ਨੂੰ ਲਾਈ ਧਾਰਮਿਕ ਅਤੇ ਰਾਜਨੀਤਿਕ ਤਨਖ਼ਾਹ ਤਿੰਨ ਜਥੇਦਾਰਾਂ ਗਿਆਨੀ ਰਘਬੀਰ ਸਿੰਘ, ਗਿਆਨੀ ਹਰਪ੍ਰੀਤ ਸਿੰਘ ਅਤੇ ਗਿਆਨੀ ਸੁਲਤਾਨ ਸਿੰਘ ਨੂੰ ਮਹਿੰਗੀ ਪਈ। ਗਿਆਨੀ ਹਰਪ੍ਰੀਤ ਸਿੰਘ ਦੀ ਕਿਰਦਾਰਕੁਸ਼ੀ ਕਰਕੇ ਅਹੁਦੇ ਤੋਂ ਲਾਂਭੇ ਕੀਤਾ ਗਿਆ ਜਦ ਕਿ ਗਿਆਨੀ ਰਘਬੀਰ ਸਿੰਘ ਅਤੇ ਗਿਆਨੀ ਸੁਲਤਾਨ ਸਿੰਘ ਨੂੰ ਅਹੁਦੇ ਤੋਂ ਅਯੋਗ ਦੱਸ ਕੇ ਹਟਾ ਦਿੱਤਾ ਗਿਆ। ਦਿਲਚਸਪ ਗੱਲ ਇਹ ਹੈ ਕਿ ਇਹਨਾਂ ਤਿੰਨ ਸਿੰਘ ਸਾਹਿਬਾਨਾਂ ਨੇ ਦੋ ਦਸੰਬਰ ਨੂੰ ਸੁਖਬੀਰ ਨੂੰ ਅਯੋਗ ਦੱਸ ਕੇ ਸ਼੍ਰੋਮਣੀ ਅਕਾਲੀ ਦਲ ਦੀ ਨਵੀਂ ਭਰਤੀ ਕਰਕੇ ਚੋਣ ਕਰਵਾਉਣ ਦਾ ਹੁਕਮ ਦਿੱਤਾ ਸੀ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਦੀਆਂ ਸ੍ਰੀ ਹਰਿਮੰਦਰ ਸਾਹਿਬ ਦੇ ਹੈਡ ਗ੍ਰੰਥੀ ਵਜੋਂ ਸੇਵਾਵਾਂ ਬਰਕਰਾਰ ਰਹੀਆਂ। ਹਾਲਾਂਕਿ ਸ੍ਰੀ ਹਰਿਮੰਦਰ ਸਾਹਿਬ ਦੇ ਹੈਡ ਗ੍ਰੰਥੀ ਦੀ ਜ਼ਿੰਮੇਵਾਰੀ ਬਚਾਉਣ ਲਈ ਉਹਨਾਂ ਨੇ ਪੰਜਾਬ ਅਤੇ ਹਰਿਆਣਾ ਹਾਈਕੋਰਟ ਦਾ ਦਰਵਾਜ਼ਾ ਖੜਕਾਇਆ। ਬਾਅਦ ਵਿੱਚ ਉਹਨਾਂ ਨੇ ਇਹ ਪਟੀਸ਼ਨ ਵਾਪਸ ਲੈ ਲਈ ਸੀ। ਗਿਆਨੀ ਹਰਪ੍ਰੀਤ ਸਿੰਘ ਨੂੰ ਪੁਨਰ ਸੁਰਜੀਤ ਅਕਾਲੀ ਦਲ ਦੇ ਪ੍ਰਧਾਨ ਦੀ ਜ਼ਿੰਮੇਵਾਰੀ ਦਿੱਤੀ ਗਈ । ਗਿਆਨੀ ਸੁਲਤਾਨ ਸਿੰਘ ਵੀ ਸ੍ਰੀ ਹਰਿਮੰਦਰ ਸਾਹਿਬ ਦੇ ਹੈਡ ਗ੍ਰੰਥੀ ਦੀ ਸੇਵਾ ਨਿਭਾਉਂਦੇ ਰਹੇ ਪਰ ਬਾਅਦ ਵਿੱਚ ਉਹਨਾਂ ਦੀ ਬਦਲੀ ਮੁਕਤਸਰ ਦੀ ਗੱਲ ਕੀਤੀ ਗਈ।

ਗਿਆਨੀ ਰਘਬੀਰ ਸਿੰਘ ਜਿਹੜੇ ਕਿ ਲਗਾਤਾਰ ਡਾਵਾਂਡੋਲ ਹਾਲਤ ਵਿੱਚ ਚਲਦੇ ਰਹੇ ਸਨ, ਨੇ 18 ਫਰਵਰੀ ਨੂੰ ਇੱਕ ਪ੍ਰੈਸ ਕਾਨਫਰੰਸ ਕਰਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਪੋਤੜੇ ਫਰੋਲ ਦਿੱਤੇ। ਉਹਨਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਚੱਲ ਰਹੇ ਅਥਾਹ ਭ੍ਰਿਸ਼ਟਾਚਾਰ ਦਾ ਪਰਦਾਫਾਸ਼ ਕਰ ਦਿੱਤਾ। ਉਹਨਾਂ ਨੇ ਸੁਖਬੀਰ ਸਿੰਘ ਬਾਦਲ ਉੱਤੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਉਹਨਾਂ ਨੂੰ ਤਰਨ ਤਾਰਨ ਦੀ ਜ਼ਿਮਨੀ ਚੋਣ ਵੇਲੇ ਸ਼੍ਰੋਮਣੀ ਅਕਾਲੀ ਦਲ ਨੂੰ ਵੋਟਾਂ ਪਾਉਣ ਦੀ ਅਪੀਲ ਕਰਨ ਲਈ ਕਿਹਾ ਗਿਆ ਸੀ। ਉਹਨਾਂ ਨੇ ਤਾਂ ਇੱਥੋਂ ਤੱਕ ਕਹਿ ਦਿੱਤਾ ਕਿ ਦੋ ਦਸੰਬਰ ਦੇ ਹੁਕਮਨਾਮੇ ਤੋਂ ਬਾਅਦ ਉਹਨਾਂ ਉੱਤੇ ਇਹ ਦਬਾਅ ਬਣਾਇਆ ਗਿਆ ਕਿ ਉਹ ਜਨਤਕ ਤੌਰ 'ਤੇ ਬਿਆਨ ਦੇਣ ਕਿ ਹੁਕਮਨਾਮਾ ਆਰਐਸਐਸ ਅਤੇ ਭਾਰਤੀ ਜਨਤਾ ਪਾਰਟੀ ਦੇ ਦਬਾਅ ਹੇਠ ਜਾਰੀ ਕੀਤਾ ਗਿਆ ਸੀ। ਉਹਨਾਂ ਨੇ ਇਹ ਦੋਸ਼ ਵੀ ਲਾਇਆ ਕਿ ਗਿਆਨੀ ਸੁਲਤਾਨ ਸਿੰਘ ਦੀ ਮੁਕਤਸਰ ਤੋਂ ਦਰਬਾਰ ਸਾਹਿਬ ਬਦਲੀ ਕਰਾਉਣ ਲਈ ਪੰਜ ਲੱਖ ਰੁਪਏ ਦੀ ਮੰਗ ਕੀਤੀ ਗਈ ਸੀ। ਗਿਆਨੀ ਰਘਬੀਰ ਸਿੰਘ ਵੱਲੋਂ ਹੋਰ ਵੀ ਕਈ ਗੰਭੀਰ ਇਲਜ਼ਾਮ ਲਗਾਏ ਗਏ ਸਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਲੇ ਦਿਨ ਹੋਈ ਅੰਤਰਿੰਗ ਕਮੇਟੀ ਦੀ ਮੀਟਿੰਗ ਵਿੱਚ ਗਿਆਨੀ ਰਘਬੀਰ ਸਿੰਘ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈਡ ਗ੍ਰੰਥੀ ਦੀਆਂ ਸੇਵਾਵਾਂ ਤੋਂ ਲਾਂਭੇ ਕਰਨ ਦੀ ਚਾਲ ਤਾਂ ਸਿਰੇ ਨਾ ਚੜ੍ਹੀ ਪਰ ਉਨ੍ਹਾਂ ਨੂੰ 72 ਘੰਟਿਆਂ ਵਿੱਚ ਲਾਏ ਦੋਸ਼ਾਂ ਦੇ ਸਬੂਤ ਦੇਣ ਜਾਂ ਮੁਆਫ਼ੀ ਮੰਗਣ ਲਈ ਕਹਿ ਦਿੱਤਾ ਗਿਆ। ਗਿਆਨੀ ਹਰਪ੍ਰੀਤ ਸਿੰਘ ਨੂੰ ਵੀ ਕਿਹਾ ਗਿਆ ਕਿ ਉਹ ਗੁਰਦੁਆਰਾ ਸ੍ਰੀ ਅੰਬ ਸਾਹਿਬ ਅਤੇ ਗੁਰਦੁਆਰਾ ਸ੍ਰੀ ਭੱਠਾ ਸਾਹਿਬ ਦੇ ਮੈਨੇਜਰਾਂ ਵੱਲੋਂ ਵੇਚੀ ਜ਼ਮੀਨ ਨੂੰ ਲੈ ਕੇ ਲਾਏ ਦੋਸ਼ ਵਾਪਸ ਲੈਣ ਨਹੀਂ ਤਾਂ ਅਦਾਲਤ ਵਿੱਚ ਹੱਤਕ ਦੇ ਕੇਸ ਦਾ ਸਾਹਮਣਾ ਕਰਨ ਧਮਕੀ ਦਿੱਤੀ ਗਈ। ਗਿਆਨੀ ਹਰਪ੍ਰੀਤ ਸਿੰਘ ਨੇ ਇੱਟ ਦਾ ਜਵਾਬ ਪੱਥਰ ਵਜੋਂ ਦਿੱਤਾ। ਗਿਆਨੀ ਰਘਬੀਰ ਸਿੰਘ ਹੁਣਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨੂੰ 72 ਘੰਟੇ ਦਾ ਨੋਟਿਸ ਜਾਰੀ ਕਰਨ ਦੀ ਥਾਂ ਲਾਏ ਇਲਜ਼ਾਮਾਂ ਦਾ 72 ਘੰਟਿਆਂ ਦੇ ਅੰਦਰ ਅੰਦਰ ਜਵਾਬ ਦੇਣ ਲਈ ਵੰਗਾਰਿਆ। ਦੂਜੇ ਸ਼ਬਦਾਂ ਵਿੱਚ ਚੁਣੌਤੀ ਨੂੰ ਚੁਣੌਤੀ ਦਿੱਤੀ ਗਈ ਹੈ।

ਸੁਖਬੀਰ ਸਿੰਘ ਬਾਦਲ ਸਾਰੇ ਮਾਮਲੇ ਵਿੱਚ ਚੁੱਪ ਹਨ। ਉਹ ਇਸ ਦੁਖਾਂਤ ਤੋਂ ਜਿਵੇਂ ਅਭਿੱਜ ਹੋਣ। ਉਹਨਾਂ ਨੇ ਪੰਜਾਬ 'ਚ ਰੈਲੀਆਂ ਨਾਲ ਧੂਹ ਪਾ ਰੱਖੀ ਹੈ। ਸਿੱਖ ਵਿਦਵਾਨ ਅਨੁਰਾਗ ਸਿੰਘ ਨੇ ਦਮਦਮੀ ਬੀੜਾਂ ਦੇ ਅਲੋਪ ਹੋਣ ਦਾ ਮਾਮਲਾ ਹਾਈ ਕੋਰਟ ਵਿੱਚ ਸੁਣਵਾਈ ਅਧੀਨ ਹੋਣ ਦੀ ਜਾਣਕਾਰੀ ਦੇ ਦਿੱਤੀ ਹੈ। ਤਖ਼ਤ ਸ੍ਰੀ ਪਟਨਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਇੱਕ ਪੱਤਰ ਲਿਖ ਕੇ ਵਿੱਚ ਵਿਚਾਲੇ ਦਾ ਰਾਹ ਲੱਭਣ ਦੀ ਬੇਨਤੀ ਕੀਤੀ ਹੈ। ਗਿਆਨੀ ਗੌਹਰ ਉੱਤੇ ਗੰਭੀਰ ਦੋ ਇਲਜ਼ਾਮਾਂ ਤੋਂ ਬਾਅਦ ਉਹਨਾਂ ਨੂੰ ਸੇਵਾਵਾਂ ਤੋਂ ਪਾਸੇ ਕਰਨ ਦਾ ਮਾਮਲਾ ਗਿਆਨੀ ਗੜਗੱਜ ਨੇ ਹੀ ਵਿੱਚ ਵਿਚਾਲੇ ਪੈ ਕੇ ਨਿਬੇੜਿਆ ਸੀ। ਗਿਆਨੀ ਗੌਹਰ ਨੇ ਆਪਣੇ ਦਿਲ ਦੇ ਦਰਦ ਵਿੱਚੋਂ ਇਹ ਚਿੱਠੀ ਲਿਖੀ ਹੈ ਜਾਂ ਉਹਨਾਂ ਕੋਲੋਂ ਇਹ ਚਿੱਠੀ ਲਿਖਵਾਈ ਗਈ ਹੈ ਇਹ ਤਾਂ ਉਹੀ ਜਾਣਦੇ ਹੋਣਗੇ ਪਰ ਸਮਝਿਆ ਜਾ ਰਿਹਾ ਹੈ ਕਿ ਉਹ ਸ਼੍ਰੋਮਣੀ ਅਕਾਲੀ ਦਲ ਵੱਲੋਂ ਵਿੱਚ ਵਿਚਾਲੇ ਪੈ ਕੇ ਆਪਣਾ ਖਹਿੜਾ ਛੁੱਟਣ ਦਾ ਮੁੱਲ ਤਾਰਨਾ ਚਾਹੁੰਦੇ ਹੋਣਗੇ। ਗਿਆਨੀ ਕੁਲਦੀਪ ਸਿੰਘ ਗੜਗੱਜ ਜਿਹਨਾਂ ਨੂੰ ਅਖਬਾਰਾਂ ਦੀਆਂ ਸੁਰਖੀਆਂ ਬਣਨਾ ਚੰਗਾ ਲੱਗਦਾ ਹੈ, ਉਹ ਹਾਲੇ ਤੱਕ ਇਸ ਮਾਮਲੇ 'ਤੇ ਚੁੱਪ ਹਨ। ਹਾਲਾਤ ਸੰਭਲਦੇ ਨਜ਼ਰ ਨਹੀਂ ਆ ਰਹੇ ਹਨ ਪਰ ਇੱਕ ਦੂਜੇ ਨੂੰ ਦਿੱਤੀਆਂ ਜਾ ਰਹੀਆਂ ਚੁਣੌਤੀਆਂ ਦਾ ਘੌਰੂ ਪੈ ਰਿਹਾ ਹੈ।

ਗਿਆਨੀ ਰਘਬੀਰ ਸਿੰਘ ਲੰਮਾ ਸਮਾਂ ਚੁੱਪ ਹਨ, ਪਿੱਛੋਂ ਇੱਕ ਦਮ ਹਮਲਾਵਰ ਰੌਂਅ ਵਿੱਚ ਕਿਵੇਂ ਆ ਗਏ, ਇਹ ਵੀ ਆਪਣੇ ਆਪ ਵਿੱਚ ਇੱਕ ਵੱਡਾ ਅਚੰਭਾ ਹੈ। ਹੋ ਸਕਦਾ ਹੈ ਕਿ ਉਹਨਾਂ ਦੇ ਪਿੱਛੇ ਕੋਈ ਵੱਡੀ ਤਾਕਤ ਆ ਖੜ੍ਹੀ ਹੋਵੇ। ਇਹ ਤਾਕਤ ਸ਼੍ਰੋਮਣੀ ਅਕਾਲੀ ਦਲ ਦੇ ਅੰਦਰੋਂ ਵੀ ਹੋ ਸਕਦੀ ਹੈ। ਸਿਆਸਤ ਵਿੱਚ ਕਦੇ ਕੋਈ ਕਿਸੇ ਦਾ ਸੱਕਾ ਨਹੀਂ ਹੁੰਦਾ। ਰਾਜਨੀਤੀ ਵਿੱਚ ਤਾਂ ਮਾਵਾਂ ਪੁੱਤ ਨਹੀਂ ਸੰਭਾਲਦੀਆਂ। ਸਿਆਸਤ ਵਿੱਚ ਜੋ ਬਾਹਰੋਂ ਦਿਸਦਾ ਹੈ ਅੰਦਰ ਉਹੋ ਨਹੀਂ ਹੁੰਦਾ। ਮੁਲਕ ਦੀ ਸਿਆਸਤ ਬੜੀ ਬੇਰਹਿਮ ਹੋ ਗਈ ਹੈ। ਰਾਜਨੀਤਿਕ ਲੀਡਰ ਨਿਰਦਈ ਹੋ ਗਏ ਹਨ। ਆਮ ਆਦਮੀ ਨਪੀੜਿਆ ਜਾਣ ਲੱਗਾ ਹੈ। ਪੰਥਕ ਸਿਆਸਤ ਦੀ ਦੀ ਹਾਲਤ ਵੀ ਇਸ ਤੋਂ ਵੱਖਰੀ ਨਹੀਂ ਹੈ। ਅੱਲਾ ਖ਼ੈਰ ਕਰੇ।

ਗੁਰਮੀਤ ਸਿੰਘ ਪਲਾਹੀ
9815802070

ਦੱਖਣ, ਪੂਰਬੀ ਰਾਜਾਂ ਵਿੱਚ ਚੋਣਾਂ ਦਾ ਘਮਸਾਣ

ਭਾਰਤ ਦੇ ਪੂਰਬੀ ਹਿੱਸੇ ਦੇ ਮਹੱਤਵਪੂਰਨ ਸੂਬੇ ਪੱਛਮੀ ਬੰਗਾਲ ਵਿੱਚ ਸਿਆਸੀ ਧਿਰ ਤ੍ਰਿਮੂਲ ਕਾਂਗਰਸ ਦੀ ਤਿੰਨ ਵਾਰ ਚੁਣੀ ਗਈ ਮੁੱਖ ਮੰਤਰੀ ਚੋਣ ਮੋਰਚੇ 'ਤੇ ਅਡਿੱਗ ਖੜੀ ਦਿਖਾਈ ਦੇ ਰਹੀ ਹੈ, ਜਦਕਿ ਦੇਸ਼ ਦੇ ਦੱਖਣੀ ਸੂਬੇ ਤਾਮਿਲਨਾਡੂ 'ਚ ਡੀ.ਐੱਮ.ਕੇ. ਅਤੇ ਅੰਨਾ ਡੀ.ਐੱਮ.ਕੇ. ਵਿਚਕਾਰ ਸਖ਼ਤ ਟੱਕਰ ਹੈ। ਭਾਜਪਾ ਬੰਗਾਲ ਵਿੱਚ ਕਿਸੇ ਮਜ਼ਬੂਤ ਚਿਹਰੇ ਦੀ ਤਲਾਸ਼ ਵਿੱਚ ਹੈ।

ਬੰਗਾਲ ਦੀ ਸਿਆਸੀ ਹਵਾ ਵਿੱਚ ਮਹਿਲਾ, ਮੁਸਲਿਮ, ਮਸਜਿਦ, ਮੰਦਰ, ਮਟਨ, ਮੱਛਲੀ, ਮਨੀ ਪਾਵਰ, ਮਸਲ ਪਾਵਰ, ਮਮਤਾ ਅਤੇ ਮੋਦੀ ਹਾਵੀ ਹਨ। ਤ੍ਰਿਮੂਲ ਕਾਂਗਰਸ ਦੀ ਕੋਸ਼ਿਸ਼ ਚੋਣਾਂ ਵਿੱਚ ਦੀਦੀ ਬਨਾਮ ਮੋਦੀ ਬਣਾਉਣ ਦੀ ਹੈ, ਜਦਕਿ ਮੁੱਖ ਮੁਕਾਬਲੇ ਵਿੱਚ ਖੜ੍ਹੀ ਭਾਜਪਾ ਚੋਣਾਂ, ਹਿੰਦੂ-ਮੁਸਲਿਮ ਘੁਸਪੈਠ ਅਤੇ ਭ੍ਰਿਸ਼ਟਾਚਾਰ ਦੇ ਮੁੱਦੇ 'ਤੇ ਲੜਨ ਦੀ ਚਾਹਵਾਨ ਹੈ।

ਦੱਖਣ ਦੇ ਮਹੱਤਵਪੂਰਨ ਸੂਬੇ ਤਾਮਿਲਨਾਡੂ 'ਚ ਪਿਛਲੇ ਪੰਜ ਦਹਾਕਿਆਂ ਤੋਂ ਕੋਈ ਵੀ ਰਾਸ਼ਟਰ ਪਾਰਟੀ ਸੂਬਾ ਸਰਕਾਰ ਨਾ ਬਣਾ ਸਕੀ ਅਤੇ ਨਾ ਹੀ ਕਿਸੇ ਗਠਬੰਧਨ ਦੇ ਬਾਵਜੂਦ ਸੱਤਾ 'ਚ ਸ਼ਾਮਲ ਹੋ ਸਕੀ ਹੈ। ਡੀ.ਐੱਮ.ਕੇ. ਅਤੇ ਅੰਨਾ ਡੀ.ਐੱਮ.ਕੇ. 'ਚ ਸੂਬੇ ਦੀ ਸੱਤਾ ਲਈ ਲੜਾਈ ਹੁੰਦੀ ਰਹੀ ਹੈ।

ਮਈ 2026 ਵਿੱਚ ਦੱਖਣੀ ਸੂਬਿਆਂ ਕੇਰਲਾ ਅਤੇ ਤਾਮਿਲਨਾਡੂ 'ਚ ਵਿਧਾਨ ਸਭਾ ਚੋਣ ਹੈ। ਕੇਰਲ ਵਿੱਚ ਖੱਬੀ ਲੋਕਤੰਤਰਿਕ ਧਿਰ ਅਤੇ ਤਾਮਿਲਨਾਡੂ 'ਚ ਡੀ.ਐੱਮ.ਕੇ, ਦਾ ਰਾਜ-ਭਾਗ ਹੈ। ਪੂਰਬੀ ਸੂਬੇ ਬੰਗਾਲ ਵਿੱਚ ਚੋਣਾਂ ਮਈ 'ਚ ਤਹਿ ਹਨ। ਉੱਤਰੀ ਪੂਰਬੀ ਸੂਬੇ ਅਸਾਮ ਅਤੇ ਪਾਂਡੀਚੇਰੀ 'ਚ ਵਿਧਾਨ ਸਭਾ ਚੋਣਾਂ ਮਈ 2026 'ਚ ਨਿਰਧਾਰਤ ਹਨ। ਅਸਾਮ 'ਚ ਭਾਜਪਾ ਅਤੇ ਪਾਂਡੀਚੇਰੀ 'ਚ ਆਲ ਇੰਡੀਆ ਐਨ.ਆਰ. ਕਾਂਗਰਸ ਅਤ ਭਾਜਪਾ ਭਾਈਵਾਲੀ ਨਾਲ ਰਾਜ ਕਰ ਰਹੇ ਹਨ।

ਭਾਰਤੀ ਚੋਣ ਕਮਿਸ਼ਨ ਵੱਲੋਂ ਐੱਸ.ਆਈ.ਆਰ. ਕਾਰਨ ਸਿਆਸੀ ਪਾਰਾ ਵਧਦਾ ਰਿਹਾ । ਸੂਬੇ ਦਾ ਪੱਖ ਪੇਸ਼ ਕਰਨ ਲਈ ਮੁੱਖ ਮੰਤਰੀ ਮਮਤਾ ਬੈਨਰਜੀ ਦੇਸ਼ ਦੀ ਸਰਵਉੱਚ ਅਦਾਲਤ ਸੁਪਰੀਮ ਕੋਰਟ ਵਿੱਚ ਨਿੱਜੀ ਤੌਰ 'ਤੇ ਪੇਸ਼ ਹੋਈ, ਕਿਉਂਕਿ ਭਾਜਪਾ ਵੱਲੋਂ ਤ੍ਰਿਮੂਲ ਕਾਂਗਰਸ ਨੂੰ ਪ੍ਰੇਸ਼ਾਨ ਕਰਨ ਲਈ ਅਤੇ ਰਾਜ ਸ਼ਕਤੀ ਪ੍ਰਾਪਤ ਕਰਨ ਲਈ ਪੂਰਾ ਤਾਣ ਲਗਾਇਆ ਜਾ ਰਿਹਾ ਹੈ। ਇਸ ਵੇਲੇ ਟੱਕਰ ਵੀ ਤ੍ਰਿਮੂਲ ਕਾਂਗਰਸ ਅਤੇ ਭਾਜਪਾ ਵਿਚਕਾਰ ਹੈ। ਕਦੇ ਇਹ ਟੱਕਰ ਕਾਂਗਰਸ ਅਤੇ ਖੱਬੀਆਂ ਧਿਰਾਂ ਦਰਮਿਆਨ ਹੋਇਆ ਕਰਦੀ ਸੀ। ਖੱਬੀਆਂ ਧਿਰਾਂ ਨੇ ਬੰਗਾਲ 'ਚ 34 ਸਾਲ ਰਾਜ ਕੀਤਾ । ਖੱਬੀ ਧਿਰ ਦਾ ਰਾਜ ਖ਼ਤਮ ਕਰਕੇ ਮਮਤਾ ਬੈਨਰਜੀ ਡੇਢ ਦਹਾਕੇ ਤੋਂ ਸੱਤਾ 'ਚ ਹੈ। ਕੁੱਲ ਮਿਲਾਕੇ 294 ਸੀਟਾਂ ਵਿੱਚੋਂ 213 ਸੀਟਾਂ 'ਤੇ ਕਾਬਜ਼ ਹੈ।

ਸਾਲ 2021 ਵਿਧਾਨ ਸਭਾ ਚੋਣ ਸਮੇਂ ਟੀ.ਐੱਮ.ਸੀ. ਨੇ 48.5 ਫ਼ੀਸਦੀ ਵੋਟ ਲਈ ਅਤੇ ਭਾਜਪਾ ਨੇ 38.5 ਫ਼ੀਸਦੀ ਵੋਟ ਪ੍ਰਾਪਤ ਕਰਕੇ 77 ਸੀਟਾਂ ਜਿੱਤੀਆਂ, ਕਾਂਗਰਸ ਅਤੇ ਖੱਬੀ ਧਿਰ ਨੂੰ ਕੋਈ ਵੀ ਸੀਟ ਨਾ ਮਿਲੀ। ਕਾਂਗਰਸ ਨੂੰ ਤਿੰਨ ਫ਼ੀਸਦੀ ਅਤੇ ਖੱਬੀ ਧਿਰ ਨੂੰ 2.7 ਫ਼ੀਸਦੀ ਵੋਟ ਮਿਲੇ ਸਨ।

ਮਮਤਾ ਬੈਨਰਜੀ ਸਰਕਾਰ ਦੇ ਸਾਹਮਣੇ ਇਸ ਵੇਲੇ ਵੱਡੀਆਂ ਚੁਣੌਤੀਆਂ ਹਨ । ਉਸਦੇ ਕਈ ਮੰਤਰੀ ਭ੍ਰਿਸ਼ਟਾਚਾਰ, ਭਰਤੀ ਘੁਟਾਲੇ ਕਾਰਨ ਵੱਡੀ ਚਰਚਾ 'ਚ ਹੈ। ਪਰ ਐੱਸ.ਆਈ.ਆਰ. ਦੇ ਮੁੱਦੇ 'ਤੇ ਤ੍ਰਿਮੂਲ ਕਾਂਗਰਸ ਦੇ ਵਰਕਰ ਪਿੰਡਾਂ, ਸ਼ਹਿਰਾਂ 'ਚ ਪੂਰੀ ਤਰ੍ਹਾਂ ਸਰਗਰਮ ਹਨ। ਉੱਧਰ ਭਾਜਪਾ ਵਰਕਰ ਪੂਰੀ ਤੇਜ਼ੀ ਨਾਲ ਹੁਣੇ ਤੋਂ ਹੀ ਵੋਟਰਾਂ ਕੋਲ ਘਰ-ਘਰ ਜਾ ਕੇ ਪ੍ਰਚਾਰ ਆਰੰਭ ਕਰ ਚੁੱਕੇ ਹਨ। ਭਾਵੇਂ ਤ੍ਰਿਮੂਲ ਕਾਂਗਰਸ ਅਤੇ ਭਾਜਪਾ ਸਿੱਧੀ ਟੱਕਰ ਵਿੱਚ ਹਨ, ਪਰ ਲੋਕ ਸਭਾ ਚੋਣਾਂ ਵੇਲੇ ਕਾਂਗਰਸ ਨੂੰ ਐੱਮ.ਪੀ. ਦੀ ਇੱਕ ਸੀਟ ਮਿਲੀ ਸੀ ਅਤੇ ਪੂਰੇ ਰਾਜ ਵਿੱਚ ਉਸ ਦੀ ਵੋਟ ਪ੍ਰਤੀਸ਼ਤ 15.7 ਹੋ ਗਈ। ਜਦ ਕਿ ਟੀ.ਐੱਮ.ਸੀ. 46.2 ਫ਼ੀਸਦੀ ਅਤੇ ਭਾਜਪਾ 39.1 ਫ਼ੀਸਦੀ ਵੋਟ ਪ੍ਰਾਪਤ ਕਰ ਸਕੀ। ਟੀ.ਐੱਮ.ਸੀ. ਨੇ 29 ਲੋਕ ਸਭਾ ਸੀਟਾਂ, ਭਾਜਪਾ ਨੇ 12 ਸੀਟਾਂ ਅਤੇ ਕਾਂਗਰਸ ਨੇ ਇੱਕ ਸੀਟ ਜਿੱਤੀ। ਲੋਕ ਸਭਾ ਦੀਆਂ ਬੰਗਾਲ 'ਚ ਕੁੱਲ 42 ਸੀਟਾਂ ਹਨ।

ਦੂਜੇ ਪਾਸੇ ਦੱਖਣੀ ਰਾਜ ਤਾਮਿਲਨਾਡੂ 'ਚ ਡੀ.ਐੱਮ.ਕੇ. ਅਤੇ ਅੰਨਾ ਡੀ.ਐੱਮ.ਕੇ. ਦੇ ਦਰਮਿਆਨ ਜਦੋਂ 2021 'ਚ ਵਿਧਾਨ ਸਭਾ ਚੋਣ ਯੁੱਧ ਹੋਇਆ ਤਾਂ ਡੀ.ਐੱਮ.ਕੇ. 133, ਅੰਨਾ ਡੀ.ਐੱਮ.ਕੇ. 66 ਸੀਟਾਂ ਲਿਜਾ ਸਕੀ। ਡੀ.ਐੱਮ.ਕੇ. ਨੇ 37.70 ਫ਼ੀਸਦੀ ਅਤੇ ਅੰਨਾ ਡੀ.ਐੱਮ.ਕੇ. ਨੇ 33.23 ਫ਼ੀਸਦੀ ਵੋਟ ਪ੍ਰਾਪਤ ਕੀਤੇ ਜਦ ਕਿ ਕਾਂਗਰਸ 18 ਸੀਟਾਂ ਲੈ ਕੇ 4.27 ਫ਼ੀਸਦੀ, ਭਾਜਪਾ 04 ਸੀਟਾਂ ਲੈ ਕੇ 2.62 ਫ਼ੀਸਦੀ ਵੋਟ ਲਿਜਾ ਸਕੀ ਸੀ। ਲੋਕ ਸਭਾ ਦੀਆਂ 39 ਸੀਟਾਂ ਵਿੱਚ 22 ਡੀ.ਐੱਮ.ਕੇ., ਕਾਂਗਰਸ 09, ਸੀ.ਪੀ.ਐੱਮ. 02 ਅਤੇ ਹੋਰ 06 ਸੀਟਾਂ ਪ੍ਰਾਪਤ ਕਰ ਸਕੇ ਪਰ ਅੰਨਾ ਡੀ.ਐੱਮ.ਕੇ. 20.7 ਫ਼ੀਸਦੀ ਵੋਟ ਬੈਂਕ ਲੈ ਕੇ ਵੀ ਕੋਈ ਸੀਟ ਨਾ ਜਿੱਤ ਸਕੀ। ਵਿਧਾਨ ਸਭਾ ਚੋਣਾਂ 'ਚ ਏ.ਆਈ.ਡੀ.ਐੱਮ.ਕੇ. ਅਤੇ ਭਾਜਪਾ ਇਕੱਠਿਆਂ ਚੋਣ ਲੜੇਗੀ। ਜਦ ਕਿ ਡੀ.ਐੱਮ.ਕੇ. ਅਤੇ ਕਾਂਗਰਸ ਦਾ ਗੱਠਜੋੜ ਸੀਟਾਂ ਦੀ ਆਪਸੀ ਵੰਡ ਨਾਲ ਚੋਣ ਲੜੇਗਾ। ਸੂਬੇ ਵਿੱਚ ਅੰਨਾ ਡੀ.ਐੱਮ.ਕੇ. ਤੇ ਭਾਜਪਾ ਭ੍ਰਿਸ਼ਟਾਚਾਰ, ਰੁਜ਼ਗਾਰ, ਪਰਿਵਾਰਵਾਦ ਦੋਸ਼ ਲਗਾ ਰਹੇ ਹਨ ਜਦ ਕਿ ਸੱਤਾ ਧਿਰ ਡੀ.ਐੱਮ.ਕੇ. ਆਪਣੀ ਲੋਕ-ਹਿਤੈਸ਼ੀ ਸਕੀਮ ਅਤੇ ਕੇਂਦਰ ਵੱਲੋਂ ਸੂਬੇ ਵਿੱਚ ਹਿੰਦੀ ਨੂੰ ਜ਼ਬਰੀ ਥੋਪਣ, ਐੱਸ.ਆਈ.ਆਰ. ਅਤੇ ਸੂਬੇ ਨਾਲ ਲਗਾਤਾਰ ਵਿਤਕਰਿਆਂ ਨੂੰ ਚੋਣ ਮੁੱਦਾ ਬਣਾ ਰਹੀ ਹੈ।

ਤਾਮਿਲਨਾਡੂ ਉਹ ਰਾਜ ਹੈ, ਜਿੱਥੇ ਫਿਲਮੀ ਅਦਾਕਾਰਾ ਜੈ ਲਲਿਤਾ ਨੇ ਲੰਮਾ ਸਮਾਂ ਰਾਜ ਕੀਤਾ। ਤਾਮਿਲਨਾਡੂ 'ਚ ਇਸ ਵਾਰ ਇੱਕ ਤੀਜੀ ਧਿਰ ਦੋ ਸਾਲ ਪੁਰਾਣੀ ਟੀ.ਵੀ.ਕੇ. ਅਦਾਕਾਰ ਥਲਾਪਤੀ ਵਿਜੈ ਦੀ ਅਗਵਾਈ 'ਚ ਚੋਣ ਚੁਣੌਤੀ ਪੇਸ਼ ਕਰ ਰਹੀ ਹੈ, ਜਿਸ ਨਾਲ ਤਿਕੋਣਾ ਮੁਕਾਬਲਾ ਹੋਣ ਦੀਆਂ ਸੰਭਾਵਨਾਵਾਂ ਬਣੀਆਂ ਹੋਈਆਂ ਹਨ। ਭਾਵੇਂ ਕਿ ਰਜਨੀਕਾਂਤ ਅਤੇ ਕਮਲ ਹਸਨ ਦੀਆਂ ਕੋਸ਼ਿਸ਼ਾਂ ਸਫ਼ਲ ਨਹੀਂ ਹੋਈਆਂ, ਪਰ ਅਦਾਕਾਰ ਥਲਾਪਤੀ ਵਿਜੈ ਦੀ ਵੱਡੀ ਚਰਚਾ ਅਤੇ ਲੋਕ ਪ੍ਰਿਯਤਾ ਹੈ।

ਤਾਮਿਲਨਾਡੂ 'ਚ ਕਰੂਰ ਰੈਲੀ 'ਚ 41 ਲੋਕਾਂ ਦੀ ਥਲਾਪਤੀ ਵਿਜੈ ਦੀ ਬਹਿਤ ਵੱਡੀ ਰੈਲੀ 'ਚ ਭਗਦੜ ਕਾਰਨ ਮੌਤ ਹੋ ਗਈ, ਪਰ ਲੋਕ ਇਸ ਹਾਦਸੇ 'ਚ ਡੀ.ਐੱਮ.ਕੇ. ਸਰਕਾਰ ਦੀ ਗੈਰ-ਜ਼ਿੰਮੇਵਾਰੀ ਮੰਨ ਰਹੇ ਹਨ। ਉਂਵ ਦੱਖਣੀ ਤਾਮਿਲਨਾਡੂ ਅਤੇ ਨੌਜਵਾਨਾਂ 'ਚ ਟੀ.ਵੀ.ਕੇ. ਦਾ ਪ੍ਰਭਾਵ ਹੈ ਅਤੇ ਉਸ ਵੱਲੋਂ 15 ਫ਼ੀਸਦੀ ਵੋਟਾਂ ਲੈ ਜਾਣ ਦੀ ਸੰਭਾਵਨਾ ਹੈ।

ਦੱਖਣੀ ਰਾਜ ਕੇਰਲਾ 'ਚ ਰਾਜ-ਭਾਗ ਸੀ.ਪੀ.ਐੱਮ. ਅਤੇ ਖੱਬੇ ਫਰੰਟ ਦੇ ਕੋਲ ਹੈ। 2021 'ਚ 140 ਵਿੱਚ 99 ਸੀਟਾਂ ਇਸ ਫਰੰਟ ਨੇ ਜਿੱਤੀਆਂ। 2024 ਦੀਆਂ ਲੋਕ ਸਭਾ ਚੋਣਾਂ 'ਚ ਇੰਡੀਆ ਫਰੰਟ, ਜਿਸ ਵਿੱਚ ਕਾਂਗਰਸ ਤੇ ਖੱਬੀਆਂ ਧਿਰਾਂ ਸ਼ਾਮਲ ਸਨ। ਕੁੱਲ 20 ਲੋਕ ਸਭਾ ਸੀਟਾਂ ਵਿੱਚੋਂ 19 ਸੀਟਾਂ ਜਿੱਤੀਆਂ ਅਤੇ ਐਨ.ਡੀ.ਏ. ਨੇ ਸਿਰਫ਼ ਇੱਕ। ਕਾਂਗਰਸ ਨੇ 14, ਸੀ.ਪੀ.ਐੱਮ. ਇੱਕ ਤੇ ਹੋਰ ਭਾਈਵਾਲ ਚਾਰ ਸੀਟਾਂ ਜਿੱਤੇ ਜਦ ਕਿ ਭਾਜਪਾ ਇੱਕ ਸੀਟ ਹੀ ਲੈ ਜਾ ਸਕੀ।

ਕੇਰਲ 'ਚ ਮੁਕਾਬਲਾ ਖੱਬੀਆਂ ਧਿਰਾਂ ਫਰੰਟ, ਜਿਸ ਵਿੱਚ ਸੀ.ਪੀ.ਐੱਮ., ਸੀ.ਪੀ.ਆਈ., ਕੇਰਲਾ ਕਾਂਗਰਸ ਦਰਮਿਆਨ ਅਤੇ ਯੂਨਾਈਟਿਡ ਡੈਮੋਕਰੇਟਿਕ ਫਰੰਟ ਦਰਮਿਆਨ ਹੈ, ਜਿਸ ਵਿੱਚ ਕਾਂਗਰਸ, ਆਰ.ਐੱਸ.ਪੀ., ਇੰਡੀਅਨ ਯੂਨੀਅਨ ਮੁਸਲਿਮ ਦਰਮਿਆਨ ਹੈ। ਜਦ ਕਿ ਐੱਨ.ਡੀ.ਏ. ਜਿਸ ਵਿੱਚ ਭਾਰਤੀ ਜਨਤਾ ਪਾਰਟੀ ਸ਼ਾਮਲ ਹੈ, ਵੀ ਇੱਕ ਧਿਰ ਹੈ। ਚੋਣਾਂ 'ਚ ਬੇਰਜ਼ੁਗਾਰੀ, ਭ੍ਰਿਸ਼ਟਾਚਾਰ ਘੱਟ ਗਿਣਤੀਆਂ ਦੇ ਹਿੱਤ ਮੁੱਖ ਮੁੱਦੇ ਹਨ। ਇਸ ਸੂਬੇ 'ਚ ਭਾਜਪਾ ਦਾ ਖ਼ਾਸ ਅਧਾਰ ਵੇਖਣ ਨੂੰ ਨਹੀਂ ਮਿਲਦਾ।

ਅਸਾਮ 'ਚ ਭਾਜਪਾ ਅਤੇ ਏ.ਐੱਸ.ਓ.ਐੱਮ. ਵਿਚਕਾਰ ਟੱਕਰ ਰਹਿੰਦੀ ਹੈ। ਇਸ ਸਮੇਂ ਰਾਜ ਭਾਜਪਾ ਦਾ ਹੈ। ਪਾਂਡੀਚੇਰੀ ਵਿੱਚ ਐੱਨ.ਡੀ.ਏ. ਜਿਸ ਵਿੱਚ ਭਾਜਪਾ ਅਤੇ ਏ.ਆਈ.ਐੱਨ.ਆਰ.ਸੀ. ਸ਼ਾਮਲ ਹਨ ਅਤੇ ਐੱਸ.ਪੀ.ਏ., ਜਿਸ ਵਿੱਚ ਡੀ.ਐੱਮ.ਕੇ. ਅਤੇ ਕਾਂਗਰਸ ਸ਼ਾਮਲ ਹਨ, ਵਿੱਚ ਮੁਕਾਬਲਾ ਹੋਏਗਾ। ਭਾਵੇਂ ਕਿ ਨਵੀਂ ਪਾਰਟੀ ਟੀ.ਵੀ.ਕੇ. ਪਾਰਟੀ ਦਾ ਐਕਟਰ ਵਿਜੈ ਦੋਹਾਂ ਫਰੰਟਾਂ ਦੇ ਵਿਚਕਾਰ ਆਪਣੀ ਭੂਮਿਕਾ ਨਿਭਾਉਣ ਲਈ ਤਿਆਰ ਹੈ।

ਇਹਨਾਂ ਪੰਜਾਂ ਰਾਜਾਂ ਵਿੱਚ ਕੇਰਲਾ ਨੂੰ ਛੱਡ ਕੇ ਭਾਜਪਾ ਆਪਣੀ ਵਿਸ਼ੇਸ਼ ਭੂਮਿਕਾ 'ਚ ਹੈ। ਭਾਜਪਾ ਉੱਤੇ ਦੋਸ਼ ਲੱਗ ਰਹੇ ਹਨ ਕਿ ਉਹ ਭਾਰਤੀ ਚੋਣ ਕਮਿਸ਼ਨ ਨੂੰ ਆਪਣੇ ਹਿੱਤ ਵਿੱਚ ਵਰਤ ਕੇ ਕਿਸੇ ਵੀ ਹੀਲੇ ਖ਼ਾਸ ਕਰਕੇ ਪੱਛਮੀ ਬੰਗਾਲ ਦੀ ਨੇਤਾ ਮਮਤਾ ਬੈਨਰਜੀ ਨੂੰ ਹਰਾਉਣਾ ਚਾਹੁੰਦਾ ਹੈ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਬੰਗਾਲ ਦੌਰਿਆਂ ਦਰਮਿਆਨ ਚੋਣ ਮਾਹੌਲ ਭੱਖਵਾਂ ਦਿਖਦਾ ਹੈ।

ਚੋਣਾਂ ਜਿੱਤਣ ਲਈ ਹਰ ਸੱਤਾਧਾਰੀ ਧਿਰ, ਹਰ ਹਰਵਾ ਵਰਤ ਰਹੀ ਹੈ। ਵਿਰੋਧੀ ਧਿਰਾਂ ਸੁਤੰਤਰ ਤੇ ਨਿਰਪੱਖ ਚੋਣਾਂ ਦੀ ਮੰਗ ਕਰ ਰਹੀਆਂ ਹਨ, ਜਿਸਦਾ ਖ਼ਦਸ਼ਾ ਲਗਾਤਾਰ ਬਣਿਆ ਦਿਖਾਈ ਦਿੰਦਾ ਹੈ। ਪਿਛਲੇ ਦਿਨਾਂ 'ਚ ਬਿਹਾਰ 'ਚ ਸੱਤਾ ਧਿਰ ਨੇ ਕਿਵੇਂ ਵਿਟਰਾਂ ਲਈ ਕੈਸ਼ ਟਰਾਂਸਫ਼ਰ ਕੀਤਾ ਅਤੇ ਭਾਰਤੀ ਚੋਣ ਕਮਿਸ਼ਨ ਵੱਲੋਂ ਇਸ "ਭ੍ਰਿਸ਼ਟਾਚਾਰ" ਨੂੰ ਨਜ਼ਰ ਅੰਦਾਜ਼ ਕੀਤਾ ਗਿਆ। ਹੈਰਾਨੀ ਦੀ ਗੱਲ ਤਾਂ ਇਹ ਵੀ ਰਹੀ ਕਿ ਜਦੋਂ ਪ੍ਰਸ਼ਾਂਤ ਕਿਸ਼ੋਰ ਦੀ ਜਨ ਪਾਰਟੀ (ਜੇ.ਐੱਸ.ਪੀ.) ਵੱਲੋਂ ਸੁਪਰੀਮ ਕੋਰਟ 'ਚ ਇਸ ਸਬੰਧੀ ਪਟੀਸ਼ਨ ਦਾਇਰ ਕੀਤੀ ਗਈ ਤਾਂ ਇਸ ਮਾਮਲੇ ਨੂੰ ਸੁਪਰੀਮ ਕੋਰਟ ਵੱਲੋਂ ਵੀ ਅਣਦੇਖਿਆ ਕੀਤਾ ਗਿਆ। ਕੇ.ਐੱਸ.ਪੀ. ਨੇ ਇਕ ਪਟੀਸ਼ਨ ਦਾਇਰ ਕੀਤੀ ਸੀ। ਉਸ ਵਿੱਚ ਦੋਸ਼ ਲਗਾਇਆ ਗਿਆ ਸੀ ਕਿ "ਮੁੱਖ ਮੰਤਰੀ ਨੇ ਮਹਿਲਾ ਰੁਜ਼ਗਾਰ ਯੋਜਨਾ" ਤਹਿਤ ਮਹਿਲਾ ਲਾਭਪਾਤਰੀਆਂ ਨੂੰ 10,000 ਰੁਪਏ ਟਰਾਂਸਫ਼ਰ ਕਰਕੇ ਆਦਰਸ਼ ਚੋਣ ਜਾਬਤਾ ਦੀ ਉਲੰਘਣਾ ਕੀਤੀ ਹੈ, ਜਿਸਦੀ ਸ਼ੁਰੂਆਤ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਆਰਾ ਵਰਚੁਅਲੀ ਕੀਤੀ ਗਈ। ਕੀ ਇਸ ਕਿਸਮ ਦਾ "ਮਨੀ ਟਰਾਂਸਫ਼ਰ" ਪਾਂਡੀਚੇਰੀ ਅਤੇ ਅਸਾਮ ਵਿੱਚ ਨਹੀਂ ਹੋਏਗਾ, ਜਿੱਥੇ ਭਾਜਪਾ ਸਰਕਾਰ ਹੈ?

ਭਾਵੇਂ ਕਿ ਪਿਛਲੇ ਦਿਨੀਂ ਸੁਪਰੀਮ ਕੋਰਟ ਨੇ ਵੋਟਾਂ ਪ੍ਰਾਪਤ ਕਰਨ ਲਈ ਮੁਫ਼ਤ ਰਿਉੜੀਆਂ ਵੰਡਣ ਉੱਤੇ ਨਾ ਖ਼ੁਸ਼ੀ ਪ੍ਰਗਟ ਕੀਤੀ ਹੈ, ਪਰ ਇਹ ਚਲਨ ਦੇਸ਼ ਵਿੱਚ ਲਗਾਤਾਰ ਜਾਰੀ ਹੈ। ਉਸ ਤੋਂ ਉੱਪਰ ਭਾਰਤੀ ਚੋਣ ਕਮਿਸ਼ਨ ਦੀ ਐੱਸ.ਆਈ.ਆਰ. ਨੇ ਭਾਰਤੀ ਵੋਟਰਾਂ ਲਈ ਖ਼ਦਸ਼ੇ ਪ੍ਰਗਟ ਕੀਤੇ ਹਨ। ਕਾਬਜ਼ ਸਰਕਾਰੀ ਧਿਰਾਂ ਵੱਲੋਂ ਬੇਵਜ੍ਹਾ ਵੋਟਾਂ ਵੋਟਰ ਸੂਚੀਆਂ ਵਿੱਚੋਂ ਕੱਟੀਆਂ ਗਈਆਂ ਹਨ, ਜਿਸ ਨਾਲ ਲੋਕਾਂ ਵਿੱਚ ਲੋਕਤੰਤਰੀ ਵੋਟ ਪ੍ਰਕਿਰਿਆ ਸੁਖਾਵੀਂ ਬਣਾਈ ਰੱਖਣ ਲਈ ਰੁਕਾਵਟ ਪੈਦਾ ਹੋਈ ਹੈ।

ਜਿਵੇਂ ਦੇਸ਼ ਦੀ ਮੁੱਖ ਹਾਕਮ ਧਿਰ ਵੱਲੋਂ ਸੁਤੰਤਰ ਤੇ ਨਿਰਪੱਖ ਚੋਣਾਂ ਦੀ ਯੋਜਨਾਬੱਧ ਉਲੰਘਣਾ, ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਕਰਕੇ ਕੀਤੀ ਜਾ ਰਹੀ ਹੈ ਅਤੇ ਜਿਵੇਂ ਵੋਟਰਾਂ ਨੂੰ ਵਿਆਪਕ ਪ੍ਰੇਰਨਾ ਜਾਂ ਰਿਸ਼ਵਤਖੋਰੀ ਨਾਲ ਪ੍ਰਭਾਵਤ ਕੀਤੇ ਜਾਣ ਦੇ ਅਮਲ ਜਾਰੀ ਹਨ, ਉਹ ਭਾਰਤ ਦੇ ਸੰਵਿਧਾਨ ਦੇ ਮੂਲ ਢਾਂਚੇ ਲਈ ਸਿੱਧਾ ਖ਼ੋਰਾ ਹਨ।

ਦੱਖਣ, ਪੂਰਬੀ ਰਾਜਾਂ ਦੇ ਸੂਝਵਾਨ ਵੋਟਰ ਆਪਣੇ ਵਿਵੇਕ ਅਤੇ ਬੁੱਧੀ ਨਾਲ ਕੀ ਉਹਨਾਂ ਸਾਰੇ ਗ਼ਲਤ ਅਮਲਾਂ ਨੂੰ ਪਿਛਾੜ ਦੇਣਗੇ, ਜਿਸ ਦਾ ਹਮਲਾ ਉਹ ਆਉਣ ਵਾਲੇ ਦਿਨਾਂ 'ਚ ਆਪਣੇ 'ਤੇ ਝੱਲਣਗੇ? ਸਾਮ,ਦਾਮ,ਦੰਡ ਅਤੇ ਧੂੰਆਂਧਾਰ ਫ਼ਿਰਕੂ ਪ੍ਰਚਾਰ ਉਹਨਾਂ ਦੇ ਇਰਾਦਿਆਂ ਨੂੰ ਕੀ ਦ੍ਰਿੜ ਰੱਖ ਸਕੇਗਾ ਜਾਂ ਫਿਰ ਮੁੱਠੀ ਭਰ "ਸਿੱਧੀ ਨਕਦੀ ਰਕਮ" ਦੇ ਵਹਾਅ ਵਿੱਚ ਵਹਿ ਕੇ ਉਹ ਦੇਸ਼ ਦੀ ਸੰਵਿਧਾਨਕ ਲੋਕਤੰਤਰੀ ਤਾਕਤ ਨੂੰ ਖੇਰੂ-ਖੇਰੂ ਕਰਨ ਵਾਲਿਆਂ ਦੇ ਪੱਖ 'ਚ ਖੜੋ ਜਾਣਗੇ?

ਯੂਨੀਅਨ ਬੈਂਕ ਆਫ ਇੰਡੀਆ ਭਾਰਤ ਸਰਕਾਰ ਦਾ ਅਦਾਰਾ — Union Bank of India, A Government of India Undertaking

ਖੇਤਰੀ ਦਫਤਰ : 41/1, ਵਾਲੀਆ ਕੰਪਲੈਕਸ, ਆਤਮ ਨਗਰ, ਦੁੱਗਰੀ ਰੋਡ, ਲੁਧਿਆਣਾ-141003

ਈ-ਨਿਲਾਮੀ ਦੀ ਮਿਤੀ ਅਤੇ ਸਮਾਂ 27.03.2026 ਨੂੰ ਦੁਪਹਿਰ 12.00 ਵਜੇ ਤੋਂ ਸ਼ਾਮ 05.00 ਵਜੇ ਤੱਕ

ਈ-ਨਿਲਾਮੀ ਵਿਕਰੀ ਸੂਚਨਾ

ਅਚੱਲ ਸੰਪੱਤੀਆਂ ਦੀ ਵਿਕਰੀ ਲਈ ਵਿਕਰੀ ਸੂਚਨਾ

ਈ-ਨਿਲਾਮੀ ਦੀ ਮਿਤੀ ਅਤੇ ਸਮਾਂ 27.03.2026 ਨੂੰ ਦੁਪਹਿਰ 12.00 ਵਜੇ ਤੋਂ ਸ਼ਾਮ 05.00 ਵਜੇ ਦੇ ਵਿਚਾਲੇ (10 ਮਿੰਟ ਦੇ ਅਸੀਮਿਤ ਸਵੈ ਵਾਧਿਆਂ ਸਮੇਤ)

ਬਿਆਨਾ ਰਕਮ ਬੋਲੀ ਰੱਖਣ ਤੋਂ ਪਹਿਲਾਂ ਨਿਲਾਮੀ ਦਾ ਸਮਾਂ ਖਤਮ ਹੋਣ ਤੋਂ ਪਹਿਲਾਂ ਸੰਪੱਤੀ ਆਈਡੀ ਸਮੇਤ ਜਮ੍ਹਾਂ ਕੀਤੀ ਜਾਵੇਗੀ ਅਤੇ ਲਿੰਕ/ਮੈਪ ਕੀਤੀ ਜਾਵੇਗੀ।

ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6) ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪੱਤੀਆਂ ਦੀ ਵਿਕਰੀ ਦੇ ਲਈ ਈ-ਨਿਲਾਮੀ ਵਿਕਰੀ ਸੂਚਨਾ। ਜਨਤਾ ਨੂੰ ਆਮ ਕਰਕੇ ਅਤੇ ਕਰਜ਼ਦਾਰ(ਾਂ) ਅਤੇ ਜ਼ਾਮਨ (ਾਂ) ਨੂੰ ਵਿਸ਼ੇਸ਼ ਕਰਕੇ ਇਥੇ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਬੰਦੀ ਨਿਮਨ ਦਰਸਾਈ ਅਚੱਲ ਸੰਪੱਤੀ, ਜਿਸ ਦਾ ਉਸਾਰੂ/ਭੌਤਿਕ/ਸੰਕੇਤਕ ਕਬਜ਼ਾ ਯੂਨੀਅਨ ਬੈਂਕ ਆਫ ਇੰਡੀਆ/ਸੁਰੱਖਿਅਤ ਕਰਜ਼ਦਾਤਾ ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਹੈ, ਦੀ ਵਿਕਰੀ ਸੰਬੰਧਤ ਕਰਜ਼ਦਾਰ (ਾਂ) ਅਤੇ ਜ਼ਾਮਨ (ਾਂ) ਤੋਂ ਬੈਂਕ/ਸੁਰੱਖਿਅਤ ਕਰਜ਼ਦਾਤਾ ਵੱਲ ਬਕਾਇਆ ਰਕਮ ਦੀ ਵਸੂਲੀ ਦੇ ਲਈ **27.03.2026** ਨੂੰ **"ਜਿਵੇਂ ਹੈ ਜਿਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਜੋ ਵੀ ਉਥੇ ਹੈ"ਅਧਾਰ** 'ਤੇ ਕੀਤੀ ਜਾਵੇਗੀ। **ਰਾਖਵੀਂ ਕੀਮਤ ਅਤੇ ਬਿਆਨਾ ਰਕਮ ਜਮ੍ਹਾਂ ਸਬੰਧਤ ਸੰਪੱਤੀਆਂ ਦੇ ਅਧੀਨ ਨਿਮਨ ਸਾਰਣੀ ਵਿਚ ਦਰਸਾਏ ਅਨੁਸਾਰ ਹੋਵੇਗੀ। ਆਨਲਾਈਨ ਈ-ਨਿਲਾਮੀ 10 ਮਿੰਟਾਂ ਦੇ ਅਸੀਮਿਤ ਵਾਧੇ ਸਮੇਤ ਉਕਤ ਦਰਸਾਈ ਮਿਤੀ ਅਤੇ ਸਮੇਂ 'ਤੇ ਵੈਬ ਪੋਰਟਲ/ਵੈਬਸਾਈਟ : https://baanknet.com ਰਾਹੀਂ ਆਯੋਜਿਤ ਕੀਤੀ ਜਾਵੇਗੀ।**

ਲ. ਨੰ.	ਸ਼ਾਖਾ, ਖਾਤਾ, ਕਰਜ਼ਦਾਰ/ਾਂ/ ਜ਼ਾਮਨ/ਾਂ ਆਦਿ ਦੇ ਨਾਮ	ਬਕਾਇਆ ਰਕਮ	ਸੰਪੱਤੀਆਂ ਦੇ ਵੇਰਵੇ	ਰਾਖਵੀਂ ਕੀਮਤ	ਬਿਆਨਾ ਰਕਮ	ਬੋਲੀ ਵਾਧਾ ਰਕਮ
1.	ਰਾਮਪੁਰ, ਮੋ. ਨੰ.: 9812711780 1(a) ਸ਼੍ਰੀ ਸੁਖਵਿੰਦਰ ਕੌਰ ਪੁੱਤਰੀ ਸ਼੍ਰੀ ਸੋਹਣ ਸਿੰਘ, (ਕਰਜ਼ਦਾਰ/ਗਿਰਵੀਕਾਰ), ਪਤਾ: ਪਿੰਡ-ਲੋਪੋਂ, ਡਾਕ ਮਹਿਦੂਦਾਂ, ਤਹਿਸੀਲ ਸਮਰਾਲਾ, ਜ਼ਿਲ੍ਹਾ-ਲੁਧਿਆਣਾ (ਪੰਜਾਬ)-141418 1(b) ਸ਼੍ਰੀ ਸੋਹਣ ਸਿੰਘ ਪੁੱਤਰੀ ਸ਼੍ਰੀ ਬੰਤ ਸਿੰਘ, (ਸਹਿ-ਕਰਜ਼ਦਾਰ), ਪਤਾ: ਪਿੰਡ-ਲੋਪੋਂ, ਤਹਿਸੀਲ-ਸਮਰਾਲਾ, ਜ਼ਿਲ੍ਹਾ-ਲੁਧਿਆਣਾ (ਪੰਜਾਬ)-141418	Rs. 9,00,144.70 30.04.2025 ਨੂੰ ਜਮ੍ਹਾਂ ਇਸ 'ਤੇ ਵਿਆਜ।	ਜਾਇਦਾਦ ਆਈਡੀ: UBINCHDLUD3155 ਰਿਹਾਇਸ਼ੀ ਅਚੱਲ ਜਾਇਦਾਦ ਜਿਸਦੀ ਮਾਪ 7 ਮਰਲੇ ਹੈ ਯਾਨੀ 7/101, ਕੁੱਲ ਜ਼ਮੀਨ ਦਾ ਹਿੱਸਾ 5 ਕਨਾਲ, 1 ਮਰਲੇ, ਖੇਵਟ ਨੰਬਰ 314, ਖਤੌਣੀ ਨੰਬਰ 337, ਰੈਕਟ ਨੰਬਰ 32//19 ਵਿੱਚ ਸ਼ਾਮਲ ਹੈ ਜੋ ਕਿ ਸਾਲ 2012-2013 ਲਈ ਜਮ੍ਹਾਂਬੰਦੀ ਅਨੁਸਾਰ ਪਿੰਡ ਲੋਪੋ, ਹਡਬਸਟ ਨੰਬਰ 334, ਤਹਿਸੀਲ-ਸਮਰਾਲਾ, ਜ਼ਿਲ੍ਹਾ-ਲੁਧਿਆਣਾ ਦੀ ਮਾਲੀਆ ਜਾਇਦਾਦ ਦੇ ਅੰਦਰ ਸਥਿਤ ਹੈ, ਸ਼੍ਰੀ ਸੁਖਵਿੰਦਰ ਕੌਰ ਦੇ ਨਾਮ 'ਤੇ ਹੈ। ਮਾਲਕੀ ਡੀਡ ਦੇ ਤਬਾਦਲੇ ਰਾਹੀਂ ਵਸੀਕਾ ਨੰਬਰ 589 ਮਿਤੀ 01.06.2016। ਸੀਮਾਵਾਂ:- ਪੂਰਬ: ਰਾਓ ਸਿੰਘ ਪੁੱਤਰ ਬਾਬੂ ਸਿੰਘ ਅਤੇ ਗੁਰਮੇਲ ਸਿੰਘ, ਪੱਛਮ: ਸੜਕ, ਉੱਤਰ: ਬੰਤ ਸਿੰਘ ਪੁੱਤਰ ਰਤਨ ਸਿੰਘ, ਦੱਖਣ: ਦਿਆਲ ਸਿੰਘ ਉਰਫ਼ ਕਾਕਾ ਸਿੰਘ। ਕਬਜ਼ੇ ਦੀ ਕਿਸਮ: ਸੰਕੇਤਕ।	Rs. 14,45,000/-	Rs. 1,44,500/-	Rs. 15,000/-
2.	ਫਿਰੋਜ਼ਪੁਰ ਰੋਡ, ਲੁਧਿਆਣਾ, ਮੋ. ਨੰ. 9999439338 ਕਰਜ਼ਦਾਰ: 1(a) ਸ਼੍ਰੀਮਤੀ ਅਮਰਜੀਤ ਕੌਰ ਪਤਨੀ ਸ਼੍ਰੀ ਅਮਰਜੀਤ ਸਿੰਘ, (ਕਰਜ਼ਦਾਰ), ਪਤਾ: 1. ਮਕਾਨ ਨੰ. 5840, ਗਲੀ ਨੰ. 6/12, ਗੁਰੂ ਕਰਿਆਨਾ ਸਟੋਰ ਨੇੜੇ, ਗੁਰੂ ਅਰਜਨਦੇਵ ਨਗਰ, ਸਮਰਾਲਾ ਚੌਕ ਲੁਧਿਆਣਾ, ਤਹਿਸੀਲ ਅਤੇ ਜ਼ਿਲ੍ਹਾ-ਲੁਧਿਆਣਾ)-1408 (ਪੰਜਾਬ) ਪਤਾ: 2. ਮਕਾਨ ਨੰ: 5796, ਗਲੀ ਨੰ: 6-1/2 ਗੁਰੂ ਅਰਜਨ ਦੇਵ ਨਗਰ, ਲੁਧਿਆਣਾ-141008। ਕਾਰੋਬਾਰ ਦਾ ਪਤਾ: ਮੈਸਰਜ਼ ਸੁਖਮਨੀ ਗਾਰਮੈਂਟਸ, ਮਕਾਨ ਨੰ. 5840, ਗਲੀ ਨੰ. 6-1/2, ਗੁਰੂ ਕਰਿਆਨਾ ਸਟੋਰ ਨੇੜੇ, ਗੁਰੂ ਅਰਜੁਨਦੇਵ ਨਗਰ, ਸਮਰਾਲਾ ਚੌਕ ਲੁਧਿਆਣਾ, ਤਹਿਸੀਲ ਅਤੇ ਜ਼ਿਲ੍ਹਾ-ਲੁਧਿਆਣਾ (ਪੰਜਾਬ)-141008। 1(ਅ) ਸ਼੍ਰੀ ਅਮਰਜੀਤ ਸਿੰਘ ਪੁੱਤਰ ਬਚਿੱਤਰ ਸਿੰਘ, (ਸਹਿ-ਕਰਜ਼ਦਾਰ), ਪਤਾ: ਮਕਾਨ ਨੰ: 5840, ਗਲੀ ਨੰ: 6-1/2, ਗੁਰੂ ਕਰਿਆਨਾ ਸਟੋਰ, ਸਮਰਾਲਾ ਚੌਕ, ਗੁਰੂ ਅਰਜਨ ਦੇਵ ਨਗਰ ਲੁਧਿਆਣਾ, ਤਹਿਸੀਲ ਅਤੇ ਜ਼ਿਲ੍ਹਾ-ਲੁਧਿਆਣਾ (ਪੰਜਾਬ)-141008। 1(ਸੀ) ਸ਼੍ਰੀ ਮਹਿੰਦਰ ਸਿੰਘ ਪੁੱਤਰ ਸ਼੍ਰੀ ਹਰਪਾਲ ਸਿੰਘ (ਸਹਿ-ਕਰਜ਼ਦਾਰ) ਪਤਾ: ਹਾਊਸ ਨੰਬਰ 20, ਮਿੱਤਲ ਕਲੋਨੀ, ਜੀ ਕੇ ਕਲੋਨੀ, ਭਾਮੀਆਂ ਖੁਰਦ, ਲੁਧਿਆਣਾ, ਤਹਿਸੀਲ ਅਤੇ ਜ਼ਿਲ੍ਹਾ-ਲੁਧਿਆਣਾ (ਪੰਜਾਬ)-141015। ਕਾਰੋਬਾਰ ਦਾ ਪਤਾ: ਗਲੀ ਨੰ. 1, ਨਿਊ ਮੋਤੀ ਨਗਰ, ਲੁਧਿਆਣਾ, ਤਹਿਸੀਲ ਅਤੇ ਜ਼ਿਲ੍ਹਾ-ਲੁਧਿਆਣਾ (ਪੰਜਾਬ)-141010।	Rs. 11,34,606.54 30.04.2025 ਨੂੰ ਜਮ੍ਹਾਂ ਇਸ 'ਤੇ ਵਿਆਜ।	ਜਾਇਦਾਦ ਆਈਡੀ: UBINCHDLUD5450 ਰਿਹਾਇਸ਼ੀ ਜਾਇਦਾਦ ਮਕਾਨ ਨੰਬਰ 2-31-5840, 50 ਵਰਗ ਗਜ਼ ਦਾ ਮਾਪ, ਜੋ ਕਿ ਸਾਲ 2007-08 ਦੀ ਜਮ੍ਹਾਂਬੰਦੀ ਅਨੁਸਾਰ ਖਸਰਾ ਨੰਬਰ 882, ਖੱਟਾ ਨੰਬਰ 718/775 ਵਿੱਚ ਸ਼ਾਮਲ ਹੈ, ਪਿੰਡ ਤਰਫ ਸੈਂਦਾ ਹਦਬਸਤ ਨੰਬਰ 172, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਦੀ ਮਾਲੀਆ ਜਾਇਦਾਦ ਦੇ ਅੰਦਰ ਸਥਿਤ ਹੈ, ਜੋ ਕਿ ਸ਼੍ਰੀਮਤੀ ਅਮਰਜੀਤ ਕੌਰ ਦੇ ਨਾਮ 'ਤੇ ਵਸਿਕਾ ਨੰਬਰ 19530 ਮਿਤੀ 26.12.2011 ਦੇ ਸੇਲ ਡੀਡ ਰਾਹੀਂ ਖੜ੍ਹੀ ਹੈ। ਸੀਮਾਵਾਂ ਹੇਠ ਲਿਖੇ ਅਨੁਸਾਰ ਹਨ:- ਪੂਰਬ - ਗਲੀ 20 ਫੁੱਟ ਚੌੜੀ: 15'-0÷, ਪੱਛਮ - ਰਾਜ ਕੁਮਾਰ: 15'-0÷, ਉੱਤਰੀ ਗੁਆਂਢ: 30'-0÷, ਦੱਖਣੀ-ਗੁਆਂਢ: 30'-0÷। ਕਬਜ਼ੇ ਦੀ ਕਿਸਮ: ਸੰਕੇਤਕ	Rs. 24,65,000/-	Rs. 2,46,500/-	Rs. 25,000/-
3.	ਫਿਰੋਜ਼ਪੁਰ ਰੋਡ, ਲੁਧਿਆਣਾ, ਮੋ. ਨੰ. 9999439338 ਕਰਜ਼ਦਾਰ: 1.(ਏ) ਮੈਸਰਜ਼ ਕੇ.ਸੀ. ਜੈਨ ਹੌਜ਼ਰੀ (ਪ੍ਰੋ. ਸ਼੍ਰੀ ਸਨੀਵ ਜੈਨ), ਪਤਾ: ਬੀ-ਵੀ-484, ਹਜ਼ੂਰੀ ਰੋਡ, ਮੋਜਪੁਰਾ, ਲੁਧਿਆਣਾ (ਪੰਜਾਬ)-141008। ਪਤਾ: ਵਪਾਰਕ ਦੁਕਾਨ ਨੰਬਰ ਬੀ-6-248 (ਪੁਰਾਣਾ) ਅਤੇ ਬੀ-6-248/ਏ (ਨਵਾਂ), ਗਲੀ ਨੰਬਰ 4, ਮਾਧੋਪੁਰੀ, ਲੁਧਿਆਣਾ (ਪੰਜਾਬ) ਵਿਖੇ ਸਥਿਤ। 1.(ਬੀ) ਸ਼੍ਰੀ ਸੰਜੀਵ ਜੈਨ ਪੁੱਤਰ ਸ਼੍ਰੀ ਨਰਿੰਦਰ ਕੁਮਾਰ (ਮਾਲਕ/ਗਿਰਵੀਕਾਰ), ਪਤਾ: ਮਕਾਨ ਨੰਬਰ 4632, ਜੈਨ ਮੰਦਰ ਰੋਡ, ਅਸ਼ੋਕਾ ਬਾਕਸ ਫੈਕਟਰੀ ਦੇ ਨੇੜੇ, ਸੁੰਦਰ ਨਗਰ, ਵਾਰਡ ਨੰਬਰ 21, ਬਸਤੀ ਜੋਧੇਵਾਲ, ਲੁਧਿਆਣਾ (ਪੰਜਾਬ)-141007। 2. ਜ਼ਾਮਨਾਂ:-2.(a) ਸ਼੍ਰੀਮਤੀ ਮੋਨਿਕਾ ਜੈਨ ਪਤਨੀ ਸ਼੍ਰੀ ਸੰਜੀਵ ਜੈਨ, ਪਤਾ: ਮਕਾਨ ਨੰਬਰ 4632 ਜੈਨ ਮੰਦਰ ਰੋਡ, ਅਸ਼ੋਕਾ ਬਾਕਸ ਫੈਕਟਰੀ ਦੇ ਨੇੜੇ, ਸੁੰਦਰ ਨਗਰ, ਵਾਰਡ ਨੰਬਰ 21, ਬਸਤੀ ਜੋਧੇਵਾਲ ਲੁਧਿਆਣਾ (ਪੰਜਾਬ)-141007।	Rs. 19,13,784.74 30.11.2024 ਨੂੰ ਜਮ੍ਹਾਂ ਇਸ 'ਤੇ ਵਿਆਜ।	ਜਾਇਦਾਦ ਆਈਡੀ: UBINCHDLUD02282 26 ਵਰਗ ਗਜ਼ ਦੀ ਵਪਾਰਕ ਜਾਇਦਾਦ / ਦੁਕਾਨ ਜਿਸਦੀ ਲੰਬਾਈ ਨਗਰ ਨਿਗਮ ਨੰਬਰ 2-6-248 (ਪੁਰਾਣੀ) ਅਤੇ 2-6-248/1 (ਨਵੀਂ) ਹੈ, ਗਲੀ ਨੰਬਰ 4, ਮਾਧੋਪੁਰੀ, ਲੁਧਿਆਣਾ ਵਿੱਚ ਸਥਿਤ ਹੈ, ਮਿਤੀ 18.02.2020 ਨੂੰ ਦਸਤਾਵੇਜ਼ ਨੰਬਰ 2019-20/106/1/26036 ਦੇ ਨਾਲ ਸ਼੍ਰੀ ਸੰਜੀਵ ਕੁਮਾਰ ਪੁੱਤਰ ਸ਼੍ਰੀ ਨਰਿੰਦਰ ਕੁਮਾਰ ਦੇ ਹੱਕ ਵਿੱਚ ਟਰਾਂਸਫਰ ਡੀਡ ਦੁਆਰਾ, ਜਾਇਦਾਦ ਦੀ ਸੀਮਾ ਹੇਠ ਲਿਖੇ ਅਨੁਸਾਰ ਹੈ:- ਸੀਮਾਵਾਂ: ਪੂਰਬ- ਮੋਨਿਕਾ ਜੈਨ 8'6" ਤੱਕ, ਪੱਛਮ- ਗਲੀ 8'6" ਤੱਕ, ਉੱਤਰ- ਸੋਨੀਆ ਜੈਨ 27'6" ਤੱਕ, ਦੱਖਣ- 8.. ਬਿਆਸ ਹੌਜ਼ਰੀ 27'6" ਤੱਕ। ਕਬਜ਼ੇ ਦੀ ਕਿਸਮ: ਸੰਕੇਤਕ	Rs. 30,60,000/-	Rs. 3,06,000/-	Rs. 30,000/-
4.	ਫਿਰੋਜ਼ਪੁਰ ਰੋਡ, ਲੁਧਿਆਣਾ, ਮੋ. ਨੰ. 9999439338 ਕਰਜ਼ਦਾਰ: 1(a) ਸਵਰਗੀ ਸ਼੍ਰੀਮਤੀ ਬਿਮਲਾ ਰਾਣੀ ਪਤਨੀ ਸਵਰਗੀ ਸ਼੍ਰੀ ਮੁਨੀਸ਼ ਕੁਮਾਰ (ਕਰਜ਼ਦਾਰ), ਕਾਨੂੰਨੀ ਵਾਰਸਾਂ, ਸ਼੍ਰੀ ਦਮਨ ਕੁਮਾਰ (ਪੁੱਤਰ) ਅਤੇ ਸ਼੍ਰੀਮਤੀ ਮੋਨਿਕਾ (ਸਪੁੱਤਰੀ) ਰਾਹੀਂ, ਪਤਾ: ਮਕਾਨ ਨੰਬਰ 753, ਵਾਰਡ ਨੰਬਰ 06, ਸੇਠੀ ਮਾਡਲ ਸਕੂਲ ਵਾਲੀ ਗਲੀ, ਮੱਖੂ ਗੇਟ, ਫਿਰੋਜ਼ਪੁਰ ਸ਼ਹਿਰ, ਤਹਿਸੀਲ ਅਤੇ ਜ਼ਿਲ੍ਹਾ- ਫਿਰੋਜ਼ਪੁਰ (ਪੰਜਾਬ)-152002। 1(ੳ) ਸ਼੍ਰੀ ਦਮਨ ਕੁਮਾਰ ਪੁੱਤਰ ਸਵਰਗੀ ਮੁਨੀਸ਼ ਕੁਮਾਰ (ਸਹਿ-ਕਰਜ਼ਦਾਰ), ਪਤਾ: ਮਕਾਨ ਨੰਬਰ 753, ਵਾਰਡ ਨੰਬਰ 06, ਸੇਠੀ ਮਾਡਲ ਸਕੂਲ ਵਾਲੀ ਗਲੀ, ਮੱਖੂ ਗੇਟ, ਫਿਰੋਜ਼ਪੁਰ ਸ਼ਹਿਰ, ਤਹਿਸੀਲ ਅਤੇ ਜ਼ਿਲ੍ਹਾ- ਫਿਰੋਜ਼ਪੁਰ (ਪੰਜਾਬ)-152002। (2) ਜ਼ਾਮਨਾਂ: 2 (a) ਸ਼੍ਰੀ ਰਵਿੰਦਰ ਕੁਮਾਰ ਪੁੱਤਰ ਸ਼੍ਰੀ ਓਮ ਪ੍ਰਕਾਸ਼, ਪਤਾ: ਮਕਾਨ ਨੰਬਰ 220, ਕੇ.ਆਰ. ਦੇ ਨੇੜੇ। ਮਾਡਲ ਸਕੂਲ, ਆਜ਼ਾਦ ਨਗਰ, ਫਿਰੋਜ਼ਪੁਰ, ਤਹਿਸੀਲ ਅਤੇ ਜ਼ਿਲ੍ਹਾ-ਫਿਰੋਜ਼ਪੁਰ (ਪੰਜਾਬ)-152001. 2(ਬੀ) ਸ਼੍ਰੀ ਛਿੰਦਰ ਸਿੰਘ ਪੁੱਤਰ ਸ਼੍ਰੀ ਕਿਰਪਾਲ ਸਿੰਘ, ਪਤਾ: ਮਕਾਨ ਨੰਬਰ 49, ਨੱਥੂ ਵਾਲਾ ਹਸਤੀਵਾਲਾ, ਫਿਰੋਜ਼ਪੁਰ, ਤਹਿਸੀਲ ਅਤੇ ਜ਼ਿਲ੍ਹਾ- ਫਿਰੋਜ਼ਪੁਰ (ਪੰਜਾਬ)-152002। 3. ਮ੍ਰਿਤਕ ਕਰਜ਼ਦਾਰ / ਜ਼ਾਮਨਾਂ ਦੇ ਮਾਮਲੇ ਵਿੱਚ: ਮ੍ਰਿਤਕ ਸਵਰਗੀ ਸ਼੍ਰੀਮਤੀ ਬਿਮਲਾ ਰਾਣੀ ਪਤਨੀ ਸਵਰਗੀ ਸ਼੍ਰੀ ਮੁਨੀਸ਼ ਕੁਮਾਰ ਦੀ ਜਾਇਦਾਦ, ਪ੍ਰਤੀਨਿਧੀ: 3(ਏ) ਸ਼੍ਰੀ ਦਮਨ ਕੁਮਾਰ ਪੁੱਤਰ ਸਵਰਗੀ ਮੁਨੀਸ਼ ਕੁਮਾਰ, ਪਤਾ: ਮਕਾਨ ਨੰਬਰ 753, ਵਾਰਡ ਨੰਬਰ 06, ਸੇਠੀ ਮਾਡਲ ਸਕੂਲ ਵਾਲੀ ਗਲੀ, ਮੱਖੂ ਗੇਟ, ਫਿਰੋਜ਼ਪੁਰ ਸ਼ਹਿਰ ਤਹਿਸੀਲ ਅਤੇ ਜ਼ਿਲ੍ਹਾ-ਫਿਰੋਜ਼ਪੁਰ (ਪੰਜਾਬ)-152002। 3(ਬੀ) ਸ਼੍ਰੀ ਮੋਨਿਕਾ ਸਪੁੱਤਰੀ ਸਵਰਗੀ ਮੁਨੀਸ਼ ਕੁਮਾਰ, ਪਤਾ: ਮਕਾਨ ਨੰ: 753, ਵਾਰਡ ਨੰ. 06, ਸੇਠੀ ਮਾਡਲ ਸਕੂਲ ਵਾਲੀ ਗਲੀ, ਮੱਖੂ ਗੇਟ, ਫਿਰੋਜ਼ਪੁਰ ਸ਼ਹਿਰ, ਤਹਿਸੀਲ ਅਤੇ ਜ਼ਿਲ੍ਹਾ-ਫਿਰੋਜ਼ਪੁਰ (ਪੰਜਾਬ)-152002।	Rs. 4,35,272.90 28.02.2025 ਨੂੰ ਜਮ੍ਹਾਂ ਇਸ 'ਤੇ ਵਿਆਜ।	ਜਾਇਦਾਦ ਆਈਡੀ: UBINCHDLUD1233 ਰਿਹਾਇਸ਼ੀ ਮਕਾਨ 3 ਮਰਲੇ 3 ਸਰਸਾਹੀ ਦੇ ਪਲਾਟ 'ਤੇ ਬਣਾਇਆ ਗਿਆ ਹੈ ਜੋ 6 ਕਨਾਲ 3 ਮਰਲੇ ਜ਼ਮੀਨ ਵਿੱਚ 30/1107 ਹਿੱਸੇ ਵਜੋਂ ਹੈ ਜਿਸ ਵਿੱਚ ਰੈਕਟ ਨੰਬਰ 96, ਕਿਲਾ ਨੰਬਰ 24/3(1-16) 25/2(1-12) ਰੈਕਟ ਨੰਬਰ 111, ਕਿਲਾ ਨੰਬਰ 5/1(2-15), ਹੱਡਬਸਤ ਨੰਬਰ 108, ਸੋਢੇ ਵਾਲਾ ਰੋਡ, ਫਿਰੋਜ਼ਪੁਰ ਸ਼ਹਿਰ ਤਹਿਸੀਲ ਅਤੇ ਜ਼ਿਲ੍ਹਾ- ਫਿਰੋਜ਼ਪੁਰ (ਪੰਜਾਬ) ਦੇ ਖੇਤਰ ਵਿੱਚ ਸਥਿਤ ਹੈ। ਸ਼੍ਰੀਮਤੀ ਬਿਮਲਾ ਰਾਣੀ ਦੇ ਨਾਮ 'ਤੇ ਵਸਿਕਾ ਨੰਬਰ 1781 ਮਿਤੀ 07.06.2013 ਨੂੰ ਸੇਲ ਡੀਡ ਰਾਹੀਂ ਅਤੇ ਸੀਮਾ ਹੇਠ ਲਿਖੇ ਅਨੁਸਾਰ ਹੈ: ਸੀਮਾਵਾਂ:- ਪ੍ਰੀਤਮ ਸਿੰਘ ਦੀ ਪੂਰਬੀ-ਜ਼ਮੀਨ, ਪੱਛਮ-ਭਾਗ ਸਿੰਘ, ਉੱਤਰ-ਗਲੀ, ਦੱਖਣ-ਸ਼ਮਸ਼ਾਨ ਘਾਟ। ਕਬਜ਼ੇ ਦੀ ਕਿਸਮ: ਸੰਕੇਤਕ	Rs. 4,40,000/-	Rs. 44,000/-	Rs. 5,000/-
5.	ਫੀਲਡਗੰਜ, ਲੁਧਿਆਣਾ, ਮੋ. ਨੰ.: 9785868601 ਕਰਜ਼ਦਾਰ: 1(a) ਮੈਸਰਜ਼ ਚੋਪੜਾ ਕਰਿਆਨਾ ਸਟੋਰ, ਪ੍ਰੋਪ. ਸ਼੍ਰੀ ਰਵੀ ਕੁਮਾਰ ਪੁੱਤਰ ਸ਼੍ਰੀ ਨੰਦ ਲਾਲ, ਪਤਾ: ਬੀ-32, 1114/1, ਨਿਊ ਆਨੰਦਪੁਰੀ, ਕਾਲੀ ਸੜਕ, ਲੁਧਿਆਣਾ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ (ਪੰਜਾਬ)-141008। ਸ਼੍ਰੀ ਰਵੀ ਕੁਮਾਰ ਚੋਪੜਾ ਪੁੱਤਰ ਸ਼੍ਰੀ ਨੰਦ ਲਾਲ, ਪਤਾ: ਮਕਾਨ ਨੰਬਰ 1114/1, ਗਲੀ ਨੰਬਰ 2, ਕਾਲੀ ਸੜਕ, ਸਾਵਨ ਪਬਲਿਕ ਸਕੂਲ ਦੇ ਨੇੜੇ, ਨਿਊ ਆਨੰਦਪੁਰੀ, ਲੁਧਿਆਣਾ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ (ਪੰਜਾਬ)-141008	Rs. 22,59,763.38 30.04.2025 ਨੂੰ ਜਮ੍ਹਾਂ ਇਸ 'ਤੇ ਵਿਆਜ।	ਜਾਇਦਾਦ ਆਈਡੀ: UBINCHDLUD8680 100 ਵਰਗ ਗਜ਼ ਦੇ ਪਲਾਟ 'ਤੇ ਬਣੀ ਜਾਇਦਾਦ, ਜੋ ਕਿ ਖਸਰਾ ਨੰਬਰ 8//13/2-14/1-14/2-15/1-8//27, ਖਸਰਾ ਨੰਬਰ 2/2-104/109 ਵਿੱਚ ਸ਼ਾਮਲ ਹੈ, ਸਾਲ 2002-03 ਦੀ ਜਮ੍ਹਾਂਬੰਦੀ ਦੇ ਅਨੁਸਾਰ, ਪਿੰਡ ਫਮਰਾ, ਹਡਬਸਟ ਨੰਬਰ 79, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਹੈ, ਸ਼੍ਰੀ ਰਵੀ ਕੁਮਾਰ ਚੋਪੜਾ ਦੇ ਨਾਮ 'ਤੇ, ਵਿਕਰੀ ਡੀਡ ਵਸੀਕਾ ਨੰਬਰ 21940 ਮਿਤੀ 16.03.2006 ਦੇ ਅਨੁਸਾਰ ਅਤੇ ਸੀਮਾ ਹੇਠ ਲਿਖੇ ਅਨੁਸਾਰ ਹੈ: ਪੂਰਬ: ਗੁਆਂਢ 30'-00", ਪੱਛਮ: ਗੁਆਂਢ 30'-00", ਉੱਤਰ: ਗੁਆਂਢ 30'-00" ਦੱਖਣ: ਗਲੀ 20' ਚੌੜੀ 30'-00"। ਕਬਜ਼ੇ ਦੀ ਕਿਸਮ: ਸੰਕੇਤਕ।	Rs. 24,00,000/-	Rs. 2,40,000/-	Rs. 25,000/-
6.	ਜੀ.ਟੀ. ਰੋਡ, ਲੁਧਿਆਣਾ ਮੋ. ਨੰ.: 8800664599 ਕਰਜ਼ਦਾਰ: 1(a) ਮੈਸਰਜ਼ ਨਿਵੀਆ ਮੋਟਰਜ਼, ਪ੍ਰੋਪ ਰਾਹੀਂ, ਸ਼੍ਰੀ ਪਰਮਦੀਪ ਸਿੰਘ, ਪਤਾ: ਗਲੀ ਨੰਬਰ 1-ਏ, ਬਚਿੱਤਰ ਨਗਰ, ਗੁਰੂ ਨਾਨਕ ਦੇਵ ਇੰਜੀਨੀਅਰਿੰਗ ਕਾਲਜ ਦੇ ਸਾਹਮਣੇ, ਲੁਧਿਆਣਾ, ਤਹਿਸੀਲ ਅਤੇ ਜ਼ਿਲ੍ਹਾ- ਲੁਧਿਆਣਾ (ਪੰਜਾਬ)-141006। (2) ਗਾਰੰਟਰਾਂ:- 2(a) ਸ਼੍ਰੀ ਮੱਖਣ ਸਿੰਘ ਪੁੱਤਰ ਸ਼੍ਰੀ ਬਲਵੰਤ ਸਿੰਘ, ਪਤਾ: 1. ਮਕਾਨ ਨੰਬਰ 1606, ਗਲੀ ਨੰਬਰ 14, ਵਾਰਡ ਨੰਬਰ 41, ਜਨਕਪੁਰੀ, ਲੁਧਿਆਣਾ, ਤਹਿਸੀਲ ਅਤੇ ਜ਼ਿਲ੍ਹਾ- ਲੁਧਿਆਣਾ (ਪੰਜਾਬ)-141003। ਪਤਾ: 2. 176-ਆਰ, ਜਨਤਾ ਐਨਕਲੇਵ, ਧਾਂਦਰਾ ਰਾਓਡ, ਦੁੱਗਰੀ, ਤਹਿਸੀਲ ਅਤੇ ਜ਼ਿਲ੍ਹਾ- ਲੁਧਿਆਣਾ (ਪੰਜਾਬ)-141002। 2(ਅ) ਸ਼੍ਰੀ ਗੁਰਬਖ਼ਸ਼ਿੰਦ ਸਿੰਘ ਪੁੱਤਰ ਸ਼੍ਰੀ ਚੰਨਣ ਸਿੰਘ, ਪਤਾ: 1. ਗਲੀ ਨੰਬਰ 1-ਏ, ਬਚਿੱਤਰ ਨਗਰ, ਗੁਰੂ ਨਾਨਕ ਦੇਵ ਇੰਜੀਨੀਅਰਿੰਗ ਕਾਲਜ ਦੇ ਸਾਹਮਣੇ, ਲੁਧਿਆਣਾ, ਤਹਿਸੀਲ ਅਤੇ ਜ਼ਿਲ੍ਹਾ- ਲੁਧਿਆਣਾ (ਪੰਜਾਬ)-141006। ਪਤਾ: 2. ਮਕਾਨ ਨੰਬਰ 1902/45/23, ਗਲੀ ਨੰਬਰ 37, ਸ਼ਿਮਲਾਪੁਰੀ, ਲੁਧਿਆਣਾ, ਤਹਿਸੀਲ ਅਤੇ ਜ਼ਿਲ੍ਹਾ- ਲੁਧਿਆਣਾ (ਪੰਜਾਬ)-141003। 2(ਸੀ) ਸ਼੍ਰੀ ਪਰਮਦੀਪ ਸਿੰਘ ਪੁੱਤਰ ਸ਼੍ਰੀ ਬਲਵੰਤ ਸਿੰਘ, ਪਤਾ: 1. ਗਲੀ ਨੰਬਰ 1-ਏ, ਬਚਿੱਤਰ ਨਗਰ, ਗੁਰੂ ਨਾਨਕ ਦੇਵ ਇੰਜੀਨੀਅਰਿੰਗ ਕਾਲਜ ਦੇ ਸਾਹਮਣੇ, ਲੁਧਿਆਣਾ, ਤਹਿਸੀਲ ਅਤੇ ਜ਼ਿਲ੍ਹਾ- ਲੁਧਿਆਣਾ (ਪੰਜਾਬ)-141006। ਪਤਾ: 2. ਮਕਾਨ ਨੰਬਰ 1606, ਗਲੀ ਨੰਬਰ 14, ਵਾਰਡ ਨੰਬਰ 41, ਜਨਕਪੁਰੀ, ਲੁਧਿਆਣਾ, ਤਹਿਸੀਲ ਅਤੇ ਜ਼ਿਲ੍ਹਾ- ਲੁਧਿਆਣਾ (ਪੰਜਾਬ)-141003	Rs. 23,47,269.66 31.08.2025 ਨੂੰ ਜਮ੍ਹਾਂ ਇਸ 'ਤੇ ਵਿਆਜ।	ਜਾਇਦਾਦ ਆਈਡੀ: UBINCHDLUD7002 125 ਵਰਗ ਗਜ਼ ਦੀ ਅਚੱਲ ਜਾਇਦਾਦ ਖਾਤਾ ਨੰਬਰ 1041/1301, ਖਸਰਾ ਨੰਬਰ 1479, ਜਮ੍ਹਾਂਬੰਦੀ 2000-2001 ਦੇ ਅਨੁਸਾਰ, ਗਿੱਲ ਨੰਬਰ 2, ਹੱਡਬਸਤ ਨੰਬਰ 263, ਆਬਾਦੀ ਬਚਿੱਤਰ ਨਗਰ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਦੀ ਮਾਲੀਆ ਜਾਇਦਾਦ ਵਿਖੇ ਸਥਿਤ, ਸ਼੍ਰੀ ਮੱਖਣ ਸਿੰਘ ਪੁੱਤਰ ਸ਼੍ਰੀ ਬਲਵੰਤ ਸਿੰਘ ਦੇ ਨਾਮ 'ਤੇ, ਸੇਲ ਵਾਸਿਕਾ ਨੰਬਰ 12538 ਮਿਤੀ 30.08.2005 ਅਨੁਸਾਰ ਅਤੇ ਸੀਮਾ ਹੇਠ ਲਿਖੇ ਅਨੁਸਾਰ ਹੈ: ਪੂਰਬ: ਗੁਆਂਢ 59'3", ਪੱਛਮ: ਗੁਆਂਢ 59'3", ਦੱਖਣ: ਗਲੀ, 19'3" ਦੱਖਣ: ਗਲੀ, 19'3"। ਕਬਜ਼ੇ ਦੀ ਕਿਸਮ: ਸੰਕੇਤਕ।	Rs. 15,60,000/-	Rs. 1,56,000/-	Rs. 15,000/-
7.	ਦੁਗਰੀ ਰੋਡ, ਲੁਧਿਆਣਾ ਮੋ. ਨੰ.: 8667723344 1. ਕਰਜ਼ਦਾਰ: 1(a) ਸ੍ਰੀ ਪਰਵਿੰਦਰ ਸਿੰਘ ਪੁੱਤਰ ਮਹਿੰਦਰ ਪਾਲ ਸਿੰਘ, ਪਤਾ: ਮਕਾਨ ਨੰ: 30, ਬਲਾਕ-ਬੀ, ਨਿਊ ਸੁਖਦੇਵ ਨਗਰ, ਭਾਮੀਆਂ ਰੋਡ, ਫੋਕਲ ਪੁਆਇੰਟ, ਲੁਧਿਆਣਾ, ਪੰਜਾਬ -141010। ਕਾਰੋਬਾਰ: ਮੈਸਰਜ਼ ਅਰਸ਼ ਕੁਲੈਕਸ਼ਨ, ਬੀ-25, ਜੀ-5/1390, ਗਲੀ ਨੰ. 01, ਸੇਖੋਵਾਲ ਰੋਡ, ਜਗਦੀਪ ਨਗਰ, ਲੁਧਿਆਣਾ, ਪੰਜਾਬ -141008। 1(ਬੀ) ਸ਼੍ਰੀ ਜਸਪ੍ਰੀਤ ਸਿੰਘ ਪੁੱਤਰ ਸ਼੍ਰੀ ਪਰਵਿੰਦਰ ਸਿੰਘ, ਪਤਾ: ਮਕਾਨ ਨੰ: 30, ਬਲਾਕ-ਬੀ, ਨਿਊ ਸੁਖਦੇਵ ਨਗਰ, ਭਾਮੀਆਂ ਰੋਡ, ਫੋਕਲ ਪੁਆਇੰਟ, ਲੁਧਿਆਣਾ, ਪੰਜਾਬ-141010। ਪਤਾ: ਬੀ-25, ਜੀ-5/1390, ਗਲੀ ਨੰ: 01, ਸੇਖੋਵਾਲ ਰੋਡ, ਜਗਦੀਪ ਨਗਰ, ਲੁਧਿਆਣਾ, ਪੰਜਾਬ-141008। ਕਾਰੋਬਾਰ: ਮੈਸਰਜ਼ ਏ. ਵੀ. ਇੰਟਰਨੈਸ਼ਨਲ, 1531 ਪਹਿਲੀ ਮੰਜ਼ਿਲ, ਗਲੀ ਨੰ. 1, ਬਾਲ ਸਿੰਘ ਨਗਰ, ਬਸਤੀ ਜੋਧੇਵਾਲ, ਲੁਧਿਆਣਾ, ਪੰਜਾਬ-141008। 1(ਸੀ) ਸ਼੍ਰੀਮਤੀ ਜਤਿੰਦਰ ਕੌਰ ਪਤਨੀ ਸ਼੍ਰੀ ਪਰਵਿੰਦਰ ਸਿੰਘ (ਗਿਰਵੀਕਾਰ), ਪਤਾ: ਮਕਾਨ ਨੰ. 30, ਬਲਾਕ-ਬੀ, ਨਿਊ ਸੁਖਦੇਵ ਨਗਰ, ਭਾਮੀਆਂ ਰੋਡ, ਫੋਕਲ ਪੁਆਇੰਟ, ਲੁਧਿਆਣਾ, ਪੰਜਾਬ -141010। ਪਤਾ: ਬੀ-25, ਜੀ-5/1390, ਗਲੀ ਨੰ. 01, ਸੇਖੋਵਾਲ ਰੋਡ, ਜਗਦੀਪ ਨਗਰ, ਲੁਧਿਆਣਾ, ਪੰਜਾਬ-141008	Rs. 25,66,048.03 (ਕਰਜ਼ਾ- 508006650001269 ਪਰਵਿੰਦਰ ਸਿੰਘ- 5,12,765.22 + ਕਰਜ਼ਾ 508004120000005 ਜਸਪ੍ਰੀਤ ਸਿੰਘ- 20,53,282.81) 30.06.2025 ਨੂੰ ਜਮ੍ਹਾਂ ਇਸ 'ਤੇ ਵਿਆਜ	ਜਾਇਦਾਦ ਆਈਡੀ: UBINCHDLUD0057 ਜਾਇਦਾਦ ਦਾ ਸਾਰੇ ਭਾਗ ਅਤੇ ਹਿੱਸੇ ਜਿਸ ਵਿੱਚ ਰਿਹਾਇਸ਼ੀ ਅਚੱਲ ਜਾਇਦਾਦ ਵਾਲਾ ਮਕਾਨ ਸ਼ਾਮਲ ਹੈ ਜੋ ਪਲਾਟ ਨੰਬਰ 30 ਮਿਟ ਉੱਤੇ ਹੈ, ਜਿਸ ਵਿੱਚ M.C.No. 2-XXXI-605/30-2 ਹੈ, ਜੋ ਕਿ ਖਸਰਾ ਨੰਬਰ 67//5, 68//1, ਖਟਾ ਨੰਬਰ 272/273, 273/274 ਵਿੱਚ ਸਾਲ 2006-07 ਦੀ ਜਮ੍ਹਾਂਬੰਦੀ ਅਨੁਸਾਰ ਸ਼ਾਮਲ ਹੈ, ਪਿੰਡ ਕੁੱਲੀਵਾਲ, ਹੱਡਬਸਤ ਨੰਬਰ 178, ਨਵਾਂ ਸੁਖਦੇਵ ਨਗਰ, ਬਲਾਕ-ਬੀ, ਭਾਮਿਨ ਰੋਡ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਹੈ, ਜਿਸਦੀ ਮਲਕੀਅਤ ਸ਼੍ਰੀਮਤੀ ਜਤਿੰਦਰ ਕੌਰ ਪਤਨੀ ਪਰਵਿੰਦਰ ਸਿੰਘ ਦੀ ਹੈ, ਜਿਸਦੀ ਵਿਕਰੀ ਡੀਡ ਵਾਸਿਕਾ ਨੰਬਰ 10 26142 ਮਿਤੀ 16.03.2012 ਅਤੇ ਇਹਨਾਂ ਦੁਆਰਾ ਘਿਰਿਆ ਹੋਇਆ ਹੈ: ਪੂਰਬ: ਗੁਆਂਢੀ ਮਾਪ 20', ਪੱਛਮ: ਸੜਕ 20' ਚੌੜੀ ਮਾਪ 20', ਉੱਤਰ: ਗੁਆਂਢੀ ਮਾਪ 45', ਦੱਖਣ: ਗੁਆਂਢੀ ਮਾਪ 45'। ਕਬਜ਼ੇ ਦੀ ਕਿਸਮ: ਸੰਕੇਤਕ	Rs. 54,20,000/-	Rs. 5,42,000/-	Rs. 50,000/-

ਨਿਯਮ ਅਤੇ ਸ਼ਰਤਾਂ :- ਵਿਕਰੀ ਸਰਫਾਇਸੀ ਐਕਟ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਵਿਚ ਪ੍ਰਸਤਾਵਿਤ ਨਿਯਮ ਅਤੇ ਸ਼ਰਤਾਂ ਅਤੇ ਨਿਮਨਲਿਖਤ ਹੋਰ ਸ਼ਰਤਾਂ ਨਾਲ ਸਬੰਧਤ ਹੋਵੇਗੀ : 1. ਉਕਤ ਦਰਸਾਈ ਸੂਚੀ ਵਿਚ ਦਰਸਾਈਆਂ ਸੁਰੱਖਿਅਤ ਸੰਪੱਤੀਆਂ ਦੇ ਵੇਰਵੇ ਅਧਿਕਾਰਤ ਅਧਿਕਾਰੀ ਦੀ ਸਰਵੋਤਮ ਜਾਣਕਾਰੀ ਲਈ ਦਰਸਾਏ ਗਏ ਹਨ, ਪ੍ਰੰਤੂ ਅਧਿਕਾਰਤ ਅਧਿਕਾਰੀ ਇਸ ਐਲਾਨਨਾਮੇ ਵਿਚ ਕਿਸੇ ਵੀ ਤਰੁੱਟੀ, ਗਲਤ ਬਿਆਨੀ ਜਾਂ ਕਟੌਤੀ ਲਈ ਜੁਆਬਦੇਹ ਨਹੀਂ ਹੋਵੇਗਾ।
2. ਵਿਕਰੀ ਵੈਬਸਾਈਟ **https://baanknet.com** 'ਤੇ ਵਿਵਸਥਿਤ ਈ-ਨਿਲਾਮੀ ਪਲੇਟਫਾਰਮ ਰਾਹੀਂ 27.03.2026 ਨੂੰ ਦੁਪਹਿਰ 12.00 ਵਜੇ ਤੋਂ ਸ਼ਾਮ 05.00 ਵਜੇ ਤੱਕ ਨਿਮਨ ਹਸਤਾਖ਼ਰੀ ਵੱਲੋਂ ਕੀਤੀ ਜਾਵੇਗੀ। ਉਕਤ ਦਰਸਾਈਆਂ ਸੰਪੱਤੀਆਂ ਸਬੰਧੀ ਕਿਸੇ ਵੀ ਜਾਣਕਾਰੀ ਦੇ ਲਈ, ਕਿਰਪਾ ਕਰਕੇ ਸਬੰਧਤ ਮੈਨੇਜਰ ਨੂੰ ਸੰਪਰਕ ਕਰੋ।
3. ਵਿਕਰੀ ਦੇ ਵਿਸਥਾਰਤ ਨਿਯਮ ਅਤੇ ਸ਼ਰਤਾਂ ਦੇ ਲਈ ਕਿਰਪਾ ਕਰਕੇ **https://baanknet.com, https://www.unionbankofindia.bank.in** ਦਾ ਹਵਾਲਾ ਲਓ।
4. **ਪੰਜੀਕਰਨ ਅਤੇ ਲਾਗਇਨ ਅਤੇ ਬੋਲੀ ਨਿਯਮਾਂ ਦੇ ਲਈ "Buyer Guide for Login and Registration" ਵਿਚ https://baanknet.com ਦੇਖੋ।**
5. ਬੈਂਕ, ਸੁਰੱਖਿਅਤ ਕਰਜ਼ਦਾਤਾ ਕੋਲ ਬਿਨਾਂ ਕੋਈ ਵੀ ਕਾਰਨ ਦੱਸੇ ਸਭ ਤੋਂ ਉੱਚੀ ਬੋਲੀ ਨੂੰ ਪ੍ਰਵਾਨ ਜਾਂ ਰੱਦ ਕਰਨ ਜਾਂ ਵਿਕਰੀ ਨੂੰ ਬਰਖਾਸਤ ਕਰਨ ਦਾ ਹੱਕ ਰਾਖਵਾਂ ਹੈ।
ਇਸ ਨੂੰ ਉਕਤ ਦਰਸਾਈ ਮਿਤੀ ਨੂੰ ਈ-ਨਿਲਾਮੀ ਵਿਕਰੀ ਨੂੰ ਰੋਕਣ ਸੰਬੰਧੀ ਉਕਤ ਦਰਸਾਏ ਕਰਜ਼ੇ ਦੇ ਕਰਜ਼ਦਾਰ/ਾਂ/ਜ਼ਾਮਨ/ਾਂ ਅਤੇ ਗਿਰਵੀਕਾਰ/ਾਂ ਦੇ ਲਈ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6), ਨਿਯਮ 9 (1) ਦੇ ਅਧੀਨ 30 ਰੋਜ਼ਾ ਸੂਚਨਾ ਵਜੋਂ ਵੀ ਮੰਨਿਆ ਜਾਵੇ।

ਸੰਪੱਤੀਆਂ ਦੇ ਵੇਰਵੇ ਲਈ ਇੱਛੁੱਕ ਬੋਲੀਕਾਰਾਂ ਨੂੰ ਕਿਊਆਰ ਕੋਡ ਸਕੈਨ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ।

ਮਿਤੀ: 21.02.2026 ਸਥਾਨ : ਲੁਧਿਆਣਾ ਅਧਿਕਾਰਤ ਅਧਿਕਾਰੀ, ਯੂਨੀਅਨ ਬੈਂਕ ਆਫ ਇੰਡੀਆ

ਯੂਨੀਅਨ ਬੈਂਕ ਆਫ ਇੰਡੀਆ ਭਾਰਤ ਸਰਕਾਰ ਦਾ ਅਦਾਰਾ — Union Bank of India, A Government of India Undertaking

ਖੇਤਰੀ ਦਫਤਰ : 41/1, ਵਾਲੀਆ ਕੰਪਲੈਕਸ, ਆਤਮ ਨਗਰ, ਦੁੱਗਰੀ ਰੋਡ, ਲੁਧਿਆਣਾ-141003

ਈ-ਨਿਲਾਮੀ ਦੀ ਮਿਤੀ ਅਤੇ ਸਮਾਂ 13.03.2026 ਨੂੰ ਦੁਪਹਿਰ 12.00 ਵਜੇ ਤੋਂ ਸ਼ਾਮ 05.00 ਵਜੇ ਤੱਕ

ਈ-ਨਿਲਾਮੀ ਵਿਕਰੀ ਸੂਚਨਾ

ਅਚੱਲ ਸੰਪੱਤੀਆਂ ਦੀ ਵਿਕਰੀ ਲਈ ਵਿਕਰੀ ਸੂਚਨਾ

ਈ-ਨਿਲਾਮੀ ਦੀ ਮਿਤੀ ਅਤੇ ਸਮਾਂ 13.03.2026 ਨੂੰ ਦੁਪਹਿਰ 12.00 ਵਜੇ ਤੋਂ ਸ਼ਾਮ 05.00 ਵਜੇ ਦੇ ਵਿਚਾਲੇ (10 ਮਿੰਟ ਦੇ ਅਸੀਮਿਤ ਸਵੈ ਵਾਧਿਆਂ ਸਮੇਤ)

ਬਿਆਨਾ ਰਕਮ ਬੋਲੀ ਰੱਖਣ ਤੋਂ ਪਹਿਲਾਂ ਨਿਲਾਮੀ ਦਾ ਸਮਾਂ ਖਤਮ ਹੋਣ ਤੋਂ ਪਹਿਲਾਂ ਸੰਪੱਤੀ ਆਈਡੀ ਸਮੇਤ ਜਮ੍ਹਾਂ ਕੀਤੀ ਜਾਵੇਗੀ ਅਤੇ ਲਿੰਕ/ਮੈਪ ਕੀਤੀ ਜਾਵੇਗੀ।

ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6) ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪੱਤੀਆਂ ਦੀ ਵਿਕਰੀ ਦੇ ਲਈ ਈ-ਨਿਲਾਮੀ ਵਿਕਰੀ ਸੂਚਨਾ। ਜਨਤਾ ਨੂੰ ਆਮ ਕਰਕੇ ਅਤੇ ਕਰਜ਼ਦਾਰ(ਾਂ) ਅਤੇ ਜ਼ਾਮਨ (ਾਂ) ਨੂੰ ਵਿਸ਼ੇਸ਼ ਕਰਕੇ ਇਥੇ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਬੰਦੀ ਨਿਮਨ ਦਰਸਾਈ ਅਚੱਲ ਸੰਪੱਤੀ, ਜਿਸ ਦਾ ਉਸਾਰੂ/ਭੌਤਿਕ/ਸੰਕੇਤਕ ਕਬਜ਼ਾ ਯੂਨੀਅਨ ਬੈਂਕ ਆਫ ਇੰਡੀਆ/ਸੁਰੱਖਿਅਤ ਕਰਜ਼ਦਾਤਾ ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਹੈ, ਦੀ ਵਿਕਰੀ ਸੰਬੰਧਤ ਕਰਜ਼ਦਾਰ (ਾਂ) ਅਤੇ ਜ਼ਾਮਨ (ਾਂ) ਤੋਂ ਬੈਂਕ/ਸੁਰੱਖਿਅਤ ਕਰਜ਼ਦਾਤਾ ਵੱਲ ਬਕਾਇਆ ਰਕਮ ਦੀ ਵਸੂਲੀ ਦੇ ਲਈ **13.03.2026** ਨੂੰ **"ਜਿਵੇਂ ਹੈ ਜਿਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਜੋ ਵੀ ਉਥੇ ਹੈ"ਅਧਾਰ** 'ਤੇ ਕੀਤੀ ਜਾਵੇਗੀ। **ਰਾਖਵੀਂ ਕੀਮਤ ਅਤੇ ਬਿਆਨਾ ਰਕਮ ਜਮ੍ਹਾਂ ਸਬੰਧਤ ਸੰਪੱਤੀਆਂ ਦੇ ਅਧੀਨ ਨਿਮਨ ਸਾਰਣੀ ਵਿਚ ਦਰਸਾਏ ਅਨੁਸਾਰ ਹੋਵੇਗੀ। ਆਨਲਾਈਨ ਈ-ਨਿਲਾਮੀ 10 ਮਿੰਟਾਂ ਦੇ ਅਸੀਮਿਤ ਵਾਧੇ ਸਮੇਤ ਉਕਤ ਦਰਸਾਈ ਮਿਤੀ ਅਤੇ ਸਮੇਂ 'ਤੇ ਵੈਬ ਪੋਰਟਲ/ਵੈਬਸਾਈਟ : https://baanknet.com ਰਾਹੀਂ ਆਯੋਜਿਤ ਕੀਤੀ ਜਾਵੇਗੀ।**

ਲ. ਨੰ.	ਸ਼ਾਖਾ, ਖਾਤਾ, ਕਰਜ਼ਦਾਰ/ਾਂ/ ਜ਼ਾਮਨ/ਾਂ ਆਦਿ ਦੇ ਨਾਮ	ਬਕਾਇਆ ਰਕਮ	ਸੰਪੱਤੀਆਂ ਦੇ ਵੇਰਵੇ	ਰਾਖਵੀਂ ਕੀਮਤ	ਬਿਆਨਾ ਰਕਮ	ਬੋਲੀ ਵਾਧਾ ਰਕਮ
1.	ਫਿਰੋਜ਼ਪੁਰ ਰੋਡ, ਲੁਧਿਆਣਾ, ਮੋ. ਨੰ. 9999439338 ਕਰਜ਼ਦਾਰ/ਗਿਰਵੀਕਾਰ/ਜ਼ਾਮਨ: ਸਵਰਗੀ ਸ਼੍ਰੀ ਇੰਦਰਜੀਤ ਪੁਰੀ ਪੁੱਤਰ ਰਿਸ਼ੀ ਰਾਮ (ਹੇਠਾਂ ਕਾਨੂੰਨੀ ਵਾਰਸਾਂ ਰਾਹੀਂ), ਮਕਾਨ ਨੰ. 4-ਮਿਨ, ਗਲੀ ਨੰ. 1 ਆਬਾਦੀ ਗੌਤਮ ਵਿਹਾਰ, ਪਿੰਡ ਬਾਲੋਕੇ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ। ਕਾਨੂੰਨੀ ਵਾਰਸ: ਸ਼੍ਰੀਮਤੀ ਪਰਵੀਨ ਪੁਰੀ ਪਤਨੀ ਸਵਰਗੀ ਇੰਦਰਜੀਤ ਪੁਰੀ, ਮਕਾਨ ਨੰਬਰ 4-ਮਿਨ, ਗਲੀ ਨੰਬਰ 1 ਆਬਾਦੀ ਗੌਤਮ ਵਿਹਾਰ, ਪਿੰਡ ਬਾਲੋਕੇ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ। ਸ਼੍ਰੀ ਰਵੀ ਪੁਰੀ ਉਰਫ ਸੰਜੀਵ ਪੁਰੀ ਪੁੱਤਰ ਸਵਰਗਵਾਸੀ ਸ਼੍ਰੀ ਇੰਦਰਜੀਤ ਪੁਰੀ, ਪਲਾਟ ਨੰ. 4, ਖਸਰਾ ਨੰ. 17//18, 23/2 ਐੱਚ.ਬੀ. ਨੰ. 103, ਗੁਤਮ ਵਿਹਾਰ, ਬਾਲੋਕੇ ਰੋਡ, ਨੇੜੇ ਅੰਗਰੇਜ਼ ਕੀ ਚੱਕੀ, ਨੇੜੇ ਗ੍ਰੀਨ ਐਵੇਨਿਊ, ਹੈਬੋਵਾਲ ਖੁਰਦ, ਲੁਧਿਆਣਾ-10104. ਸ਼੍ਰੀਮਤੀ ਕਾਜਲ ਸਪੁੱਤਰੀ ਸਵਰਗੀ ਸ਼੍ਰੀ ਇੰਦਰਜੀਤ ਪੁਰੀ, ਪਲਾਟ ਨੰਬਰ 4, ਖਸਰਾ ਨੰਬਰ 17//18, 23/2 ਐਚਬੀ ਨੰਬਰ 103, ਗੁਤਮ ਵਿਹਾਰ, ਬਾਲੋਕੇ ਰੋਡ, ਅੰਗਰੇਜ਼ ਕੀ ਚੱਕੀ ਨੇੜੇ, ਗ੍ਰੀਨ ਐਵੇਨਿਊ, ਹੈਬੋਵਾਲ ਖੁਰਦ, ਲੁਧਿਆਣਾ-141001। ਸ਼੍ਰੀਮਤੀ ਵੰਦਨਾ ਪੁਰੀ ਉਰਫ਼ ਰਿਤਿਕਾ ਸਪੁੱਤਰੀ ਸਵਰਗੀ ਸ਼੍ਰੀ ਇੰਦਰਜੀਤ ਪੁਰੀ, ਪਲਾਟ ਨੰ. 4, ਖਸਰਾ ਨੰ. 17//18, 23/2 ਐੱਚ.ਬੀ. ਨੰ. 103, ਗੁਤਮ ਵਿਹਾਰ, ਬਾਲੋਕੇ ਰੋਡ, ਅੰਗਰੇਜ਼ ਕੀ ਚੱਕੀ ਨੇੜੇ ਗ੍ਰੀਨ ਐਵੇਨਿਊ, ਹੈਬੋਵਾਲ ਖੁਰਦ, ਲੁਧਿਆਣਾ-1401-ਲੁਧਿਆਣਾ। ਹੋਰ ਅਗਿਆਤ ਕਾਨੂੰਨੀ ਵਾਰਸਾਂ। ਸਹਿ-ਬਿਨੈਕਾਰ: ਸ਼੍ਰੀਮਤੀ ਪਰਵੀਨ ਪੁਰੀ ਪਤਨੀ ਸਵਰਗੀ ਇੰਦਰਜੀਤ ਪੁਰੀ, ਮਕਾਨ ਨੰ. 4-ਮਿਨ, ਗਲੀ ਨੰ. 1, ਅਬਾਦੀ ਗੌਤਮ ਵਿਹਾਰ, ਪਿੰਡ ਬਾਲੋਕੇ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ।	Rs. 14,95,664.14 31.03.2025 ਨੂੰ ਜਮ੍ਹਾਂ ਇਸ 'ਤੇ ਵਿਆਜ।	ਜਾਇਦਾਦ ਆਈਡੀ: UBINCHDLUD7587 4 ਮਿੰਨ 60.66 ਵਰਗ ਗਜ਼ ਦੇ ਮਾਪ 'ਤੇ ਜਾਇਦਾਦ / ਮਕਾਨ ਦੇ ਸਾਰੇ ਭਾਗ ਅਤੇ ਹਿੱਸੇ, ਜੋ ਕਿ ਖਸਰਾ ਨੰਬਰ 17//18, 23/2, ਖਾਤਾ ਨੰਬਰ 106/109 ਵਿੱਚ ਸ਼ਾਮਲ ਹੈ ਜਿਵੇਂ ਕਿ ਸਾਲ 2008-09 ਲਈ ਜਮ੍ਹਾਂਬੰਦੀ ਵਿੱਚ ਦਿਖਾਇਆ ਗਿਆ ਹੈ, ਪਿੰਡ ਬੱਲੋਕੇ ਐਚਬੀ ਨੰਬਰ 103, ਆਬਾਦੀ ਗੌਤਮ ਵਿਹਾਰ ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਦੀ ਮਾਲੀਆ ਜਾਇਦਾਦ ਦੇ ਅੰਦਰ ਸ਼੍ਰੀ ਇੰਦਰਜੀਤ ਪੁਰੀ ਦੇ ਨਾਮ 'ਤੇ ਸਥਿਤ ਹੈ। ਹੱਦਬੰਦੀ ਇਸ ਪ੍ਰਕਾਰ ਹੈ: ਪੂਰਬ: ਗੁਆਂਢੀ (14'), ਪੱਛਮ: ਸੜਕ (14'), ਉੱਤਰ: ਪਲਾਟ ਨੰਬਰ 3 (39'), ਦੱਖਣ: ਰਾਜਿੰਦਰ ਭੱਟ / ਪਲਾਟ ਨੰਬਰ 4 ਮਿਨ (39')'। ਕਬਜ਼ੇ ਦੀ ਕਿਸਮ: ਸੰਕੇਤਕ।	Rs. 13,50,000/-	Rs. 1,35,000/-	Rs. 15,000/-
2.	ਫਿਰੋਜ਼ਪੁਰ ਰੋਡ, ਲੁਧਿਆਣਾ, ਮੋ. ਨੰ. 9999439338 1. ਸ਼੍ਰੀ ਰਵਿੰਦਰ ਸਿੰਘ ਪੁੱਤਰ ਸ਼੍ਰੀ ਮੋਹਨ ਸਿੰਘ, (ਕਰਜ਼ਦਾਰ) ਪਤਾ1: ਮਕਾਨ ਨੰਬਰ-ਬੀ XXIX-1513/5, ਗਲੀ ਨੰਬਰ 82, ਮੁਹੱਲਾ ਹਰਕਿਸ਼ਨ ਨਗਰ, ਦੁਸਹਿਰਾ ਗਰਾਊਂਡ ਦੇ ਨੇੜੇ, ਪਿੰਡ ਗਿੱਲ ਨੰਬਰ 1, ਲੁਧਿਆਣਾ-141008 ਪਤਾ 2: ਮਕਾਨ ਨੰਬਰ 2-7-898, ਗੁਰੂ ਨਾਨਕ, ਲੱਕੜ ਮਾਰਕੀਟ, ਲੱਕੜ ਬਾਜ਼ਾਰ, ਕੇਂਦਰੀ ਡਾਕਘਰ ਲੁਧਿਆਣਾ, ਜ਼ਿਲ੍ਹਾ ਲੁਧਿਆਣਾ -141008 2. ਸ਼੍ਰੀਮਤੀ ਸੁਖਨੰਦਨ ਕੌਰ ਪਤਨੀ ਸ਼੍ਰੀ ਰਵਿੰਦਰ ਸਿੰਘ, (ਸਹਿ-ਕਰਜ਼ਦਾਰ ਅਤੇ ਗਿਰਵੀਕਾਰ), ਪਤਾ 1: ਮਕਾਨ ਨੰਬਰ-ਬੀ XXIX-1513/5, ਗਲੀ ਨੰਬਰ 82, ਮੁਹੱਲਾ ਹਰਕਿਸ਼ਨ ਨਗਰ, ਦੁਸਹਿਰਾ ਗਰਾਊਂਡ ਦੇ ਨੇੜੇ, ਪਿੰਡ ਗਿੱਲ ਨੰਬਰ 1, ਲੁਧਿਆਣਾ-141008 ਪਤਾ 2: ਮਕਾਨ ਨੰਬਰ ਬੀ-7-898, ਗੁਰੂ ਨਾਨਕ ਦੇਵ ਜੀ, ਲੱਕੜ ਮਾਰਕੀਟ, ਲੱਕੜ ਬਾਜ਼ਾਰ, ਕੇਂਦਰੀ ਡਾਕਘਰ ਲੁਧਿਆਣਾ, ਜ਼ਿਲ੍ਹਾ ਲੁਧਿਆਣਾ-141008	Rs. 5,47,005.35 31.05.2025 ਨੂੰ ਜਮ੍ਹਾਂ ਇਸ 'ਤੇ ਵਿਆਜ।	ਜਾਇਦਾਦ ਆਈਡੀ: UBINCHDLUD7126 ਲੁਧਿਆਣਾ ਦੇ ਹਰਕ੍ਰਿਸ਼ਨ ਨਗਰ, ਗਲੀ ਨੰ. 8-ਬੀ ਵਿੱਚ ਸਥਿਤ ਐਮਸੀ ਨੰਬਰ ਬੀ-XXIX-1513/5 ਵਾਲਾ 70 ਵਰਗ ਗਜ਼ ਦਾ ਰਿਹਾਇਸ਼ੀ ਮਕਾਨ ਅਤੇ ਪਿੰਡ ਗਿੱਲ-1, ਹੱਦਬਸਤ ਨੰਬਰ 263, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਦੀ 2010-11 ਦੀ ਜਮ੍ਹਾਂਬੰਦੀ ਵਿੱਚ ਦਰਜ ਕੀਤੇ ਗਏ ਖਾਤਾ ਨੰਬਰ 1168/1582 ਖਸਰਾ ਨੰਬਰ 1004/4 ਵਿੱਚ ਬਣਿਆ ਹੋਇਆ ਇਹ ਮਕਾਨ ਸ਼੍ਰੀਮਤੀ ਸੁਖਨੰਦਨ ਕੌਰ ਪਤਨੀ ਰਵਿੰਦਰ ਸਿੰਘ ਦੇ ਨਾਮ 'ਤੇ ਵਿਕਰੀ ਡੀਡ ਵਸੀਕਾ ਨੰਬਰ 2018-19/103/1/1091 ਮਿਤੀ 24.08.2018 ਦੇ ਅਨੁਸਾਰ ਹੈ। ਹੱਦਬੰਦੀ: ਪੱਛਮ-ਗੁਆਂਢੀ: 29'3 ਤੱਕ", ਉੱਤਰ-ਗੁਆਂਢੀ: 21'6 ਤੱਕ", ਦੱਖਣ-ਗਲੀ 20'ਚੌੜਾ: 21'6 ਤੱਕ"। ਕਬਜ਼ੇ ਦੀ ਕਿਸਮ: ਸੰਕੇਤਕ।	Rs. 13,80,000/-	Rs. 1,38,000/-	Rs. 15,000/-
3.	ਫੋਕਲ ਪੁਆਇੰਟ, ਲੁਧਿਆਣਾ, ਮੋ. ਨੰ. 7597096566 ਕਰਜ਼ਦਾਰ: 1) ਮੈਸਰਜ਼ ਮਾਡਰਨ ਮਿਲਕ ਆਈਸ (ਪ੍ਰੋਪਰਾਈਟਰਸ਼ਿਪ ਫਰਮ) ਦੁਆਰਾ ਪ੍ਰੋਪਰਾਈਟਰ ਸ਼੍ਰੀਮਤੀ ਜੋਤੀ ਮੈਣੀ ਪਤਨੀ ਰਾਮ ਸਰੂਪ, ਮਕਾਨ ਨੰ. 4853, ਮੁਹੱਲਾ ਧਰਮਪੁਰਾ, ਵਾਰਡ ਨੰ. 18, ਸ਼ਿੰਗਾਰ ਸਿਨੇਮਾ ਰੋਡ, ਲੁਧਿਆਣਾ 141010, 2) ਸ਼੍ਰੀਮਤੀ ਜੋਤੀ ਮੈਣੀ ਪਤਨੀ ਰਾਮ ਸਰੂਪ ਮਕਾਨ ਨੰ. 4853, ਮੁਹੱਲਾ ਧਰਮਪੁਰਾ, ਵਾਰਡ ਨੰ. 58, ਸ਼ਿੰਗਾਰ ਸਿਨੇਮਾ ਰੋਡ, ਲੁਧਿਆਣਾ-141010, ਜ਼ਾਮਨ: 1) ਸ਼੍ਰੀ ਰਾਮ ਸਰੂਪ ਪੁੱਤਰ ਰਾਕੇਸ਼ ਕੁਮਾਰ, ਮਕਾਨ ਨੰ. 4853, ਮੁਹੱਲਾ ਧਰਮਪੁਰਾ, ਵਾਰਡ ਨੰ. 58, ਸ਼ਿੰਗਾਰ ਸਿਨੇਮਾ-1, ਲੁਧਿਆਣਾ ਰੋਡ, 102, ਲੁਧਿਆਣਾ, 104) 2. ਰਾਕੇਸ਼ ਕੁਮਾਰ ਪੁੱਤਰ ਮਲਕ ਚੰਦ, ਮਕਾਨ ਨੰ. 4853, ਮੁਹੱਲਾ ਧਰਮਪੁਰਾ, ਵਾਰਡ ਨੰ. 58, ਸ਼ਿੰਗਾਰ ਸਿਨੇਮਾ ਰੋਡ, ਲੁਧਿਆਣਾ-141010	Rs. 10,86,652.62 30.05.2025 ਨੂੰ ਜਮ੍ਹਾਂ ਇਸ 'ਤੇ ਵਿਆਜ ਅਤੇ ਹੋਰ ਖਰਚੇ।	ਜਾਇਦਾਦ ਆਈਡੀ: UBINCHDLUD7150 ਵਿਕਰੀ ਡੀਡ ਨੰਬਰ 3396 ਮਿਤੀ 11/03/2016 ਸ਼੍ਰੀ ਰਾਮ ਸਰੂਪ ਪੁੱਤਰ ਰਾਕੇਸ਼ ਕੁਮਾਰ ਦੇ ਨਾਮ 'ਤੇ ਦੁਆਰਾ ਅਚੱਲ ਜਾਇਦਾਦ ਪਲਾਟ ਨੰਬਰ 6 ਉੱਤੇ ਬਣਿਆ ਇੱਕ ਮਕਾਨ, ਜਿਸਦਾ ਮਾਪ 200 ਵਰਗ ਗਜ਼ ਹੈ, ਖਸਰਾ ਨੰਬਰ 29//19/2, 29//21/1, 29//22, 37//2, 37//9, 29//11/2/2, 12/2, 19/1, 20, ਖਾਤਾ ਨੰਬਰ 297/332, 298/333 ਵਿੱਚ ਸਾਲ 2010-2011 ਲਈ ਜਮ੍ਹਾਂਬੰਦੀ ਅਨੁਸਾਰ ਪਿੰਡ ਭੋਲਾਪੁਰ, ਹੱਦਬਸਤ ਨੰਬਰ 238, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਹੈ ਅਤੇ ਹੇਠ ਲਿਖੇ ਅਨੁਸਾਰ ਸੀਮਾਬੱਧ ਹੈ: - ਪੂਰਬੀ ਪਲਾਟ ਨੰਬਰ 5 ਪੱਛਮੀ ਪਲਾਟ ਨੰਬਰ 16 ਮਾਪ 30', ਸੜਕ 20' ਚੌੜੀ ਮਾਪ 30' ਉੱਤਰ 60', ਦੱਖਣ - ਪਲਾਟ ਨੰ. 7 60' ਮਾਪ ਵਾਲਾ (ਕਬਜ਼ਾ ਕਿਸਮ: ਸੰਕੇਤਕ)	Rs. 14,40,000/-	Rs. 1,44,000/-	Rs. 15,000/-
ਇਸ ਪ੍ਰਦਰਸ਼ਨੀ ਦਾ ਉਦਘਾਟਨ ਕਰਦਿਆਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਸੀ ਕਿ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਸ ਮੇਲੇ @ਚ ਅਜਿਹੀ ਪ੍ਰਦਰਸ਼ਨੀ ਲਗਾਉਣ ਦਾ ਇਹ ਅਹਿਮ ਉਪਰਾਲਾ ਆਪਣੀ ਅਗਲੀ ਪੀੜ੍ਹੀ ਨੂੰ ਆਪਣੇ ਅਮੀਰ ਵਿਰਸੇ ਤੇ ਇਤਿਹਾਸ ਤੋਂ ਜਾਣੂ ਕਰਵਾਉਣ ਲਈ ਕੀਤਾ ਹੈ। ਉਨ੍ਹਾਂ ਉਮੀਦ ਜਤਾਈ ਕਿ ਇਹ ਪ੍ਰਦਰਸ਼ਨੀ ਵਿਦਵਾਨਾਂ, ਵਿਦਿਆਰਥੀਆਂ, ਇਤਿਹਾਸਕਾਰਾਂ, ਕਲਾਕਾਰਾਂ ਅਤੇ ਆਮ ਲੋਕਾਂ ਲਈ ਬਹੁਤ ਲਾਭਕਾਰੀ ਸਾਬਤ ਹੋਵੇਗੀ।

ਵਿੱਤ ਮੰਤਰੀ ਚੀਮਾ ਨੇ ਅਫ਼ਸੋਸ ਜਤਾਇਆ ਕਿ ਪਿਛਲੀਆਂ ਸਰਕਾਰਾਂ ਨੇ ਇਸ ਵਿਰਸੇ ਨੂੰ ਲੋਕਾਂ ਤੱਕ ਪਹੁੰਚਾਉਣ ਤੇ ਇਸ ਨੂੰ ਸੰਭਾਲਣ ਦਾ ਕੋਈ ਉਪਰਾਲਾ ਨਹੀਂ ਕੀਤਾ। ਉਨ੍ਹਾਂ ਨੇ ਪਟਿਆਲਾ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਤੇ ਏ.ਡੀ.ਸੀ. ਦਮਨਜੀਤ ਸਿੰਘ ਮਾਨ ਦੀ ਸ਼ਲਾਘਾ ਕਰਦਿਆਂ ਇਸ ਮੇਲੇ ਦੀ ਸਫ਼ਲਤਾ ਦੀ ਕਾਮਨਾ ਕੀਤੀ।

ਇਸੇ ਦੌਰਾਨ ਪੰਜਾਬ ਰਾਜ ਪੁਰਾਲੇਖ ਵਿਭਾਗ, ਚੰਡੀਗੜ੍ਹ ਤੇ ਪਟਿਆਲਾ ਦੇ ਅਧਿਕਾਰੀਆਂ ਨੇ ਦੱਸਿਆ ਕਿ ਲਗਪਗ 20 ਸਾਲਾਂ ਬਾਅਦ ਅਜਿਹੀ ਪ੍ਰਦਰਸ਼ਨੀ ਲਗਾਈ ਗਈ ਹੈ, ਜਿੱਥੇ ਵਿਭਾਗ ਨੇ ਆਪਣੇ ਵਡਮੁੱਲੇ ਦਸਤਾਵੇਜ ਪ੍ਰਦਰਸ਼ਿਤ ਕੀਤੇ ਹਨ। ਉਨ੍ਹਾਂ ਦੱਸਿਆ ਕਿ ਪੁਰਾਲੇਖ ਵਿਭਾਗ ਨੇ ਖ਼ਾਲਸਾ ਦਰਬਾਰ 1839-1840, 1841-1846 ਦਾ ਪ੍ਰਸ਼ਾਸਨਿਕ ਰਿਕਾਰਡ, ਤੋਸ਼ਾਖਾਨਾ, ਪੰਜਾਬ ਗ਼ਜਟ 1857, ਮਹਾਰਾਜਾ ਰਣਜੀਤ ਸਿੰਘ ਦਾ ਸ਼ਾਹੀ ਦਰਬਾਰ, ਤਵਾਰੀਖ ਰਾਜ ਖ਼ਾਲਸਾ, ਮਹਾਰਾਜਾ ਰਣਜੀਤ ਸਿੰਘ ਦੇ ਰਾਜ ਦਾ ਨਕਸ਼ਾ, ਮਹਾਰਾਜੇ ਦੀ ਬੰਸਾਵਲੀ, ਖ਼ਾਲਸਾ ਦਰਬਾਰ ਦਾ ਮਿਲਟਰੀ ਰਿਕਾਰਡ, 1840 ਦੀ ਮਹਾਰਾਜਾ ਰਣਜੀਤ ਸਿੰਘ ਬਾਰੇ ਲਿਖੀ ਪਹਿਲੀ ਪੁਸਤਕ ਆਦਿ ਦਸਤਾਵੇਜ ਦਿਖਾਏ ਗਏ ਹਨ।

ਇਸ ਮੌਕੇ ਗ਼ੈਰ ਸਰਕਾਰੀ ਸੰਸਥਾ ਪੰਜਾਬ ਡਿਜ਼ੀਟਲ ਲਾਇਬ੍ਰੇਰੀ, ਚੰਡੀਗੜ੍ਹ ਦੇ ਆਊਟਰੀਚ ਡਾਇਰੈਕਟਰ ਦਲਬੀਰ ਸਿੰਘ ਤੇ ਆਊਟਰੀਚ ਕੋਆਰਡੀਨੇਟਰ ਗੀਤਾਂਜਲੀ ਨੇ ਦੱਸਿਆ ਕਿ ਸਿੱਖ ਰਾਜ ਦੇ ਸਮੇਂ ਜੋ ਵਿਦੇਸ਼ਾਂ ਤੋਂ ਕਲਾਕਾਰ ਤੇ ਲੇਖਕ ਪੰਜਾਬ ਆਏ ਅਤੇ ਉਨ੍ਹਾਂ ਨੇ ਜੋ ਕੁਝ ਸਿੱਖ ਰਾਜ ਬਾਰੇ ਦੇਖ ਕੇ ਲਿਖਿਆ ਤੇ ਚਿਤਰਿਆ ਅਤੇ ਆਪਣਾ ਦ੍ਰਿਸ਼ਟੀਕੋਣ ਬਣਾਇਆ, ਉਸ ਬਾਰੇ ਇਹ ਪ੍ਰਦਰਸ਼ਨੀ ਦਰਸ਼ਕਾਂ ਨੂੰ ਜਾਣੂ ਕਰਵਾਉਣ ਦਾ ਉਪਰਾਲਾ ਹੈ। ਉਨ੍ਹਾਂ ਦੱਸਿਆ ਕਿ ਇਹ ਪ੍ਰਦਰਸ਼ਨੀ ਦੁਰਲੱਭ ਮੂਲ ਪੁਰਾਲੇਖ ਸਮੱਗਰੀ ਨੂੰ ਪ੍ਰਦਰਸ਼ਿਤ ਕਰਦੀ ਹੋਈ ਪੰਜਾਬ ਤੇ ਸਿੱਖ ਸਾਮਰਾਜ ਨਾਲ ਅੰਤਰਰਾਸ਼ਟਰੀ ਕਲਾਤਮਕ ਅਤੇ ਸਾਹਿਤਕ ਰੁਝੇਵਿਆਂ ਨੂੰ ਦਰਸਾਉਂਦੀ ਹੈ। ਉਨ੍ਹਾਂ ਦੱਸਿਆ ਕਿ ਸੰਯੁਕਤ ਰਾਜ ਅਮਰੀਕਾ ਅਤੇ ਪੰਜਾਬ ਦੇ ਪੰਜਾਬ ਡਿਜੀਟਲ ਲਾਇਬ੍ਰੇਰੀ ਇੰਟਰਨਾਂ ਦੁਆਰਾ ਤਿਆਰ ਕੀਤੀ ਇਹ ਪ੍ਰਦਰਸ਼ਨੀ ਸੈਲਾਨੀਆਂ ਨੂੰ ਪੰਜਾਬ ਦੀ ਸ਼ਾਹੀ ਵਿਰਾਸਤੀ ਮਾਹੌਲ ਵਿੱਚ ਮੂਲ ਦਸਤਾਵੇਜ਼ਾਂ, ਇਤਿਹਾਸਕ ਕਲਾਕ੍ਰਿਤੀਆਂ ਅਤੇ ਘੱਟ ਵੇਖੇ ਜਾਣ ਵਾਲੇ ਦ੍ਰਿਸ਼ਟੀਕੋਣਾਂ ਦਾ ਅਨੁਭਵ ਕਰਨ ਦਾ ਇੱਕ ਵਿਲੱਖਣ ਮੌਕਾ ਪ੍ਰਦਾਨ ਕਰਦੀ ਹੈ, ਜਿਸ ਨਾਲ ਅਤੀਤ ਅਤੇ ਵਰਤਮਾਨ ਵਿਚਕਾਰ ਇੱਕ ਅਰਥਪੂਰਨ ਸਬੰਧ ਬਣਦਾ ਹੈ।

ਦਲਬੀਰ ਸਿੰਘ ਨੇ ਹੋਰ ਦੱਸਿਆ ਕਿ ਪੰਜਾਬ ਡਿਜੀਟਲ ਲਾਇਬ੍ਰੇਰੀ ਪੰਜਾਬ ਦੀ ਅਮੀਰ ਸੱਭਿਆਚਾਰਕ ਅਤੇ ਇਤਿਹਾਸਕ ਵਿਰਾਸਤ ਦੀ ਸੰਭਾਲ ਅਤੇ ਪ੍ਰਸਾਰ ਨੂੰ ਸਮਰਪਿਤ ਹੈ ਅਤੇ ਸਾਡੇ ਕੋਲ 100 ਮਿਲੀਅਨ ਪੰਨਿਆਂ ਦੇ ਡਿਜੀਟਾਈਜ਼ੇਸ਼ਨ ਦੇ ਨਾਲ, ਪੀਡੀਐਲ ਦੁਨੀਆ ਵਿੱਚ ਪੰਜਾਬ ਦਾ ਸਭ ਤੋਂ ਵੱਡਾ ਭੰਡਾਰ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਪੰਜਾਬ ਦੇ ਇਤਿਹਾਸ, ਯਾਦ ਅਤੇ ਸੱਭਿਆਚਾਰਕ ਅਮੀਰੀ ਨੂੰ ਦੁਨੀਆ ਨਾਲ ਸਾਂਝਾ ਕੀਤਾ ਜਾ ਰਿਹਾ ਹੈ।

ਇੱਥੇ ਹੀ ਪੰਜਾਬੀ ਯੂਨੀਵਰਸਿਟੀ ਦੇ ਉਦਮਤਾ, ਨਵੀਨਤਾ ਅਤੇ ਕਰੀਅਰ ਹੱਬ ਵੱਲੋਂ ਉਪ ਸਮੂਹ ਪੇਂਡੂ ਸੈਰ ਸਪਾਟਾ ਤੇ ਰਵਾਇਤੀ ਕਲਾਵਾਂ ਤਹਿਤ ਵਿਦਿਆਰਥੀਆਂ ਦੁਆਰਾ ਬਣਾਈਆਂ ਰਵਾਇਤੀ ਵਸਤੂਆਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ ਹੈ।

ਪੀ.ਆਈ.ਬੀ. ਜਲੰਧਰ ਵੱਲੋਂ ਪ੍ਰੈਸ ਟੂਰ ਤਹਿਤ ਪੱਤਰਕਾਰਾਂ ਦਾ ਵਫ਼ਦ ਅਹਿਮਦਾਬਾਦ ਪਹੁੰਚਿਆ

ਸ਼੍ਰੀ ਪ੍ਰਸ਼ਾਂਤ ਪਾਠਰਾਬੇ, ਡਾਇਰੈਕਟਰ ਜਨਰਲ, ਪੀਆਈਬੀ (ਗੁਜਰਾਤ ਰੀਜਨ) ਵੱਲੋਂ ਪੱਤਰਕਾਰਾਂ ਦੇ ਵਫ਼ਦ ਦਾ ਕੀਤਾ ਸਵਾਗਤ

ਪ੍ਰੈਸ ਟੂਰ ਦੇ ਪਹਿਲੇ ਦਿਨ ਪੱਤਰਕਾਰਾਂ ਨੇ ਸੱਤਿਆਗ੍ਰਹਿ ਆਸ਼ਰਮ ਕੋਚਰਬ ਅਤੇ ਸਾਬਰਮਤੀ ਮਲਟੀਮਾਡਲ ਟਰਾਂਸਪੋਰਟ ਹੱਬ ਦਾ ਦੌਰਾ ਕੀਤਾ

ਅਹਿਮਦਾਬਾਦ, 23 ਫਰਵਰੀ (ਵਿਕਲਜੀਤ ਸਿੰਘ ਸਰਾਂ) : ਪੱਤਰ ਸੂਚਨਾ ਦਫ਼ਤਰ, ਜਲੰਧਰ ਵੱਲੋਂ ਪੀਆਈਬੀ ਅਹਿਮਦਾਬਾਦ ਦੇ ਸਹਿਯੋਗ ਨਾਲ ਆਯੋਜਿਤ ਪ੍ਰੈਸ ਟੂਰ ਤਹਿਤ ਵੱਖ-ਵੱਖ ਮੀਡੀਆ ਅਦਾਰਿਆਂ ਦੇ ਪੱਤਰਕਾਰ ਅਤੇ ਸੰਪਾਦਕ ਗੁਜਰਾਤ ਦੇ ਦੌਰੇ 'ਤੇ ਹਨ। ਪੱਤਰਕਾਰਾਂ ਦਾ ਇਹ ਵਫ਼ਦ ਡਾ. ਵਿਕਰਮ ਸਿੰਘ, ਮੀਡੀਆ ਅਤੇ ਸੰਚਾਰ ਅਧਿਕਾਰੀ ਦੀ ਅਗਵਾਈ ਤਹਿਤ ਅਹਿਮਦਾਬਾਦ ਪਹੁੰਚਿਆ, ਜਿੱਥੇ ਪੱਤਰ ਸੂਚਨਾ ਦਫ਼ਤਰ, ਅਹਿਮਦਾਬਾਦ ਦੇ ਸਮੁੱਚੇ ਸਟਾਫ਼ ਵੱਲੋਂ ਇਸ ਵਫ਼ਦ ਦਾ ਨਿੱਘਾ ਸਵਾਗਤ ਕੀਤਾ ਗਿਆ।

ਪੱਤਰਕਾਰਾਂ ਦਾ ਸਵਾਗਤ ਕਰਦੇ ਹੋਏ ਸ਼੍ਰੀ ਪ੍ਰਸ਼ਾਂਤ ਪਾਠਰਾਬੇ, ਡਾਇਰੈਕਟਰ ਜਨਰਲ, ਪੀਆਈਬੀ (ਗੁਜਰਾਤ ਰੀਜਨ) ਨੇ ਕਿਹਾ ਕਿ ਪੀਆਈਬੀ ਵੱਲੋਂ ਆਯੋਜਿਤ ਕੀਤਾ ਜਾਣ ਵਾਲਾ ਪ੍ਰੈਸ ਟੂਰ ਇੱਕ ਸੂਬੇ ਦੇ ਪੱਤਰਕਾਰਾਂ ਲਈ ਦੂਜੇ ਸੂਬੇ ਵਿੱਚ ਹੋ ਰਹੇ ਵਿਕਾਸ ਕਾਰਜਾਂ ਨੂੰ ਜਾਣਨ ਦਾ ਬਿਹਤਰੀਨ ਮੌਕਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਦੂਜੇ ਸੂਬੇ ਦੇ ਵਿਕਾਸ ਪੱਖੀ ਕਾਰਜ ਆਪਣੇ ਸੂਬੇ ਦੇ ਵਿਕਾਸ ਦੀ ਰਹਿਨੁਮਾਈ ਦਾ ਚੰਗਾ ਜ਼ਰੀਆ ਸਾਬਤ ਹੋ ਸਕਦੇ ਹਨ। ਸ਼੍ਰੀ ਪਾਠਰਾਬੇ ਨੇ ਕਿਹਾ ਕਿ ਗੁਜਰਾਤ ਇੱਕ ਅਜਿਹਾ ਸੂਬਾ ਹੈ, ਜਿੱਥੇ ਪਿਛਲੇ ਕੁਝ ਕੁ ਸਾਲਾਂ ਵਿੱਚ ਵਿਕਾਸ ਬੜੀ ਤੇਜ਼ੀ ਨਾਲ ਹੋਇਆ ਹੈ ਅਤੇ ਇਸਦਾ ਦੇਸ਼ ਦੀ ਤਰੱਕੀ ਵਿੱਚ ਬਹੁਤ ਵੱਡਾ ਸਥਾਨ ਹੈ। ਉਨ੍ਹਾਂ ਕਿਹਾ ਕਿ ਇੱਥੇ ਖ਼ਾਸ ਤੌਰ 'ਤੇ ਆਈਟੀ, ਟੈਕਸਟਾਈਲਜ਼, ਉਦਯੋਗ ਅਤੇ ਖੇਡਾਂ ਦੇ ਖੇਤਰ ਵਿੱਚ ਬੇਸ਼ੁਮਾਰ ਵਿਕਾਸ ਦੇਖਣ ਨੂੰ ਮਿਲਿਆ ਹੈ, ਜੋ ਦੇਸ਼ ਦੇ ਬਾਕੀ ਸੂਬਿਆਂ ਲਈ ਮਿਸਾਲ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰੈਸ ਟੂਰ ਤਹਿਤ ਪੱਤਰਕਾਰ ਜਿੱਥੇ ਇੱਥੋਂ ਦੇ ਸਭਿਆਚਾਰ ਦਾ ਅਨੁਭਵ ਕਰਨਗੇ, ਉੱਥੇ ਉਨ੍ਹਾਂ ਨੂੰ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਨੂੰ ਨੇੜੇ ਹੋ ਕੇ ਦੇਖਣ ਅਤੇ ਸਮਝਣ ਦਾ ਮੌਕਾ ਮਿਲੇਗਾ। ਆਪਣੇ ਦੌਰੇ ਦੇ ਪਹਿਲੇ ਦਿਨ ਪੱਤਰਕਾਰਾਂ ਦੇ ਵਫ਼ਦ ਵੱਲੋਂ ਅਹਿਮਦਾਬਾਦ ਦੇ ਸੱਤਿਆਗ੍ਰਹਿ ਆਸ਼ਰਮ ਕੋਚਰਬ ਦਾ ਦੌਰਾ ਕੀਤਾ ਗਿਆ। ਮਹਾਤਮਾ ਗਾਂਧੀ ਜੀ ਦੇ ਜੀਵਨ ਨਾਲ ਸੰਬੰਧਤ ਇਸ ਮਹੱਤਵਪੂਰਨ ਸਥਾਨ ਬਾਰੇ ਪੱਤਰਕਾਰਾਂ ਵੱਲੋਂ ਵਿਸਥਾਰ ਸਹਿਤ ਜਾਣਕਾਰੀ ਪ੍ਰਾਪਤ ਕੀਤੀ ਗਈ। ਇਸ ਉਪਰੰਤ ਪੱਤਰਕਾਰਾਂ ਵੱਲੋਂ ਕਾਲੂਪੁਰ ਅਤੇ ਸਾਬਰਮਤੀ ਮਲਟੀਮਾਡਲ ਟਰਾਂਸਪੋਰਟ ਹੱਬ ਦਾ ਦੌਰਾ ਕਰਕੇ ਅਹਿਮਦਾਬਾਦ-ਮੁੰਬਈ ਹਾਈ ਸਪੀਡ ਰੇਲ ਕੌਰੀਡੋਰ ਦੀ ਪ੍ਰਗਤੀ ਨੂੰ ਦੇਖਿਆ। ਇਸ ਮੌਕੇ ਅਧਿਕਾਰੀਆਂ ਵੱਲੋਂ ਪ੍ਰੋਜੈਕਟ ਦੀ ਆਧੁਨਿਕ ਤਕਨਾਲੋਜੀ, ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਖੇਤਰੀ ਸੰਪਰਕ ਅਤੇ ਆਰਥਿਕ ਵਿਕਾਸ @ਤੇ ਇਸਦੇ ਪ੍ਰਭਾਵ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਮੀਡੀਆ ਪ੍ਰਤੀਨਿਧੀਆਂ ਨੇ ਸਾਬਰਮਤੀ ਰੀਵਰਫ੍ਰੰਟ ਦਾ ਵੀ ਦੌਰਾ ਕੀਤਾ।

ਇੱਕ ਚੌਂਕੜੇ 'ਚ ਸ੍ਰੀ ਅਖੰਡ ਪਾਠ ਸਾਹਿਬ ਸੰਪੂਰਨ ਕਰਨ ਵਾਲੇ ਭਾਈ ਰਾਜਾ ਸਿੰਘ ਕਾਲ ਝਰਾਣੀ ਵਾਲੇ ਚੜ੍ਹਦੀਕਲਾ ਅਦਾਰਾ ਪੁੱਜੇ

ਪਟਿਆਲਾ, 23 ਫਰਵਰੀ (ਰੁਪਾਣਾ) : ਇਕ ਚੌਂਕੜੇ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਸੰਪੂਰਨ ਕਰਨ ਵਾਲੇ ਭਾਈ ਰਾਜ ਸਿੰਘ ਕਾਲ ਝਰਾਣੀ ਵਾਲੇ ਅੱਜ ਇੱਥੇ ਚੜਦੀਕਲਾ ਅਦਾਰਾ ਵਿਖੇ ਪੁੱਜੇ, ਜਿੱਥੇ ਉਹਨਾਂ ਨੇ ਸਭ ਤੋਂ ਪਹਿਲਾਂ ਚੜਦੀਕਲਾ ਦੇ ਸਮੁੱਚੇ ਦਫਤਰ ਅੰਦਰ ਚਰਨ ਪਾਏ ਅਤੇ ਚੌਪਈ ਸਾਹਿਬ ਦਾ ਪਾਠ ਕਰਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਭਾਈ ਰਾਜ ਸਿੰਘ ਨੂੰ ਚੜ੍ਹਦੀਕਲਾ ਦੇ ਚੇਅਰਮੈਨ ਡਾ ਪਦਮਸ਼੍ਰੀ ਜਗਜੀਤ ਸਿੰਘ ਦਰਦੀ, ਸ੍ਰੀਮਤੀ ਜਸਵਿੰਦਰ ਕੌਰ ਦਰਦੀ, ਸ ਹਰਪ੍ਰੀਤ ਸਿੰਘ ਦਰਦੀ, ਡਾ ਇੰਦਰਪ੍ਰੀਤ ਕੌਰ ਦਰਦੀ ਸਮੇਤ ਸਮੁੱਚੇ ਸਟਾਫ ਨੇ ਵੀ ਉਹਨਾਂ ਦੇ ਦਰਸ਼ਨ ਕੀਤੇ ਅਤੇ ਉਹਨਾਂ ਨੂੰ ਸਿਰਪਾਓ ਭੇਟ ਕੀਤਾ। ਇਸ ਮੌਕੇ ਭਾਈ ਰਾਜ ਸਿੰਘ ਰਾਜਾ ਨੇ ਗੁਰਦੁਆਰਾ ਸ੍ਰੀ ਅਕਾਲ ਝਰਾਣੀ ਸਾਹਿਬ ਬਠਿੰਡਾ ਦੇ ਇਤਿਹਾਸ ਬਾਰੇ ਪੂਰਨ ਤੌਰ 'ਤੇ ਚਾਨਣਾ ਪਾਇਆ ਅਤੇ ਸਮੁੱਚੇ ਸਿੱਖ ਸੰਗਤ ਨੂੰ ਇੱਥੇ ਪਹੁੰਚ ਕੇ ਦਰਸ਼ਨ ਕਰਨ ਦੀ ਅਪੀਲ ਕੀਤੀ ਭਾਈ ਰਾਜ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਅਕਾਲ ਝਰਾਣੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਹੈ ਜਿੱਥੇ ਕਿ ਹਰ ਨਾਮ ਲੇਵਾ ਸੰਗਤ ਨੂੰ ਦਰਸ਼ਨ ਕਰਨੇ ਚਾਹੀਦੇ ਹਨ।

ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ ਡਾ. ਕ੍ਰਿਸ਼ਨ ਕੁਮਾਰ ਰੱਤੂ ਵੱਲੋਂ ਹਰਿਆਣਾ ਦੇ ਮੁੱਖ ਮੰਤਰੀ ਨਾਲ ਮੁਲਾਕਾਤ

ਚੰਡੀਗੜ੍ਹ, 23 ਫਰਵਰੀ (ਚ.ਨ.ਸ.) : ਦੇਸ਼ ਦੇ ਪ੍ਰਸਿੱਧ ਲੇਖਕ, ਚਿੰਤਕ ਅਤੇ ਮੀਡੀਆ ਵਿਸ਼ਲੇਸ਼ਕ ਡਾ. ਕ੍ਰਿਸ਼ਨ ਕੁਮਾਰ ਰੱਤੂ ਨੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਪਰਿਵਾਰਿਕ ਮੁਲਾਕਾਤ ਉਨ੍ਹਾਂ ਦੇ ਸਰਕਾਰੀ ਨਿਵਾਸ ਸਥਾਨ 'ਤੇ ਇੱਕ ਸਦਭਾਵਨਾ ਮੁਲਾਕਾਤ ਕੀਤੀ। ਇਹ ਮੁਲਾਕਾਤ ਸਿਰਫ਼ ਇੱਕ ਆਧਿਕਾਰਿਕ ਸਤਿਕਾਰ ਭੇਟ ਨਹੀਂ ਸੀ, ਸਗੋਂ ਇਹ ਸਮਾਜਕ ਚਿੰਤਨ, ਮੀਡੀਆ ਦੀ ਜ਼ਿੰਮੇਵਾਰੀ ਅਤੇ ਰਾਸ਼ਟਰ ਦੇ ਬੌਧਿਕ ਭਵਿੱਖ ਬਾਰੇ ਇੱਕ ਗੰਭੀਰ ਅਤੇ ਭਾਵਨਾਤਮਕ ਸੰਵਾਦ ਦਾ ਮੌਕਾ ਬਣੀ।

ਇਸ ਮੌਕੇ ਡਾ. ਰੱਤੂ ਨੇ ਮੁੱਖ ਮੰਤਰੀ ਨੂੰ ਆਪਣੀਆਂ ਰਚਨਾਵਾਂ ਅਤੇ ਅਧਿਐਨਕਾਰੀ ਲਿਖਤਾਂ ਦੀਆਂ ਕਾਪੀਆਂ ਭੇਟ ਕਰਦਿਆਂ ਕਿਹਾ ਕਿ ਲਿਖਤ ਅਤੇ ਵਿਚਾਰ ਸਿਰਫ਼ ਸ਼ਬਦਾਂ ਦੀ ਕਲਾ ਨਹੀਂ ਹੁੰਦੇ, ਸਗੋਂ ਇਹ ਸਮਾਜ ਦੀ ਆਤਮਾ ਨੂੰ ਪ੍ਰਗਟ ਕਰਨ ਦਾ ਮਾਧਿਅਮ ਹੁੰਦੇ ਹਨ। ਉਨ੍ਹਾਂ ਨੇ ਕਿਹਾ ਕਿ ਮੀਡੀਆ ਅਤੇ ਸਾਹਿਤ ਇੱਕ ਅਜਿਹੀ ਰੋਸ਼ਨੀ ਹਨ ਜੋ ਸਮਾਜ ਨੂੰ ਸੱਚ, ਨੈਤਿਕਤਾ ਅਤੇ ਜਾਗਰੂਕਤਾ ਦੀ ਦਿਸ਼ਾ ਦਿਖਾਉਂਦੀਆਂ ਹਨ। ਉਨ੍ਹਾਂ ਨੇ ਭਾਵੁਕਤਾ ਨਾਲ ਯਾਦ ਕੀਤਾ ਕਿ ਕਿਵੇਂ ਇੱਕ ਲੇਖਕ ਦੀ ਕਲਮ ਸਮਾਜ ਦੇ ਦਰਦ ਨੂੰ ਵੀ ਦਰਜ ਕਰਦੀ ਹੈ ਅਤੇ ਉਸ ਦੀ ਆਸ ਨੂੰ ਵੀ ਜੀਵੰਤ ਰੱਖਦੀ ਹੈ। ਡਾ. ਰੱਤੂ ਨੇ ਉਹਨਾਂ ਦਾ ਸਨਮਾਨ ਕਰਦੇ ਉਹਨਾਂ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕੀਤਾ ਅਤੇ ਪੂਰੇ ਪਰਿਵਾਰ ਦਾ ਸਨਮਾਨ ਕਰਦਿਆਂ ਕਿਹਾ ਕਿ ਸਮਾਜ ਨੂੰ ਸਹੀ ਦਿਸ਼ਾ ਦੇਣ ਵਿੱਚ ਲੇਖਕਾਂ ਅਤੇ ਬੌਧਿਕ ਵਰਗ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਲੇਖਕ ਸਮਾਜ ਦਾ ਜ਼ਮੀਰ ਹੁੰਦੇ ਹਨ, ਜੋ ਸੱਚ ਨੂੰ ਬੇਝਿਜਕ ਬਿਆਨ ਕਰਦੇ ਹਨ ਅਤੇ ਲੋਕਾਂ ਨੂੰ ਸੋਚਣ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਨੇ ਇਹ ਵੀ ਕਿਹਾ ਕਿ ਸਰਕਾਰ ਹਮੇਸ਼ਾ ਅਜਿਹੇ ਬੌਧਿਕ ਸੰਵਾਦਾਂ ਦਾ ਸਵਾਗਤ ਕਰਦੀ ਹੈ, ਕਿਉਂਕਿ ਇਹ ਸੰਵਾਦ ਹੀ ਲੋਕਤੰਤਰ ਨੂੰ ਮਜ਼ਬੂਤ ਬਣਾਉਂਦੇ ਹਨ। ਮੁਲਾਕਾਤ ਦੌਰਾਨ ਇੱਕ ਬਹੁਤ ਹੀ ਆਤਮਿਕ ਅਤੇ ਭਾਵਨਾਤਮਕ ਪਲ ਉਸ ਵੇਲੇ ਸਾਹਮਣੇ ਆਇਆ ਜਦੋਂ ਡਾ. ਰੱਤੂ ਨੇ ਆਪਣੇ ਜੀਵਨ ਦੇ ਸੰਘਰਸ਼ ਅਤੇ ਲਿਖਤ ਦੀ ਯਾਤਰਾ ਬਾਰੇ ਗੱਲ ਕਰਦਿਆਂ ਕਿਹਾ ਕਿ ਇੱਕ ਆਮ ਪਿਛੋਕੜ ਤੋਂ ਉੱਠ ਕੇ ਕਲਮ ਦੀ ਤਾਕਤ ਨਾਲ ਸਮਾਜ ਵਿੱਚ ਆਪਣੀ ਪਛਾਣ ਬਣਾਉਣਾ ਉਨ੍ਹਾਂ ਲਈ ਇੱਕ ਆਤਮਿਕ ਯਾਤਰਾ ਵਾਂਗ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਉਹ ਆਪਣੇ ਲਿਖਤ ਰਾਹੀਂ ਹਮੇਸ਼ਾ ਸਮਾਜ ਦੇ ਹਾਸੀਏ 'ਤੇ ਖੜ੍ਹੇ ਲੋਕਾਂ ਦੀ ਆਵਾਜ਼ ਬਣਨ ਦੀ ਕੋਸ਼ਿਸ਼ ਕਰਦੇ ਰਹੇ ਹਨ।

ਮੁੱਖ ਮੰਤਰੀ ਨੇ ਵੀ ਬੜੀ ਨਿਮਰਤਾ ਨਾਲ ਕਿਹਾ ਕਿ ਉਹ ਆਪਣੇ ਆਪ ਨੂੰ ਸੱਤਾ ਦਾ ਪ੍ਰਤੀਕ ਨਹੀਂ, ਸਗੋਂ ਲੋਕਾਂ ਦਾ ਸੇਵਕ ਮੰਨਦੇ ਹਨ। ਉਨ੍ਹਾਂ ਨੇ ਕਿਹਾ ਕਿ ਜਦੋਂ ਸਮਾਜ ਦੇ ਬੌਧਿਕ ਅਤੇ ਰਚਨਾਤਮਕ ਲੋਕ ਉਨ੍ਹਾਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹਨ, ਤਾਂ ਇਹ ਉਨ੍ਹਾਂ ਲਈ ਸਨਮਾਨ ਦੀ ਗੱਲ ਹੁੰਦੀ ਹੈ ਅਤੇ ਇਹ ਉਨ੍ਹਾਂ ਨੂੰ ਹੋਰ ਵਧੀਆ ਤਰੀਕੇ ਨਾਲ ਲੋਕਾਂ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦਾ ਹੈ।

ਇਸ ਮੌਕੇ ਦੋਹਾਂ ਨੇ ਹਰਿਆਣਾ ਦੇ ਸਮਾਜਕ ਅਤੇ ਸੱਭਿਆਚਾਰਕ ਵਿਕਾਸ, ਨੌਜਵਾਨ ਪੀੜ੍ਹੀ ਵਿੱਚ ਵਧ ਰਹੀ ਬੌਧਿਕ ਚੇਤਨਾ ਅਤੇ ਮੀਡੀਆ ਦੀ ਬਦਲਦੀ ਭੂਮਿਕਾ ਬਾਰੇ ਵੀ ਵਿਚਾਰ ਸਾਂਝੇ ਕੀਤੇ। ਡਾ. ਰੱਤੂ ਨੇ ਕਿਹਾ ਕਿ ਹਰਿਆਣਾ ਦੀ ਧਰਤੀ ਨੇ ਹਮੇਸ਼ਾ ਸੰਘਰਸ਼, ਮਿਹਨਤ ਅਤੇ ਸੱਚ ਦੀ ਪ੍ਰੰਪਰਾ ਨੂੰ ਜਨਮ ਦਿੱਤਾ ਹੈ ਅਤੇ ਇਹ ਧਰਤੀ ਭਵਿੱਖ ਵਿੱਚ ਵੀ ਦੇਸ਼ ਨੂੰ ਇੱਕ ਨਵੀਂ ਦਿਸ਼ਾ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ।

ਮੁਲਾਕਾਤ ਦੇ ਅੰਤ ਵਿੱਚ, ਦੋਹਾਂ ਨੇ ਇਕ ਦੂਜੇ ਲਈ ਡੂੰਘੇ ਸਤਿਕਾਰ ਅਤੇ ਸਨੇਹ ਦਾ ਪ੍ਰਗਟਾਵਾ ਕੀਤਾ। ਮੁੱਖ ਮੰਤਰੀ ਨੇ ਡਾ. ਰੱਤੂ ਨੂੰ ਉਨ੍ਹਾਂ ਦੀ ਲਿਖਤ ਅਤੇ ਬੌਧਿਕ ਯੋਗਦਾਨ ਲਈ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਲੇਖਕ ਸਮਾਜ ਲਈ ਇੱਕ ਪ੍ਰੇਰਣਾ ਸਰੋਤ ਹੁੰਦੇ ਹਨ। ਡਾ. ਰੱਤੂ ਨੇ ਵੀ ਮੁੱਖ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਮੁਲਾਕਾਤ ਉਨ੍ਹਾਂ ਲਈ ਸਿਰਫ਼ ਇੱਕ ਸਨਮਾਨ ਨਹੀਂ, ਸਗੋਂ ਇੱਕ ਯਾਦਗਾਰ ਅਤੇ ਪ੍ਰੇਰਣਾਦਾਇਕ ਪਲ ਹੈ। ਇਹ ਸਦਭਾਵਨਾ ਮੁਲਾਕਾਤ ਸਿਰਫ਼ ਇੱਕ ਆਧਿਕਾਰਿਕ ਪ੍ਰੋਗਰਾਮ ਨਹੀਂ ਸੀ, ਸਗੋਂ ਇਹ ਵਿਚਾਰਾਂ, ਸੰਵੇਦਨਾਵਾਂ ਅਤੇ ਸਮਾਜਕ ਜ਼ਿੰਮੇਵਾਰੀ ਦੇ ਮਿਲਾਪ ਦੀ ਇੱਕ ਅਨੋਖੀ ਝਲਕ ਸੀ, ਜਿਸ ਨੇ ਇਹ ਸਾਬਤ ਕੀਤਾ ਕਿ ਜਦੋਂ ਰਾਜਨੀਤੀ ਅਤੇ ਸਾਹਿਤ ਇਕੱਠੇ ਹੋ ਕੇ ਸੰਵਾਦ ਕਰਦੇ ਹਨ, ਤਾਂ ਉਹ ਸਮਾਜ ਦੇ ਭਵਿੱਖ ਲਈ ਇੱਕ ਨਵੀਂ ਉਮੀਦ ਅਤੇ ਨਵੀਂ ਰੋਸ਼ਨੀ ਦਾ ਸੰਦੇਸ਼ ਬਣ ਜਾਂਦੇ ਹਨ।

ਸ੍ਰੀ ਅਮਿਤ ਸ਼ਾਹ ਨੇ ਨਵੀਂ ਦਿੱਲੀ ਵਿੱਚ ਭਾਰਤ ਟੈਕਸੀ ਡਰਾਈਵਰਾਂ ਨਾਲ ਕੀਤੀ ਗੱਲਬਾਤ

ਨਵੀਂ ਦਿੱਲੀ, 23 ਫਰਵਰੀ (ਚ.ਨ.ਸ.) : ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ਼੍ਰੀ ਅਮਿਤ ਸ਼ਾਹ ਨੇ ਨਵੀਂ ਦਿੱਲੀ ਵਿੱਚ ਭਾਰਤ ਟੈਕਸੀ ਸਵਾਰਾਂ ਨਾਲ ਗੱਲਬਾਤ ਕੀਤੀ। ਗੱਲਬਾਤ ਦੌਰਾਨ, ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ਼੍ਰੀ ਅਮਿਤ ਸ਼ਾਹ ਨੇ ਕਿਹਾ ਕਿ ਸਿਰਫ਼ ਉਨ੍ਹਾਂ ਨੂੰ ਹੀ ਲਾਭ ਪ੍ਰਾਪਤ ਕਰਨਾ ਚਾਹੀਦਾ ਹੈ ਜੋ ਸਖ਼ਤ ਮਿਹਨਤ ਕਰਦੇ ਹਨ। ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਟੈਕਸੀ ਮਾਲਕਾਂ ਨੂੰ ਅਮੀਰ ਬਣਾਉਣਾ ਹੈ, ਅਤੇ ਸਵਾਰ ਹੀ ਮਾਲਕ ਹਨ। ਸ਼੍ਰੀ ਸ਼ਾਹ ਨੇ ਕਿਹਾ ਕਿ ਸਵਾਰ ਭਾਰਤ ਟੈਕਸੀ ਦੇ ਮਾਲਕ ਹਨ ਅਤੇ ਉਨ੍ਹਾਂ ਦਾ ਮੁਨਾਫ਼ੇ ਵਿੱਚ ਵੀ ਹਿੱਸਾ ਹੋਵੇਗਾ। ਸਹਿਕਾਰਤਾ ਮੰਤਰੀ ਨੇ ਕਿਹਾ ਕਿ ਅਗਲੇ ਤਿੰਨ ਸਾਲਾਂ ਵਿੱਚ, ਦੇਸ਼ ਦੇ ਹਰ ਨਗਰ ਨਿਗਮ ਕੋਲ ਇੱਕ ÷ਭਾਰਤ ਟੈਕਸੀ÷ ਹੋਵੇਗੀ। ਸ਼੍ਰੀ ਅਮਿਤ ਸ਼ਾਹ ਨੇ ਕਿਹਾ ਕਿ ਭਾਰਤ ਟੈਕਸੀ ਦੀ ਸਥਾਪਨਾ ਦੇਸ਼ ਦੀਆਂ ਪੰਜ ਸਭ ਤੋਂ ਵੱਡੀਆਂ ਸਹਿਕਾਰੀ ਸਭਾਵਾਂ ਨੂੰ ਮਿਲਾ ਕੇ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਜਿਵੇਂ-ਜਿਵੇਂ ਸਾਰਥੀ ਮੈਂਬਰਾਂ ਦੀ ਗਿਣਤੀ ਵਧਦੀ ਹੈ, ਕੋਈ ਵੀ ਸਾਰਥੀ ਜੋ ਭਾਈਵਾਲ ਬਣਨਾ ਚਾਹੁੰਦਾ ਹੈ, ਉਸਨੂੰ ?500 ਦੇ ਸ਼ੇਅਰ ਖਰੀਦ ਕੇ ਮਾਲਕੀ ਅਧਿਕਾਰ ਪ੍ਰਾਪਤ ਹੋਣਗੇ। ਸ਼੍ਰੀ ਸ਼ਾਹ ਨੇ ਕਿਹਾ ਕਿ ਜਦੋਂ ਭਾਰਤ ਟੈਕਸੀ ਬੋਰਡ ਆਫ਼ ਡਾਇਰੈਕਟਰਜ਼ ਦੀ ਚੋਣ ਹੋ ਜਾਂਦੀ ਹੈ, ਤਾਂ ਕੁਝ ਸੀਟਾਂ ਸਾਰਥੀ ਮੈਂਬਰਾਂ ਲਈ ਰਾਖਵੀਆਂ ਰੱਖੀਆਂ ਜਾਣਗੀਆਂ। ਇੱਕ ਵਾਰ ਸਾਰਥੀ ਮੈਂਬਰ ਡਾਇਰੈਕਟਰਜ਼ ਬੋਰਡ ਵਿੱਚ ਸ਼ਾਮਲ ਹੋ ਜਾਂਦੇ ਹਨ, ਤਾਂ ਉਹ ਨਿੱਜੀ ਤੌਰ @ਤੇ ਸਾਰੇ ਸਾਰਥੀ ਮੈਂਬਰਾਂ ਦੇ ਹਿੱਤਾਂ ਦੀ ਰੱਖਿਆ ਅਤੇ ਦੇਖਭਾਲ ਕਰਨਗੇ। ਕੇਂਦਰੀ ਸਹਿਕਾਰਤਾ ਮੰਤਰੀ ਨੇ ਕਿਹਾ ਕਿ ਭਾਰਤ ਟੈਕਸੀ ਦਾ ਉਦੇਸ਼ ਇੱਕ ਨਿੱਜੀ ਕੰਪਨੀ ਵਾਂਗ ਵੱਡਾ ਮੁਨਾਫ਼ਾ ਕਮਾਉਣਾ ਨਹੀਂ ਹੈ। ਉਨ੍ਹਾਂ ਕਿਹਾ ਕਿ ਭਾਰਤ ਟੈਕਸੀ ਦਾ ਉਦੇਸ਼ ਸਾਡੇ ਸਾਰਥੀ ਭਰਾਵਾਂ ਨੂੰ ਮਜ਼ਬੂਤ ??ਕਰਨਾ ਹੈ। ਉਨ੍ਹਾਂ ਕਿਹਾ ਕਿ ਸਾਰਥੀ ਮੈਂਬਰ ਭਾਰਤ ਟੈਕਸੀ ਦੇ ਸ਼ੇਅਰਾਂ ਦੇ ਮਾਲਕ ਹਨ ਅਤੇ ਮਾਲਕ ਵੀ ਹਨ, ਅਤੇ ਇਸ ਲਈ, ਸਾਰਥੀ ਮੈਂਬਰ ਭਾਰਤ ਟੈਕਸੀ ਦੀਆਂ ਨੀਤੀਆਂ ਬਣਾਉਣਗੇ। ਉਨ੍ਹਾਂ ਕਿਹਾ ਕਿ ਭਾਰਤ ਟੈਕਸੀ ਡਰਾਈਵਰ ਦੀ ਆਪਣੀ ਕੰਪਨੀ ਹੈ, ਅਤੇ ਸਹਿਯੋਗ ਸਾਡਾ ਸਿਧਾਂਤ ਹੋਣਾ ਚਾਹੀਦਾ ਹੈ। ਭਾਰਤ ਟੈਕਸੀ ਡਰਾਈਵਰ ਦੀ ਸਮਰੱਥਾ ਦਾ ਇਸਤੇਮਾਲ ਕਰੇਗੀ, ਉਨ੍ਹਾਂ ਦਾ ਸ਼ੋਸ਼ਣ ਨਹੀਂ ਕਰੇਗੀ। ਸ਼੍ਰੀ ਅਮਿਤ ਸ਼ਾਹ ਨੇ ਕਿਹਾ ਕਿ ਭਾਰਤ ਟੈਕਸੀ ਦੀ ਕੁੱਲ ਕਮਾਈ ਦਾ 20% ਭਾਰਤ ਟੈਕਸੀ ਦੇ ਖਾਤੇ ਵਿੱਚ ਡਰਾਈਵਰ ਦੀ ਪੂੰਜੀ ਵਜੋਂ ਜਮ੍ਹਾ ਕੀਤਾ ਜਾਵੇਗਾ, ਅਤੇ 80% ਯਾਤਰਾ ਕੀਤੇ ਗਏ ਕਿਲੋਮੀਟਰ ਦੀ ਗਿਣਤੀ ਦੇ ਆਧਾਰ @ਤੇ ਡਰਾਈਵਰ ਦੇ ਖਾਤਿਆਂ ਵਿੱਚ ਵਾਪਸ ਕਰ ਦਿੱਤਾ ਜਾਵੇਗਾ। ਸ਼੍ਰੀ ਸ਼ਾਹ ਨੇ ਕਿਹਾ ਕਿ ਸ਼ੁਰੂਆਤੀ ਤਿੰਨ ਸਾਲ ਭਾਰਤ ਟੈਕਸੀ ਦੇ ਵਿਸਥਾਰ @ਤੇ ਖਰਚ ਕੀਤੇ ਜਾਣਗੇ, ਅਤੇ ਉਸ ਤੋਂ ਬਾਅਦ, ਕਿਸੇ ਵੀ ਲਾਭ ਦਾ 20% ਭਾਰਤ ਟੈਕਸੀ ਕੋਲ ਰਹੇਗਾ, ਅਤੇ 80% ਡਰਾਈਵਰ ਭਰਾਵਾਂ ਨੂੰ ਵਾਪਸ ਕਰ ਦਿੱਤਾ ਜਾਵੇਗਾ। ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਨੇ ਕਿਹਾ ਕਿ ਭਾਰਤ ਟੈਕਸੀ ਦੀ ਸ਼ੁਰੂਆਤ ਇੱਕ ਪ੍ਰਮੁੱਖ ਸਹਿਕਾਰੀ ਲਹਿਰ ਹੈ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਦੇ ਤਹਿਤ, ਭਾਰਤ ਟੈਕਸੀ ਡਰਾਈਵਰ ਦੀਆਂ ਟੈਕਸੀਆਂ ਨੂੰ ਗਿਰਵੀ ਰੱਖੇਗੀ ਅਤੇ ਭਾਰਤ ਟੈਕਸੀ ਉਨ੍ਹਾਂ ਨੂੰ ਸਹਿਕਾਰੀ ਬੈਂਕ ਰਾਹੀਂ ਕਰਜ਼ੇ ਪ੍ਰਦਾਨ ਕਰੇਗੀ।

ਗੁਆਨਾ ਦੇ ਉਪ ਰਾਸ਼ਟਰਪਤੀ ਨੇ ਰਾਧਾਕ੍ਰਿਸ਼ਨਨ ਨਾਲ ਕੀਤੀ ਮੁਲਾਕਾਤ

ਨਵੀਂ ਦਿੱਲੀ, 23 ਫਰਵਰੀ (ਚ.ਨ.ਸ.) :ਗੁਆਨਾ ਦੇ ਉਪ ਰਾਸ਼ਟਰਪਤੀ, ਡਾ. ਭਰਤ ਜਗਦੇਓ, ਨੇ ਅੱਜ ਨਵੀਂ ਦਿੱਲੀ ਦੇ ਉਪ-ਰਾਸ਼ਟਰਪਤੀ ਭਵਨ ਵਿਖੇ ਉਪ ਰਾਸ਼ਟਰਪਤੀ ਸ਼੍ਰੀ ਸੀ.ਪੀ. ਰਾਧਾਕ੍ਰਿਸ਼ਨਨ ਨਾਲ ਮੁਲਾਕਾਤ ਕੀਤੀ। ਗੱਲਬਾਤ ਦੌਰਾਨ, ਦੋਵਾਂ ਨੇਤਾਵਾਂ ਨੇ ਵੱਖ-ਵੱਖ ਖੇਤਰਾਂ ਵਿੱਚ ਭਾਰਤ-ਗੁਆਨਾ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੇ ਤਰੀਕਿਆਂ @ਤੇ ਚਰਚਾ ਕੀਤੀ। ਡਾ. ਜਗਦੇਓ ਨੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਨਿਰਣਾਇਕ ਅਗਵਾਈ ਅਤੇ ਯੂਪੀਆਈ ਰਾਹੀਂ ਡਿਜੀਟਲ ਸ਼ਾਸਨ ਅਤੇ ਵਿੱਤੀ ਸਮਾਵੇਸ਼ ਵਿੱਚ ਭਾਰਤ ਦੀ ਤੇਜ਼ ਪ੍ਰਗਤੀ ਦੀ ਸ਼ਲਾਘਾ ਕੀਤੀ। ਦੋਵਾਂ ਧਿਰਾਂ ਨੇ ਗੁਆਨਾ ਵਿੱਚ ਇੱਕ ਸਮਾਨ ਡਿਜੀਟਲ ਜਨਤਕ ਬੁਨਿਆਦੀ ਢਾਂਚਾ ਮਾਡਲ ਲਾਗੂ ਕਰਨ ਦੀ ਸੰਭਾਵਨਾ @ਤੇ ਚਰਚਾ ਕੀਤੀ। ਚਰਚਾਵਾਂ ਵਿੱਚ ਸਿਹਤ ਸੰਭਾਲ ਪ੍ਰਸ਼ਾਸਨ ਅਤੇ ਹਸਪਤਾਲ ਪ੍ਰਬੰਧਨ, ਖੇਤੀਬਾੜੀ ਖੋਜ, ਅਤੇ ਦੋਵਾਂ ਦੇਸ਼ਾਂ ਵਿਚਕਾਰ ਸੰਪਰਕ ਅਤੇ ਲੌਜਿਸਟਿਕਸ ਵਿੱਚ ਸੁਧਾਰ ਦੇ ਖੇਤਰਾਂ ਵਿੱਚ ਸਹਿਯੋਗ ਸ਼ਾਮਲ ਸੀ। ਦੋਵਾਂ ਉਪ-ਰਾਸ਼ਟਰਪਤੀਆਂ ਨੇ ਸੂਚਨਾ ਤਕਨਾਲੋਜੀ, ਨੀਲੀ ਅਰਥਵਿਵਸਥਾ, ਊਰਜਾ, ਪੁਲਾੜ, ਰੱਖਿਆ, ਸਿੱਖਿਆ, ਜੈਵ ਵਿਭਿੰਨਤਾ ਸੰਭਾਲ ਅਤੇ ਜਲਵਾਯੂ ਪਰਿਵਰਤਨ ਦੇ ਖੇਤਰਾਂ ਵਿੱਚ ਸੰਭਾਵੀ ਭਾਈਵਾਲੀ @ਤੇ ਵੀ ਚਰਚਾ ਕੀਤੀ। ਗੁਆਨੀਜ਼ ਵਫ਼ਦ ਨੇ ਭਾਰਤ ਦੇ ਈ-ਮਾਈਗ੍ਰੇਟ ਪਲੇਟਫਾਰਮ ਅਤੇ ਭਾਰਤੀ ਤਕਨੀਕੀ ਅਤੇ ਆਰਥਿਕ ਸਹਿਯੋਗ (9"53) ਪ੍ਰੋਗਰਾਮ ਵਿੱਚ ਸਮਰੱਥਾ ਨਿਰਮਾਣ ਅਤੇ ਹੁਨਰ ਵਿਕਾਸ ਦੇ ਮੌਕਿਆਂ ਵਜੋਂ ਦਿਲਚਸਪੀ ਦਿਖਾਈ। ਦੋਵਾਂ ਨੇਤਾਵਾਂ ਨੇ ਕ੍ਰਿਕਟ ਪ੍ਰਤੀ ਆਪਣਾ ਜਨੂੰਨ ਵੀ ਪ੍ਰਗਟ ਕੀਤਾ ਅਤੇ ਖੇਡ ਵਿੱਚ ਗੁਆਨਾ ਦੇ ਯੋਗਦਾਨ ਦੀ ਸ਼ਲਾਘਾ ਕੀਤੀ।

ਪੰਜਾਬ ਦੇ 'ਮੈਟਾਪਲੇਜ਼ੀਆ-2026' ਵਿੱਚ ਖੇਡਾਂ ਅਤੇ ਸਾਂਝੀ ਤਾਕਤ ਕੇਂਦਰ 'ਚ ਰਹੀ

ਚੰਡੀਗੜ੍ਹ, 23 ਫਰਵਰੀ (ਚ.ਨ.ਸ.) : ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਰਿਸਰਚ ਸੈਂਟਰ, ਪੰਜਾਬ ਵੱਲੋਂ ਆਯੋਜਿਤ ਸਾਲਾਨਾ ਖੇਡ ਮੇਲਾ 'ਮੈਟਾਪਲੇਜ਼ੀਆ 2026' 22 ਫ਼ਰਵਰੀ 2026 ਨੂੰ ਬੜੇ ਉਤਸ਼ਾਹ ਅਤੇ ਜੋਸ਼ ਨਾਲ

ਸਮਾਪਤ ਹੋਇਆ। ਖੇਡ ਭਾਵਨਾ ਅਤੇ ਟੀਮ ਵਰਕ ਦੇ ਹਫ਼ਤੇ ਭਰ ਚੱਲੇ ਇਸ ਸਮਾਗਮ ਦੀ ਸ਼ੁਰੂਆਤ 16 ਫ਼ਰਵਰੀ 2026 ਨੂੰ ਹੋਈ ਸੀ, ਜਿਸ ਵਿੱਚ ਨਿਊ ਚੰਡੀਗੜ੍ਹ ਅਤੇ ਸੰਗਰੂਰ ਦੇ ਦੋਵੇਂ ਯੂਨਿਟਾਂ ਦੇ ਫੈਕਲਟੀ ਮੈਂਬਰਾਂ, ਰੈਜ਼ੀਡੈਂਟ ਡਾਕਟਰਾਂ, ਨਰਸਿੰਗ ਅਫਸਰਾਂ, ਵਿਦਿਆਰਥੀਆਂ ਅਤੇ ਸਟਾਫ਼ ਨੇ ਉਤਸ਼ਾਹਪੂਰਵਕ ਹਿੱਸਾ ਲਿਆ। ਡਾ. ਅਸ਼ੀਸ਼ ਗੁਲੀਆ, ਡਾਇਰੈਕਟਰ, ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਰਿਸਰਚ ਸੈਂਟਰ, ਪੰਜਾਬ ਨੇ ਖੇਡਾਂ ਦੀ ਸੰਸਥਾਗਤ ਮੁੱਲਾਂ ਨੂੰ ਮਜ਼ਬੂਤ ਕਰਨ ਵਿੱਚ ਮਹੱਤਤਾ ਉਜਾਗਰ ਕੀਤੀ। ਆਪਣੇ ਸੰਬੋਧਨ ਵਿੱਚ ਉਨ੍ਹਾਂ ਕਿਹਾ, ਖੇਡਾਂ ਦੀ ਭਾਵਨਾ ਟੀਮ ਸਪਿਰਟ ਨਾਲ ਗੂੜ੍ਹੀ ਤਰ੍ਹਾਂ ਜੁੜੀ ਹੋਈ ਹੈ। ਜਿਵੇਂ ਮਰੀਜ਼ਾਂ ਦੀ ਦੇਖਭਾਲ ਵਿੱਚ, ਕਿਸੇ ਵੀ ਖੇਤਰ ਵਿੱਚ ਸਫਲਤਾ ਸਹਿਯੋਗ, ਭਰੋਸੇ ਅਤੇ ਸਾਂਝੇ ਯਤਨਾਂ 'ਤੇ ਨਿਰਭਰ ਕਰਦੀ ਹੈ। ਜਦੋਂ ਅਸੀਂ ਇੱਕ ਟੀਮ ਵਜੋਂ ਇਕੱਠੇ ਕੰਮ ਕਰਦੇ ਹਾਂ, ਅਸੀਂ ਹੋਰ ਮਜ਼ਬੂਤ ਅਤੇ ਅਰਥਪੂਰਨ ਨਤੀਜੇ ਹਾਸਲ ਕਰਦੇ ਹਾਂ।' ਡਾ. ਜਯੋਤਸਨਾ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਸੰਸਥਾ ਦੀ ਪ੍ਰਸ਼ੰਸਾ ਕੀਤੀ ਕਿ ਇਹ ਅਕਾਦਮਿਕ ਉਤਕ੍ਰਿਸ਼ਟਤਾ ਅਤੇ ਸਮੂਹਿਕ ਭਲਾਈ ਦੀ ਸੰਸਕ੍ਰਿਤੀ ਨੂੰ ਪ੍ਰੋਤਸਾਹਿਤ ਕਰਦੀ ਹੈ। ਉਨ੍ਹਾਂ ਕਿਹਾ, ਜਿਹੜੀਆਂ ਸੰਸਥਾਵਾਂ ਖੇਡਾਂ ਨੂੰ ਅਕਾਦਮਿਕ ਗਤੀਵਿਧੀਆਂ ਦੇ ਨਾਲ ਉਤਸ਼ਾਹਿਤ ਕਰਦੀਆਂ ਹਨ, ਉਹ ਅਜੇਹੇ ਪੇਸ਼ੇਵਰ ਤਿਆਰ ਕਰਦੀਆਂ ਹਨ ਜੋ ਸਿਰਫ਼ ਨਿਪੁੰਨ ਹੀ ਨਹੀਂ, ਸਗੋਂ ਦ੍ਰਿੜ, ਅਨੁਸ਼ਾਸਿਤ ਅਤੇ ਟੀਮ-ਕੇਂਦਰਿਤ ਵੀ ਹੁੰਦੇ ਹਨ। ਮੈਟਾਪਲੇਜ਼ੀਆ 2026 ਸਿਹਤ ਸੇਵਾ ਪੇਸ਼ੇਵਰਾਂ ਵਿੱਚ ਸੰਤੁਲਿਤ ਵਿਕਾਸ ਨੂੰ ਉਤਸ਼ਾਹਿਤ ਕਰਨ ਦਾ ਸ਼ਾਨਦਾਰ ਉਦਾਹਰਨ ਹੈ।' 'ਮੈਟਾਪਲੇਜ਼ੀਆ 2026' ਵਿੱਚ ਅੰਦਰੂਨੀ ਅਤੇ ਬਾਹਰੀ ਖੇਡਾਂ ਦੀ ਵਿਸ਼ਾਲ ਰੇਂਜ ਸ਼ਾਮਲ ਸੀ, ਜਿਸ ਵਿੱਚ ਸ਼ਤਰੰਜ, ਕੈਰਮ, ਪੁਸ਼-ਅੱਪ, ਬੈਂਚ ਪ੍ਰੈੱਸ, 100 ਮੀਟਰ ਤੋਂ 1000 ਮੀਟਰ ਤੱਕ ਦੀਆਂ ਦੌੜਾਂ, ਧੀਮੀ ਸਾਈਕਲਿੰਗ, ਚਮਚ ਦੌੜ, ਰੱਸਾ ਕੂਦ, ਬੈਡਮਿੰਟਨ, ਟੇਬਲ ਟੈਨਿਸ, ਵਾਲੀਬਾਲ, ਫੁਟਬਾਲ ਅਤੇ ਕ੍ਰਿਕਟ ਸ਼ਾਮਲ ਸਨ। ਇਨ੍ਹਾਂ ਗਤੀਵਿਧੀਆਂ ਨੇ ਸਿਹਤਮੰਦ ਮੁਕਾਬਲੇਬਾਜ਼ੀ, ਜੋਸ਼ ਅਤੇ ਭਾਗੀਦਾਰਾਂ ਵਿੱਚ ਸਾਂਝੇਪਣ ਦੀ ਭਾਵਨਾ ਨੂੰ ਮਜ਼ਬੂਤ ਕੀਤਾ।

ਸੈਂਟਰਲ ਬੈਂਕ ਆਫ਼ ਇੰਡੀਆ ਕਰਮਚਾਰੀ ਅਤੇ ਅਧਿਕਾਰੀ ਯੂਨੀਅਨ ਦੀ ਮੀਟਿੰਗ ਹੋਈ

ਲੁਧਿਆਣਾ, 23 ਫਰਵਰੀ (ਚ.ਨ.ਸ.) : ਜਨਤਕ ਖੇਤਰ ਦੇ ਬੈਂਕ ਪ੍ਰਮੁੱਖ ਸੈਂਟਰਲ ਬੈਂਕ ਆਫ਼ ਇੰਡੀਆ ਦੇ ਕਰਮਚਾਰੀ ਅਤੇ ਅਧਿਕਾਰੀ ਯੂਨੀਅਨ ਦੇ ਲੁਧਿਆਣਾ ਅਤੇ ਜਲੰਧਰ ਖੇਤਰਾਂ ਦੀ ਇੱਕ ਸਾਂਝੀ ਮੀਟਿੰਗ ਸਥਾਨਕ ਕੇਜੀ ਹੋਟਲ ਵਿਖੇ ਹੋਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਅਧਿਕਾਰੀ ਅਤੇ ਕਰਮਚਾਰੀ ਸ਼ਾਮਲ

ਹੋਏ। ਇਸ ਮੌਕੇ @ਤੇ, ਏਆਈਸੀਬੀਓਏ ਅਤੇ ਏਆਈਬੀਓਏ ਦੇ ਜਨਰਲ ਸਕੱਤਰ, ਕਾਮਰੇਡ ਸੰਜੇ ਕੁਮਾਰ, ਕਾਮਰੇਡ ਗੁਰਮੀਤ ਸਿੰਘ, ਜਨਰਲ ਸਕੱਤਰ ਸੀਬੀਓਯੂ (ਚੰਡੀਗੜ੍ਹ ਜ਼ੋਨ) ਅਤੇ ਪ੍ਰਧਾਨ ਏਆਈਸੀਬੀਓਯੂ, ਕਾਮਰੇਡ ਰਾਜੇਸ਼ ਵਰਮਾ, ਜਨਰਲ ਸਕੱਤਰ ਸੀਬੀਆਈਈਯੂ (ਉੱਤਰੀ ਜ਼ੋਨ), ਕਾਮਰੇਡ ਸੁਰੇਸ਼ ਭਾਟੀਆ, ਪ੍ਰਧਾਨ ਸੀਬੀਆਈਈਯੂ (ਉੱਤਰੀ ਜ਼ੋਨ), ਕਾਮਰੇਡ ਸੁਨੀਲ ਫੁੱਲ, ਵਾਈਸ ਚੇਅਰਮੈਨ ਸੀਬੀਓਯੂ (ਚੰਡੀਗੜ੍ਹ ਜ਼ੋਨ), ਕਾਮਰੇਡ ਹੁਸ਼ਿਆਰ ਸਿੰਘ, ਵਾਈਸ ਪ੍ਰੈਜ਼ੀਡੈਂਟ ਸੀਬੀਓਯੂ (ਚੰਡੀਗੜ੍ਹ ਜ਼ੋਨ), ਪੀ.ਸੀ. ਚੌਹਾਨ, ਸੈਕਟਰੀ ਸੀਬੀਆਈਈਯੂ (ਉੱਤਰੀ ਜ਼ੋਨ), ਕਾਮਰੇਡ ਅਨੂਪ ਮਹਾਰ, ਰੀਜਨਲ ਸੈਕਟਰੀ ਸੀਬੀਓਯੂ (ਚੰਡੀਗੜ੍ਹ ਜ਼ੋਨ) ਲੁਧਿਆਣਾ ਖੇਤਰ, ਕਾਮਰੇਡ ਰਮੇਸ਼ ਸ਼ਰਮਾ, ਖੇਤਰੀ ਸਕੱਤਰ ਸੀਬੀਆਈਈਯੂ (ਉੱਤਰੀ ਜ਼ੋਨ), ਜਲੰਧਰ ਖੇਤਰ ਨੇ ਵਿਸ਼ੇਸ਼ ਤੌਰ @ਤੇ ਸਮਾਗਮ ਵਿੱਚ ਸ਼ਿਰਕਤ ਕੀਤੀ ਅਤੇ ਸਾਰਿਆਂ ਨੇ ਆਪਣੇ ਸੰਬੋਧਨਾਂ ਵਿੱਚ ਆਪਣੇ ਅਨੁਭਵ ਸਾਂਝੇ ਕੀਤੇ ਅਤੇ ਸਾਰਿਆਂ ਨੂੰ ਇਕੱਠੇ ਹੋਣ ਅਤੇ ਬੈਂਕਿੰਗ ਖੇਤਰ ਦੀਆਂ ਦਰਪੇਸ਼ ਸਮੱਸਿਆਵਾਂ ਨੂੰ ਹੱਲ ਕਰਨ ਲਈ ਪ੍ਰੇਰਿਤ ਕੀਤਾ।

ਰਾਜਸਥਾਨ ਦੇ ਪੱਤਰਕਾਰਾਂ ਦੇ ਵਫ਼ਦ ਦਾ ਦੌਰਾ ਸੰਪੰਨ

ਜੈਪੁਰ, 23 ਫਰਵਰੀ (ਚ.ਨ.ਸ.) : ਪੱਤਰ ਸੂਚਨਾ ਦਫ਼ਤਰ (ਪੀਆਈਬੀ), ਜੈਪੁਰ ਦੁਆਰਾ ਰਾਜਸਥਾਨ ਰਾਜ ਦੇ ਸੀਨੀਅਰ ਸੰਪਾਦਕਾਂ ਅਤੇ ਰਿਪੋਰਟਰਾਂ ਦੀ ਪੱਤਰਕਾਰ ਟੀਮ ਨੇ ਇਸ ਦੌਰੇ ਦੌਰਾਨ ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ (ਯੂਟੀ) ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ। ਇਸ ਦੌਰਾਨ ਪ੍ਰੈਸ ਦੌਰੇ ਦੇ ਉਦੇਸ਼ ਬਾਰੇ ਵਿਸਤਾਰ ਨਾਲ ਚਰਚਾ ਕੀਤੀ ਗਈ। ਪ੍ਰੈਸ ਦੌਰੇ ਦੇ ਅੰਤਿਮ ਦਿਨ ਟੀਮ ਨੇ ਚੰਡੀਗੜ੍ਹ ਟ੍ਰਾਂਸਪੋਰਟ ਵਿਭਾਗ ਵਿੱਚ PM e-Bus Sewa ਯੋਜਨਾ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਇਸ ਮੌਕੇ 'ਤੇ ਟ੍ਰਾਂਸਪੋਰਟ ਵਿਭਾਗ ਦੇ ਚੀਫ ਆਪ੍ਰੇਸ਼ਨਲ ਮੈਨੇਜਰ ਸ਼੍ਰੀ ਯਸ਼ਜੀਤ ਗੁਪਤਾ ਨੇ ਦੱਸਿਆ ਕਿ ਭਾਰਤ ਸਰਕਾਰ ਦੇ ਹਾਊਸਿੰਗ ਅਤੇ ਸ਼ਹਿਰੀ ਮਾਮਲੇ ਮੰਤਰਾਲੇ ਦੁਆਰਾ PM e-Bus Sewa ਯੋਜਨਾ ਦੇ ਤਹਿਤ ਚੰਡੀਗੜ੍ਹ ਸ਼ਹਿਰ ਲਈ ਕੁੱਲ 428 ਬੱਸਾਂ ਨੂੰ ਸਵੀਕ੍ਰਿਤੀ ਪ੍ਰਦਾਨ ਕੀਤੀ ਗਈ।

ਵਰਤਮਾਨ ਵਿੱਚ ਸ਼ਹਿਰ ਵਿੱਚ 80 ਇਲੈਕਟ੍ਰਿਕ ਬੱਸਾਂ ਸੰਚਾਲਿਤ ਹੋ ਰਹੀਆਂ ਸਨ। 25 ਨਵੀਆਂ ਬੱਸਾਂ ਦੇ ਸ਼ਾਮਲ ਹੋਣ ਨਾਲ ਇਹ ਸੰਖਿਆ ਵਧ ਕੇ 105 ਹੋ ਗਈ ਹੈ। ਉਨ੍ਹਾਂ ਨੇ ਦੱਸਿਆ ਕਿ ਨਵੀਆਂ ਸ਼ਾਮਲ ਕੀਤੀਆਂ ਗਈਆਂ 12 ਮੀਟਰ ਲੰਬੀ ਲੋ-ਫਲੋਰ, ਏਅਰ-ਕੰਡੀਸ਼ਨਡ ਇਲੈਕਟ੍ਰਿਕ ਬੱਸਾਂ ਇੱਕ ਵਾਰ ਚਾਰਜ ਹੋਣ 'ਤੇ ਲਗਭਗ 224 ਕਿਲੋਮੀਟਰ ਤੱਕ ਚਲਣ ਵਿੱਚ ਸਮਰੱਥ ਹਨ। ਇਨ੍ਹਾਂ ਵਿੱਚ 400 ਮਿਲੀਮੀਟਰ ਲੋ-ਫਲੋਰ ਸੁਵਿਧਾ, ਦਿਵਯਾਂਗਜਨ ਯਾਤਰੀਆਂ ਲਈ ਪਾਵਰ ਆਪ੍ਰੇਟਿਡ ਰੈਂਪ ਅਤੇ ਹੋਰ ਅਤਿਆਧੁਨਿਕ ਸੁਵਿਧਾਵਾਂ, 36 ਯਾਤਰੀਆਂ ਦੇ ਬੈਠਣ ਅਤੇ 20 ਯਾਤਰੀਆਂ ਦੇ ਖੜ੍ਹੇ ਹੋਣ ਦੀ ਸਮਰੱਥਾ, ਵ੍ਹੀਲਚੇਅਰ ਲਈ ਵਿਸ਼ੇਸ਼ ਸਥਾਨ, ਏਅਰ ਸਸਪੈਂਸ਼ਨ, ਫਰੰਟ ਡਿਸਕ ਬ੍ਰੇਕ, ਯਾਤਰੀ ਸੂਚਨਾ ਡਿਸਪਲੇਅ ਅਤੇ ਵੌਇਸ-ਅਧਾਰਿਤ ਅਗਲਾ ਸਟੌਪ ਘੋਸ਼ਣਾ ਪ੍ਰਣਾਲੀ ਜਿਹੀਆਂ ਸੁਵਿਧਾਵਾਂ ਉਪਲਬਧ ਹਨ।

ਪੰਜਗਰਾਈਆਂ ਨਹਿਰ ਦੇ ਪੁੱਲ ਉਪਰ ਗੁਰੂ ਦਾ ਲੰਗਰ ਦਸਾਂ ਨੌਹਾਂ ਦੀ ਕਿਰਤ ਦੀ ਉਪਜ

ਬਟਾਲਾ, 23 ਫਰਵਰੀ (ਬਲਵਿੰਦਰ ਸਿੰਘ ਪੰਜਗਰਾਈਂ): ਜ਼ਿੰਦਗੀ ਦਾ ਸਭ ਤੋਂ ਵੱਡਾ ਸੱਚ ਇਹੀ ਹੈ ਕਿ ਪੰਜਾਬ ਦੇ ਜਾਏ, ਆਪਣੀ ਹੱਡ ਭੰਨਵੀਂ ਦਸਾਂ ਨੌਹਾਂ ਦੀ ਕਿਰਤ ਕਮਾਈ ਨੂੰ ਕਿਸੇ ਨਾ ਕਿਸੇ ਲੇਖੇ ਲਗਾਉਣਾ ਲੋਚਦੇ ਰਹਿੰਦੇ ਹਨ, ਤੇ ਬਿਨਾਂ ਕਿਸੇ ਭੇਦ ਭਾਵ ਦੇ, ਬਿਨਾਂ ਕਿਸੇ ਜਾਤ ਪਾਤ ਦੇ ਵਖਰੇਵੇਂ, ਗੱਲ ਕਿ ਹਰ ਧਰਮ ਦੇ ਲੋਕਾਂ ਲਈ ਲੰਗਰ ਲਗਾਉਣਾ ਇੱਕ ਵਧੀਆ ਵਿਕਲਪ ਹੈ ਨਿਬੜਦਾ ਹੈ। ਦੂਸਰਾ ਪੰਜਾਬੀਆਂ ਦੀ ਇਹ ਵਿਰਤਤ ਹੈ ਕਿ ਇਨਸਾਨ ਕੁਝ ਨਾ ਕੁਝ ਕਰਦਾ ਰਹੇ ਤਾਂ ਉਦੋਂ ਉਸਦੇ ਅੰਦਰ ਉਮੀਦ, ਆਤਮ ਵਿਸ਼ਵਾਸ ਤੇ ਕੁਝ ਨਾ ਕੁਝ ਸਿੱਖਣ ਦੀ ਚਾਹਤ ਜ਼ਿੰਦਾ ਰਹਿੰਦੀ ਹੈ। ਜ਼ਿਕਰਯੋਗ ਹੈ ਕਿ ਪਿੰਡ ਮੀਰਪੁਰ ਦੇ ਕੁਝ ਐਨਆਰਆਈ ਵੀਰਾਂ ਨੇ ਆਪਣੇ ਪਿੰਡ ਦੇ ਕੁਝ ਸੁਹਿਰਦ ਨੌਜਵਾਨਾਂ ਨਾਲ ਸਲਾਹ ਮਸ਼ਵਰਾ ਕੀਤਾ ਕਿ ਆਪਣੀ ਦਸਾਂ ਨੌਹਾਂ ਦੀ ਕਿਰਤ ਕਮਾਈ ਵਿੱਚੋਂ ਕੁਝ ਦਸਵੰਧ ਕੱਢਿਆ ਜਾਵੇ ਤੇ ਉਸਨੂੰ ਕਿਸੇ ਨੇਕ ਕਾਰਜ ਵਿੱਚ ਵਰਤਿਆ ਜਾਵੇ।

ਪਿੰਡ ਪੰਜਗਰਾਈਆਂ ਦੇ ਨਹਿਰ ਦੇ ਪੁਲ ਉਪਰ ਮੱਸਿਆ ਦੇ ਦਿਹਾੜੇ ਤੇ ਆਉਣ-ਜਾਣ ਵਾਲੀ ਸੰਗਤ ਲਈ ਲੰਗਰ ਲਗਾ ਕੇ ਇਸ ਮਸ਼ਵਰੇ ਨੂੰ ਅਮਲੀਜਾਮਾ ਪਹਿਨਾਇਆ ਗਿਆ। ਇਸ ਕਾਰਜ ਨਾਲ ਕੁਝ ਹੋਰ ਲੋਕ ਜੁੜਦੇ ਗਏ ਤੇ ਫਿਰ ਸਾਹਿਬੇ ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਹੋਲੇ ਮਹੱਲੇ ਮੌਕੇ ਸ੍ਰੀ ਅਨੰਦਪੁਰ ਸਾਹਿਬ ਨੂੰ ਜਾਣ ਵਾਲੀਆਂ ਸੰਗਤਾਂ ਲਈ ਚਾਹ ਪਕੌੜਿਆਂ ਦਾ ਲੰਗਰ ਲਗਾਉਣ ਦਾ ਫ਼ੈਸਲਾ ਕੁਝ ਕੀਤਾ ਗਿਆ। ਇਸ ਮੌਕੇ ਰਾਣਾ ਮੀਰਪੁਰ, ਹਰਮਨ ਮੀਰਪੁਰ, ਕੁਲਵਿੰਦਰ ਸਿੰਘ ਬੱਬੀ, ਸ਼ਮਸ਼ੇਰ ਸਿੰਘ ਕਰਮਨ, ਸੁਰਜੀਤ ਸਿੰਘ, ਜੋਗਾ ਸਿੰਘ, ਜਸਵੰਤ ਸਿੰਘ, ਲਾਡੀ, ਸ਼ਿੰਦਾ, ਕੁਲਦੀਪ ਸਿੰਘ ਹਾਜ਼ਰ ਸਨ।

ਵਿਧਾਇਕ ਸ਼ੈਰੀ ਕਲਸੀ ਵੱਲੋਂ ਪਿੰਡ ਦੁਨੀਆਂ ਸੰਧੂ ਵਿਖੇ ਵਿਕਾਸ ਕਾਰਜਾਂ ਦੀ ਸ਼ੁਰੂਆਤ

ਬਟਾਲਾ, 23 ਫਰਵਰੀ (ਬਲਵਿੰਦਰ ਸਿੰਘ ਪੰਜਗਰਾਈਂ/ਡਾ. ਸਤਨਾਮ ਸਿੰਘ ਸੰਧੂ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਹਲਕੇ ਦੇ ਪਿੰਡਾਂ ਅੰਦਰ ਕਰੋੜਾਂ ਰੁਪਏ ਦੇ ਲਾਗਤ ਨਾਲ ਵਿਕਾਸ ਕਾਰਜ ਕਰਵਾਏ ਗਏ ਹਨ ਤੇ ਪਿੰਡ ਵਾਸੀਆਂ ਦੀ ਸਹੂਲਤ ਲਈ ਵਿਕਾਸ ਕਾਰਜ ਜਾਰੀ ਹਨ। ਵਿਧਾਇਕ ਸ਼ੈਰੀ ਕਲਸੀ ਨੇ ਪਿੰਡ ਦੁਨੀਆਂ ਸੰਧੂ ਵਿਖੇ ਲਿੰਕ ਸੜਕ ਦੀ ਉਸਾਰੀ ਲਈ ਨੀਂਹ ਪੱਥਰ ਰੱਖਣ ਉਪਰੰਤ ਕਿਹਾ ਕਿ ਪਿੰਡਾਂ ਦੀਆਂ ਲਿੰਕ ਸੜਕਾਂ ਬਣਾਉਣ ਦੇ ਕੰਮ, ਪਿੰਡਾਂ ਵਿੱਚ ਗੰਦੇ ਪਾਣੀ ਦੀ ਸਮੱਸਿਆ ਵਾਸਤੇ ਸੀਵਰੇਜ ਪਾਉਣ ਦੇ ਕੰਮ, ਖੇਡ ਮੈਦਾਨ ਤਿਆਰ ਕਰਨ ਸਮੇਤ ਵੱਖ-ਵੱਖ ਵਿਕਾਸ ਕਾਰਜ ਕੀਤੇ ਜਾ ਰਹੇ ਹਨ ਤੇ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਹੱਲ ਕੀਤੀਆਂ ਜਾ ਰਹੀਆਂ ਹਨ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਬਟਾਲਾ ਦਾ ਸਰਬਪੱਖੀ ਵਿਕਾਸ ਉਨ੍ਹਾਂ ਦੀ ਪਹਿਲੀ ਤਰਜੀਹ ਹੈ ਤੇ ਹਲਕੇ ਦੇ ਵਿਕਾਸ ਕੰਮਾਂ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ। ਉਨ੍ਹਾਂ ਕਿਹਾ ਕਿ ਬਟਾਲਾ ਹਲਕੇ ਦੇ ਲੋਕਾਂ ਨੇ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਹੈ, ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਤੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਤੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ। ਬਟਾਲਾ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼ਹਿਰ ਵਿਚਲੀਆਂ ਸੜਕਾਂ ਤੇ ਚੌਕਾਂ ਨੂੰ ਚੌੜਾ ਕੀਤਾ ਗਿਆ ਹੈ। ਇੱਕ ਛੱਤ ਹੇਠਾਂ ਵੱਖ-ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਨਵੇਂ ਤਹਿਸੀਲ ਕੰਪਲੈਕਸ ਦੀ ਉਸਾਰੀ ਕਰਵਾਈ ਗਈ ਹੈ। ਵਾਰਡਾਂ ਵਿੱਚ ਗਲੀਆਂ ਦੇ ਨਿਰਮਾਣ ਕਾਰਜ ਚੱਲ ਰਹੇ ਹਨ ਤੇ ਜਿਨ੍ਹਾਂ ਵਾਰਡਾਂ ਵਿੱਚ ਗਲੀਆਂ ਬਣਾਉਣ ਦਾ ਕੰਮ ਰਹਿ ਗਿਆ ਹੈ, ਉਥੇ ਵੀ ਜਲਦ ਕੰਮ ਸ਼ੁਰੂ ਕਰਵਾਇਆ ਜਾਵੇਗਾ।

ਡੇਰਾ ਬਾਬਾ ਨਾਨਕ ਦੀ ਰੈਲੀ ਨੂੰ ਲੈ ਕੇ ਅਕਾਲੀ ਵਰਕਰਾਂ 'ਚ ਭਾਰੀ ਉਤਸ਼ਾਹ: ਸੋਨੂੰ ਲੰਗਾਹ

ਡੇਰਾ ਬਾਬਾ ਨਾਨਕ, 23 ਫਰਵਰੀ (ਹੈਪੀ ਕੋਟਲੀ): ਸ਼੍ਰੋਮਣੀ ਅਕਾਲੀ ਦਲ ਪਾਰਟੀ ਵੱਲੋਂ ਵਿਧਾਨ ਸਭਾ 2027 ਦੀਆਂ ਚੋਣਾਂ ਨੂੰ ਲੈ ਕੇ ਸ਼ੁਰੂ ਕੀਤੀ ਗਈ ਮੁਹਿੰਮ ਪੰਜਾਬ ਬਚਾਓ ਤਹਿਤ ਪਹਿਲੇ ਗੇੜ 'ਚ ਵੱਖ-ਵੱਖ ਵਿਧਾਨ ਸਭਾ ਹਲਕਿਆਂ 'ਚ ਕੀਤੀਆਂ ਜਾ ਰਹੀਆਂ ਰੈਲੀਆਂ ਦੀ ਲੜੀ ਤਹਿਤ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਾਬਕਾ ਕੈਬਨਿਟ ਮੰਤਰੀ ਸੁੱਚਾ ਸਿੰਘ ਲੰਗਾਹ ਦੀ ਅਗਵਾਈ ਹੇਠ 21 ਮਾਰਚ ਨੂੰ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਕੀਤੀ ਪੰਜਾਬ ਬਚਾਓ, ਰੈਲੀ ਵਿਰੋਧੀਆਂ ਦੀ ਨੀਂਦ ਉਡਾ ਕੇ ਰੱਖ ਦੇਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਡੇਰਾ ਬਾਬਾ ਨਾਨਕ ਤੋਂ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ ਸੀਨੀਅਰ ਨੌਜਵਾਨ ਆਗੂ ਸੁਖਜਿੰਦਰ ਸਿੰਘ ਸੋਨੂੰ ਲੰਗਾਹ ਨੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਇਸ ਰੈਲੀ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ ਸਮੂਹ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਤੇ ਅਕਾਲੀ ਵਰਕਰ ਪੂਰੇ ਪੱਬਾਂ ਭਾਰ ਹਨ। ਸੁਖਜਿੰਦਰ ਸਿੰਘ ਸੋਨੂੰ ਲੰਗਾਹ ਨੇ ਕਿਹਾ ਕਿ ਪੰਜਾਬ ਬਚਾਓ, ਇਸ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਹਲਕਾ ਡੇਰਾ ਬਾਬਾ ਨਾਨਕ ਦੇ ਵੱਖ-ਵੱਖ ਪਿੰਡਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਪਾਰਟੀ ਨਾਲ ਸਬੰਧਤ ਵਰਕਰਾਂ, ਪੰਚਾਂ, ਸਰਪੰਚਾਂ, ਮੋਹਤਬਰ ਆਗੂਆਂ ਤੇ ਵੱਖ-ਵੱਖ ਵਿੰਗਾਂ ਅਹੁਦੇਦਾਰਾਂ ਮੀਟਿੰਗਾ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਮੀਟਿੰਗਾਂ 'ਚ ਅਕਾਲੀ ਵਰਕਰਾਂ ਵੱਲੋਂ ਦਿੱਤੇ ਜਾ ਰਹੇ ਅਥਾਹ ਪਿਆਰ ਸਤਿਕਾਰ ਸਦਕਾ ਲੰਗਾਹ ਪਰਿਵਾਰ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ ਵਰਕਰਾਂ ਸਦਾ ਦਿਨੀਂ ਰਹੇਗਾ, ਜਿਨ੍ਹਾਂ ਦੁੱਖ-ਸੁੱਖ ਦੀ ਘੜੀ ਮੋਢੇ ਨਾਲ ਮੋਢਾ ਜੋੜ ਕੇ ਸਾਥ ਦਿੱਤਾ ਹੈ। ਇਸ ਮੌਕੇ 'ਤੇ ਸਾਬਕਾ ਸਰਪੰਚ ਜਸਪਿੰਦਰ ਸਿੰਘ ਰਾਜੂ, ਬਲਵਿੰਦਰ ਸਿੰਘ ਬਾਊ ਢਿੱਲੋਂ, ਬੂਟਾ ਸਿੰਘ ਅਠਵਾਲ ਸਾਬਕਾ ਚੇਅਰਮੈਨ ਬਲਾਕ ਸੰਮਤੀ, ਸਾਬਕਾ ਸਰਪੰਚ ਹਰਦੇਵ ਸਿੰਘ ਢੇਸੀਆਂ, ਬਲਵਿੰਦਰ ਸਿੰਘ ਮੰਗਾ ਕੋਟਲੀ, ਗੁਰਪ੍ਰੀਤ ਸਿੰਘ ਬਾਦਲ, ਲਖਵਿੰਦਰ ਸਿੰਘ ਢਿੱਲੋਂ ਤੇ ਹੋਰ ਅਕਾਲੀ ਵਰਕਰ ਹਾਜ਼ਰ ਸਨ।

ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਸਰਕਾਰਾਂ ਵਿਰੁੱਧ ਰੋਸ ਪ੍ਰਦਰਸ਼ਨ

ਗੜ੍ਹਸ਼ੰਕਰ, 23 ਫਰਵਰੀ (ਅਜਮੇਰ ਸਿੰਘ ਭਨੋਟ): ਅੱਜ ਸੰਯੁਕਤ ਕਿਸਾਨ ਮੋਰਚੇ ਪੰਜਾਬ ਦੇ ਸੱਦੇ 'ਤੇ ਸ਼ਹੀਦ ਭਗਤ ਸਿੰਘ ਸਮਾਰਕ 'ਤੇ ਸੈਂਕੜਿਆਂ ਦੀ ਗਿਣਤੀ ਵਿੱਚ ਇਕੱਠੇ ਹੋ ਕੇ ਸਰਕਾਰਾਂ ਖਿਲਾਫ਼ ਨਾਅਰੇ ਲਗਾਏ ਗਏ ਤੇ ਮਾਰਚ ਕਰਕੇ ਡਾਕਖ਼ਾਨੇ ਅੱਗੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਬੁਲਾਰਿਆਂ ਨੇ ਕਿਹਾ ਕਿ ਸਰਕਾਰਾਂ ਵੱਲੋਂ ਅਮਰੀਕੀ ਸਮਰਾਜ ਅੱਗੇ ਝੁਕਦਿਆਂ ਕਿਸਾਨ ਵਿਰੋਧੀ ਮੁਕਤ ਵਪਾਰ ਸਮਝੌਤੇ ਤਹਿਤ ਦੇਸ਼ ਤੇ ਕਿਸਾਨਾਂ ਦੇ ਹਿੱਤਾਂ ਵੇਚੇ ਗਏ ਹਨ। ਮਨਰੇਗਾ ਕਾਨੂੰਨ ਨੂੰ ਰੱਦ ਕਰਨ ਲਈ ਇਸ ਦਾ ਸਰੂਪ ਬਦਲ ਦਿੱਤਾ ਗਿਆ, ਬਿਜਲੀ ਬਿੱਲ 2025 ਰਾਹੀਂ ਇਸ ਨੂੰ ਪੂੰਜੀਪਤੀਆਂ ਨੂੰ ਵੇਚਿਆ ਜਾ ਰਿਹਾ ਹੈ, ਸੀਡ ਬਿੱਲ ਲੇਬਰ ਐਕਟ ਰਾਹੀਂ ਕਿਸਾਨਾਂ ਤੇ ਮਜ਼ਦੂਰਾਂ ਦੇ ਹੱਕ ਖੋਹੇ ਜਾ ਰਹੇ ਹਨ। ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਆਗੂ ਕਾਮਰੇਡ ਗੁਰਨੇਕ ਸਿੰਘ ਭੱਜਲ ਕਾਮਰੇਡ ਦਰਸ਼ਨ ਸਿੰਘ ਮੱਟੂ ਸੁਭਾਸ਼ ਮੱਟੂ ਮਿੰਦਰ ਕੁਮਾਰ ਬਡੋਆਣ ਕਿਰਤੀ ਕਿਸਾਨ ਯੂਨੀਅਨ ਦੇ ਸੂਬਾਈ ਆਗੂ ਕਾਮਰੇਡ ਹਰਮੇਸ਼ ਸਿੰਘ ਢੇਸੀ ਕੁਲਵਿੰਦਰ ਸਿੰਘ ਚਾਹਲ ਜ਼ਮਹੂਰੀ ਕਿਸਾਨ ਯੂਨੀਅਨ ਦੇ ਆਗੂਆਂ ਰਾਮਜੀ ਦਾਸ ਚੌਹਾਨ ਸ਼ਿੰਗਾਰਾ ਰਾਮ ਨੀਲਮ ਬਡੋਆਣ ਰਵਿੰਦਰ ਕੁਮਾਰ ਨੀਟਾ ਪ੍ਰੇਮ ਸਿੰਘ ਰਾਣਾ ਇਕਬਾਲ ਸਿੰਘ ਪ੍ਰੇਮੀ ਕੁਲਵਿੰਦਰ ਸੰਘਾ ਕਸ਼ਮੀਰ ਸਿੰਘ ਗੁਰਮੀਤ ਸਿੰਘ ਸੁਖਵਿੰਦਰ ਸਿੰਘ ਸ਼ਾਮ ਸੁੰਦਰ ਪੋਸੀ ਬਖ਼ਸ਼ੀਸ਼ ਸਿੰਘ ਹਰੀ ਦੇਵ ਬਿਲੂ ਫਤੇਪੁਰ ਬਲਦੇਵ ਰਾਜ ਪਿਆਰਾ ਸਿੰਘ ਬਲਵੀਰ ਕੁਮਾਰ ਗੁਰਜੀਤ ਸਿੰਘ ਗੋਲਡੀ ਸਾਥੀ ਹਾਜ਼ਰ ਰਹੇ।

ਰਾਜਪਾਲ ਪੰਜਾਬ ਨੇ ਮੁਕੇਰੀਆਂ 'ਚ 'ਨਸ਼ਿਆਂ ਖ਼ਿਲਾਫ਼ ਪੈਦਲ ਯਾਤਰਾ ਦੀ ਕੀਤੀ ਅਗਵਾਈ

ਹੁਸ਼ਿਆਰਪੁਰ, 23 ਫਰਵਰੀ (ਦੀਪਕ ਅਗਨੀਹੋਤਰੀ): ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਸਰਕਾਰ ਦੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਗਤੀ ਦਿੰਦੇ ਹੋਏ ਅੱਜ ਮੁਕੇਰੀਆਂ ਵਿੱਚ ਨਸ਼ਾ ਮੁਕਤ ਸਮਾਜ ਦੇ ਸੰਕਲਪ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ 'ਨਸ਼ਿਆਂ ਖ਼ਿਲਾਫ ਪੈਦਲ ਯਾਤਰਾ' ਅਧੀਨ ਆਯੋਜਿਤ ਜਨ-ਜਾਗਰੂਕਤਾ ਮੁਹਿੰਮ ਵਿੱਚ ਹਿੱਸਾ ਲਿਆ। ਪੰਜਾਬ ਦੇ ਸਰਹੱਦੀ ਇਲਾਕਿਆਂ ਤੋਂ ਸ਼ੁਰੂ ਹੋਈ ਇਹ ਨਸ਼ਾ ਵਿਰੋਧੀ ਯਾਤਰਾ ਹੁਣ ਸੂਬੇ ਦੇ ਅੰਦਰੂਨੀ ਜ਼ਿਲ੍ਹਿਆਂ ਵਿੱਚ ਵੀ ਸ਼ੁਰੂ ਹੋ ਗਈ ਹੈ। 'ਮਦਰਜ਼ ਅਗੇਂਸਟ ਡਰੱਗਜ਼' ਥੀਮ 'ਤੇ ਕੱਢੀ ਗਈ ਇਸ ਪਦਯਾਤਰਾ ਵਿੱਚ ਰਾਜਨੀਤਿਕ, ਪ੍ਰਸ਼ਾਸਨਿਕ, ਸਮਾਜਿਕ, ਧਾਰਮਿਕ ਸੰਗਠਨਾਂ, ਵਿਦਿਆਰਥੀਆਂ, ਵਪਾਰੀਆਂ, ਐਨ.ਜੀ.ਓਜ਼ ਤੇ ਨਾਗਰਿਕਾਂ ਵੱਲੋਂ ਵਿਆਪਕ ਹਿੱਸੇਦਾਰੀ ਨਾਲ ਇਹ ਯਾਤਰਾ ਇੱਕ ਜਨ ਅੰਦੋਲਨ ਦਾ ਰੂਪ ਲੈਂਦੀ ਨਜ਼ਰ ਆਈ। ਪ੍ਰੋਗਰਾਮ ਦੀ ਸ਼ੁਰੂਆਤ ਤਹਿਸੀਲ ਕੰਪਲੈਕਸ, ਮੁਕੇਰੀਆਂ ਤੋਂ ਹੋਈ, ਜਿੱਥੇ ਯਾਤਰਾ ਦਾ ਸ਼ੁਭ-ਆਰੰਭ ਐਨਸੀਸੀ ਕੈਡਿਟਸ ਦੇ ਬੈਂਡ ਦੀ ਅਗਵਾਈ ਵਿੱਚ ਕੀਤਾ ਗਿਆ। ਗੁਬਾਰੇ ਛੱਡ ਕੇ ਤੇ ਖੇਡ ਪ੍ਰਤਿਭਾਵਾਂ ਵੱਲੋਂ ਮਸ਼ਾਲ ਜਗ੍ਹਾ ਕੇ ਨਸ਼ਿਆਂ ਵਿਰੁੱਧ ਸੰਘਰਸ਼ ਦਾ ਸੰਦੇਸ਼ ਦਿੱਤਾ ਗਿਆ। 'ਪ੍ਰਤਿਗਿਆ-ਇੱਕ ਨਵੀਂ ਸੋਚ' ਸਮੂਹ ਦੀਆਂ ਮਾਵਾਂ ਨੇ ਸਵਾਗਤ ਕੀਤਾ ਤੇ ਯੁੱਧ ਨਸ਼ਿਆਂ ਵਿਰੁੱਧ ਦੇ ਨਾਅਰਿਆਂ ਨਾਲ ਜਨ ਜਾਗਰੂਕਤਾ ਦਾ ਮਾਹੌਲ ਬਣਾਇਆ। ਪਦਯਾਤਰਾ ਦੌਰਾਨ ਸਕੂਲ-ਕਾਲਜ ਵਿਦਿਆਰਥੀਆਂ, ਐਨਸੀਸੀ-ਐਨਐਸਐਸ ਵਾਲੰਟੀਅਰਜ਼, ਰੈਡ ਰਿਬਨ ਕਲੱਬ, ਵੀਡੀਸੀ ਮੈਂਬਰਾਂ ਤੇ ਸਿਵਲ ਡਿਫੈਂਸ ਵਲੰਟੀਅਰਜ਼ ਨੇ ਮਨੁੱਖੀ ਲੜੀ ਬਣਾ ਕੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਦਾ ਸੰਦੇਸ਼ ਦਿੱਤਾ ਵੱਖ-ਵੱਖ ਥਾਵਾਂ 'ਤੇ ਸਮਾਜਿਕ ਸੰਸਥਾਵਾਂ ਤੇ ਸੰਗਠਨਾਂ ਵੱਲੋਂ ਪਦਯਾਤਰਾ ਦਾ ਸਵਾਗਤ ਕੀਤਾ ਗਿਆ ਤੇ ਸਨਮਾਨ ਚਿੰਨ੍ਹ ਭੇਟ ਕੀਤੇ ਗਏ। 3 ਕਿਲੋਮੀਟਰ ਲੰਬੀ ਇਸ ਪਦਯਾਤਰਾ ਦੀ ਸਮਾਪਤੀ ਦਸ਼ਮੇਸ਼ ਗਰਲਜ਼ ਕਾਲਜ, ਚੱਕ ਅੱਲਾ ਬਖ਼ਸ਼ ਵਿਖੇ ਹੋਈ। ਇਸ ਮੌਕੇ ਰਾਜਪਾਲ ਦੇ ਪ੍ਰਮੁੱਖ ਸਕੱਤਰ ਵਿਵੇਕ ਪ੍ਰਤਾਪ ਸਿੰਘ, ਡਿਪਟੀ ਕਮਿਸ਼ਨਰ ਆਸ਼ਿਕਾ ਜੈਨ, ਐਸਐਸਪੀ ਸੰਦੀਪ ਕੁਮਾਰ ਮਲਿਕ, ਏਡੀਸੀ ਨਿਕਾਸ ਕੁਮਾਰ, ਐਸਡੀਐਮ ਮੁਕੇਰੀਆਂ ਓਇਸ਼ੀ ਮੰਡਲ, ਪੰਜਾਬ ਲਿਟ ਫਾਊਂਡੇਸ਼ਨ ਦੇ ਸੰਸਥਾਪਕ ਤੇ ਲੇਖਕ ਖੁਸ਼ਵੰਤ ਸਿੰਘ ਤੋਂ ਇਲਾਵਾ ਵੱਖ-ਵੱਖ ਰਾਜਨੀਤਿਕ ਦਲਾਂ ਦੇ ਨੁਮਾਇੰਦੇ, ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰ, ਕਾਲਜ ਪ੍ਰਬੰਧਕ ਕਮੇਟੀ ਤੇ ਹੋਰ ਪਤਵੰਤੇ ਵੀ ਮੌਜੂਦ ਸਨ।

ਪਿੰਡ ਪੀਰੋਵਾਲੀ ਵਿਖੇ ਸਵਾ ਲੱਖ ਦੀ ਲਾਗਤ ਨਾਲ ਹੈਂਡ ਪੰਪ ਲਗਵਾਇਆ

ਬਟਾਲਾ, 23 ਫਰਵਰੀ (ਬਲਵਿੰਦਰ ਸਿੰਘ ਪੰਜਗਰਾਈਂ): ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਬਲਾਕ ਕਾਦੀਆਂ ਅਧੀਨ ਆਉਂਦੇ ਪਿੰਡ ਪੀਰੋਵਾਲੀ ਵਿਖੇ ਹੈਂਡ ਪੰਪ ਲਗਵਾਇਆ ਗਿਆ ਹੈ। ਜਾਣਕਾਰੀ ਸਾਂਝੀ ਕਰਦੇ ਹੋਏ ਨਗਰ ਦੇ ਸਰਪੰਚ ਕਰਮ ਸਿੰਘ ਪੀਰੋਵਾਲੀ ਨੇ ਦੱਸਿਆ ਕਿ ਹਲਕਾ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਦੇ ਸੁਹਿਰਦ ਯਤਨਾਂ ਸਦਕਾ, ਪਾਣੀ ਦੀ ਵਧੀਆ ਕੁਆਲਿਟੀ ਲਈ, 300 ਫੁੱਟ ਡੂੰਘਾ ਬੋਰ ਕਰਕੇ, ਤਕਰੀਬਨ ਸਵਾ ਕੁ ਲੱਖ ਰੁਪਏ ਦੀ ਰਾਸ਼ੀ ਨਾਲ ਇਹ ਹੈਂਡ ਪੰਪ ਲਗਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਸਾਡੇ ਸਾਰੇ ਹਲਕੇ ਦੇ ਪਿੰਡਾਂ ਦੀ ਕਾਇਆਕਲਪ ਕੀਤੀ ਜਾ ਰਹੀ ਹੈ।ਇੱਕ ਦੂਜੇ ਪਿੰਡ ਨਾਲ ਸੰਪਰਕ ਜੋੜਦੀਆਂ, ਟੁੱਟੀਆਂ ਹੋਈਆਂ ਸੜਕਾਂ ਨੂੰ ਨਵਆਇਆ ਜਾ ਰਿਹਾ ਹੈ। ਉਨ੍ਹਾਂ ਹੋਰ ਦੱਸਿਆ ਕਿ ਜਿੱਥੇ ਪੰਜਾਬ ਦੇ ਸਕੂਲਾਂ ਨੂੰ ਬਹੁਤ ਸੁੰਦਰ ਦਿੱਖ ਦਿੱਤੀ ਗਈ ਹੈ ਉਥੇ ਮਾਹਿਰ ਅਧਿਆਪਕਾਂ ਵੱਲੋਂ ਆਧੁਨਿਕ ਤਕਨੀਕ ਰਾਹੀਂ ਬੱਚਿਆਂ ਨੂੰ ਉਚ ਪੱਧਰੀ ਤਾਲੀਮ ਵੀ ਦਿੱਤੀ ਜਾ ਰਹੀ ਹੈ। ਸਰਪੰਚ ਕਰਮ ਸਿੰਘ ਨੇ ਹੋਰ ਦੱਸਿਆ ਕਿ ਜਿੱਥੇ ਸਰਕਾਰ ਨੇ ਸਿੱਖਿਆ ਪ੍ਰਣਾਲੀ 'ਤੇ ਜ਼ੋਰ ਦਿੱਤਾ ਹੈ, ਉਥੇ ਹੀ ਲੋਕਾਂ ਦੀਆਂ ਸਿਹਤ ਸਮੱਸਿਆਵਾਂ ਨੂੰ ਲੈ ਕੇ ਮੁਹੱਲਾ ਕਲੀਨਿਕ ਖੋਲ੍ਹੇ ਗਏ ਹਨ। ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨ ਤੇ ਤੰਦਰੁਸਤੀ 'ਚ ਵਾਧਾ ਕਰਨ ਦੇ ਮਕਸਦ ਨਾਲ ਪੰਜਾਬ ਦੇ ਹਰ ਬਸ਼ਿੰਦੇ ਦਾ 10 ਲੱਖ ਤੱਕ ਦੇ ਮੁਫਤ ਇਲਾਜ ਕਰਨ ਦੀ ਯੋਜਨਾ ਨੂੰ ਅਮਲੀ ਰੂਪ ਦਿੱਤਾ ਗਿਆ ਹੈ। ਪੰਜਾਬ ਦੇ ਕਿਸਾਨਾਂ ਨੂੰ ਦਿਨ ਵੇਲੇ ਨਿਰਵਿਘਨ ਬਿਜਲੀ ਸਪਲਾਈ ਮਿਲ ਰਹੀ ਹੈ। ਸਾਡੀਆਂ ਮਾਤਾਵਾਂ ਮੁਫ਼ਤ ਵਿੱਚ ਬੱਸਾਂ ਦੇ ਸਫ਼ਰ ਦਾ ਆਨੰਦ ਲੈ ਰਹੀਆਂ ਹਨ। ਇਸ ਮੌਕੇ 'ਤੇ ਸਰਪੰਚ ਕਰਮ ਸਿੰਘ, ਸਾਬਕਾ ਸਰਪੰਚ ਪ੍ਰੀਤਮ ਸਿੰਘ, ਪੰਚਾਇਤ ਮੈਂਬਰ ਤਰਸੇਮ ਸਿੰਘ, ਕੁਲਵੰਤ ਸਿੰਘ, ਬਲਕਾਰ ਸਿੰਘ, ਕੁਲਦੀਪ, ਮੇਜਰ, ਰਵੇਲ ਸਿੰਘ ਗਿਆਨ ਮਸੀਹ ਤੇ ਸਮੁੱਚੀ ਗ੍ਰਾਮ ਪੰਚਾਇਤ ਹਾਜ਼ਰ ਸੀ।

ਵਿਜੇ ਸੋਨੀ ਮੋਹਲੋਵਾਲੀ ਵੱਲੋਂ ਪਾਰਟੀ ਦੀ ਮਜ਼ਬੂਤੀ ਲਈ ਬੀਜੇਪੀ ਵਰਕਰਾਂ ਨਾਲ ਮੀਟਿੰਗ

ਡੇਰਾ ਬਾਬਾ ਨਾਨਕ, 23 ਫਰਵਰੀ (ਹੈਪੀ ਕੋਟਲੀ): ਹਲਕਾ ਡੇਰਾ ਬਾਬਾ ਨਾਨਕ ਤੋਂ ਬੀਜੇਪੀ ਪਾਰਟੀ ਦੇ ਸੀਨੀਅਰ ਆਗੂ ਵਿਜੇ ਕੁਮਾਰ ਸੋਨੀ ਮੋਹਲੋਵਾਲੀ ਵੱਲੋਂ ਪਾਰਟੀ ਵਰਕਰਾਂ ਨਾਲ ਵਿਸ਼ੇਸ਼ ਮੀਟਿੰਗ ਕਰਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਦੇਸ਼ ਵਾਸੀਆਂ ਲਈ ਕੀਤੇ ਜਾ ਰਹੇ ਲੋਕ ਭਲਾਈ ਕੰਮਾਂ ਤੋਂ ਜਾਣੂੰ ਕਰਵਾਇਆ ਗਿਆ।ਉਨ੍ਹਾਂ ਕਿਹਾ ਕਿ ਨਰਿੰਦਰ ਮੋਦੀ ਵੱਲੋਂ ਬੀਤੇ ਦਿਨੀਂ ਦਿੱਲੀ ਦੇ ਭਾਰਤ ਮੰਡਪਮ ਵਿੱਚ ਅੰਤਰਰਾਸ਼ਟਰੀ (ਏਆਈ ਸਮਿੱਟ) ਦਾ ਉਦਘਾਟਨ ਕੀਤਾ ਗਿਆ ਸੀ, ਜਿਸ ਵਿੱਚ ਅੰਤਰਰਾਸ਼ਟਰੀ ਪੱਧਰ ਦੇ ਮਹਿਮਾਨਾਂ ਨੇ ਵੀ ਹਿੱਸਾ ਲਿਆ ਸੀ।ਇਸ ਸਮਿੱਟ ਦੇ ਵਿੱਚ ਏਆਈ ਦੇ ਸੀ.ਓ ਸੈਮ ਅਲਟਮੈਨ, ਗੂਗਲ ਦੇ ਸੀ.ਓ ਸੁੰਦਰ ਪਿਚਾਈ, ਮੈਕਰੋ ਸਾਫਟਵੇਅਰ ਦੇ ਪ੍ਰਤੀਨਿਧੀ ਜੇਨਸਨ ਹੁਆਂਗ ਵਰਗੇ ਤਕਨਾਲੋਜੀ ਖੇਤਰ ਦੇ ਆਗੂ ਵੀ ਮੌਜੂਦ ਸਨ।ਉਨ੍ਹਾਂ ਕਿਹਾ ਕਿ ਇਹ ਸਾਡੇ ਦੇਸ਼ ਲਈ ਮਾਣ ਵਾਲੀ ਗੱਲ ਸੀ ਕਿ ਅਸੀਂ ਏਆਈ ਸਮਿੱਟ ਦੀ ਮੇਜ਼ਬਾਨੀ ਕੀਤੀ, ਪਰ ਕਾਂਗਰਸ ਪਾਰਟੀ ਦੇ ਨੌਜਵਾਨ ਸਮਰਥਕਾਂ ਵੱਲੋਂ ਇਸ ਸਮਿੱਟ ਦੇ ਪ੍ਰਦਰਸ਼ਨ ਕੀਤਾ ਗਿਆ ਤੇ ਮੋਦੀ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ।ਸੋਨੀ ਮੋਹਲੋਵਾਲੀ ਨੇ ਕਿਹਾ ਕਿ ਜੇਕਰ ਉਨ੍ਹਾਂ ਨੂੰ ਖਿਆਲ ਹੁੰਦਾ ਤਾਂ ਉਹ ਇਸ ਅੰਤਰਰਾਸ਼ਟਰੀ ਏਆਈ ਸਮਿੱਟ ਵਿੱਚ ਉਨ੍ਹਾਂ ਦੇ ਸਮਰਥਕ ਇਸ ਤਰ੍ਹਾਂ ਦਾ ਕੰਮ ਨਾ ਕਰਦੇ ਇਸ ਤੋਂ ਸਾਫ ਜ਼ਾਹਿਰ ਹੁੰਦਾ ਹੈ ਕਿ ਕਾਂਗਰਸ ਪਾਰਟੀ ਨੂੰ ਸਿਰਫ ਤੇ ਸਿਰਫ ਪ੍ਰਦਰਸ਼ਨ ਤੇ ਵਿਰੋਧ ਕਰਨਾ ਆਉਂਦਾ ਹੈ ਬਜਾਏ ਇਸਦੇ ਕਿ ਉਹ ਇਹ ਸੋਚਣ ਕੇ ਪ੍ਰਦਰਸ਼ਨ 'ਤੇ ਆਪਣੀ ਗੱਲ ਰੱਖਣ ਦਾ ਵੀ ਇੱਕ ਸਹੀ ਤਰੀਕਾ ਹੁੰਦਾ ਹੈ, ਇਹ ਨਹੀਂ ਕਿ ਤੁਸੀਂ ਅੰਤਰਰਾਸ਼ਟਰੀ ਮੰਚ 'ਤੇ ਭਾਰਤ ਦੀ ਇੱਜ਼ਤ ਨੂੰ ਨੀਵਾਂ ਕਰੋ। ਸਿਆਸੀ ਮੱਤਭੇਦ ਹੋ ਸਕਦੇ ਨੇ ਪਰ ਜਦੋਂ ਭਾਰਤ ਦੇਸ਼ ਦੀ ਗੱਲ ਹੋਵੇ ਜਾਂ ਇਸਦੀ ਇੱਜ਼ਤ ਦੀ ਗਲ ਹੋਵੇ ਤਾਂ ਪਹਿਲ ਹਮੇਸ਼ਾ ਆਪਣੇ ਦੇਸ਼ ਨੂੰ ਦੇਣੀ ਚਾਹੀਦੀ ਹੈ ਨਾ ਕਿ ਆਪਣੇ ਨਿੱਜੀ ਸਿਆਸੀ ਮਸਲਿਆਂ ਨੂੰ। ਇਸ ਮੌਕੇ 'ਤੇ ਵਿਜੇ ਸੋਨੀ ਮੋਹਲੋਵਾਲੀ ਵੱਲੋਂ ਪਾਰਟੀ ਵਰਕਰਾਂ ਨੂੰ ਪਾਰਟੀ ਦੀ ਮਜ਼ਬੂਤੀ ਲਈ ਲਾਮਬੰਦ ਕੀਤਾ ਗਿਆ।ਇਸ ਮੌਕੇ 'ਤੇ ਮਾਸਟਰ ਨੰਦ ਕਿਸ਼ੋਰ, ਕਵਲਜੀਤ ਸਿੰਘ ਮੰਮਣ, ਰਾਜੂ ਧਿਆਨਪੁਰ, ਬਿੱਕਾ ਧਿਆਨਪੁਰ, ਪ੍ਰੇਮ ਚੰਦ ਲਾਲੀ ਸਾਬਕਾ ਸਰਪੰਚ ਸੰਗਤੂਵਾਲ, ਜਸਤਦੀਪ ਸਿੰਘ ਕੋਟਲੀ, ਜਸ਼ਨਦੀਪ ਸਿੰਘ ਕੋਟਲੀ, ਸੁਵਿੰਦਰ ਮਸੀਹ ਕਵਾਲੀ, ਬਲਵਿੰਦਰ ਕੁਮਾਰ, ਧਿਆਨਪੁਰ ਇੰਦਰਜੀਤ, ਹਰਭਜਨ ਸਿੰਘ ਸਾਬਕਾ ਸਰਪੰਚ ਵੜੈਚ, ਬਿਕਰਮਜੀਤ ਬਿੱਕਾ ਰਾਇਮਲ, ਮੀਤਾ ਰਾਏਚੱਕ, ਅੰਮ੍ਰਿਤਪਲ ਸਿੰਘ ਰਾਏਚੱਕ, ਮੰਗਲ ਸਿੰਘ ਖੈਹਿਰਾ ਸੁਲਤਾਨ, ਸ਼ਰਨਜੀਤ ਸਿੰਘ ਖਹਿਰਾ, ਹੈਪੀ ਮਸੀਹ, ਹੀਰਾ ਮਸੀਹ, ਖੁਸ਼ੀਪੁਰ ਹਾਜ਼ਰ ਸਨ।

ਪੁਲਿਸ ਵੱਲੋਂ 3 ਗ੍ਰਾਮ ਹੈਰੋਇਨ ਸਮੇਤ ਦੋਸ਼ੀ ਗ੍ਰਿਫ਼ਤਾਰ

ਰਾਹੋਂ, 23 ਫਰਵਰੀ (ਸੰਜੀਵ ਕੁਮਾਰ ਬੱਬੀ): ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਨਵਾਂਸ਼ਹਿਰ ਜ਼ਿਲ੍ਹੇ ਦੇ ਐਸਐਸਪੀ ਮਾਣਯੋਗ ਤੁਸ਼ਾਰ ਗੁਪਤਾ ਦੇ ਰਹਿਨੁਮਾਈ ਹੇਠ ਮਾਣਯੋਗ ਡੀ.ਐਸ.ਪੀ. ਰਾਜ ਕੁਮਾਰ ਦੀ ਅਗਵਾਈ ਵਿੱਚ ਨਸ਼ਿਆਂ ਨੂੰ ਠੱਲ੍ਹ ਪਾਉਂਦੇ ਹੋਏ ਐਸ.ਐਚ.ਓ. ਵਰਿੰਦਰ ਕੁਮਾਰ ਨੇ ਦੱਸਿਆ ਕਿ ਬੀਤੀ ਕੱਲ੍ਹ ਰਾਹੋਂ ਦੀ ਪੁਲਿਸ ਵੱਲੋਂ 03 ਗ੍ਰਾਮ ਹੈਰੋਇਨ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਉਨ੍ਹਾਂ ਆਖਿਆ ਕਿ ਪੁਲਿਸ ਪਾਰਟੀ ਜਦੋਂ ਥਾਣਾ ਰਾਹੋਂ ਤੋਂ ਸਹਿਬਾਜਪੁਰ ਹੈਡ ਕੋਲ ਪੁੱਜੀ ਤਾਂ ਉਥੇ ਉਨ੍ਹਾਂ ਨੂੰ ਇੱਕ ਸ਼ੱਕੀ ਵਿਅਕਤੀ ਆਉਂਦਾ ਦਿਖਾਈ ਦਿੱਤਾ, ਸ਼ੱਕ ਦੇ ਆਧਾਰ 'ਤੇ ਉਸ ਕੋਲੋਂ ਤਲਾਸ਼ੀ ਲੈਣ 'ਤੇ 03 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਗਈ। ਪੁਲਿਸ ਪਾਰਟੀ ਵੱਲੋਂ ਉਸ ਨੂੰ ਮੌਕੇ 'ਤੇ ਕਾਬੂ ਕਰਕੇ ਅਗਲੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ। ਥਾਣਾ ਮੁਖੀ ਨੇ ਆਖਿਆ ਕਿ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਹੈ ਜਿਸ ਦੀ ਪਹਿਚਾਣ ਦੀਪਕ ਉਰਫ਼ ਮੰਗੂ ਪੁੱਤਰ ਮਨੋਹਰ ਲਾਲ ਵਾਸੀ ਮੁਹੱਲਾ ਖੋਸਲਾ, ਥਾਣਾ ਰਾਹੋਂ ਵਜੋਂ ਹੋਈ ਹੈ। ਦੋਸ਼ੀ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਹੋਰ ਤਫ਼ਤੀਸ਼ ਲਈ ਰਿਮਾਂਡ ਹਾਸਲ ਕੀਤਾ ਜਾਵੇਗਾ। ਇਸ ਮੌਕੇ ਪੁਲਿਸ ਪਾਰਟੀ ਮੌਜੂਦ ਸੀ।

ਖੋਸਾ ਕੋਟਲਾ ਦਾ 21ਵਾਂ ਕਬੱਡੀ ਕੱਪ ਧੂਮ ਧੜੱਕੇ ਨਾਲ ਸ਼ੁਰੂ

☛ ਸੰਤ ਬਾਬਾ ਗੁਰਮੀਤ ਸਿੰਘ ਨੇ ਰਿਬਨ ਕੱਟ ਕੇ ਕੀਤਾ ਉਦਘਾਟਨ

ਕੋਟ ਈਸੇ ਖਾਂ, 23 ਫਰਵਰੀ (ਹਰਜੀਤ ਛਾਬੜਾ/ਗੁਰਦੇਵ ਖੁਰਾਣਾ): ਇਥੋਂ ਨੇੜਲੇ ਪਿੰਡ ਖੋਸਾ ਕੋਟਲਾ ਵਿਖੇ ਸ਼ਹੀਦ ਗੁਰਦਰਸ਼ਨ ਸਿੰਘ ਸਪੋਰਟਸ ਕਲੱਬ ਵੱਲੋਂ ਐਨਆਰਆਈ ਭਰਾਵਾਂ, ਸਮੂਹ ਗ੍ਰਾਮ ਪੰਚਾਇਤ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਦੀ ਇਸ ਵਾਰ ਵੀ 21ਵਾਂ ਕਬੱਡੀ ਟੂਰਨਾਮੈਂਟ ਹਰਸ਼ੋ-ਉਲਾਸ ਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਇਲਾਕੇ ਦੀ ਮਹਾਨ ਧਾਰਮਿਕ ਸ਼ਖਸੀਅਤ ਸੱਚਖੰਡ ਵਾਸੀ ਸੰਤ ਬਾਬਾ ਫਤਿਹ ਸਿੰਘ ਦੀ ਯਾਦ ਨੂੰ ਤਾਜ਼ਾ ਕਰਦਿਆਂ ਕਰਵਾਏ ਜਾ ਰਹੇ ਇਸ ਤਿੰਨ ਦਿਨਾਂ ਟੂਰਨਾਮੈਂਟ ਦਾ ਉਦਘਾਟਨ ਅੱਜ ਗੁਰਦੁਆਰਾ ਗੁਰੂਸਰ ਪਾਤਸ਼ਾਹੀ ਛੇਵੀਂ ਖੋਸਾ ਕੋਟਲਾ ਦੇ ਮੌਜੂਦਾ ਮੁੱਖ ਸੇਵਾਦਾਰ ਸੰਤ ਬਾਬਾ ਗੁਰਮੀਤ ਸਿੰਘ ਵੱਲੋਂ ਸਪੋਰਟਸ ਕਲੱਬ ਖੋਸਾ ਕੋਟਲਾ, ਗ੍ਰਾਮ ਪੰਚਾਇਤ ਤੇ ਸਮੂਹ ਪਿੰਡ ਵਾਸੀਆਂ ਦੀ ਹਾਜ਼ਰੀ ਵਿੱਚ ਅਰਦਾਸ ਕਰਨ ਉਪਰੰਤ ਰਿਬਨ ਕੱਟ ਕੇ ਕੀਤਾ ਗਿਆ। ਟੂਰਨਾਮੈਂਟ ਦਾ ਉਦਘਾਟਨੀ ਮੈਚ 40 ਕਿਲੋ ਵਰਗ ਦੀਆਂ ਕਬੱਡੀ ਟੀਮਾਂ ਵਿੱਚ ਖੇਡਿਆ ਗਿਆ, ਟੂਰਨਾਮੈਂਟ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਵਾਰ ਕਬੱਡੀ ਦੇ ਕਰਵਾਏ ਗੈਰ ਜਾ ਰਹੇ ਮੁਕਾਬਲਿਆਂ ਤੋਂ ਇਲਾਵਾ ਇਸ ਟੂਰਨਾਮੈਂਟ ਵਿੱਚ ਇੱਕ ਨਵੀਂ ਖੇਡ ਪੈਰਾਂ ਭਾਰ ਬੈਠਣ ਦੀ ਵੀ ਕਰਵਾਈ ਜਾ ਰਹੀ ਹੈ, ਇਸ ਖੇਡ ਵਿੱਚ ਜੋ ਵਿਅਕਤੀ ਸਭ ਤੋਂ ਲੰਬਾ ਸਮਾਂ ਪੈਰਾਂ ਭਾਰ ਬੈਠੇਗਾ, ਉਸ ਨੂੰ ਟੂਰਨਾਮੈਂਟ ਪ੍ਰਬੰਧਕਾਂ ਵੱਲੋਂ ਸਨਮਾਨਤ ਕੀਤਾ ਜਾਵੇਗਾ। ਇਸ ਮੌਕੇ 'ਤੇ ਬਾਬਾ ਹਰਚੰਦ ਸਿੰਘ, ਪ੍ਰਧਾਨ ਨਿਰਮਲ ਸਿੰਘ ਕਲੇਰ, ਡਾ. ਕੁਲਵੰਤ ਸਿੰਘ ਮੁੱਦਕੀ ਵਾਲੇ, ਅੰਗਰੇਜ਼ ਸਿੰਘ, ਸਤਨਾਮ ਸਿੰਘ ਆੜ੍ਹਤੀਆ, ਦਵਿੰਦਰ ਸਿੰਘ ਮੰਦਰ, ਗੁਰਸੇਵਕ ਸਿੰਘ ਸਰਪੰਚ, ਆੜ੍ਹਤੀਆ ਨੇਕ ਸਿੰਘ ਤੂਰ, ਕਮਲਪ੍ਰੀਤ ਸਿੰਘ, ਰਾਜਵਿੰਦਰ ਸਿੰਘ ਰਾਜੂ, ਬਲਤੇਜ ਸਿੰਘ, ਗੁਰਪਾਲ ਸਿੰਘ, ਗੁਰਜੰਟ ਸਿੰਘ, ਜਗਦੀਪ ਸਿੰਘ ਗੋਰਾ, ਜਗਸੀਰ ਸਿੰਘ, ਗੁਰਦੀਪ ਸਿੰਘ ਸਾਬਕਾ ਮੈਂਬਰ, ਅੰਗਰੇਜ ਸਿੰਘ, ਰਣਜੀਤ ਸਿੰਘ ਮੈਂਬਰ, ਜਗਦੀਪ ਸਿੰਘ, ਹਰਭਜਨ ਸਿੰਘ ਫੌਜੀ, ਬਲਜਿੰਦਰ ਸਿੰਘ ਫੌਜੀ, ਬਲਵੰਤ ਸਿੰਘ ਬੰਤਾ, ਬਲਵਿੰਦਰ ਸਿੰਘ ਯੂਐਸਏ, ਹਰਪਾਲ ਸਿੰਘ ਬਾਵਾ, ਦਰਸ਼ਨ ਸਿੰਘ ਜਨੇਰ, ਜਰਨੈਲ ਸਿੰਘ ਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

ਸੰਦੀਪ ਕੌਰ ਨੇ ਪੰਜਾਬ ਭਰ 'ਚੋਂ ਧਾਰਮਿਕ ਅਧਿਆਪਕ ਦੇ ਤੌਰ 'ਤੇ ਪਹਿਲਾ ਸਥਾਨ ਪ੍ਰਾਪਤ ਕੀਤਾ

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 23 ਫਰਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਸਤਿਨਾਮ ਸਰਬ ਕਲਿਆਣ ਟਰੱਸਟ ਚੰਡੀਗੜ੍ਹ ਵੱਲੋਂ ਪੰਜਾਬ ਦੇ ਗੁਰਮਤਿ ਵਿਦਿਆ ਦੇਣ ਦੇ ਚਾਹਵਾਨ ਸਕੂਲਾਂ ਵਿੱਚ ਇੱਕ-ਇੱਕ ਧਾਰਮਿਕ ਅਧਿਆਪਕ ਦਿੱਤਾ ਜਾਂਦਾ ਹੈ ਜੋ ਸੰਪੂਰਨ ਸਿੱਖੀ ਸਰੂਪ ਵਿੱਚ ਤੇ ਅੰਮ੍ਰਿਤਧਾਰੀ ਹੁੰਦਾ ਹੈ। ਟਰੱਸਟ ਵੱਲੋਂ ਪਹਿਲੀ ਤੋਂ ਬਾਰ੍ਹਵੀਂ ਕਲਾਸ ਤੱਕ ਦੇ ਵਿਦਿਆਰਥੀਆਂ ਲਈ ਸਿਲੇਬਸ ਤਿਆਰ ਕੀਤਾ ਜਾਂਦਾ ਹੈ ਤੇ ਕਿਤਾਬਾਂ ਲਗਵਾਈਆਂ ਜਾਂਦੀਆਂ ਹਨ, ਜਿਨ੍ਹਾਂ ਦੇ ਆਧਾਰ 'ਤੇ ਸਾਲ ਵਿੱਚ ਦੋ ਵਾਰੀ ਧਾਰਮਿਕ ਪ੍ਰੀਖਿਆ ਲਈ ਜਾਂਦੀ ਹੈ। ਫਸਟ, ਸੈਕਿੰਡ, ਥਰਡ ਆਉਣ ਵਾਲੇ ਵਿਦਿਆਰਥੀਆਂ ਨੂੰ ਟਰੱਸਟ ਵੱਲੋਂ ਸਨਮਾਨਤ ਕੀਤਾ ਜਾਂਦਾ ਹੈ। ਧਾਰਮਿਕ ਅਧਿਆਪਕ ਸਾਰਾ ਸਾਲ ਸਕੂਲ ਆਉਂਦੇ ਹਨ ਤੇ ਉਹ ਵਿਦਿਆਰਥੀਆਂ ਨੂੰ ਧਾਰਮਿਕ ਵਿਦਿਆ ਦੇ ਨਾਲ-ਨਾਲ ਸਿੱਖੀ ਸਰੂਪ, ਅੰਮ੍ਰਿਤਪਾਨ ਕਰਨ ਤੇ ਸਹਿਜ ਪਾਠ ਕਰਨ, ਰੋਡੇ ਬੱਚਿਆਂ ਨੂੰ ਕੇਸ ਰੱਖਣ ਲਈ ਪ੍ਰੇਰਿਤ ਕਰਦੇ ਹਨ।ਟਰੱਸਟ ਵੱਲੋਂ ਹਰ ਸਾਲ ਦਸੰਬਰ ਮਹੀਨੇ ਵਿੱਚ ਵਿੱਦਿਅਕ ਮੁਕਾਬਲੇ ਕਰਵਾਏ ਜਾਂਦੇ ਹਨ, ਜਿਸ ਵਿੱਚ ਲੈਕਚਰ, ਕਵਿਤਾ, ਕਵੀਸ਼ਰੀ, ਗੁਰਬਾਣੀ ਕੰਠ, ਕੁਇਜ਼, ਵਾਰਤਾਲਾਪ, ਗੱਤਕਾ ਕੀਰਤਨ ਤੇ ਦਸਤਾਰ ਮੁਕਾਬਲੇ ਕਰਵਾਏ ਜਾਂਦੇ ਹਨ। ਜਿਸ ਵਿੱਚ ਹਰ ਸਕੂਲ ਨੂੰ ਭਾਗ ਲੈਣਾ ਜ਼ਰੂਰੀ ਹੁੰਦਾ ਹੈ। ਮੁਕਾਬਲਿਆਂ ਵਿੱਚ ਪਹਿਲੇ, ਦੂਸਰੇ, ਤੀਜੇ ਦਰਜੇ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਮੌਕੇ 'ਤੇ ਸਨਮਾਨਤ ਕੀਤਾ ਜਾਂਦਾ ਹੈ। ਵਿਦਿਆਰਥੀਆਂ ਤੋਂ ਇਲਾਵਾ 270 ਸਕੂਲਾਂ ਦੇ ਅਧਿਆਪਕਾਂ ਦੀ ਕਾਰਗੁਜ਼ਾਰੀ ਨੂੰ ਦੇਖਦੇ ਹੋਏ ਹਰ ਸਾਲ ਸਭ ਤੋਂ ਵਧੀਆ ਕਾਰਗੁਜ਼ਾਰੀ ਕਰਨ ਵਾਲੇ ਅਧਿਆਪਕ ਨੂੰ ਸਨਮਾਨਤ ਕੀਤਾ ਜਾਂਦਾ ਹੈ। ਜਿਸ ਤਹਿਤ ਦਸਮੇਸ਼ ਸੀਨੀਅਰ ਸੈਕੰਡਰੀ ਸਕੂਲ ਘੁਮਾਣ ਦੇ ਮੈਡਮ ਸੰਦੀਪ ਕੌਰ ਨੇ ਇਨ੍ਹਾਂ ਮਾਪਦੰਡਾਂ 'ਤੇ ਪੂਰਾ ਉਤਰਦੇ ਹੋਏ 270 ਸਕੂਲਾਂ ਦੇ ਅਧਿਆਪਕਾਂ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਤੇ ਬਾਬਾ ਬਕਾਲਾ ਜ਼ੋਨ ਦਾ ਨਾਂ ਰੋਸ਼ਨ ਕੀਤਾ ਹੈ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਗੁਰਨਾਮ ਸਿੰਘ ਮੰਡ ਨੇ ਸੰਦੀਪ ਕੌਰ ਦੀ ਇਸ ਪ੍ਰਾਪਤੀ ਦੀ ਵਧਾਈ ਦਿੰਦਿਆਂ ਉਨ੍ਹਾਂ ਦੀ ਵਧੀਆ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ।

ਸ਼ਬਦ ਸਾਂਝ ਲਾਇਬ੍ਰੇਰੀ ਮਾਨ ਸੈਂਡਵਾਲ ਵੱਲੋਂ ਭਾਈ ਸਤਿੰਦਰਬੀਰ ਸਿੰਘ ਅਮਰੀਕਾ ਦਾ ਵਿਸ਼ੇਸ਼ ਸਨਮਾਨ

ਫਤਹਿਗੜ੍ਹ ਚੂੜੀਆਂ, 23 ਫਰਵਰੀ (ਰਾਜਨ ਸ਼ਰਮਾ): ਪਿੰਡ ਮਾਨ ਸੈਂਡਵਾਲ ਵਿੱਚ ਹੋਏ ਕੀਰਤਨ ਸਮਾਗਮ ਮੌਕੇ ਭਾਈ ਸਤਿੰਦਰਬੀਰ ਸਿੰਘ ਅਮਰੀਕਾ ਵਾਲਿਆਂ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਆਪਣੀ ਰਸ-ਭਿੰਨੀ ਆਵਾਜ਼ ਨਾਲ ਉਨ੍ਹਾਂ ਹਾਜ਼ਰ ਸੰਗਤਾਂ ਨੂੰ ਗੁਰਬਾਣੀ ਕੀਰਤਨ ਸੁਣਾ ਕੇ ਨਿਹਾਲ ਕੀਤਾ। ਭਾਈ ਸਾਹਿਬ ਇਸ ਵਕਤ ਅਮਰੀਕਾ ਰਹਿ ਰਹੇ ਨੇ ਤੇ ਉਹ ਪਿੰਡ ਮਾਨ ਸੈਂਡਵਾਲ ਦੇ ਜੰਮਪਲ ਹਨ। ਇਸ ਵਾਰ ਕਾਫੀ ਅਰਸੇ ਬਾਅਦ ਉਨ੍ਹਾਂ ਨੇ ਆਪਣੇ ਪਿੰਡ ਦੇ ਕੀਰਤਨ ਸਮਾਗਮ ਵਿੱਚ ਹਾਜ਼ਰੀ ਭਰੀ ਹੈ। ਇਸ ਦੌਰਾਨ ਸ਼ਬਦ ਸਾਂਝ ਲਾਇਬ੍ਰੇਰੀ ਮਾਨ ਸੈਂਡਵਾਲ ਵੱਲੋਂ ਭਾਈ ਸਾਹਿਬ ਦਾ ਸਨਮਾਨ ਕੀਤਾ ਗਿਆ। ਇਸ ਸਬੰਧੀ ਗੱਲ ਕਰਦਿਆਂ ਲਾਇਬ੍ਰੇਰੀ ਇੰਚਾਰਜ ਜਸਦੇਵ ਮਾਨ ਨੇ ਕਿਹਾ ਕਿ ਭਾਈ ਸਤਿੰਦਰਬੀਰ ਸਿੰਘ ਸਾਡੇ ਪਿੰਡ ਤੇ ਇਲਾਕੇ ਦਾ ਮਾਣ ਹਨ। ਉਨ੍ਹਾਂ ਦਮਦਮੀ ਟਕਸਾਲ ਚੌਕ ਮਹਿਤਾ ਤੋਂ ਗੁਰਬਾਣੀ ਸੰਗੀਤ ਦੀ ਵਿਦਿਆ ਹਾਸਲ ਕੀਤੀ। ਇਸ ਉਪਰੰਤ ਉਹ ਵੱਖ-ਵੱਖ ਧਾਰਮਿਕ ਸਟੇਜਾਂ 'ਤੇ ਹਾਜ਼ਰੀ ਭਰਦੇ ਰਹੇ ਹਨ। ਕੁਝ ਸਮੇਂ ਬਾਅਦ ਉਹ ਅਮਰੀਕਾ ਚਲੇ ਗਏ ਤੇ ਉਥੇ ਵੀ ਉਹ ਵੱਡੀਆਂ-ਵੱਡੀਆਂ ਸਟੇਜਾਂ 'ਤੇ ਗੁਰਬਾਣੀ ਕੀਰਤਨ ਦੀ ਹਾਜ਼ਰੀ ਲਗਵਾਉਂਦੇ ਰਹੇ ਹਨ। ਲਾਇਬ੍ਰੇਰੀ ਇੰਚਾਰਜ ਜਸਦੇਵ ਮਾਨ ਨੇ ਕਿਹਾ ਕਿ ਇਹ ਸਾਡੇ ਲਈ ਬੜੇ ਮਾਣ ਦੀ ਗੱਲ ਹੈ ਕਿ ਅਸੀਂ ਆਪਣੀ ਸੰਸਥਾ ਵੱਲੋਂ ਭਾਈ ਸਤਿੰਦਰਬੀਰ ਸਿੰਘ ਦਾ ਸਨਮਾਨ ਕਰ ਰਹੇ ਹਾਂ। ਇਸ ਮੌਕੇ 'ਤੇ ਸਰਪੰਚ ਜਸਪਾਲ ਸਿੰਘ ਮਾਨ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੁਖਜਿੰਦਰ ਸਿੰਘ ਨੇ ਭਾਈ ਸਤਿੰਦਰਬੀਰ ਸਿੰਘ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਉਹ ਸਾਡੇ ਇਲਾਕੇ ਦੀ ਸ਼ਾਨ ਹਨ। ਇਸ ਮੌਕੇ 'ਤੇ ਇਕਬਾਲ ਸਿੰਘ ਸ਼ੇਰਾ, ਸਤਪਾਲ ਸਿੰਘ ਕੈਨੇਡਾ, ਭਾਈ ਹਰਵਿੰਦਰ ਸਿੰਘ ਰਾਗੀ, ਸੁਖਬੀਰਪਾਲ ਸਿੰਘ ਸੰਧੂ, ਜਸਪਿੰਦਰ ਸਿੰਘ, ਅਮਰਜੀਤ ਸਿੰਘ, ਜਸਵੰਤ ਸਿੰਘ, ਹਰਦੇਵ ਸਿੰਘ ਆਦਿ ਹਾਜ਼ਰ ਸਨ।

ਪ੍ਰੋਜੈਕਟ ਅੰਮ੍ਰਿਤ ਦੇ ਚੌਥੇ ਪੜਾਅ ਦੀ ਸ਼ੁਰੂਆਤ

ਸ੍ਰੀ ਹਰਿਗੋਬਿੰਦਪੁਰ/ਘੁਮਾਣ, 23 ਫਰਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਸੰਤ ਨਿਰੰਕਾਰੀ ਮਿਸ਼ਨ ਦੇ ਮੁਖੀ ਸਤਿਗੁਰੂ ਮਾਤਾ ਸੁਦਿਕਸ਼ਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਚਲਾਏ ਜਾ ਰਹੇ ਪ੍ਰੋਜੈਕਟ ਅੰਮ੍ਰਿਤ ਦੇ ਚੌਥੇ ਪੜਾਅ ਦੀ ਸ਼ੁਰੂਆਤ ਸੰਤ ਨਿਰੰਕਾਰੀ ਮੰਡਲ ਘੁਮਾਣ ਦੇ ਮੁਖੀ ਮਨੀਸ਼ਾ ਬਾਵਾ ਦੀ ਅਗਵਾਈ ਹੇਠ ਕਸਬਾ ਘੁਮਾਣ ਤੋਂ ਸ਼ੁਰੂਆਤ ਕੀਤੀ ਗਈ। ਜਿਸ ਵਿੱਚ ਕਸਬਾ ਘੁਮਾਣ ਦੇ ਨਜ਼ਦੀਕੀ ਨਹਿਰੀ ਸੂਏ, ਸ਼ਮਸ਼ਾਨਘਾਟਾਂ ਤੇ ਆਸ-ਪਾਸ ਦੀਆਂ ਜਨਤਕ ਸਥਾਨਾਂ ਦੀ ਸਫ਼ਾਈ ਕੀਤੀ ਗਈ। ਇਸ ਮੌਕੇ 'ਤੇ ਮੰਡਲ ਮੁਖੀ ਮਨੀਸ਼ਾ ਬਾਵਾ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਪ੍ਰੋਜੈਕਟ ਅੰਮ੍ਰਿਤ ਦੀ ਪਹਿਲੇ ਪੜਾਅ ਸ਼ੁਰੂਆਤ 2023 ਵਿੱਚ ਕੀਤੀ ਗਈ ਸੀ ਤੇ ਅੱਜ ਇਸ ਦੇ ਚੌਥੇ ਪੜਾਅ ਸ਼ੁਰੂਆਤ ਹੈ, ਇਹ ਵਿਸ਼ਾਲ ਮੁਹਿੰਮ ਦੇਸ਼ ਭਰ ਵਿੱਚ 1500 ਤੋਂ ਵੱਧ ਥਾਵਾਂ 'ਤੇ ਇੱਕੋ ਸਮੇਂ 'ਤੇ ਆਯੋਜਿਤ ਕੀਤੀ ਗਈ ਹੈ, ਜੋ ਸਮਾਜ ਦੇ ਹਰ ਵਰਗ ਤੱਕ ਪਾਣੀ ਦੀ ਸੰਭਾਲ ਤੇ ਸਫਾਈ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਫੈਲਾਏਗੀ। ਉਨ੍ਹਾਂ ਨੇ ਕਿਹਾ ਕਿ ਜਲ ਇੱਕ ਸਰੋਤ ਨਹੀਂ ਹੈ, ਇਹ ਜੀਵਨ ਦਾ ਆਧਾਰ ਹੈ ਤੇ ਪ੍ਰਮਾਤਮਾ ਦਾ ਇੱਕ ਅਨਮੋਲ ਤੋਹਫ਼ਾ ਹੈ, ਜਿਸ ਦੀ ਰੱਖਿਆ ਕਰਨੀ ਹਰ ਮਨੁੱਖ ਦਾ ਨੈਤਿਕ ਫਰਜ਼ ਹੈ। ਇਸ ਮੌਕੇ 'ਤੇ ਦਰਸ਼ਨ ਕੁਮਾਰ, ਅਨਿਲ ਕੁਮਾਰ, ਐਸ.ਪੀ.ਸਿੰਘ, ਪਰਮਪ੍ਰੀਤ ਸਿੰਘ, ਜਗੀਰ ਸਿੰਘ, ਗੁਰਪ੍ਰੀਤ ਸਿੰਘ, ਹਰਸਿਮਰਨ ਸਿੰਘ ਤੇ ਘੁਮਾਣ ਮੰਡਲ ਦੇ ਸੇਵਾਦਾਰ ਹਾਜ਼ਰ ਸਨ।

ਬ੍ਰਹਮ ਗਿਆਨੀ ਸੁਆਮੀ ਸਰੂਪਾ ਨੰਦ ਦੀ ਯਾਦ ਨੂੰ ਸਮਰਪਿਤ 29ਵਾਂ ਭੰਡਾਰਾ ਤੇ ਕਬੱਡੀ ਟੂਰਨਾਮੈਂਟ ਦਾ ਫਾਈਨਲ ਕਰਵਾਇਆ

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 23 ਫਰਵਰੀ (ਜਗੀਰ ਸਿੰਘ ਮੰਡ/ ਡਾ. ਨਰਿੰਦਰ ਸਿੰਘ ਘੁਮਾਣ): ਬ੍ਰਹਮ ਗਿਆਨੀ ਸੁਆਮੀ ਸਰੂਪਾ ਨੰਦ ਦੀ ਯਾਦ ਨੂੰ ਸਮਰਪਿਤ 29ਵਾਂ ਭੰਡਾਰਾ ਤੇ ਦੋ ਰੋਜ਼ਾ ਕਬੱਡੀ ਟੂਰਨਾਮੈਂਟ ਪਿੰਡ ਮੰਡ ਵਿਖੇ ਬੜੀ ਧੂਮਧਾਮ ਨਾਲ ਕਰਵਾਇਆ ਗਿਆ। ਅੱਜ ਕਬੱਡੀ ਟੂਰਨਾਮੈਂਟ ਦੇ ਫਾਈਨਲ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਚੋਟੀ ਦੇ ਛੇ ਅੰਤਰਰਾਸ਼ਟਰੀ ਕਬੱਡੀ ਕਲੱਬਾਂ ਨੇ ਹਿੱਸਾ ਲਿਆ। ਟੂਰਨਾਮੈਂਟ ਦਾ ਆਰੰਭ ਸੁਆਮੀ ਜੀ ਨੇ ਖਿਡਾਰੀਆਂ ਨੂੰ ਆਸ਼ੀਰਵਾਦ ਦੇ ਕੇ ਆਰੰਭ ਕਰਵਾਇਆ। ਸ੍ਰੀ ਅਖੰਡ ਪਾਠ ਸਾਹਿਬ ਦੀ ਦੂਸਰੀ ਲੜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਸੰਤ ਸਮਾਗਮ ਕਰਵਾਇਆ ਗਿਆ, ਜੋ ਸਵੇਰੇ 11 ਵਜੇ ਤੋਂ ਲੈ ਕੇ 2 ਵਜੇ ਤੱਕ ਚੱਲਦਾ ਰਿਹਾ, ਜਿਸ ਵਿੱਚ ਪੰਜਾਬ ਦੇ ਉਘੇ ਕੀਰਤਨੀਏ ਜਥਿਆਂ ਢਾਡੀ ਜਥਿਆਂ ਕਵੀਸ਼ਰਾਂ ਨੇ ਭਾਗ ਲਿਆ ਤੇ ਸੰਗਤ ਨੂੰ ਗੁਰੂ ਚਰਨਾਂ ਨਾਲ ਜੋੜਿਆ। ਸੰਤ ਸਮਾਗਮ ਦੀ ਸਮਾਪਤੀ ਤੋਂ ਬਾਅਦ ਅਰਦਾਸ ਹੋਈ ਤੇ ਕਬੱਡੀ ਦਾ ਮਹਾਂ ਕੁੰਭ ਆਰੰਭ ਹੋਇਆ, ਜਿਸ ਵਿੱਚ ਚੋਟੀ ਦੀਆਂ 6 ਕਬੱਡੀ ਕਲੱਬ ਦੇ ਟੂਰਨਾਮੈਂਟ ਕਰਵਾਏ ਗਏ ਜੋ ਕਿ ਬਹੁਤ ਹੀ ਫਸਵੇਂ ਤੇ ਦਿਲਚਸਪ ਸਨ।ਹਰ ਇੱਕ ਰੇਡਰ ਤੇ ਜਾਫੀ ਤੇ ਹਜ਼ਾਰਾਂ ਰੁਪਏ ਦੇ ਇਨਾਮ ਰੱਖੇ ਗਏ, ਜੋ ਕਿ ਐਨ.ਆਰ.ਆਈ. ਵੀਰਾਂ ਵੱਲੋਂ ਦਿੱਤੇ ਗਏ ਕਬੱਡੀ ਦਾ ਫਾਈਨਲ ਮੁਕਾਬਲਾ ਮਾਲਵਾ ਅਲਾਇੰਸ ਤੇ ਨਾਨਕਸਰ ਕਲੱਬ ਗੁਰਦਾਸਪੁਰ ਵਿੱਚਕਾਰ ਹੋਇਆ, ਜਿਸ ਵਿੱਚ ਮਾਲਵਾ ਅਲਾਇੰਸ ਕਬੱਡੀ ਕਲੱਬ ਜੇਤੂ ਰਹੀ, ਜਿਸ ਵਿੱਚ ਪਹਿਲਾ ਇਨਾਮ 2.50 ਲੱਖ ਰੁਪਿਆ ਕਲੱਬ ਤੇ ਦੂਸਰਾ ਨਾਮ 2.00 ਲੱਖ ਰੁਪਿਆ ਨਾਨਕਸਰ ਕਲੱਬ ਗੁਰਦਾਸਪੁਰ ਕਲੱਬ ਨੇ ਜਿੱਤਿਆ, ਤੀਸਰਾ ਇਨਾਮ ਇੱਕ ਲੱਖ ਰੁਪਿਆ ਸ਼ਕਰਗੜ੍ਹ ਕਲੱਬ ਨੇ ਜਿੱਤਿਆ। ਇਥੇ ਇਹ ਵੀ ਜ਼ਿਕਰਯੋਗ ਹੈ ਕਿ ਨਗਦ ਇਨਾਮਾਂ ਦੀ ਰਾਸ਼ੀ ਐਨ.ਆਰ.ਆਈ. ਭਰਾਵਾਂ ਵੱਲੋਂ ਦਿੱਤੀ ਗਈ। ਪਹਿਲੇ ਇਨਾਮ ਦੀ ਰਾਸ਼ੀ ਅੰਮ੍ਰਿਤ ਪਾਲ ਸਿੰਘ ਪੁੱਤਰ ਲਖਬੀਰ ਸਿੰਘ ਮੰਡ ਯੂ.ਐਸ.ਏ. ਵੱਲੋਂ 2.50ਲੱਖ ਰੁਪਏ ਦਿੱਤੀ ਗਈ ਦੂਸਰੇ ਇਨਾਮ ਦੀ ਰਾਸ਼ੀ 2 ਲੱਖ ਐਨਆਰਆਈ ਵੀਰ ਜੋਤ ਮੰਡ ਸਿਮਰਨ ਮੰਡ ਗੁਰਬਾਜ ਮੰਡ, ਡਾ. ਲਵ ਮੰਡ ਪ੍ਰਭਜੋਤ ਮੰਡ, ਜੋਬਨ ਮੰਡ ਵੱਲੋਂ ਦਿੱਤੀ ਗਈ। ਤੀਸਰੇ ਨਾਮ ਦੀ ਰਾਸ਼ੀ ਇੱਕ ਲੱਖ ਰੁਪਏ ਸਮਰਦੀਪ ਸਿੰਘ ਮੰਡ ਕੈਨੇਡਾ ਵੱਲੋਂ ਦਿੱਤੀ ਗਈ। ਚੌਥੇ ਇਨਾਮ ਦੀ ਰਾਸ਼ੀ 50 ਹਜ਼ਾਰ ਰੁਪਏ ਗੁਰਵਿੰਦਰ ਸਿੰਘ ਇਟਲੀ ਪੁੱਤਰ ਜਥੇਦਾਰ ਦਲੀਪ ਸਿੰਘ ਮੰਡ ਵੱਲੋਂ ਦਿੱਤੀ ਗਈ। ਬੈਸਟ ਰੇਡਰ ਅੰਕਿਤ ਨੂੰ ਤੇ ਬੈਸਟ ਜਾਫੀ ਜੱਗੂ ਸੋਨੀ ਡੇਰਾ ਬਾਬਾ ਨਾਨਕ ਤੇ ਸੋਨੀ ਮਲਕਪੁਰ ਨੂੰ ਹਰ ਵਾਰ ਦੀ ਤਰ੍ਹਾਂ ਮੋਟਰਸਾਈਕਲ ਦੇ ਕੇ ਸਨਮਾਨਤ ਕੀਤਾ ਗਿਆ।ਟੂਰਨਾਮੈਂਟ ਨੂੰ ਸੁਚੱਜੇ ਢੰਗ ਨਾਲ ਚਲਾਉਣ ਲਈ ਇੱਕ ਜੱਜਾਂ ਦੀ ਕਮੇਟੀ ਬਣਾਈ ਗਈ ਸੀ, ਜਿਨ੍ਹਾਂ ਨੇ ਬਹੁਤ ਹੀ ਨਿਰਪੱਖ ਢੰਗ ਨਾਲ ਇਸ ਕੰਮ ਨੂੰ ਸਿਰ ਚਾੜ੍ਹਿਆ, ਜਿਸ ਵਿੱਚ ਜਰਨੈਲ ਸਿੰਘ ਮੈਨੇਜਰ ਕੰਵਰਪਾਲ ਸਿੰਘ ਪਟਵਾਰੀ, ਸੁਖਵਿੰਦਰ ਸਿੰਘ ਮੰਡ, ਰਹਿਮਤ ਪਾਲ ਸਿੰਘ ਮੰਡ, ਹਰਜਿੰਦਰ ਸਿੰਘ ਸਰਪੰਚ ਦਕੋਹਾ ਸ਼ਾਮਲ ਸਨ।ਟੂਰਨਾਮੈਂਟ ਦਾ ਪ੍ਰਬੰਧ ਸਵਾਮੀ ਸਰੂਪਾ ਨੰਦ ਕਲੱਬ ਮੰਡ ਦੀ ਪ੍ਰਬੰਧਕ ਕਮੇਟੀ ਵੱਲੋਂ ਕੀਤਾ ਗਿਆ ਜੋ ਕਿ ਟੂਰਨਾਮੈਂਟ ਦਾ ਪ੍ਰਬੰਧ ਬਹੁਤ, ਸੁਚੱਜੇ ਢੰਗ ਨਾਲ ਕੀਤਾ ਗਿਆ।ਮੈਚ ਰੈਫਰੀਆਂ ਦੀ ਜ਼ਿੰਮੇਵਾਰੀ ਮਨਦੀਪ ਬੁਤਾਲਾ, ਅਮਰਜੀਤ ਸਿੰਘ ਧਾਮੀ, ਗੁਰਪ੍ਰੀਤ ਸਿੰਘ, ਬਬੀ ਕੋਚ ਡੀ.ਆਈ. ਵੱਲੋਂ ਬਹੁਤ ਸੁਚੱਜੀ ਢੰਗ ਨਿਭਾਈ ਗਈ। ਕੁਮੈਂਟਰੀ ਸ਼ਮਸ਼ੇਰ ਸਿੰਘ ਠੱਠਾ ਤੇ ਬਲਜਿੰਦਰ ਸਿੰਘ ਝਲਾੜੀ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਪੇਸ਼ ਕਰਕੇ ਦਰਸ਼ਕ ਨੂੰ ਕੀਲ ਕੇ ਮਾਂ ਖੇਡ ਕਬੱਡੀ ਨਾਲ ਜੋੜ ਕੇ ਰੱਖਿਆ।

ਕੇ.ਕੇ. ਤਿਵਾੜੀ ਬਣੇ ਹਲਕਾ ਸਮਰਾਲਾ ਦੇ ਕੁਆਰਡੀਨੇਟਰ

ਕੋਟ ਈਸੇ ਖਾਂ, 23 ਫਰਵਰੀ (ਹਰਜੀਤ ਛਾਬੜਾ/ਗੁਰਦੇਵ ਖੁਰਾਣਾ): ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਹਲਕਾ ਸਮਰਾਲਾ ਲਈ ਮੈਂਬਰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਤੇ ਹਲਕਾ ਡੈਲੀਗੇਟ ਧਰਮਕੋਟ ਕੇ.ਕੇ. ਤਿਵਾੜੀ ਨੂੰ ਕੁਆਰਡੀਨੇਟਰ ਨਿਯੁਕਤ ਕੀਤਾ ਗਿਆ। ਇਹ ਨਿਯੁਕਤੀ 28 ਫਰਵਰੀ ਨੂੰ ਬਰਨਾਲਾ ਵਿਖੇ ਹੋ ਰਹੀ ਕਾਂਗਰਸੀ ਰੈਲੀ ਜਿਸ ਨੂੰ ਸੰਬੋਧਨ ਕਰਨ ਵਾਸਤੇ ਵਿਸ਼ੇਸ਼ ਤੌਰ 'ਤੇ ਰਾਹੁਲ ਗਾਂਧੀ ਪਹੁੰਚ ਰਹੇ ਹਨ, ਵਾਸਤੇ ਕੀਤੀ ਗਈ ਹੈ। ਆਪਣੀ ਇਸ ਨਿਯੁਕਤੀ ਲਈ ਸ੍ਰੀਮਤੀ ਸੋਨੀਆ ਗਾਂਧੀ, ਆਲ ਇੰਡੀਆ ਕਾਂਗਰਸ ਕਮੇਟੀ ਦੇ ਪ੍ਰਧਾਨ ਮਲਕ ਅਰਜੁਨ ਖੜਗੇ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਪ੍ਰਿਅੰਕਾ ਗਾਂਧੀ ਵਡੇਰਾ, ਪੰਜਾਬ ਪ੍ਰਦੇਸ਼ ਕਾਂਗਰਸ ਦੇ ਇੰਚਾਰਜ ਭੁਪੇਸ਼ ਬਘੇਲ, ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਤੇ ਲੁਧਿਆਣਾ ਤੋਂ ਮੈਂਬਰ ਪਾਰਲੀਮੈਂਟ ਅਮਰਿੰਦਰ ਸਿੰਘ ਰਾਜਾ ਵੜਿੰਗ, ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਤੇ ਸੰਗਠਨ ਇੰਚਾਰਜ ਕੈਪਟਨ ਸੰਦੀਪ ਸਿੰਘ ਸੰਧੂ, ਜ਼ਿਲ੍ਹਾ ਪ੍ਰਧਾਨ ਹਰੀ ਸਿੰਘ ਖਾਈ ਸਮੇਤ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕੇ.ਕੇ. ਤਿਵਾੜੀ ਨੇ ਕਿ ਪਾਰਟੀ ਵੱਲੋਂ ਪਾਈ ਗਈ ਇਸ ਜ਼ਿੰਮੇਵਾਰੀ ਨੂੰ ਮੈਂ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਵਾਂਗਾ। ਸ੍ਰੀ ਤਿਵਾੜੀ ਨੇ ਕਿਹਾ ਕਿ ਮੈਂ ਬੀਤੇ ਲੰਬੇ ਸਮੇਂ ਤੋਂ ਪਾਰਟੀ ਵਿੱਚ ਕੰਮ ਕਰ ਰਿਹਾ ਹਾਂ, ਮੈਂ ਯੂਥ ਕਾਂਗਰਸ ਦੇ ਵਿੱਚ ਵੀ ਕੰਮ ਕੀਤਾ ਹੈ, ਹਲਕਾ ਧਰਮਕੋਟ ਦੇ ਡੈਲੀਗੇਟ ਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਵਜੋਂ ਕੰਮ ਕਰ ਰਿਹਾ ਹਾਂ, ਪਾਰਟੀ ਨੇ ਮੈਨੂੰ ਸਮੇਂ-ਸਮੇਂ 'ਤੇ ਬਣਦਾ ਮਾਣ-ਸਨਮਾਨ ਦਿੱਤਾ ਹੈ, ਮੈਂ ਇਸ ਲਈ ਪਾਰਟੀ ਦਾ ਕਦੇ ਵੀ ਦੇਣ ਨਹੀਂ ਦੇ ਸਕਦਾ, ਹੁਣ ਜੋ ਮੈਨੂੰ ਬਰਨਾਲਾ ਰੈਲੀ ਵਾਸਤੇ ਹਲਕਾ ਸਮਰਾਲਾ ਦੇ ਕੁਆਰਡੀਨੇਟਰ ਵਜੋਂ ਜ਼ਿੰਮੇਵਾਰੀ ਦਿੱਤੀ ਗਈ ਹੈ, ਇਸ ਡਿਊਟੀ ਨੂੰ ਵੀ ਮੈਂ ਪੂਰੀ ਤਨਦੇਹੀ ਨਾਲ ਨਿਭਾਉਂਦਿਆਂ ਰੈਲੀ ਨੂੰ ਕਾਮਯਾਬ ਕਰਨ ਲਈ ਆਪਣੀ ਪੂਰੀ ਵਾਹ ਲਗਾ ਦਿਆਂਗਾ।

ਪਿਤਾ ਨਾਲ ਐਕਟਿਵਾ 'ਤੇ ਜਾ ਰਹੇ 5 ਸਾਲ ਦੇ ਬੱਚੇ ਦੀ ਹਾਦਸੇ 'ਚ ਮੌਤ

ਜਲੰਧਰ, 23 ਫਰਵਰੀ (ਚ.ਨ.ਸ.): ਲੋਹੀਆਂ ਵਿੱਚ ਬਣ ਰਹੇ ਫਲਾਈਓਵਰ ਦੀ ਸਰਵਿਸ ਲੇਨ ਦੇ ਨੇੜੇ ਵਾਪਰੇ ਇੱਕ ਦਰਦਨਾਕ ਹਾਦਸੇ ਦੌਰਾਨ 5 ਸਾਲ ਦੇ ਬੱਚੇ ਗੁਰਜੋਤ ਸਿੰਘ ਦੀ ਮੌਤ ਹੋ ਗਈ ਹੈ। ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਬੱਚਾ ਆਪਣੇ ਪਿਤਾ ਨਾਲ ਐਕਟਿਵਾ 'ਤੇ ਜਾ ਰਿਹਾ ਸੀ ਤੇ ਰਸਤੇ 'ਚ ਟੋਆ ਆਉਣ ਕਾਰਨ ਐਕਟਿਵਾ ਦਾ ਸੰਤੁਲਨ ਵਿਗੜ ਗਿਆ ਤੇ ਬੱਚਾ ਐਕਟਿਵਾ ਤੋਂ ਉਛਲ ਕੇ ਸੜਕ 'ਤੇ ਡਿੱਗ ਗਿਆ। ਜਿਸ ਤੋਂ ਬਾਅਦ ਬੱਚਾ ਪਿੱਛੇ ਆ ਰਹੇ ਟਰੱਕ ਦੇ ਅਗਲੇ ਟਾਇਰ ਹੇਠ ਆ ਗਿਆ, ਜਦਕਿ ਸਕੂਟਰ ਚਾਲਕ ਪਿਤਾ ਸ਼ੀਤਲ ਸਿੰਘ ਸੜਕ ਦੇ ਦੂਜੇ ਪਾਸੇ ਡਿੱਗ ਗਿਆ। ਮੌਕੇ 'ਤੇ ਇਕੱਠੇ ਹੋਏ ਲੋਕਾਂ ਨੇ ਗੁਰਜੋਤ ਸਿੰਘ ਨੂੰ ਟਰੱਕ ਦੇ ਟਾਇਰ ਹੇਠੋਂ ਕੱਢਿਆ ਤੇ ਉਸ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਬੱਚੇ ਦੀ ਮੌਤ ਨਾਲ ਪੂਰੇ ਨਵਾਂ ਪਿੰਡ ਖਾਲੇਵਾਲ ਤੇ ਇਲਾਕੇ ਵਿੱਚ ਸ਼ੋਕ ਦੀ ਲਹਿਰ ਦੌੜ ਗਈ, ਜਦਕਿ ਪੂਰੇ ਪਰਿਵਾਰ ਵਿੱਚ ਬੱਚੇ ਦੀ ਮੌਤ ਨਾਲ ਹਾਹਾਕਾਰ ਮੱਚ ਗਿਆ ਸੀ। ਬੱਚੇ ਦੇ ਪਰਿਵਾਰ ਨੇ ਪੁਲਿਸ ਨੂੰ ਟਰੱਕ ਚਾਲਕ ਵਿਰੁੱਧ ਕਿਸੇ ਵੀ ਤਰ੍ਹਾਂ ਦੀ ਕਾਰਵਾਈ ਕਰਨ ਤੋਂ ਮਨ੍ਹਾ ਕਰ ਦਿੱਤਾ ਹੈ।ਪੁਲਿਸ ਨੇ ਟਰੱਕ ਚਾਲਕ ਬਾਬੂ ਰਾਮ ਤੇ ਟਰੱਕ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ। ਪੁਲਿਸ ਨੇ ਦੱਸਿਆ ਕਿ ਟਰੱਕ ਨਾਸਿਕ ਤੋਂ ਜਲੰਧਰ ਜਾ ਰਿਹਾ ਸੀ। ਪੁਲਿਸ ਦਾ ਕਹਿਣਾ ਹੈ ਕਿ ਪੀੜਤ ਪਰਿਵਾਰ ਦੇ ਬਿਆਨਾਂ ਅਨੁਸਾਰ ਹੀ ਬਣਦੀ ਕਾਰਵਾਈ ਕੀਤੀ ਜਾਵੇਗੀ।

ਕੈਨੇਡਾ 'ਚ ਪੰਜਾਬੀ ਮੁੰਡਿਆਂ ਨੇ ਬੰਦਾ ਅਗਵਾ ਕਰਕੇ ਮੰਗੇ 2 ਲੱਖ ਡਾਲਰ

☛ਪੀਲ ਰੀਜਨਲ ਪੁਲਿਸ ਨੇ 2 ਨੂੰ ਗ੍ਰਿਫ਼ਤਾਰ ਕੀਤਾ

ਬਰੈਂਪਟਨ, 23 ਫਰਵਰੀ (ਚ.ਨ.ਸ.): ਕੈਨੇਡਾ ਦੇ ਓਂਟਾਰੀਓ ਸੂਬੇ ਵਿੱਚ ਸਥਿਤ ਸ਼ਹਿਰ ਬਰੈਂਪਟਨ ਵਿੱਚ ਇੱਕ ਸਨਸਨੀਖੇਜ਼ ਅਗਵਾ ਦੇ ਮਾਮਲੇ ਵਿੱਚ ਪੀਲ ਰੀਜਨਲ ਪੁਲਿਸ ਨੇ 2 ਪੰਜਾਬੀ ਮੁੰਡਿਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਨ੍ਹਾਂ ਮੁਲਜ਼ਮਾਂ 'ਤੇ ਇੱਕ ਵਿਅਕਤੀ ਨੂੰ ਅਗਵਾ ਕਰਕੇ ਉਸ ਨੂੰ ਛੱਡਣ ਦੇ ਬਦਲੇ 2 ਲੱਖ ਅਮਰੀਕੀ ਡਾਲਰ ਦੀ ਫਿਰੌਤੀ ਮੰਗਣ ਦਾ ਦੋਸ਼ ਹੈ। ਪੁਲਿਸ ਮੁਤਾਬਿਕ ਇਹ ਘਟਨਾ 6 ਨਵੰਬਰ 2025 ਦੀ ਸ਼ਾਮ ਨੂੰ ਵਾਪਰੀ ਸੀ, ਜਦੋਂ ਇੱਕ ਵਿਅਕਤੀ ਨੇ ਆਪਣੇ ਦੋਸਤ ਦੇ ਅਗਵਾ ਹੋਣ ਬਾਰੇ ਸੂਚਨਾ ਦਿੱਤੀ। ਜਾਂਚ ਵਿੱਚ ਸਾਹਮਣੇ ਆਇਆ ਕਿ ਮੁਲਜ਼ਮਾਂ ਨੇ ਪੀੜਤ ਨੂੰ ਛੱਡਣ ਲਈ ਵੱਡੀ ਰਕਮ ਦੀ ਮੰਗ ਕੀਤੀ ਸੀ ਤੇ ਪੈਸੇ ਨਾ ਦੇਣ ਦੀ ਸੂਰਤ ਵਿੱਚ ਉਸ ਨੂੰ ਨੁਕਸਾਨ ਪਹੁੰਚਾਉਣ ਦੀ ਧਮਕੀ ਦਿੱਤੀ ਸੀ। ਪੁਲਿਸ ਨੇ ਮੁਸਤੈਦੀ ਦਿਖਾਉਂਦੇ ਹੋਏ ਲੋਕੇਸ਼ਨ ਟਰੇਸ ਕੀਤੀ ਤੇ ਪੀੜਤ ਨੂੰ ਸੁਰੱਖਿਅਤ ਬ੍ਰਾਮਦ ਕਰ ਲਿਆ।ਗ੍ਰਿਫ਼ਤਾਰੀ ਦੌਰਾਨ ਮੌਕੇ ਤੋਂ ਇੱਕ 0.45 ਕੈਲੀਬਰ ਦੀ ਪਿਸਤੌਲ ਵੀ ਬ੍ਰਾਮਦ ਕੀਤੀ ਗਈ। ਇਸ ਤੋਂ ਬਾਅਦ 13 ਫਰਵਰੀ 2026 ਨੂੰ ਕੀਤੀ ਗਈ ਛਾਪੇਮਾਰੀ ਦੌਰਾਨ ਪੁਲਿਸ ਨੂੰ ਇੱਕ ਲੋਡਿਡ ਮੈਗਜ਼ੀਨ ਤੇ ਇੱਕ ਰਾਈਫਲ ਮੈਗਜ਼ੀਨ ਵੀ ਮਿਲੀ ਹੈ। ਪੁਲਿਸ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਕਰ ਲਈ ਗਈ ਹੈ। ਜਿਨ੍ਹਾਂ ਵਿਚੋਂ ਹਰਕੀਰਤ ਸਿੰਘ ਤੇ ਅੰਮ੍ਰਿਤਪਾਲ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ, ਜਦਕਿ ਹਸਨਪ੍ਰੀਤ ਸਿੰਘ ਦੀ ਅਜੇ ਪੁਲਿਸ ਭਾਲ ਕਰ ਰਹੀ ਹੈ। ਪੁਲਿਸ ਨੇ ਉਸ ਵਿਰੁੱਧ ਗ੍ਰਿਫ਼ਤਾਰੀ ਵਾਰੰਟ ਜਾਰੀ ਕਰ ਦਿੱਤਾ ਹੈ।

ਸਰਬੱਤ ਦਾ ਭਲਾ ਟਰੱਸਟ ਨੇ ਲੋੜਵੰਦ ਪਰਿਵਾਰਾਂ ਨੂੰ ਦਿੱਤੇ ਆਰਥਿਕ ਸਹਾਇਤਾ ਦੇ ਮਹੀਨਾਵਾਰ ਚੈਕ

ਮੱਲਾਂ ਵਾਲਾ, 23 ਫਰਵਰੀ (ਹਰਪਾਲ ਸਿੰਘ ਖਾਲਸਾ): ਸਵੈਇਰ ਸਿੰਘ ਵੱਜੋਂ ਜਾਣੇ ਜਾਂਦੇ ਦੁਬੱਈ ਦੇ ਉਘੇ ਕਾਰੋਬਾਰੀ ਤੇ ਸਮਾਜ ਸੇਵੀ ਡਾ. ਸੁਰਿੰਦਰਪਾਲ ਸਿੰਘ ਓਬਰਾਏ ਵੱਲੋਂ ਚਲਾਈ ਜਾ ਰਹੀ ਸਮਾਜਸੇਵੀ ਸੰਸਥਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਡਾ. ਐਸਪੀ ਸਿੰਘ ਓਬਰਾਏ ਦੀ ਯੋਗ ਅਗਵਾਈ ਵਿੱਚ ਮੱਲਾਂ ਵਾਲਾ ਵਿਖੇ ਕਰਵਾਏ ਗਏ ਇੱਕ ਸਾਦੇ ਸਮਾਗਮ ਦੌਰਾਨ ਮੱਲਾਂ ਵਾਲਾ ਇਲਾਕੇ ਨਾਲ ਸਬੰਧਤ 35 ਜ਼ਰੂਰਤਮੰਦ, ਵਿਧਵਾਵਾਂ ਤੇ ਅੰਗਹੀਣਾਂ ਨੂੰ ਆਰਥਿਕ ਸਹਾਇਤਾ ਰਾਸ਼ੀ ਦੇ ਮਹੀਨਾਵਾਰ ਚੈਕ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ ਤੇ ਜ਼ਿਲ੍ਹਾ ਕੈਸ਼ੀਅਰ ਵਿਜੈ ਕੁਮਾਰ ਬਹਿਲ ਸਮੇਤ ਹੋਰ ਟੀਮ ਮੈਂਬਰਾਂ ਵੱਲੋਂ ਵੰਡੇ ਗਏ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ ਤੇ ਜ਼ਿਲ੍ਹਾ ਸਲਾਹਕਾਰ ਤੇ ਇੰਚਾਰਜ ਜ਼ੀਰਾ ਰਣਜੀਤ ਸਿੰਘ ਰਾਏ ਵੱਲੋਂ ਦੱਸਿਆ ਗਿਆ ਕਿ ਸੰਸਥਾ ਦੇ ਬਾਨੀ ਡਾ. ਓਬਰਾਏ ਵੱਲੋਂ ਲੋਕ ਭਲਾਈ ਦੇ ਕਈ ਹੋਰ ਕਾਰਜ ਚੱਲ ਰਹੇ ਹਨ, ਜਿਨ੍ਹਾਂ ਵਿੱਚ ਫਿਰੋਜ਼ਪੁਰ ਜ਼ਿਲ੍ਹੇ ਅੰਦਰ ਲੋੜਵੰਦਾਂ, ਅੰਗਹੀਣਾਂ ਤੇ ਵਿਧਵਾਵਾਂ ਨੂੰ 1 ਲੱਖ 40 ਹਜ਼ਾਰ ਰੁਪਏ ਦੀਆਂ ਮਹੀਨਾਵਾਰ ਪੈਨਸ਼ਨਾਂ, ਅੱਖਾਂ ਦੇ ਫ੍ਰੀ ਚੈਕਅੱਪ ਕੈਂਪ, ਬਹੁਤ ਹੀ ਘੱਟ ਰੇਟਾਂ 'ਤੇ ਲੈਬੋਰਟਰੀਆਂ, ਫਿਜ਼ੀਓਥੈਰੇਪੀ ਸੈਂਟਰ, ਹੁਸ਼ਿਆਰ ਤੇ ਲੋੜਵੰਦ ਵਿਦਿਆਰਥੀਆਂ ਨੂੰ ਸਕਾਲਰਸ਼ਿਪ, ਮੈਡੀਕਲ ਸਹਾਇਤਾ, ਕਈ ਤਰ੍ਹਾਂ ਦੇ ਹੱਥੀਂ ਹੁਨਰ ਵਾਲੇ ਸਿਖਲਾਈ ਕੋਰਸ ਸਕੂਲਾਂ ਤੇ ਜਨਤਕ ਸਥਾਨਾਂ ਤੇ ਸਾਫ਼ ਪਾਣੀ ਵਾਲੇ ਆਰਓ ਲਗਾਏ ਜਾਂਦੇ ਹਨ।ਇਸ ਮੌਕੇ ਜ਼ਿਲ੍ਹਾ ਕੈਸ਼ੀਅਰ ਵਿਜੈ ਕੁਮਾਰ ਬਹਿਲ, ਜ਼ਿਲ੍ਹਾ ਸਲਾਹਕਾਰ ਤੇ ਸਮੇਤ ਹੋਰ ਪਤਵੰਤੇ ਵੀ ਮੌਜੂਦ ਸਨ।

ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਇੰਟਰਲਾਕਿੰਗ ਟਾਇਲਾਂ ਲਗਾਉਣ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ

ਮੋਗਾ, 23 ਫਰਵਰੀ (ਨਿਸ਼ੀ ਮਨਚੰਦਾ): ਅੱਜ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਵਾਰਡ ਨੰਬਰ 6 ਅਧੀਨ ਆਉਂਦੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀਆਂ 10 ਕੱਚੀਆਂ ਗਲੀਆਂ ਵਿੱਚ 49 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕਿੰਗ ਟਾਇਲਾਂ ਲਗਾਉਣ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।ਇਸ ਮੌਕੇ ਨਗਰ ਨਿਗਮ ਦੇ ਮੇਅਰ ਪ੍ਰਵੀਨ ਕੁਮਾਰ ਸ਼ਰਮਾ, ਕੌਂਸਲਰ ਅਰਵਿੰਦਰ ਸਿੰਘ ਹੈਪੀ ਕਾਨਪੁਰੀਆ, ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਸਕੱਤਰ ਪਿਆਰਾ ਸਿੰਘ ਬੱਧਨੀ, ਕੌਂਸਲਰ ਜਗਦੀਪ ਸਿੰਘ ਦਮਨ, ਵਾਰਡ ਨਿਵਾਸੀਆਂ ਤੇ ਆਮ ਆਦਮੀ ਪਾਰਟੀ ਦੇ ਵਲੰਟੀਅਰਾਂ ਸਮੇਤ ਮੌਜੂਦ ਸਨ। ਇਸ ਮੌਕੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਵਾਰਡ ਨੰਬਰ 6 ਦੀਆਂ ਗਲੀਆਂ ਲੰਬੇ ਸਮੇਂ ਤੋਂ ਕੱਚੀਆਂ ਪਈਆਂ ਸਨ, ਜਿਸ ਕਾਰਨ ਆਉਣ-ਜਾਣ ਵਿੱਚ ਕਾਫ਼ੀ ਮੁਸ਼ਕਿਲਾਂ ਆ ਰਹੀਆਂ ਸਨ। ਵਾਰਡ ਕੌਂਸਲਰ ਨੇ ਇਹ ਮੁੱਦਾ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ। ਇਸ ਤੋਂ ਬਾਅਦ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ 49 ਲੱਖ ਦੀ ਲਾਗਤ ਨਾਲ 10 ਕੱਚੀਆਂ ਗਲੀਆਂ 'ਤੇ ਇੰਟਰਲਾਕਿੰਗ ਟਾਇਲਾਂ ਲਗਾਉਣ ਦਾ ਕੰਮ ਸ਼ੁਰੂ ਕੀਤਾ ਹੈ। ਉਨ੍ਹਾਂ ਕਿਹਾ ਕਿ ਇੰਟਰਲਾਕਿੰਗ ਟਾਇਲਾਂ ਲਗਾਉਣ ਨਾਲ ਇਲਾਕੇ ਦੀ ਹਾਲਤ ਵਿੱਚ ਸੁਧਾਰ ਹੋਵੇਗਾ ਤੇ ਵਸਨੀਕਾਂ ਨੂੰ ਸੁਵਿਧਾਜਨਕ ਪਹੁੰਚ ਮਿਲੇਗੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਹਰ ਵਾਰਡ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ ਹੈ ਤੇ ਵਿਕਾਸ ਕਾਰਜ ਤੇਜ਼ੀ ਨਾਲ ਜਾਰੀ ਰਹਿਣਗੇ। ਉਨ੍ਹਾਂ ਅੱਗੇ ਕਿਹਾ ਕਿ ਮੋਗਾ ਸ਼ਹਿਰ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਚੱਲ ਰਹੇ ਹਨ। ਉਨ੍ਹਾਂ ਅਪੀਲ ਕੀਤੀ ਕਿ ਕਿਸੇ ਵੀ ਵਾਰਡ ਨਿਵਾਸੀ ਨੂੰ ਕੋਈ ਵੀ ਸਮੱਸਿਆ ਆ ਰਹੀ ਹੈ, ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ ਤੇ ਉਨ੍ਹਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਕੌਂਸਲਰ ਅਰਵਿੰਦਰ ਸਿੰਘ ਕਾਨਪੁਰੀਆ ਤੇ ਵਾਰਡ ਨਿਵਾਸੀਆਂ ਨੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਤੇ ਨਗਰ ਨਿਗਮ ਦੇ ਮੇਅਰ ਪ੍ਰਵੀਨ ਕੁਮਾਰ ਸ਼ਰਮਾ ਦਾ ਵਾਰਡ ਦੇ ਵਿਕਾਸ ਕਾਰਜ ਸ਼ੁਰੂ ਕਰਨ ਲਈ ਮਠਿਆਈਆਂ ਭੇਟ ਕਰਕੇ ਧੰਨਵਾਦ ਕੀਤਾ।

ਬੱਸੀ ਪਠਾਣਾਂ 'ਚ ਵਿਕਾਸ ਪੱਖੋਂ ਕੋਈ ਕਸਰ ਨਹੀਂ ਛੱਡੀ ਜਾਵੇਗੀ: ਵਿਧਾਇਕ ਰੁਪਿੰਦਰ ਹੈਪੀ

ਸ੍ਰੀ ਫਤਹਿਗੜ੍ਹ ਸਾਹਿਬ, 23 ਫਰਵਰੀ (ਹਰਪ੍ਰੀਤ ਕੌਰ ਟਿਵਾਣਾ): ਵਿਧਾਨ ਸਭਾ ਹਲਕਾ ਬੱਸੀ ਪਠਾਣਾਂ ਦੇ ਕਾਇਆਕਲਪ ਲਈ ਕਰੋੜਾਂ ਰੁਪਏ ਖਰਚ ਕੀਤੇ ਜਾਣਗੇ, ਜਿਸ ਨਾਲ ਹਲਕੇ ਦੀ ਨੁਹਾਰ ਬਦਲੀ ਜਾਵੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ, ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਹਲਕਾ ਬੱਸੀ ਪਠਾਣਾਂ ਦੇ ਪਿੰਡਾਂ ਨੂੰ ਜਾਣ ਵਾਲੀਆਂ ਵੱਖ-ਵੱਖ ਸੜਕਾਂ ਦੇ ਨਿਰਮਾਣ ਕਾਰਜਾਂ ਦੀ ਸ਼ੁਰੂਆਤ ਕਰਵਾਉਣ ਮੌਕੇ ਕੀਤਾ। ਵਿਧਾਇਕ ਰੁਪਿੰਦਰ ਹੈਪੀ ਨੇ ਕਿਹਾ ਕਿ ਚੁੰਨੀ ਤੋਂ ਮੋਰਿੰਡਾ 08 ਕਰੋੜ 04 ਲੱਖ, ਸੰਧਾਰੀ ਮਾਜਰਾ ਤੋਂ ਮਾਜਰੀ 54.22 ਲੱਖ, ਫਰਾਰ ਅੰਮ੍ਰਿਤ ਪੈਲੇਸ ਤੋਂ ਬਰਵਾਲੀ 162.28 ਲੱਖ, ਸਤਿਸੰਗ ਘਰ ਤੋਂ ਕਕਰਾਲਾ 127.89 ਲੱਖ, ਮਨੈਲਾ ਕਲੋਨੀ ਤੋਂ ਬਦੇਸ਼ਾਂ 79.93 ਲੱਖ ਤੇ ਮਨੈਲਾ ਸਕੂਲ ਤੋਂ ਸ਼ਮਸ਼ਪੁਰ ਸਿੰਘਾ 48.60 ਲੱਖ ਰੁਪਏ ਕੁੱਲ 12 ਕਰੋੜ 76 ਲੱਖ ਦੀ ਲਾਗਤ ਨਾਲ ਬਣਨ ਵਾਲੀਆਂ ਸੜਕਾਂ ਦਾ ਨਿਰਮਾਣ ਅਰਸੇ ਤੋਂ ਲੰਬਿਤ ਪਿਆ ਸੀ, ਜਿਸ ਦੀ ਹੁਣ ਸ਼ੁਰੂਆਤ ਕਰਵਾਈ ਗਈ ਹੈ। ਉਨ੍ਹਾਂ ਦੱਸਿਆ ਕਿ ਸਥਾਨਕ ਲੋਕਾਂ ਨੂੰ ਸੜਕਾਂ ਨਾ ਬਣਨ ਕਰਕੇ ਆਵਾਜਾਈ ਵਿੱਚ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਬਰਸਾਤ ਦੇ ਦਿਨਾਂ ਵਿੱਚ ਹਾਲਤ ਹੋਰ ਵੀ ਨਾਜ਼ੁਕ ਹੋ ਜਾਂਦੇ ਹਨ, ਹੁਣ ਸੜਕ ਨਿਰਮਾਣ ਦਾ ਕੰਮ ਸ਼ੁਰੂ ਹੋਣ ਨਾਲ ਇਲਾਕਾ ਨਿਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਹੈ। ਵਿਧਾਇਕ ਰੁਪਿੰਦਰ ਹੈਪੀ ਨੇ ਕਿਹਾ ਕਿ ਇਲਾਕੇ ਵਿੱਚ ਵਿਕਾਸ ਕਾਰਜ ਪਹਿਲ ਦੇ ਆਧਾਰ 'ਤੇ ਜਾਰੀ ਰਹਿਣਗੇ ਤੇ ਲੋਕਾਂ ਦੀ ਹਰ ਸਮੱਸਿਆ ਦਾ ਹੱਲ ਕੀਤਾ ਜਾਵੇਗਾ।ਇਸ ਮੌਕੇ 'ਤੇ ਰਾਜ ਪੁਰੀ ਹਲਕਾ ਸੰਗਠਨ ਇੰਚਾਰਜ, ਹਰਜੀਤ ਸਿੰਘ ਬਲਾਕ ਪ੍ਰਧਾਨ, ਬਲਵਿੰਦਰ ਸਿੰਘ, ਬਲਜਿੰਦਰ ਸਿੰਘ, ਸਿਮਰਨ ਸੋਮਲ, ਅੰਗਰੇਜ ਸਿੰਘ, ਇੰਦਰਜੀਤ ਸਿੰਘ, ਅਮਰਿੰਦਰ ਸਿੰਘ ਰਾਜਵੀਰ ਸਿੰਘ,ਗੁਰਤੇਜ ਸਿੰਘ, ਕਪਿਲ ਦੇਵ, ਮਨਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਚੀਮਾ ਪਾਵਲਾ, ਓਂਕਾਰ ਸਿੰਘ, ਸੁਰਜੀਤ ਸਿੰਘ, ਸਤੀਸ਼ ਭਟੇਰੀ, ਵਿਕਰਮ ਸਿੰਘ ਸਮੇਤ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ।

ਓਪੀਡੀ ਰਜਿਸਟ੍ਰੇਸ਼ਨ ਸਮੇਂ ਲੰਬੀਆਂ ਲਾਈਨਾਂ ਤੋਂ ਬਚਣ ਲਈ ਤੁਰੰਤ ਬਣਾਓ ਆਭਾ ਆਈ.ਡੀ.: ਸਿਵਲ ਸਰਜਨ

ਫ਼ਾਜ਼ਿਲਕਾ, 23 ਫਰਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ। ਡਾ. ਕਵਿਤਾ ਸਿੰਘ ਸਿਵਲ ਸਰਜਨ ਫਾਜ਼ਿਲਕਾ ਦੀ ਉਚੇਚੀ ਅਗਵਾਈ ਵਿੱਚ ਜਿਥੇ ਜ਼ਿਲ੍ਹੇ ਦੀ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਮਾਹਿਰ ਡਾਕਟਰਾਂ ਵੱਲੋਂ ਵਧੀਆ ਇਲਾਜ ਕੀਤਾ ਜਾ ਰਿਹਾ ਹੈ, ਉਥੇ ਇਸ ਇਲਾਜ ਲਈ ਇੱਕ ਹੋਰ ਕਦਮ ਵਧਾਉਂਦਿਆਂ ਇਸ ਇਲਾਜ ਨੂੰ ਆਯੂਸ਼ਮਾਨ ਭਾਰਤ ਡਿਜੀਟਲ ਅਕਾਊਂਟ (ਆਭਾ) ਯੋਜਨਾ ਤਹਿਤ ਆਨਲਾਈਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਹਸਪਤਾਲ ਵਿੱਚ ਓਪੀਡੀ ਦੀਆਂ ਲੰਬੀਆਂ ਲਾਈਨਾਂ ਤੋਂ ਬਚਣ ਲਈ ਜ਼ਿਲ੍ਹਾ ਨਿਵਾਸੀਆਂ ਨੂੰ ਤੁਰੰਤ ਆਭਾ ਆਈਡੀ ਬਣਾਉਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਆਪਣੀ ਆਭਾ ਆਈ.ਡੀ. ਬਣਾਉਣ ਨਾਲ ਮਰੀਜ਼ ਨੂੰ ਇੱਕ ਹਸਪਤਾਲ ਤੋਂ ਦੂਸਰੇ ਹਸਪਤਾਲ ਵਿੱਚ ਇਲਾਜ ਕਰਵਾਉਣ ਸਮੇਂ ਕਿਸੇ ਤਰ੍ਹਾਂ ਦੇ ਕਾਗਜ਼ਾਤ ਜਿਵੇਂ ਮੈਡੀਕਲ ਰਿਪੋਰਟਾਂ, ਐਕਸਰੇ ਆਦਿ ਕੋਈ ਵੀ ਦਸਤਾਵੇਜ਼ ਨਾਲ ਚੁੱਕਣ ਦੀ ਜ਼ਰੂਰਤ ਨਹੀਂ ਰਹੇਗੀ, ਕਿਉਂਕਿ ਸਬੰਧਤ ਡਾਕਟਰ ਇਹ ਸਾਰਾ ਡਾਟਾ ਆਭਾ ਆਈ.ਡੀ. ਤੋਂ ਚੈਕ ਕਰਨ ਦੇ ਸਮਰਥ ਹੋਣਗੇ ਤੇ ਮਰੀਜ਼ ਨੂੰ ਇੱਕ ਤੋਂ ਦੂਸਰੇ ਡਾਕਟਰ ਕੋਲ ਇਲਾਜ ਕਰਵਾਉਣ ਸਮੇਂ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਅਚਾਨਕ ਸਿਹਤ ਸਮੱਸਿਆ ਆਉਣ ਸਮੇਂ ਪਹਿਲਾਂ ਹੋਏ ਇਲਾਜ ਸਬੰਧੀ ਕਾਗਜ਼ਾਤ, ਰਿਪੋਰਟਾਂ ਆਦਿ ਦਿਖਾਉਣੀਆਂ ਪੈਂਦੀਆਂ ਹਨ। ਕਈ ਵਾਰ ਅਜਿਹੀਆਂ ਰਿਪੋਰਟਾਂ ਉਪਲੱਬਧ ਨਾ ਹੋਣ ਕਾਰਨ ਮਰੀਜ਼ ਦੇ ਇਲਾਜ ਵਿੱਚ ਦੇਰੀ ਹੁੰਦੀ ਸੀ। ਇਸ ਦੇਰੀ ਨੂੰ ਖਤਮ ਕਰਨ ਤੇ ਰਿਪੋਰਟਾਂ ਆਦਿ ਦੀ ਅੜਚਣ ਨੂੰ ਖਤਮ ਕਰਨ ਦੇ ਮਨੋਰਥ ਨਾਲ ਲੋਕਾਂ ਦੀ ਆਭਾ ਆਈ.ਡੀ. ਬਣਾਈ ਜਾ ਰਹੀ ਹੈ।

ਖੇਡਾਂ ਨੂੰ ਪ੍ਰਫੁੱਲਤ ਕਰਨ ਲਈ 3 ਹਜ਼ਾਰ ਖੇਡ ਮੈਦਾਨ ਬਣਾਏ ਜਾਣਗੇ: ਹਰਪਾਲ ਸਿੰਘ ਚੀਮਾ

☛ਵਿਧਾਇਕ ਬੜਿੰਗ ਦੀ ਅਗਵਾਈ 'ਚ ਗਗਨ ਚੱਢਾ ਕਬੱਡੀ ਕੱਪ ਦਿਓਰਾ ਹਰਿਆਣਾ ਦੀ ਟੀਮ ਨੇ ਜਿੱਤਿਆ

ਅਮਲੋਹ, 23 ਫਰਵਰੀ (ਜਸਵੰਤ ਸਿੰਘ): ਸਵਰਗੀ ਗਗਨਦੀਪ ਸਿੰਘ ਚੱਢਾ ਦੀ ਯਾਦ ਵਿੱਚ ਅਮਲੋਹ ਵਿਖੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦੀ ਅਗਵਾਈ ਵਿੱਚ ਕਰਵਾਏ ਗਗਨ ਚੱਢਾ ਕਬੱਡੀ ਕੱਪ ਵਿੱਚ ਹਜ਼ਾਰਾਂ ਦਰਸ਼ਕਾਂ ਨੇ ਸ਼ਿਰਕਤ ਕੀਤੀ, ਜਦੋਂ ਕਿ ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੁੱਖ-ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਸਰਕਾਰ ਵੱਲੋਂ 3 ਹਜ਼ਾਰ ਖੇਡ ਮੈਦਾਨ ਬਣਾਏ ਜਾ ਰਹੇ ਹਨ ਤਾਂ ਜੋ ਨਸ਼ਿਆਂ ਦਾ ਖਾਤਮਾ ਕਰਕੇ ਖੇਡਾਂ ਨੂੰ ਉਤਸ਼ਾਹਿਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਜਿਹੜੇ ਖਿਡਾਰੀ ਉਲੰਪਿਕ ਖੇਡ ਕੇ ਆਏ ਸੀ ਉਨ੍ਹਾਂ ਨੂੰ ਡੀਐਸਪੀ ਤੇ ਪੀਸੀਐਸ ਭਰਤੀ ਕੀਤਾ ਗਿਆ। ਸਮਾਗਮ ਵਿੱਚ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ, ਤਰੁਨਪ੍ਰੀਤ ਸਿੰਘ ਸੌਂਦ, ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਮਨਜੀਤ ਸਿੰਘ ਬਿਲਾਸਪੁਰ, ਦਿਨੇਸ਼ ਚੱਢਾ, ਦਲਜੀਤ ਸਿੰਘ ਭੋਲਾ ਗਰੇਵਾਲ, ਲਖਵੀਰ ਸਿੰਘ ਰਾਏ, ਰੁਪਿੰਦਰ ਸਿੰਘ ਹੈਪੀ, ਜਸਵੰਤ ਸਿੰਘ ਗੱਜਣਮਾਜਰਾ, ਮਨਵਿੰਦਰ ਸਿੰਘ ਗਿਆਸਪੁਰਾ, ਜਗਤਾਰ ਸਿੰਘ ਦਿਆਲਪੁਰਾ, ਸਵਰਗੀ ਚੱਢਾ ਦੀ ਪਤਨੀ ਗੁੰਜਨ ਚੱਢਾ, ਐਸਸੀ ਵਿੰਗ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਜੀਪੀ, ਮਹਿੰਦਰ ਸਿੰਘ ਸਿੱਧੂ ਪ੍ਰਧਾਨ ਕਿਸਾਨ ਵਿੰਗ, ਸੁਖਜੀਤ ਸਿੰਘ ਢਿੱਲਵਾਂ ਪ੍ਰਧਾਨ ਬੀਸੀ ਵਿੰਗ, ਪਹਿਲਵਾਨ ਜਸਕੰਵਰ ਸਿੰਘ ਜੱਸਾ ਪੱਟੀ ਤੇ ਥਾਪਰ ਯੂਨੀਵਰਸਿਟੀ ਦੇ ਰਜਿਸਟਰਾਰ ਗੁਰਬਿੰਦਰ ਸਿੰਘ ਆਦਿ ਨੇ ਸ਼ਿਰਕਤ ਕੀਤੀ ਜਿਨ੍ਹਾਂ ਦਾ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਤੇ ਐਡਵੋਕੇਟ ਮਨਿੰਦਰ ਸਿੰਘ ਮਨੀ ਆਦਿ ਨੇ ਸਨਮਾਨ ਵੀ ਕੀਤਾ। ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਕਿਹਾ ਕਿ ਆਪ ਆਗੂ ਗਗਨਦੀਪ ਸਿੰਘ ਚੱਢਾ ਦਾ ਪਾਰਟੀ ਨੂੰ ਮਜ਼ਬੂਤ ਕਰਨ ਵਿੱਚ ਵੱਡਾ ਯੋਗਦਾਨ ਰਿਹਾ। ਉਨ੍ਹਾਂ ਦੀ ਯਾਦ ਵਿੱਚ ਤੀਸਰਾ ਕਬੱਡੀ ਕੱਪ ਕਰਵਾਇਆ ਗਿਆ, ਪਹਿਲੇ ਦੋ ਕੱਪ ਦਿੜਬਾ ਹਲਕੇ ਵਿੱਚ ਕਰਵਾਏ ਗਏ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਹਲਕਾ ਅਮਲੋਹ ਦੇ ਪਿੰਡਾ ਵਿੱਚ 33 ਪਲੇਅ ਗਰਾਊਂਡ 12 ਕਰੋੜ ਰੁਪਏ ਨਾਲ ਬਣਾਏ ਜਾਣਗੇ। ਇਸ ਮੌਕੇ ਮੁੱਖ ਪ੍ਰਬੰਧਕ ਚਮਕੌਰ ਚੌਧਰੀ, ਸਰਪੰਚ ਜਗਦੀਪ ਸਿੰਘ ਜਿੰਮੀ ਲਾਡਪੁਰ ਨੇ ਦੱਸਿਆ ਕਿ ਫਸਵੇਂ ਮੁਕਾਬਲਿਆਂ ਵਿੱਚ ਦਿਓਰਾ ਹਰਿਆਣਾ ਦੀ ਟੀਮ ਨੇ ਪਹਿਲਾ ਜਿਸ ਨੂੰ ਡੇਢ ਲੱਖ ਤੇ ਕਬੱਡੀ ਕੱਪ ਤੇ ਮੀਰੀ ਪੀਰੀ ਸਪੋਰਟਸ ਕਲੱਬ ਦੇਧਨਾ ਦੀ ਟੀਮ ਨੇ ਦੂਸਰਾ ਸਥਾਨ ਲਿਆ ਜਿਸ ਨੂੰ 1 ਲੱਖ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਬੈਸਟ ਜਾਫ਼ੀ ਸੀਲੂ ਬਲਹਾਰਾ ਹਰਿਆਣਾ ਤੇ ਬੈਸਟ ਰੇਡਰ ਰਵੀ ਦਿਓਰਾ ਨੂੰ ਸਵਿੱਫ਼ਟ ਕਾਰਾਂ ਨਾਲ ਸਨਮਾਨਤ ਕੀਤਾ।

ਬਾਰ ਐਸੋਸੀਏਸ਼ਨਾਂ ਵੱਲੋਂ 27 ਤੱਕ ਹੜਤਾਲ ਰੱਖਣ ਦਾ ਐਲਾਨ

ਮੋਗਾ, 23 ਫਰਵਰੀ (ਨਿਸ਼ੀ ਮਨਚੰਦਾ): ਅੱਜ ਜ਼ਿਲ੍ਹਾ ਬਾਰ ਐਸੋਸੀਏਸ਼ਨ ਮੋਗਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਸਿੱਧੂ ਨੇ ਜਾਣਕਾਰੀ ਦਿੱਤੀ ਕਿ ਪੰਜਾਬ ਭਰ ਦੀਆਂ ਸਾਰੀਆਂ ਬਾਰ ਐਸੋਸੀਏਸ਼ਨਾਂ ਨੇ ਜੁਆਇੰਟ ਐਕਸ਼ਨ ਕਮੇਟੀ ਸਮੂਹ ਬਾਰ ਐਸੋਸੀਏਸ਼ਨ ਪੰਜਾਬ ਵੱਲੋਂ ਦਿੱਤੀ ਗਈ ਪੰਜਾਬ ਲੈਵਲ ਦੀ ਹੜਤਾਲ ਦਾ ਐਲਾਨ ਕੀਤਾ ਹੈ, ਜੋ ਮਿਤੀ 21.2.2026 ਤੋਂ 27.2.2026 ਤੱਕ ਰੱਖਣ ਦਾ ਫੈਸਲਾ ਲਿਆ ਹੈ। ਜਿਸ ਦਾ ਮੁੱਖ ਕਾਰਨ ਮੁਫ਼ਤ ਕਾਨੂੰਨੀ ਸਹਾਇਤਾ ਪੰਜਾਬ/ਇੰਡੀਆ/NALSA ਵੱਲੋਂ ਜੋ ਲੀਗਲ ਏਡ ਡਿਫੈਂਸ ਕਾਊਂਸਲ ਨਿਯੁਕਤ ਕੀਤੇ ਹਨ, ਉਸਦੀ ਦੁਰਵਰਤੋਂ ਕੀਤੀ ਜਾ ਰਹੀ ਹੈ, ਪ੍ਰਾਈਵੇਟ ਵਕੀਲਾਂ ਦੀ ਪ੍ਰੈਕਟਿਸ ਨੂੰ ਘਾਤ ਪਹੁੰਚਾਇਆ ਜਾ ਰਿਹਾ ਹੈ, ਇਸ ਦੀ ਦੁਰਵਰਤੋਂ ਰਾਹੀਂ ਲੋਕਾਂ ਨੂੰ ਇਨਸਾਫ ਦੇਣ ਦੀ ਬਜਾਏ ਸਜ਼ਾ ਦਿੱਤੀ ਜਾ ਰਹੀ ਹੈ, ਇਸ ਰੀਤੀ ਰਾਹੀਂ ਖੁਦ ਫ਼ਸਾਓ ਖੁਦ ਬਚਾਓ ਦੇ ਅਧੀਨ ਜੋ ਇਸ ਨੀਤੀ ਦਾ ਦੁਰਉਪਯੋਗ ਕੀਤਾ ਜਾ ਰਿਹਾ ਹੈ, ਉਸ ਨਾਲ ਵਕੀਲ ਭਾਈਚਾਰੇ ਦੇ ਸਨਮਾਨ ਨੂੰ ਜੋ ਠੇਸ ਪਹੁੰਚ ਰਹੀ ਹੈ, ਇਸ ਦੇ ਨਾਲ ਇਕ ਹੋਰ ਨੀਤੀ ਜੋ ਕਿ ਮਾਣਯੋਗ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਨੇ ਐਕਸ਼ਨ ਪਲਾਨ ਰਾਹੀਂ ਕੇਸਾਂ ਨੂੰ ਟਾਰਗੇਟ ਰੱਖ ਕੇ ਨਬੇੜਨ ਸਮਾਂਬੰਦੀ ਹੇਠਲੀ ਅਦਾਲਤਾਂ 'ਤੇ ਥੋਪੀ ਹੈ, ਉਸ ਨਾਲ ਇਨਸਾਫ ਦੀ ਜਗ੍ਹਾ ਸਾਈਲਾ ਨਾਲ ਧੱਕਾ ਕੀਤਾ ਜਾ ਰਿਹਾ ਹੈ, ਆਪਣਾ ਕੇਸ ਦੀ ਪੈਰਵੀ ਲਈ ਸਮੁੱਚਾ ਸਮਾਂ ਨਹੀਂ ਦਿੱਤਾ ਜਾ ਰਿਹਾ ਤੇ ਵਕੀਲ ਤੇ ਜੱਜ ਸਾਹਿਬਾਨ ਵੀ ਐਕਸ਼ਨ ਪਲਾਨ ਦੇ ਦਬਾਅ ਹੇਠ ਇਨਸਾਫ ਨਹੀਂ ਦੇ ਪਾ ਰਹੇ ਉਲਟਾ ਦਿਮਾਗੀ ਤੇ ਸਰੀਰਕ ਪ੍ਰੇਸ਼ਾਨੀਆਂ ਦਾ ਸ਼ਿਕਾਰ ਹੋ ਰਹੇ ਹਨ ਜੋ ਆਉਣ ਵਾਲੇ ਸਮੇਂ ਦੇ ਵਿੱਚ ਘਾਤਕ ਰੂਪ ਧਾਰਨ ਕਰ ਸਕਦਾ ਹੈ, ਇਸਨੂੰ ਬੰਦ ਕਰਵਾਉਣ ਲਈ ਸਾਰੀਆਂ ਪੰਜਾਬ ਦੀਆਂ ਬਾਰਾਂ ਵੱਲੋਂ ਇਕ ਮੁੱਠ ਹੋ ਕੇ ਪ੍ਰਣ ਲਿਆ ਗਿਆ ਹੈ ਕਿ ਜਿੰਨਾ ਚਿਰ ਉਕਤ ਨੀਤੀਆਂ ਨੂੰ ਵਾਪਸ ਨਹੀਂ ਲਿਆ ਜਾਂਦਾ ਉਨੀ ਦੇਰ ਸੰਘਰਸ਼ ਜਾਰੀ ਰਹੇਗਾ, ਜੋ ਹੜਤਾਲ ਮਿਥੇ ਸਮੇਂ ਲਈ ਦਿੱਤੀ ਗਈ ਹੈ, ਉਸਨੂੰ ਅਣਮਿਥੇ ਸਮੇਂ ਲਈ ਕਰ ਦਿੱਤਾ ਜਾਵੇਗਾ ਤੇ ਮੋਗਾ ਬਾਰ ਐਸੋਸੀਏਸ਼ਨ ਸਾਰੀਆਂ ਬਾਰ ਐਸੋਸੀਏਸ਼ਨ ਨਾਲ ਮੋਢੇ ਨਾਲ ਮੋਢਾ ਲੈ ਕੇ ਖੜ੍ਹਨ ਦਾ ਫੈਸਲਾ ਲਿਆ ਹੈ ਤੇ ਜਦੋਂ ਤੱਕ ਇਹ ਨੀਤੀਆਂ ਖਤਮ ਨਹੀਂ ਕੀਤੀਆਂ ਜਾਂਦੀਆਂ ਉਨੀ ਦੇਰ ਸੰਘਰਸ਼ ਜਾਰੀ ਰੱਖਣ ਦਾ ਪ੍ਰਨ ਲਿਆ ਹੈ। ਇਸ ਮੌਕੇ 'ਤੇ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਵਕੀਲ ਸਾਹਿਬਾਨ ਸੈਕਟਰੀ ਰਾਜੀਵ ਮਿੱਤਲ ਵਾਈਜ਼ ਪ੍ਰਧਾਨ ਪਰਮਿੰਦਰ ਸੰਧੂ ਖਜ਼ਾਨਚੀ ਅੰਕਿਤ ਗੁਪਤਾ ਸੋਨੂੰ ਪੂਰੀ ਰੁਪਿੰਦਰ ਸਿੰਘ ਬਰਾੜ ਰਾਜਪਾਲ ਸ਼ਰਮਾ ਰਮੇਸ਼ ਗਰੋਵਰ ਵਿਨੋਦ ਸ਼ਰਮਾ ਤਰੰਗ ਚੋਪੜਾ ਉਮੰਗ ਚੋਪੜਾ ਰਾਜੇਸ਼ ਰੇਹਾਨ ਰੋਹਿਤ ਸੂਦ ਰਜਨੀਸ਼ ਸਿੱਧੂ ਆਦਿ ਮੌਜੂਦ ਸਨ।

ਐਸ.ਸੀ. ਲਾਭਪਾਤਰੀਆਂ ਲਈ ਦੋ ਹਫ਼ਤੇ ਦਾ ਮੁਫ਼ਤ ਡੇਅਰੀ ਸਿਖਲਾਈ ਕੋਰਸ 2 ਮਾਰਚ ਤੋਂ ਸ਼ੁਰੂ ਹੋਵੇਗਾ: ਹਾਂਡਾ

ਫ਼ਿਰੋਜ਼ਪੁਰ, 23 ਫਰਵਰੀ (ਤਿਵਾੜੀ): ਪੰਜਾਬ ਸਰਕਾਰ ਵੱਲੋਂ ਸੂਬੇ ਦੇ ਖੇਤੀਬਾੜੀ ਖੇਤਰ ਵਿੱਚ ਵਿਭਿੰਨਤਾ ਲਿਆਉਣ ਦੇ ਮਕਸਦ ਨਾਲ ਅਨੁਸੂਚਿਤ ਜਾਤੀ ਦੇ ਲਾਭਪਾਤਰੀਆਂ ਨੂੰ ਖੇਤੀਬਾੜੀ ਦੇ ਨਾਲ-ਨਾਲ ਹੋਰ ਸਹਾਇਕ ਧੰਦਿਆਂ ਵੱਲ ਪ੍ਰੇਰਿਤ ਕਰਨ ਲਈ ਸਕੀਮ ਨੈਸ਼ਨਲ ਲਾਈਵਸਟਾਕ ਮਿਸ਼ਨ ਦੀ ਸ਼ੁਰੂਆਤ ਪੂਰੇ ਪੰਜਾਬ ਵਿੱਚ ਕੀਤੀ ਗਈ ਹੈ। ਇਹ ਜਾਣਕਾਰੀ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਫਿਰੋਜ਼ਪੁਰ ਰਣਦੀਪ ਕੁਮਾਰ ਹਾਂਡਾ ਨੇ ਦਿੱਤੀ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਇਸ ਤਹਿਤ ਡੇਅਰੀ ਵਿਕਾਸ ਵਿਭਾਗ ਵੱਲੋਂ ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਐਸ.ਸੀ. ਸਿਖਿਆਰਥੀਆਂ ਨੂੰ 2 ਮਾਰਚ ਤੋਂ 13 ਮਾਰਚ 2026 ਤੱਕ 2 ਹਫਤੇ ਦੀ ਮੁਫਤ ਡੇਅਰੀ ਸਿਖਲਾਈ ਕੇਂਦਰ ਗਿੱਲ (ਜ਼ਿਲ੍ਹਾ ਮੋਗਾ) ਤੇ ਡੇਅਰੀ ਸਿਖਲਾਈ ਕੇਂਦਰ ਤਰਨਤਾਰਨ (ਜ਼ਿਲ੍ਹਾ ਤਰਨਤਾਰਨ) ਵਿਖੇ ਸ਼ੁਰੂ ਕੀਤੀ ਜਾ ਰਹੀ ਹੈ, ਜਿਸ ਦੀ ਫੀਸ ਉਨ੍ਹਾਂ ਦੀ ਸਿਖਲਾਈ ਪੂਰੀ ਹੋਣ ਉਪਰੰਤ ਉਨ੍ਹਾਂ ਦੇ ਖਾਤੇ ਵਿੱਚ ਵਾਪਸ ਕੀਤੀ ਜਾਵੇਗੀ। ਡਿਪਟੀ ਡਾਇਰੈਕਟਰ ਨੇ ਦੱਸਿਆ ਕਿ ਡੇਅਰੀ ਦਾ ਕਿੱਤਾ ਕਰਨ ਦੇ ਚਾਹਵਾਨ ਅਨੁਸੂਚਿਤ ਜਾਤੀ ਨਾਲ ਸਬੰਧਤ ਉਮੀਦਵਾਰ 18 ਤੋਂ 55 ਸਾਲ ਤੱਕ ਦੀ ਉਮਰ ਦੇ ਪੰਜਾਬ ਵਸਨੀਕ ਪੇਂਡੂ ਪਿਛੋਕੜ ਵਾਲੇ ਤੇ ਘੱਟੋ-ਘੱਟ ਪੰਜਵੀਂ ਪਾਸ ਹੋਣੇ ਚਾਹੀਦੇ ਹਨ। ਉਨ੍ਹਾਂ ਕੋਲ ਘੱਟੋ-ਘੱਟ ਦੋ ਦੁਧਾਰੂ ਪਸ਼ੂ ਰੱਖਣ ਦਾ ਯੋਗ ਪ੍ਰਬੰਧ ਹੋਣਾ ਚਾਹੀਦਾ ਹੈ। ਟ੍ਰੇਨਿੰਗ ਕਰਨ ਉਪਰੰਤ ਲਾਭਪਾਤਰੀ ਡੇਅਰੀ ਯੂਨਿਟ ਸਥਾਪਤ ਕਰਨ ਲਈ ਕਰਜ਼ੇ ਦੀ ਸਹੂਲਤ ਪ੍ਰਾਪਤ ਕਰ ਸਕਦੇ ਹਨ ਤੇ ਕਰਜ਼ੇ 'ਤੇ 33 ਫੀਸਦੀ ਸਬਸਿਡੀ ਦਾ ਲਾਭ ਲੈ ਸਕਦੇ ਹਨ। ਉਨ੍ਹਾਂ ਕਿਹਾ ਕਿ ਚਾਹਵਾਨ ਉਮੀਦਵਾਰ ਉਪਰੋਕਤ ਮਿਤੀ ਤੋਂ ਪਹਿਲਾਂ ਪੜ੍ਹਾਈ ਸਬੰਧੀ ਸਰਟੀਫ਼ਿਕੇਟ, ਜਾਤੀ ਸਬੰਧੀ ਸਰਟੀਫਿਕੇਟ, ਆਧਾਰ ਕਾਰਡ, ਤਾਜ਼ਾ ਪਾਸਪੋਰਟ ਸਾਈਜ਼ ਫੋਟੋ ਸਮੇਤ ਦਫ਼ਤਰ ਡਿਪਟੀ ਡਾਇਰੈਕਟਰ ਫ਼ਿਰੋਜ਼ਪੁਰ ਵਿਖੇ ਕਾਗਜ਼ਾਤ ਜਮ੍ਹਾਂ ਕਰਵਾ ਸਕਦੇ ਹਨ।

ਸ੍ਰੀ ਬਾਬਾ ਲਾਲ ਦਿਆਲ ਮੰਦਰ ਵਿਖੇ ਮਾਸਿਕ ਦੁਸਹਿਰਾ ਸੰਗੀਤਮਈ ਸੰਕੀਰਤਨ ਨਾਲ ਮਨਾਇਆ

ਮੰਡੀ ਗੋਬਿੰਦਗੜ੍ਹ, 23 ਫਰਵਰੀ (ਸੂਦ): ਸ੍ਰੀ ਬਾਬਾ ਲਾਲ ਦਿਆਲ ਸੰਕੀਰਤਨ ਮੰਡਲ ਵੱਲੋਂ ਲਾਲ ਦੁਆਰਾ ਸਤਿਸੰਗ ਭਵਨ, ਗੁਰੂ ਨਾਨਕ ਕਲੋਨੀ ਮੰਡੀ ਗੋਬਿੰਦਗੜ੍ਹ ਵਿਖੇ ਸ੍ਰੀ ਧਿਆਨਪੁਰ ਧਾਮ ਦੇ ਦੇਵਾਚਾਰੀਆ ਸ੍ਰੀ ਸ੍ਰੀ 1008 ਰਾਮ ਸੁੰਦਰਦਾਸ ਮਹਾਰਾਜ ਦੇ ਆਸ਼ੀਰਵਾਦ ਨਾਲ ਦੇਸ਼-ਵਿਦੇਸ਼ ਵਿੱਚ ਮਨਾਏ ਜਾਣ ਵਾਲੇ ਦੁਸਹਿਰੇ ਮੌਕੇ ਮੰਦਰ ਦੇ ਵਿਹੜੇ ਵਿੱਚ ਸੰਗੀਤਮਈ ਸੰਕੀਰਤਨ ਕਰਵਾਇਆ ਗਿਆ।ਮੰਦਰ ਦੇ ਪੁਜਾਰੀ ਪੰਡਿਤ ਬਦਰੀ ਪ੍ਰਸਾਦ ਨੇ ਜੋਤੀ ਪ੍ਰਚੰਡ ਕਰਵਾਈ। ਇਸ ਮੌਕੇ ਸੰਤੋਸ਼ ਕੁਮਾਰ, ਪ੍ਰਿਆ ਕੁਮਾਰ ਤੇ ਵਿਕਾਸ ਕੁਮਾਰ ਨੇ ਸ੍ਰੀ ਗਣੇਸ਼, ਨਵਗ੍ਰਹਿ ਤੇ ਸ੍ਰੀ ਬਾਬਾ ਲਾਲ ਦਿਆਲ ਮਹਾਰਾਜ ਦੀ ਪੂਜਾ ਕੀਤੀ। ਸ੍ਰੀ ਬਾਬਾ ਲਾਲ ਦਿਆਲ ਸੰਕੀਰਤਨ ਮੰਡਲ ਦੀ ਚੇਅਰਮੈਨ ਊਸ਼ਾ ਕਵਾਤੜਾ ਦੀ ਦੇਖ-ਰੇਖ ਹੇਠ ਕਰਵਾਏ ਪ੍ਰੋਗਰਾਮ ਦੌਰਾਨ ਊਸ਼ਾ ਕਵਾਤਰਾ, ਨੀਲਮ ਭਾਟੀਆ, ਨਿਸ਼ਾ ਅਰੋੜਾ, ਪ੍ਰਿਆ ਕੁਮਾਰ, ਗੁੜੀਆ, ਵਿਕਾਸ ਅਰੋੜਾ ਬਾਵਾ ਤੇ ਦਵਿੰਦਰ ਸਚਦੇਵਾ ਨੇ ਸਤਿਗੁਰੂ ਸ੍ਰੀ ਬਾਵਾ ਲਾਲ ਦਿਆਲ ਮਹਾਰਾਜ ਦਾ ਗੁਣਗਾਨ ਕੀਤਾ। ਸ਼ਰਧਾਲੂਆਂ ਨੂੰ ਮੰਦਰ ਟਰੱਸਟ ਵੱਲੋਂ ਸਨਮਾਨਤ ਵੀ ਕੀਤਾ ਗਿਆ।ਇਸ ਮੌਕੇ ਟਰੱਸਟ ਦੇ ਉਪ-ਪ੍ਰਧਾਨ ਸੁਭਾਸ਼ ਭਾਰਤੀ, ਖਜ਼ਾਨਚੀ ਵਿਜੇ ਭਾਰਤੀ, ਅਮਿਤ ਅਰੋੜਾ, ਪ੍ਰਦੀਪ ਭਾਰਤੀ, ਸ਼ਿਵਮ ਬਾਂਸਲ, ਵਿਕਾਸ ਅਰੋੜਾ ਬਾਵਾ, ਦਵਿੰਦਰ ਸਚਦੇਵਾ, ਅਮਿਤ ਕਵਾਤਰਾ, ਰਾਕੇਸ਼ ਕੁਮਾਰ, ਸੁਰਿੰਦਰ ਭਾਰਤੀ ਬੰਟੀ, ਵਿਕਾਸ ਕੁਮਾਰ, ਵਿੱਕੀ ਦੱਤ, ਰਾਜੇਸ਼ ਭਾਰਤੀ, ਲਵ ਭਾਰਤੀ, ਲਵ ਭਾਰਤੀ, ਲਵ ਭਾਰਤੀ, ਨੀਲਮ ਭਾਟੀਆ, ਰੇਖਾ ਭਾਰਤੀ, ਵੀਨਾ ਅਰੋੜਾ, ਸੰਤੋਸ਼ ਕੁਮਾਰ, ਗੁੜੀਆ, ਸਵਨੀ ਭਾਰਤੀ, ਮੋਨਿਕਾ ਭਾਟੀਆ, ਪ੍ਰਿਆ ਕੁਮਾਰ, ਪੂਨਮ ਮਾਤਾ, ਪੂਨਮ ਭਾਰਤੀ, ਕਾਮਨਾ ਭਾਰਤੀ, ਸੁਮਨ ਕਵਾਤਰਾ, ਅੰਜਲੀ ਭਾਰਤੀ, ਕੰਚਨ ਭਾਟੀਆ, ਰੀਆ ਭਾਰਤੀ, ਪ੍ਰੀਤੀ ਭਾਰਤੀ, ਪਰਾਤੀ ਭਾਰਤੀ, ਕਾਂਤਾ ਕਾਂਤਰਾ, ਨਿਸ਼ਾ, ਕਾਂਤਰਾ, ਜਾਨੀ, ਰਾਜ਼, ਰੇਖਾ ਭਾਰਤੀ ਕਵਾਤਰਾ, ਸੀਮਾ ਮਦਾਨ, ਕਿਰਨ ਕਵਾਤਰਾ, ਰੇਣੂ ਤਿਵਾੜੀ, ਰੁਦਰ ਤਿਵਾੜੀ, ਮੋਨਿਕਾ, ਖੁਸ਼ੀ, ਡਿੰਪਲ ਭਾਟੀਆ, ਉਮਾ, ਕਰਮਜੀਤ ਕੌਰ, ਸਾਇਨਾ ਅਰੋੜਾ, ਅਰਚਨਾ ਦੱਤਾ, ਵੰਸ਼, ਦਿਵਿਆ ਦੱਤਾ, ਮੀਨੂੰ ਅਰੋੜਾ, ਸ਼ੈਲੀ ਅਰੋੜਾ ਤੇ ਅਲਕਾ ਅਗਰਵਾਲ ਹਾਜ਼ਰ ਸਨ।

ਜ਼ਿਲ੍ਹਾ ਭਾਸ਼ਾ ਦਫ਼ਤਰ ਨੇ ਕੌਮਾਂਤਰੀ ਮਾਂ ਬੋਲੀ ਦਿਹਾੜਾ ਮਨਾਇਆ

ਫਿਰੋਜ਼ਪੁਰ, 23 ਫਰਵਰੀ (ਤਿਵਾੜੀ): ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਭਾਸ਼ਾ ਦਫ਼ਤਰ ਫ਼ਿਰੋਜ਼ਪੁਰ ਵੱਲੋਂ ਕੌਮਾਂਤਰੀ ਮਾਤ ਭਾਸ਼ਾ ਦਿਹਾੜਾ ਸਥਾਨਕ ਡੀ.ਏ.ਵੀ.ਕਾਲਜ ਫ਼ਾਰ ਵੂਮੈਨ ਫ਼ਿਰੋਜ਼ਪੁਰ ਛਾਉਣੀ ਵਿਖੇ ਮਨਾਇਆ ਗਿਆ।ਮਾਤ ਭਾਸ਼ਾ ਤੇ ਸਾਹਿਤ ਵਿਭਿੰਨ ਸਰੋਕਾਰ ਵਿਸ਼ੇ 'ਤੇ ਬੋਲਣ ਲਈ ਮੁੱਖ ਬੁਲਾਰੇ ਵਜੋਂ ਪਹੁੰਚੇ ਉਘੇ ਚਿੰਤਕ ਤੇ ਸ਼ਾਇਰ ਹਰਮੀਤ ਵਿਦਿਆਰਥੀ ਨੇ ਕਿਹਾ ਕਿ ਭਾਸ਼ਾ ਕੇਵਲ ਸੰਚਾਰ ਦਾ ਸਾਧਨ ਹੀ ਨਹੀਂ ਹੁੰਦੀ ਸਗੋਂ ਇਹ ਮਨੁੱਖੀ ਅਹਿਸਾਸਾਂ ਦੀ ਤਰਜ਼ਮਾਨੀ ਵੀ ਕਰਦੀ ਹੈ।ਇਸ ਕਰਕੇ ਇਸਦੀ ਭੂਮਿਕਾ ਮਨੁੱਖੀ ਜੀਵਨ ਵਿੱਚ ਬਹੁਤ ਵੱਡੀ ਹੈ। ਰਸੂਲ ਹਮਜ਼ਾਤੋਵ ਦੀ ਵਿਸ਼ਵ ਪ੍ਰਸਿੱਧ ਪੁਸਤਕ ਮੇਰਾ ਦਾਗਿਸਤਾਨ ਦੇ ਹਵਾਲੇ ਨਾਲ ਗੱਲ ਕਰਦਿਆਂ ਉਨ੍ਹਾਂ ਨੇ ਮਾਤ ਭਾਸ਼ਾ ਦੀ ਮਨੁੱਖੀ ਜੀਵਨ ਵਿੱਚ ਮਹੱਤਤਾ ਬਾਰੇ ਵਿਹਾਰਕ ਪੱਧਰ 'ਤੇ ਵਿਸਥਾਰ ਸਹਿਤ ਚਰਚਾ ਕੀਤੀ। ਵਿਸ਼ੇ 'ਤੇ ਵਿਚਾਰ ਚਰਚਾ ਕਰਦਿਆਂ ਖੋਜਾਰਥੀ ਸੁਰਿੰਦਰ ਕੰਬੋਜ ਨੇ ਪੰਜਾਬੀ ਭਾਸ਼ਾ ਦੇ ਇਤਿਹਾਸ ਬਾਰੇ ਗੱਲ ਕਰਨ ਤੋਂ ਬਾਅਦ ਇਸਦੇ ਆਰਥਿਕ ਤੇ ਸਮਾਜਿਕ ਸਰੋਕਾਰਾਂ ਬਾਰੇ ਗੱਲ ਕੀਤੀ। ਵਿਚਾਰ ਚਰਚਾ ਨੂੰ ਅੱਗੇ ਤੋਰਦਿਆਂ ਉਘੇ ਨਿਬੰਧਕਾਰ ਨਰਿੰਦਰ ਸਿੰਘ ਨੇ ਭਾਸ਼ਾਵਾਂ ਦੇ ਸਤਿਕਾਰ ਬਾਰੇ ਗੱਲ ਕਰਦਿਆਂ ਕਿਹਾ ਕਿ ਭਾਸ਼ਾ ਕਿਸੇ ਇਕੱਲੇ ਦੀ ਨਹੀਂ ਹੁੰਦੀ ਸਗੋਂ ਭਾਸ਼ਾ ਸਭ ਦੀ ਸਾਂਝੀ ਹੁੰਦੀ ਹੈ।ਇਸ ਮੌਕੇ 'ਤੇ ਸੰਗੀਤ ਦੇ ਖੇਤਰ ਵਿੱਚ ਨਾਮਣਾ ਖੱਟ ਚੁੱਕੇ ਉਘੇ ਗਾਇਕ ਤਰਸੇਮ ਅਰਮਾਨ ਤੇ ਕਮਲ ਦਰਾਵਿੜ ਨੇ ਆਪਣੀ ਸਾਹਿਤਿਕ ਗਾਇਕੀ ਦੇ ਰੰਗ ਬਖੇਰੇ। ਸੂਫੀ ਗਾਇਕੀ ਦੀ ਰੰਗਤ ਨੇ ਸਰੋਤਿਆਂ ਨੂੰ ਝੂੰਮਣ ਲਗਾ ਦਿੱਤਾ।ਸਮਾਗਮ ਦੀ ਪ੍ਰਧਾਨਗੀ ਕਰ ਰਹੇ ਉਘੇ ਸ਼ਾਇਰ ਤੇ ਅਨੁਵਾਦਕ ਪ੍ਰੋ.ਜਸਪਾਲ ਘਈ ਨੇ ਆਪਣੀ ਸਮੇਟਵੀਂ ਟਿੱਪਣੀ ਕਰਦਿਆਂ ਭਾਸ਼ਾ ਤੇ ਬੋਲੀ ਦੇ ਆਪਸੀ ਸਬੰਧਾਂ ਨੂੰ ਬਹੁਤ ਹੀ ਸੌਖੇ ਢੰਗ ਨਾਲ ਭਾਸ਼ਾ ਵਿਗਿਆਨੀ ਸੱਸਿਊਰ ਦੇ ਸੰਕਲਪਾਂ ਲਾਂਗ ਤੇ ਪੈਰੋਲ ਦੇ ਹਵਾਲੇ ਨਾਲ ਆਪਣੇ ਵਿਚਾਰ ਰੱਖੇ। ਕੌਮਾਂਤਰੀ ਮਾਤ ਭਾਸ਼ਾ ਦਿਹਾੜੇ ਦੀ ਮਹੱਤਤਾ ਬਾਰੇ ਗੱਲ ਕਰਦਿਆਂ ਉਨ੍ਹਾਂ ਨੇ ਮਾਤ ਭਾਸ਼ਾ ਦੇ ਸੰਕਲਪ ਤੋਂ ਵੀ ਵਿਦਿਆਰਥੀਆਂ ਨੂੰ ਵਿਹਾਰਕ ਪੱਧਰ 'ਤੇ ਜਾਣੂ ਕਰਵਾਇਆ। ਅੰਤ 'ਤੇ ਆਏ ਹੋਏ ਮਹਿਮਾਨਾਂ ਨੂੰ ਭਾਸ਼ਾ ਵਿਭਾਗ, ਪੰਜਾਬ ਦੀਆਂ ਪ੍ਰਕਾਸ਼ਿਤ ਪੁਸਤਕਾਂ ਨਾਲ ਸਨਮਾਨਤ ਕੀਤਾ ਗਿਆ।

ਰਿਮਟ ਹਸਪਤਾਲ 'ਚ ਮਰੀਜ਼ਾਂ ਦੀ ਸਹੂਲਤ ਲਈ ਮੁਫ਼ਤ ਮੈਡੀਕਲ ਕੈਂਪ 26 ਨੂੰ

ਮੰਡੀ ਗੋਬਿੰਦਗੜ੍ਹ, 23 ਫਰਵਰੀ (ਸੂਦ): ਰਿਮਟ ਹਸਪਤਾਲ ਮੰਡੀ ਗੋਬਿੰਦਗੜ੍ਹ ਵਿੱਚ 26 ਫਰਵਰੀ ਨੂੰ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ। ਹਸਪਤਾਲ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਸ ਕੈਂਪ ਵਿਚ ਅੱਖਾਂ, ਕੰਨ, ਦਿਲ, ਹੱਡੀਆਂ ਤੇ ਹਰ ਤਰ੍ਹਾਂ ਦੀਆਂ ਬਿਮਾਰੀਆਂ ਦਾ ਮੁਫ਼ਤ ਇਲਾਜ ਕੀਤਾ ਜਾਵੇਗਾ। ਇਸ ਤੋਂ ਬਿਨਾਂ ਖ਼ੂਨ ਦੇ ਸਾਰੇ ਟੈਸਟ ਫ੍ਰੀ ਕੀਤੇ ਜਾਣਗੇ। ਪ੍ਰਬੰਧਕਾਂ ਨੇ ਕਿਹਾ ਕਿ ਜੇਕਰ ਕਿਸੇ ਨੂੰ ਅਲਟਰਾਸਾਊਂਡ, ਸੀਟੀ ਸਕੈਨ, ਈਸੀਜੀ, ਖ਼ੂਨ ਦੀ ਜਾਂਚ ਤੇ ਐਕਸਰੇ ਆਦਿ ਕਰਵਾਉਣ ਦੀ ਲੋੜ ਪਵੇ ਤਾਂ ਉਹ ਵੀ ਸਾਰੇ ਮੁਫ਼ਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਦਵਾਈਆਂ ਵੀ ਘਟ ਰੇਟ 'ਤੇ ਦਿੱਤੀਆਂ ਜਾਣਗੀਆਂ। ਪ੍ਰਬੰਧਕਾਂ ਨੇ ਦੱਸਿਆ ਕਿ ਇਸ ਹਸਪਤਾਲ ਵਿੱਚ ਆਯੂਸ਼ਮਾਨ ਭਾਰਤ ਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਦੂਰਬੀਨ ਰਾਹੀਂ ਗੁਰਦੇ ਦੀ ਪੱਥਰੀ, ਦੂਰਬੀਨ ਰਾਹੀਂ ਗਦੂਦਾਂ, ਦੂਰਬੀਨ ਰਾਹੀਂ ਪਿਸ਼ਾਬ ਦੀ ਨਾਲੀ ਦੀ ਪੱਥਰੀ ਦਾ ਆਪ੍ਰੇਸ਼ਨ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਦੂਰਬੀਨ ਰਾਹੀਂ ਦਿਮਾਗ ਦੀ ਸਰਜਰੀ, ਦੂਰਬੀਨ ਰਾਹੀਂ ਰੀੜ੍ਹ ਦੀ ਹੱਡੀ ਦੀ ਸਰਜਰੀ ਤੇ ਨਵਜਾਤ ਬੱਚਿਆਂ ਦੀ ਦੇਖਭਾਲ ਆਦਿ ਦਾ ਵੀ ਪ੍ਰਬੰਧ ਹੈ। ਉਨ੍ਹਾਂ ਚੂਲੇ ਬਦਲਣ ਦਾ ਵੀ ਇਥੇ ਸਫ਼ਲ ਪ੍ਰਬੰਧ ਹੈ ਤੇ ਆਯੂਸ਼ਮਾਨ ਕਾਰਡ ਧਾਰਕਾਂ ਲਈ ਮੁਫ਼ਤ ਓਪੀਡੀ ਦਾ ਪ੍ਰਬੰਧ ਹੈ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਹਸਪਤਾਲ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ।

ਖੇਤੀਬਾੜੀ ਵਿਭਾਗ ਨੇ ਚਿੱਟੀ ਕੂੰਗੀ ਤੇ ਕਾਲੇ ਧੱਬਿਆਂ ਦੇ ਰੋਗ ਬਾਰੇ ਕਿਸਾਨਾਂ ਨੂੰ ਦਿੱਤੀ ਜਾਣਕਾਰੀ

ਫਾਜ਼ਿਲਕਾ, 23 ਫਰਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਮੁੱਖ ਖੇਤੀਬਾੜੀ ਅਫ਼ਸਰ ਫਾਜ਼ਿਲਕਾ ਡਾ. ਹਰਪ੍ਰੀਤਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਦੇ ਕਿਸਾਨ ਭਰਾਵਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਸਮੇਂ ਸਰੋਂ ਦੀ ਫਸਲ 'ਤੇ ਚਿੱਟੀ ਕੂੰਗੀ ਤੇ ਕਾਲੇ ਧੱਬਿਆਂ ਦਾ ਰੋਗ ਦਾ ਹਮਲਾ ਹੋ ਸਕਦਾ ਹੈ, ਜਿਸ ਨਾਲ ਉਪਜ ਤੇ ਗੁਣਵੱਤਾ ਵਿੱਚ ਕਾਫੀ ਘੱਟ ਆ ਸਕਦੀ ਹੈ। ਇਸ ਲਈ ਕਿਸਾਨ ਸਮੇਂ ਸਿਰ ਰੋਗਾਂ ਦੀ ਪਛਾਣ ਕਰਕੇ ਤੁਰੰਤ ਰੋਕਥਾਮ ਲਈ ਕਦਮ ਚੁੱਕਣ। ਚਿੱਟੀ ਕੂੰਗੀ ਰੋਗ ਵਿੱਚ ਪੱਤਿਆਂ ਦੇ ਹੇਠਲੇ ਪਾਸੇ ਚਿੱਟੇ ਧੱਬੇ ਬਣ ਜਾਂਦੇ ਹਨ ਤੇ ਪੱਤੇ ਮੋਟੇ ਜਾਂ ਮੁੜ ਜਾਂਦੇ ਹਨ। ਕਈ ਵਾਰ ਫੁੱਲਾਂ ਤੇ ਫਲੀਆਂ ਦੀ ਬਣਤਰ ਵੀ ਵਿਗੜ ਜਾਂਦੀ ਹੈ। ਇਸ ਤੋਂ ਬਚਾਅ ਲਈ ਬੀਜ ਬੀਜਣ ਤੋਂ ਪਹਿਲਾਂ ਇਸ ਦਾ ਇਲਾਜ ਕਰਨਾ ਲਾਜ਼ਮੀ ਹੈ ਤੇ ਖੇਤ ਵਿੱਚ ਪਾਣੀ ਖੜ੍ਹਾ ਨਾ ਰਹਿਣ ਦਿੱਤਾ ਜਾਵੇ। ਰੋਗ ਦੇ ਲੱਛਣ ਦਿਖਣ 'ਤੇ ਮੈਟਾਲੈਕਸਿਲ+ ਮੈਨਕੋਜ਼ੇਬ 2 ਗ੍ਰਾਮ ਪ੍ਰਤੀ ਲੀਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਏਕੜ ਲਈ ਛਿੜਕਾਅ ਕੀਤਾ ਜਾਵੇ ਤੇ ਲੋੜ ਹੋਣ 'ਤੇ 10-12 ਦਿਨ ਬਾਅਦ ਦੁਬਾਰਾ ਛਿੜਕਾਅ ਕੀਤਾ ਜਾਵੇ।ਕਾਲੇ ਧੱਬਿਆਂ ਦੇ ਰੋਗ ਵਿੱਚ ਪੱਤਿਆਂ 'ਤੇ ਗੋਲ ਕਾਲੇ ਜਾਂ ਭੂਰੇ ਧੱਬੇ ਬਣ ਜਾਂਦੇ ਹਨ ਤੇ ਧੱਬਿਆਂ ਦੇ ਆਲੇ-ਦੁਆਲੇ ਪੀਲਾਪਣ ਆ ਸਕਦਾ ਹੈ। ਗੰਭੀਰ ਹਮਲੇ ਦੀ ਸਥਿਤੀ ਵਿੱਚ ਪੱਤੇ ਸੁੱਕ ਕੇ ਝੜ ਸਕਦੇ ਹਨ ਤੇ ਫਲੀਆਂ ਵੀ ਪ੍ਰਭਾਵਿਤ ਹੁੰਦੀਆਂ ਹਨ। ਇਸ ਰੋਗ ਤੋਂ ਬਚਾਅ ਲਈ ਫਸਲ ਚੱਕਰ ਅਪਣਾਇਆ ਜਾਵੇ ਤੇ ਇੱਕੋ ਖੇਤ ਵਿੱਚ ਲਗਾਤਾਰ ਸਰੋਂ ਦੀ ਕਾਸ਼ਤ ਨਾ ਕੀਤੀ ਜਾਵੇ। ਸੰਤੁਲਿਤ ਖਾਦਾਂ ਦੀ ਵਰਤੋਂ ਕੀਤੀ ਜਾਵੇ ਤੇ ਰੋਗ ਦੇ ਸ਼ੁਰੂਆਤੀ ਪੜਾਅ 'ਤੇ ਮੈਨਕੋਜ਼ੇਬ 2-2.5 ਗ੍ਰਾਮ ਲੀਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਏਕੜ ਲਈ ਛਿੜਕਾਅ ਕੀਤਾ ਜਾਵੇ।ਸਮੇਂ ਸਿਰ ਰੋਕਥਾਮ ਕਾਰਵਾਈ ਕਰਕੇ ਸਰੋਂ ਦੀ ਫਸਲ ਨੂੰ ਬਿਮਾਰੀਆਂ ਤੋਂ ਬਚਾਇਆ ਜਾ ਸਕਦਾ ਹੈ

ਡੀ.ਏ.ਵੀ. ਸਕੂਲ ਦੇ ਵਿਦਿਆਰਥੀਆਂ ਨੇ ਇੰਗਲਿਸ਼ ਓਲੰਪਿਆਡ 'ਚ ਜਿੱਤੇ 18 ਗੋਲਡ ਮੈਡਲ

ਕੋਟਕਪੂਰਾ, 23 ਫਰਵਰੀ (ਵਿਪਨ ਗੋਇਲ): ਡੀ.ਏ.ਵੀ. ਪਬਲਿਕ ਸਕੂਲ ਕੋਟਕਪੂਰਾ ਦੇ ਵਿਦਿਆਰਥੀਆਂ ਨੇ ਅਕਾਦਮਿਕ ਖੇਤਰ ਵਿੱਚ ਇੱਕ ਹੋਰ ਕਾਬਿਲ-ਏ-ਤਾਰੀਫ਼ ਉਪਲਬਧੀ ਹਾਸਲ ਕਰਦਿਆਂ ਇੰਟਰਨੈਸ਼ਨਲ ਇੰਗਲਿਸ਼ ਓਲੰਪਿਆਡ ਵਿੱਚ 18 ਗੋਲਡ ਮੈਡਲ ਜਿੱਤ ਕੇ ਸਕੂਲ, ਮਾਪਿਆਂ ਤੇ ਸ਼ਹਿਰ ਦਾ ਨਾਮ ਰੌਸ਼ਨ ਕੀਤਾ ਹੈ। ਨਵੰਬਰ ਮਹੀਨੇ ਵਿੱਚ ਆਯੋਜਿਤ ਇਸ ਓਲੰਪਿਆਡ ਵਿੱਚ ਤੀਸਰੀ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਇਸ ਮੁਕਾਬਲੇ ਵਿੱਚ ਦੇਸ਼-ਵਿਦੇਸ਼ ਤੋਂ ਹਜ਼ਾਰਾਂ ਵਿਦਿਆਰਥੀਆਂ ਨੇ ਹਿੱਸਾ ਲਿਆ ਸੀ। ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕੁੱਲ 18 ਗੋਲਡ ਮੈਡਲ ਆਪਣੇ ਨਾਮ ਕੀਤੇ। ਜਿਨ੍ਹਾਂ ਵਿੱਚ ਸਾਨਵੀ, ਦੇਵਾਂਸ਼ੀ ਸ਼ਰਮਾ, ਤਵਿਸ਼ਾ ਗਰਗ, ਹਿਮਾਂਸ਼ੂ ਮੇਘਵਾਲ, ਰੇਹਾਂਸ਼ ਆਰੀਆ, ਜਯੰਕ ਸੱਤਾਵਨ, ਮੰਨਤ ਕਵਾਤਰਾ, ਗੁਰਮਨਵੀਰ ਕੌਰ, ਨਿਹਾਰਿਕਾ, ਪ੍ਰਿਸ਼ਾ, ਯਸ਼ਿਕਾ, ਨਿਆਤੀ ਸਿੰਘ, ਯਸ਼ਿਕਾ ਗਿੱਲ, ਸਿਧਾਰਥ ਕੌਸ਼ਿਕ, ਕੀਰਤੀ, ਸ਼ਗੁਨ, ਦਿਸ਼ਟੀ ਗੋਇਲ ਤੇ ਰਸ਼ਮੀਤ ਕੌਰ ਸ਼ਾਮਲ ਹਨ। ਇਨ੍ਹਾਂ ਵਿਦਿਆਰਥੀਆਂ ਨੇ ਪਹਿਲੇ ਸਥਾਨ ਹਾਸਲ ਕਰਕੇ ਰਾਜ ਪੱਧਰੀ ਮੁਕਾਬਲਿਆਂ ਲਈ ਆਪਣਾ ਨਾਮ ਦਰਜ ਕਰਵਾਇਆ ਹੈ।ਸਕੂਲ ਦੇ ਪ੍ਰਿੰਸੀਪਲ ਡਾ. ਰਾਜਵੀਰ ਸਿੰਘ ਕੰਗ ਨੇ ਇਸ ਮੌਕੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਵਿਦਿਆਰਥੀਆਂ ਤੇ ਅਧਿਆਪਕਾਂ ਦੇ ਸਾਂਝੇ ਯਤਨਾਂ ਦਾ ਨਤੀਜਾ ਹੁੰਦੀਆਂ ਹਨ ਤੇ ਇਹ ਸਕੂਲ ਦੀ ਅਕਾਦਮਿਕ ਉਤਕ੍ਰਿਸ਼ਟਤਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਤਮਵਿਸ਼ਵਾਸ ਤੇ ਦ੍ਰਿੜਤਾ ਨਾਲ ਉਚ ਟੀਚਿਆਂ ਵੱਲ ਵਧਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ ਪੈਦਾ ਕਰਦੇ ਹਨ। ਇਸ ਪ੍ਰਾਪਤੀ ਲਈ ਅੰਗਰੇਜ਼ੀ ਵਿਭਾਗ ਦੇ ਮੁਖੀ ਮੈਡਮ ਸ਼ੀਨਮ ਗੋਇਲ ਤੇ ਉਨ੍ਹਾਂ ਦੀ ਟੀਮ ਨੂੰ ਵੀ ਵਧਾਈ ਦਿੱਤੀ ਗਈ।ਸਵੇਰ ਦੀ ਸਭਾ ਦੌਰਾਨ ਜੇਤੂ ਵਿਦਿਆਰਥੀਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਛੇਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀ ਤੇ ਅਧਿਆਪਕ ਹਾਜ਼ਰ ਰਹੇ।ਸਕੂਲ ਦੇ ਡਾਇਰੈਕਟਰ ਵੀ.ਕੇ. ਚੋਪੜਾ, ਚੇਅਰਮੈਨ ਅਜੈ ਗੋਸੁਵਾਮੀ, ਮੈਨੇਜਰ ਡਾ. ਸਤਵੰਤ ਕੌਰ ਭੁੱਲਰ ਤੇ ਲੋਕਲ ਕਮੇਟੀ ਮੈਂਬਰਾਂ ਨੇ ਵੀ ਵਿਦਿਆਰਥੀਆਂ ਨੂੰ ਇਸ ਉਪਲਬਧੀ 'ਤੇ ਵਧਾਈ ਦਿੰਦਿਆਂ ਉਨ੍ਹਾਂ ਦੇ ਉਜਵਲੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀਆਂ ਲੁੱਟਖੋਹ ਦੀਆਂ ਵੀਡੀਓਜ਼ ਨੇ ਸ਼ਹਿਰ ਵਾਸੀਆਂ ਦੇ ਉਡਾਏ ਹੋਸ਼

ਬਠਿੰਡਾ, 23 ਫਰਵਰੀ (ਦੀਪਕ ਸ਼ਰਮਾ): ਬਠਿੰਡਾ ਵਿੱਚ ਪਿਛਲੇ ਕੁਝ ਦਿਨਾਂ ਤੋਂ ਅਪਰਾਧਿਕ ਘਟਨਾਵਾਂ ਵਿੱਚ ਹੋਏ ਬੇਤਹਾਸ਼ਾ ਵਾਧੇ ਨੇ ਲੋਕਾਂ ਅੰਦਰ ਦਹਿਸ਼ਤ ਤੇ ਅਸੁਰੱਖਿਆ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਖ਼ਾਸ ਕਰਕੇ ਸੋਸ਼ਲ ਮੀਡੀਆ 'ਤੇ ਆਏ ਦਿਨ ਵਾਇਰਲ ਹੋ ਰਹੀਆਂ ਲੁੱਟਖੋਹ ਤੇ ਕੁੱਟਮਾਰ ਦੀਆਂ ਵੀਡੀਓਜ਼ ਨੇ ਸ਼ਹਿਰ ਵਾਸੀਆਂ ਦੀ ਚਿੰਤਾ ਹੋਰ ਵੀ ਵਧਾ ਦਿੱਤੀ ਹੈ। ਸੋਮਵਾਰ ਨੂੰ ਸਾਹਮਣੇ ਆਈਆਂ ਵੀਡੀਓਜ਼ ਵਿੱਚ ਲੁਟੇਰੇ ਬਿਨਾਂ ਕਿਸੇ ਖ਼ੌਫ਼ ਦੇ ਸੜਕਾਂ 'ਤੇ ਵਾਰਦਾਤਾਂ ਨੂੰ ਅੰਜਾਮ ਦਿੰਦੇ ਨਜ਼ਰ ਆ ਰਹੇ ਹਨ। ਤਾਜ਼ਾ ਮਾਮਲੇ ਅਨੁਸਾਰ, ਸ਼ਹਿਰ ਦੇ ਮਾਲ ਰੋਡ, ਹਨੂੰਮਾਨ ਚੌਂਕ ਅਤੇ ਬਿਰਲਾ ਮਿੱਲ ਕਲੋਨੀ ਵਰਗੇ ਇਲਾਕਿਆਂ ਵਿੱਚ ਇੱਕ ਗੈਂਗ ਵੱਲੋਂ ਸਵੇਰ ਦੇ ਸਮੇਂ ਲੋਕਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋਈਆਂ ਘਟਨਾਵਾਂ ਮੁਤਾਬਕ, ਚਾਰ ਲੁਟੇਰੇ ਰਾਹਗੀਰਾਂ ਨੂੰ ਘੇਰ ਕੇ ਪਹਿਲਾਂ ਉਨ੍ਹਾਂ ਦੀ ਬੇਰਹਿਮੀ ਨਾਲ ਕੁੱਟਮਾਰ ਕਰਦੇ ਹਨ ਅਤੇ ਫਿਰ ਉਨ੍ਹਾਂ ਦੀਆਂ ਜੇਬਾਂ ਫਰੋਲ ਕੇ ਨਕਦੀ ਜਾਂ ਹੋਰ ਸਾਮਾਨ ਖੋਹ ਲੈਂਦੇ ਹਨ। ਇੱਕ ਦਿਲ ਕੰਬਾਊ ਵੀਡੀਓ ਵਿੱਚ ਕੁਝ ਸ਼ੱਕੀ ਨੌਜਵਾਨ ਇੱਕ ਬਜ਼ੁਰਗ ਵਿਅਕਤੀ ਨੂੰ ਜ਼ਬਰਦਸਤੀ ਫੜ ਕੇ ਸੁੰਨਸਾਨ ਜਗ੍ਹਾ ਵੱਲ ਲਿਜਾਂਦੇ ਅਤੇ ਉਸ ਦੀ ਤਲਾਸ਼ੀ ਲੈਂਦੇ ਦਿਖਾਈ ਦਿੱਤੇ। ਬਜ਼ੁਰਗ ਵੱਲੋਂ ਵਾਰ-ਵਾਰ ਮਿਨਤਾਂ ਕਰਨ ਦੇ ਬਾਵਜੂਦ ਹਮਲਾਵਰਾਂ ਨੇ ਉਸ ਦੀ ਇੱਕ ਨਾ ਸੁਣੀ ਅਤੇ ਕੁੱਟਮਾਰ ਜਾਰੀ ਰੱਖੀ।

ਇਸੇ ਤਰ੍ਹਾਂ ਇੱਕ ਹੋਰ ਨੌਜਵਾਨ ਨੂੰ ਵੀ ਸੁੰਨਸਾਨ ਸਥਾਨ 'ਤੇ ਲਿਜਾ ਕੇ ਡਰਾਉਣ-ਧਮਕਾਉਣ ਅਤੇ ਲੁੱਟਣ ਦੀ ਘਟਨਾ ਸਾਹਮਣੇ ਆਈ ਹੈ।ਨੌਜਵਾਨ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਤੇ ਸਮਾਜ ਸੇਵੀ ਸੋਨੂੰ ਮਹੇਸ਼ਵਰੀ ਨੇ ਦੱਸਿਆ ਕਿ ਇਹ ਗੈਂਗ ਸਵੇਰ ਵੇਲੇ ਸੈਰ ਕਰਨ ਨਿਕਲਣ ਵਾਲੇ ਜਾਂ ਕੰਮਕਾਰ ਲਈ ਘਰੋਂ ਨਿਕਲਣ ਵਾਲੇ ਇਕੱਲੇ ਲੋਕਾਂ ਨੂੰ ਘੇਰਦਾ ਹੈ।ਉਨ੍ਹਾਂ ਅਨੁਸਾਰ ਰਾਤ ਸਮੇਂ ਵੀ ਕੁੱਟਮਾਰ ਦੀਆਂ ਸ਼ਿਕਾਇਤਾਂ ਮਿਲੀਆਂ ਸਨ, ਜਿਸ ਦੀ ਪੁਸ਼ਟੀ ਸਵੇਰੇ ਕੈਮਰੇ ਚੈੱਕ ਕਰਨ 'ਤੇ ਹੋ ਗਈ। ਲਗਾਤਾਰ ਵਾਪਰ ਰਹੀਆਂ ਇਨ੍ਹਾਂ ਵਾਰਦਾਤਾਂ ਕਾਰਨ ਸ਼ਹਿਰ ਵਾਸੀ ਪੁਲਿਸ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕ ਰਹੇ ਹਨ। ਲੋਕਾਂ ਦਾ ਕਹਿਣਾ ਹੈ ਕਿ ਲੁਟੇਰਿਆਂ ਵਿੱਚ ਪੁਲਿਸ ਦਾ ਕੋਈ ਖ਼ੌਫ਼ ਨਹੀਂ ਰਿਹਾ, ਜਿਸ ਕਾਰਨ ਬਜ਼ੁਰਗ ਸੈਰ ਕਰਨ ਤੋਂ ਅਤੇ ਮਾਪੇ ਬੱਚਿਆਂ ਨੂੰ ਇਕੱਲੇ ਬਾਹਰ ਭੇਜਣ ਤੋਂ ਘਬਰਾਉਣ ਲੱਗੇ ਹਨ। ਦੂਜੇ ਪਾਸੇ ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਵਾਇਰਲ ਵੀਡੀਓਜ਼ ਦੇ ਆਧਾਰ 'ਤੇ ਜਾਂਚ ਕੀਤੀ ਜਾ ਰਹੀ ਹੈ ਅਤੇ ਦੋਸ਼ੀਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਜਲਦ ਕਾਬੂ ਕਰ ਲਿਆ ਜਾਵੇਗਾ।

ਉਦਯੋਗ ਖੇਤਰ ਨੂੰ ਵੱਡਮੁੱਲੇ ਸਹਿਯੋਗ ਬਦਲੇ ਓ.ਐੱਸ.ਡੀ. ਸੁਖਵੀਰ ਸਿੰਘ ਦਾ ਸਨਮਾਨ

ਧੂਰੀ, 23 ਫਰਵਰੀ (ਰਾਜੇਸ਼ਵਰ ਪਿੰਟੂ): ਸੰਗਰੂਰ ਡਿਸਟ੍ਰਿਕਟ ਇੰਡਸਟਰੀਅਲ ਚੈਂਬਰ ਬਲਾਕ ਧੂਰੀ ਵੱਲੋਂ ਕੱਲ੍ਹ ਸਥਾਨਕ ਇੱਕ ਹੋਟਲ ਵਿਖੇ ਪ੍ਰਧਾਨ ਮੁਕੇਸ਼ ਬੰਟੀ ਸਿੰਗਲਾ ਦੀ ਅਗਵਾਈ ਹੇਠ ਇੱਕ ਸਨਮਾਨ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਉਦਯੋਗਾ ਦੇ ਖੇਤਰ 'ਚ ਦਿੱਤੇ ਜਾ ਰਹੇ ਵੱਡਮੁੱਲੇ ਸਹਿਯੋਗ ਬਦਲੇ ਉਨ੍ਹਾਂ ਦੇ ਓ.ਐਸ.ਡੀ. ਸੁਖਵੀਰ ਸਿੰਘ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਐੱਸ.ਡੀ.ਐਮ ਧੂਰੀ ਰਿਸ਼ਭ ਬਾਂਸਲ, ਮੁੱਖ ਮੰਤਰੀ ਫੀਲਡ ਅਫਸਰ ਅਰਵਿੰਦ ਕੁਮਾਰ, ਫੂਡ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਜੱਸੀ ਸੇਖੋਂ, ਆਲ ਇੰਡੀਆ ਐਫ.ਸੀ.ਆਈ ਐਗਜੀਕਿਉਟਾਫ਼ ਸਟਾਫ਼ ਯੂਨੀਅਨ ਦੇ ਪ੍ਰਧਾਨ ਸਤਿੰਦਰ ਸਿੰਘ ਚੱਠਾ, ਜਿਲ੍ਹਾ ਪ੍ਰਧਾਨ ਸ਼ਾਮ ਸਿੰਗਲਾ ਅਤੇ ਜਿਲ੍ਹਾਂ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਨੇ ਵੀ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਚੈਂਬਰ ਦੇ ਜਿਲ੍ਹਾ ਚੇਅਰਮੈਨ ਅਤੇ ਰਾਈਸਿਲਾ ਗਰੁੱਪ ਦੇ ਸੀ.ਐੱਮ.ਡੀ. ਡਾ. ਏ.ਆਰ ਸ਼ਰਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਉਦਯੋਗਾਂ ਦੇ ਵਿਕਾਸ ਲਈ ਦਿਨ-ਰਾਤ ਕੰਮ ਕਰ ਰਹੀ ਹੈ। ਉਨ੍ਹਾਂ ਮੁੱਖ ਮੰਤਰੀ ਨੂੰ 'ਮਨ ਦਾ ਫ਼ਕੀਰ' ਤੇ ਦੂਰਅੰਦੇਸ਼ ਆਗੂ ਦੱਸਦਿਆਂ ਕਿਹਾ ਕਿ ਇਹ ਧੂਰੀ ਨਿਵਾਸੀਆਂ ਲਈ ਬਹੁਤ ਵੱਡੀ ਖੁਸ਼ਕਿਸਮਤੀ ਹੈ ਕਿ ਅੱਜ ਧੂਰੀ ਹਲਕੇ ਦਾ ਨੁਮਾਇੰਦਾ ਸੂਬੇ ਦੀ ਵਾਂਗਡੋਰ ਸੰਭਾਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਨੀਤੀਆਂ ਸਦਕਾ ਨਿਵੇਸ਼ਕਾਂ ਦਾ ਪੰਜਾਬ ਪ੍ਰਤੀ ਭਰੋਸਾ ਵਧਿਆ ਹੈ। ਚੈਂਬਰ ਦੇ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਸ਼ੈਟੀ ਸਿੰਗਲਾ ਨੇ ਉਦਯੋਗ ਦੇ ਖੇਤਰ 'ਚ ਪ੍ਰਾਪਤੀਆਂ ਦੱਸਦਿਆਂ ਧੂਰਾ ਰੋਡ ਤੇ ਬਿਜਲੀ ਫੀਡਰ ਬਣਾਉਣ, ਸਸਤੀ ਬਿਜਲੀ ਦੇਣ, ਸੀ.ਐਲ.ਯੂ ਪ੍ਰਕ੍ਰਿਆ ਸਰਲ ਕਰਨ, ਫੋਕਲ ਪੁਆਇੰਟ ਬਣਾਉਣ ਦੀ ਗੱਲ ਕਰਦਿਆ ਓ.ਐੱਸ.ਡੀ. ਸੁਖਵੀਰ ਸਿੰਘ ਵੱਲੋਂ ਦਿੱਤੇ ਜਾ ਰਹੇ ਵੱਡਮੁੱਲੇ ਸਹਿਯੋਗ ਬਦਲੇ ਧੰਨਵਾਦ ਕੀਤਾ।

ਓ.ਐੱਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਵਿੱਚ ਉਦਯੋਗ ਜਗਤ ਦਾ ਅਹਿਮ ਯੋਗਦਾਨ ਹੈ ਤੇ ਸੂਬਾ ਸਰਕਾਰ ਉਦਯੋਗਪਤੀਆਂ ਦੀਆਂ ਮੁਸ਼ਕਿਲਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਲਈ ਵਚਨਬੱਧ ਹੈ ਤੇ ਉਨ੍ਹਾਂ ਦੁਹਰਾਇਆ ਕਿ ਉਦਯੋਗ ਸੂਬੇ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦਾ ਸੁਪਨਾ ਪੰਜਾਬ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣ ਦਾ ਹੈ, ਜਿਸ ਲਈ ਉਦਯੋਗਪਤੀਆਂ ਨੂੰ ਹਰ ਸੰਭਵ ਰਿਆਇਤਾਂ ਅਤੇ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਉਦਯੋਗਪਤੀਆਂ ਦੀਆਂ ਰਹਿੰਦੀਆਂ ਮੰਗਾਂ ਨੂੰ ਵੀ ਜਲਦ ਪੂਰਾ ਕੀਤਾ ਜਾਵੇਗਾ। ਇਸ ਮੌਕੇ ਰਾਈਸਿਲਾ ਦੇ ਡਾਇਰੈਕਟਰ ਵਿਜੈ ਗੋਇਲ, ਪ੍ਰਸੋਤਮ ਦਾਸ ਗਰਗ, ਚੇਅਰਮੈਨ ਗੁਰਬਖਸ ਸਿੰਘ ਗੁੱਡੂ, ਸੈਕਟਰੀ ਅਮਿਤ ਗੋਇਲ, ਖਜਾਨਚੀ ਚੌਂਦਲ ਮਿੱਤਲ ਕੈਫ਼ੀ, ਸੰਜੇ ਗੋਇਲ ਉੱਪ ਚੇਅਰਮੈਨ, ਜਸਵਿੰਦਰ ਸਿੰਘ ਬਿੱਲੂ, ਤੇਜਿੰਦਰ ਸਿੰਘ ਨੰਨੜੇ, ਜੀਵਨ ਜੈਨ, ਸਸ਼ੀ ਭੂਸ਼ਨ ਤੇ ਵਿਨੋਦ ਗਰਗ ਆਦਿ ਵੀ ਹਾਜਰ ਸਨ।

ਭਾਜਪਾ ਵੱਲੋਂ ਸਰਕਲ ਭਾਈ ਰੂਪਾ ਦੀ ਜਥੇਬੰਦੀ ਦਾ ਐਲਾਨ

ਭਗਤਾ ਭਾਈ ਕਾ, 23 ਫਰਵਰੀ (ਸਵਰਨ ਸਿੰਘ ਭਗਤਾ): ਜਿਲ੍ਹਾ ਪੱਧਰ ਤੋਂ ਇਲਾਵਾ ਭਾਜਪਾ ਵੱਲੋਂ ਵਿਧਾਨ ਸਭਾ ਹਲਕਾ ਤੇ ਸਰਕਲ ਪੱਧਰ ਤੇ ਵੀ ਜਥੇਬੰਦੀ ਦਾ ਵਿਸਥਾਰ ਕੀਤਾ ਜਾ ਰਿਹਾ ਹੈ ਜਿਸ ਦੇ ਤਹਿਤ ਜਿਲ੍ਹਾ ਪ੍ਰਧਾਨ ਬਠਿੰਡਾ ਦਿਹਾਤੀ ਗੁਰਪ੍ਰੀਤ ਸਿੰਘ ਮਲੂਕਾ ਵੱਲੋਂ ਹਲਕਾ ਫੂਲ ਦੇ ਸਰਕਲ ਭਾਈਰੂਪਾ ਦੇ ਅਹੁਦੇਦਾਰਾਂ ਦਾ ਐਲਾਨ ਕੀਤਾ ਗਿਆ, ਮਲੂਕਾ ਵੱਲੋਂ ਜਾਰੀ ਸੂਚੀ ਅਨੁਸਾਰ ਸੁਰਿੰਦਰਪਾਲ ਸਿੰਘ ਨੂੰ ਪ੍ਰਧਾਨ ਸੋਹਣ ਲਾਲ ਗੋਵਿੰਦ ਸਿੰਘ ਆਤਮਾ ਸਿੰਘ ਅਤੇ ਰਾਜਵਿੰਦਰ ਸਿੰਘ ਨੂੰ ਮੀਤ ਪ੍ਰਧਾਨ ਪਵਨ ਕੁਮਾਰ ਨੂੰ ਜਰਨਲ ਸਕੱਤਰ ਸੰਦੀਪ ਕੁਮਾਰ ਜੁਗਰਾਜ ਸਿੰਘ ਬੀਰਬਲ ਗੋਇਲ ਅਤੇ ਪ੍ਰਗਟ ਸਿੰਘ ਨੂੰ ਸਕੱਤਰ ਗੁਰਸੇਵਕ ਸਿੰਘ ਨੂੰ ਖਜਾਨਚੀ ਅਮਰਜੀਤ ਸਿੰਘ ਨੂੰ ਦਫ਼ਤਰ ਇੰਚਾਰਜ ਕੁਲਵੰਤ ਰਾਏ ਨੂੰ ਯੁਵਾ ਵਿੰਗ ਜਗਮੋਹਨ ਸਿੰਘ ਨੂੰ ਕਿਸਾਨ ਵਿੰਗ ਜਗਸੀਰ ਸਿੰਘ ਨੂੰ ਐਸ ਸੀ ਵਿੰਗ ਗੁਰਮੀਤ ਸਿੰਘ ਨੂੰ ਐਸ ਟੀ ਵਿੰਗ ਨਦੀਮ ਖਾਨ ਨੂੰ ਘੱਟ ਗਿਣਤੀ ਵਿੰਗ ਲਖਵਿੰਦਰ ਸਿੰਘ ਨੂੰ ਓ ਬੀ ਸੀ ਵਿੰਗ ਮਨਜੀਤ ਕੌਰ ਨੂੰ ਕਮਲ ਸੁਨੇਹਾ ਵਿੰਗ ਅੰਗਰੇਜ ਸਿੰਘ ਨੂੰ ਪਬਲੀਸਿਟੀ ਦਾ ਵਿੰਗ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ ।ਇਸ ਤੋਂ ਇਲਾਵਾ ਬੂਥ ਪੱਧਰ ਤੱਕ ਅਹਿਮ ਭੂਮਿਕਾ ਨਿਭਾਉਣ ਵਾਲੀ ਸਰਕਲ ਕਮੇਟੀ ਦਾ ਨਿਰਪਾਲ ਸਿੰਘ ਮਨਜੀਤ ਸਿੰਘ ਬਿੱਲੂ ਸਿੰਘ ਗੁਰਤੇਜ ਸਿੰਘ ਗੁਰਮੀਤ ਸਿੰਘ ਜਸਵੰਤ ਸਿੰਘ ਅਤੇ ਅੰਗਰੇਜ ਸਿੰਘ ਨੂੰ ਮੈਂਬਰ ਨਿਯੁਕਤ ਕੀਤਾ ਗਿਆ ਹੈ ਗੁਰਪ੍ਰੀਤ ਸਿੰਘ ਮਲੂਕਾ ਨੇ ਨਵਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਤੇ ਸਨਮਾਨਿਤ ਕੀਤਾ ਮਲੂਕਾ ਨੇ ਕਿਹਾ ਸਰਕਲ ਭਾਈਰੂਪਾ ਦੇ ਅਹੁਦੇਦਾਰ ਪਿੰਡਾਂ ਚ ਪਾਰਟੀ ਦੀ ਮਜਬੂਤੀ ਲਈ ਕੰਮ ਕਰਣਗੇ ਕਮੇਟੀ ਮੈਂਬਰ ਕੇਂਦਰ ਸਰਕਾਰ ਦੀਆਂ ਲੋਕ ਭਲਾਈ ਦੀਆਂ ਯੋਜਨਾਵਾਂ ਅਤੇ ਭਾਜਪਾ ਦੀ ਵਿਚਾਰਧਾਰਾ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨਗੇ ।ਇਸ ਮੌਕੇ ਕਿਸਾਨ ਮੋਰਚਾ ਦੇ ਜਿਲ੍ਹਾ ਪ੍ਰਧਾਨ ਬੂਟਾ ਸਿੰਘ ਭਾਈਰੂਪਾ ਅਤੇ ਜਿਲ੍ਹਾ ਮੀਡੀਆ ਕੰਨਵੀਨਰ ਰਤਨ ਸ਼ਰਮਾ ਮਲੂਕਾ ਨੇ ਵੀ ਅਹੁਦੇਦਾਰਾਂ ਨੂੰ ਵਧਾਈ ਦਿੱਤੀ।

ਕਹਿਕਸ਼ਾਂ ਦਾ ਸੱਤਵਾਂ ਮੁਸ਼ਾਇਰਾ ਸ਼ਬਦ ਮੰਗਲ ਅਮਿੱਟ ਛਾਪ ਛੱਡ ਦਾ ਸੰਪੰਨ

ਮਲੋਟ, 23 ਫਰਵਰੀ (ਅਮਨਦੀਪ ਸਿੰਘ ਮਹਿਰਾ): ਮਲੋਟ ਸ਼ਹਿਰ ਵਿੱਚ ਸਾਹਿਤਕ ਗਤੀਵਿਧੀਆਂ ਨੂੰ ਜੀਵੰਤ ਰੱਖਣ ਲਈ ਕਾਰਜਸ਼ੀਲ ਸਾਹਿਤਕ ਸੰਸਥਾ ਕਹਿਕਸ਼ਾਂ ਵੱਲੋਂ ਮਰਹੂਮ ਸ਼ਾਇਰ ਮੰਗਲ ਮਦਾਨ ਜੀ ਯਾਦ 'ਚ ਸੱਤਵਾਂ ਮੁਸ਼ਾਇਰਾ ਸ਼ਬਦ ਮੰਗਲ ਮਹਾਰਾਜਾ ਰਣਜੀਤ ਸਿੰਘ ਕਾਲਜ ਮਲੋਟ ਵਿਖੇ ਕਰਵਾਇਆ ਗਿਆ । ਮੰਚ ਸੰਚਾਲਨ ਕਰ ਰਹੇ ਮਨਜੀਤ ਸੂਖ਼ਮ ਨੇ ਕਹਿਕਸ਼ਾਂ ਬਾਰੇ ਤੇ ਇਸਦੇ ਕਾਰਜਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਸਾਹਿਤਕ ਗਾਇਕ ਸੁਰ ਇੰਦਰ, ਨਿਰਮਲਜੀਤ ਨਿੰਮਾ, ਪਵਨਦੀਪ ਚੌਹਾਨ ਨੇ ਆਪਣੀ ਆਵਾਜ਼ ਦੇ ਜਾਦੂ ਨਾਲ ਪ੍ਰੋਗਰਾਮ ਦਾ ਆਰੰਭ ਕੀਤਾ। ਪ੍ਰੋ. ਯਸ਼ਪਾਲ ਮੱਕੜ ਨੇ ਆਏ ਮਹਿਮਾਨਾਂ, ਸ਼ਾਇਰਾਂ ਦਾ ਸੁਆਗਤ ਕਰਦਿਆਂ ਕਹਿਕਸ਼ਾਂ ਦੀ ਟੀਮ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਦੀ ਜਸ਼ਨਦੀਪ ਸਿੱਧੂ ਦੀ ਪੁਸਤਕ 'ਖਾਮੋਸ਼ ਮੁਹੱਬਤ' ਤੇ ਪੰਜਾਬੀ ਮੈਗਜ਼ੀਨ 'ਲੋਅ' ਰਿਲੀਜ਼ ਕੀਤਾ ਗਿਆ। ਮੁਸ਼ਾਇਰੇ ਦੇ ਸੂਤਰਧਾਰ ਹਰਮੀਤ ਵਿਦਿਆਰਥੀ ਨੇ ਮੰਗਲ ਮਦਾਨ ਨੂੰ ਸਲਾਮ ਕਰਦਿਆਂ ਕਹਿਕਸ਼ਾਂ ਨੂੰ ਮੁਬਾਰਕਬਾਦ ਦਿੱਤੀ। ਇਸ ਵਾਰ ਮੁਸ਼ਾਇਰੇ ਵਿੱਚ ਸਤਿਕਾਰਤ ਹਰਮੀਤ ਵਿਦਿਆਰਥੀ, ਤ੍ਰੈਲੋਚਨ ਲੋਚੀ, ਅਮਨ ਜੋਸ਼ੀ ਅਜ਼ੀਜ਼, ਪ੍ਰੀਤ ਮਨਪ੍ਰੀਤ, ਜਸਪਾਲ ਅਨਹਦ, ਜੋਗਿੰਦਰ ਨੂਰਮੀਤ, ਮਨਦੀਪ ਲੁਧਿਆਣਾ, ਮਨਦੀਪ ਔਲਖ, ਸੁਖਜਿੰਦਰ, ਤਲਵਿੰਦਰ ਸ਼ੇਰਗਿੱਲ ਨੇ ਆਪਣੀਆਂ ਰਚਨਾਵਾਂ ਨਾਲ ਹਾਜ਼ਰੀ ਲਗਵਾਈ ਤੇ ਸ਼ਾਇਰ ਮੰਗਲ ਮਦਾਨ ਨੂੰ ਚੇਤੇ ਕੀਤਾ।

ਧੰਨਵਾਦੀ ਸ਼ਬਦ ਆਖਦਿਆਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ ਨੇ ਕਿਹਾ ਕਿ ਕਵੀ ਦਾ ਕਾਰਜ ਸਮਾਜ ਨੂੰ ਨੰਗੀ ਅੱਖ ਨਾਲ ਵੇਖ ਕੇ ਲੋਕਾਈ ਨੂੰ ਵਿਖਾਉਣਾ ਹੁੰਦਾ ਹੈ ਤੇ ਅੱਜ ਇਸ ਮੰਚ ਤੋਂ ਸਾਰੇ ਕਵੀਆਂ ਨੇ ਏਦਾਂ ਹੀ ਕੀਤਾ, ਇਸ ਲਈ ਇਹ ਸਾਰੇ ਕਵੀ ਅਤੇ ਟੀਮ ਕਹਿਕਸ਼ਾਂ ਵਧਾਈ ਦੀ ਹੱਕਦਾਰ ਹੈ। ਇਸ ਮੌਕੇ ਰਾਜ ਰੱਸੇਵੱਟ, ਸੁਖਵੀਰ ਸਿੰਘ ਸੁੱਖੀ ਕੁੰਡਲ, ਪਰਮਿੰਦਰ ਸਿੰਘ ਪੰਮਾ ਬਰਾੜ, ਅਜਮੇਰ ਬਰਾੜ, ਦਰਸ਼ਨ ਜਟਾਣਾ, ਹਰਿੰਦਰ ਜੱਸਲ, ਅਮਰਜੀਤ ਸਿੰਘ ਜੰਡਵਾਲਾ, ਰਾਜਪਾਲ ਬਰਾੜ, ਜੁਗਨੂੰ ਜੰਡਵਾਲਾ, ਗੁਰਦੀਪ ਸਿੰਘ, ਸੁਦਰਸ਼ਨ ਜੱਗਾ, ਰਾਜਪਾਲ ਸਿੰਘ, ਭੁਪਿੰਦਰ ਉਤਰੇਜਾ, ਧਰਮਵੀਰ, ਨਵਦੀਪ ਬਾਠ, ਰੋਹਿਤ ਕਾਲੜਾ, ਹਰਪ੍ਰੀਤ ਚੌਹਾਨ, ਜੋਨੀ ਸੋਨੀ, ਵਿੱਕੀ ਜੱਸਲ, ਸਤਪਾਲ ਭੂੰਦੜ ਆਦਿ ਹਾਜ਼ਰ ਰਹੇ। ਆਜ਼ਾਦ ਪਬਲੀਕੇਸ਼ਨਜ਼ ਵੱਲੋਂ ਇਸ ਮੌਕੇ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ। ਪਿਛਲੇ ਛੇ ਮੁਸ਼ਾਇਰਿਆਂ ਵਾਂਗ ਇਹ ਸੱਤਵਾਂ ਮੁਸ਼ਾਇਰਾ ਵੀ ਯਾਦਗਾਰ ਹੋ ਨਿਬੜਿਆ।

ਪੰਜਾਬ 'ਚ ਕਰਵਾਈ ਜਾਵੇਗੀ ਤਾਂਸ਼ ਚੈਂਪੀਅਨਸ਼ਿਪ

ਭਵਾਨੀਗੜ੍ਹ, 23 ਫਰਵਰੀ (ਅਮਨਦੀਪ ਸਿੰਘ ਮਾਝਾ): ਪਿੰਡ ਘਰਾਚੋਂ ਵਿਖੇ ਹਰ ਸਾਲ ਦੀ ਤਰ੍ਹਾਂ ਬਾਬਾ ਫਕੀਰੀਆ ਦਾਸ ਦੀ ਯਾਦ ਵਿਚ ਕੁਟੀ ਸਾਹਿਬ ਦਾ ਮੇਲਾ ਭਰਿਆ ਤੇ ਅੱਜ ਦੇ ਕਬੱਡੀ ਟੂਰਨਾਮੈਂਟ ਵਿਚ ਮੁੱਖ ਮਹਿਮਾਨ ਵਜੋਂ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੇ ਸ਼ਿਰਕਤ ਕੀਤੀ। ਬਾਦਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੈਨੂੰ ਜਦੋਂ ਵੀ ਕਬੱਡੀ ਖੇਡਾਂ ਦਾ ਸੱਦਾ ਪੱਤਰ ਆਉਂਦਾ ਹੈ ਮੈਂ ਕੋਸ਼ਿਸ਼ ਕਰਦਾ ਉੱਥੇ ਜਰੂਰ ਜਾਵਾਂ। ਕਿਉਕਿ ਖੇਡਾਂ ਹੀ ਨੌਜਵਾਨਾਂ ਨੂੰ ਮਾੜੀਆਂ ਅਲਾਮਤਾਂ ਤੋਂ ਬਚਾ ਸਕਦੀਆਂ ਹਨ। ਜਦੋਂ ਆਪਣੀ ਸਰਕਾਰ ਸੀ ਮੇਰਾ ਪੂਰਾ ਜ਼ੋਰ ਸੀ ਖੇਡਾਂ ਨੂੰ ਅੱਗੇ ਲੈ ਕੇ ਜਾਣਾ ਹੈ। ਬਾਦਲ ਨੇ ਕਿਹਾ ਕਿ ਕਬੱਡੀ ਨੂੰ ਪਹਿਲਾਂ ਕੋਈ ਨਹੀਂ ਸੀ ਜਾਣਦਾ ਪਰੰਤੂ ਜਦੋਂ ਆਪਣੀ ਸਰਕਾਰ ਆਈ ਤਾਂ ਮੈਂ ਇਹ ਪੱਕਾ ਇਰਾਦਾ ਕਰ ਲਿਆ ਸੀ ਕਿ ਕਬੱਡੀ ਨੂੰ ਦੁਨੀਆਂ ਦੇ ਕੋਨੇ ਕੋਨੇ ਵਿਚ ਲੈ ਕੇ ਜਾਣਾ ਹੈ। ਅਕਾਲੀ ਦਲ ਦੀ ਸਰਕਾਰ ਦੌਰਾਨ ਅਖੀਰਲੇ ਕਬੱਡੀ ਕੱਪ ਵਿਚ 16 ਦੇਸ਼ਾਂ ਦੀਆਂ ਟੀਮਾਂ ਕਬੱਡੀ ਕੱਪ ਖੇਡਣ ਆਈਆਂ ਸਨ। ਉਹਨਾਂ ਕਿਹਾ ਕਿ ਜਦੋਂ ਪੰਜਾਬ ਵਿਚ ਅਕਾਲੀ ਦਲ ਦੀ ਸਰਕਾਰ ਦੌਰਾਨ ਕਬੱਡੀ ਵਿਸ਼ਵ ਕੱਪ ਹੁੰਦਾ ਸੀ ਤਾਂ ਇੰਝ ਜਾਪਦਾ ਸੀ ਕਿ ਜਿਵੇਂ ਪੰਜਾਬ ਵਿਚ ਕੋਈ ਮੇਲਾ ਲੱਗਿਆ ਹੋਇਆ ਹੈ।

ਉਹਨਾਂ ਕਿਹਾ ਕਿ ਬੜਾ ਦੁੱਖ ਹੁੰਦਾ ਜਦੋਂ ਇਹ ਸੋਚਦੇ ਹਾਂ ਕਿ ਸਰਕਾਰ ਜਾਣ ਤੋਂ ਬਾਅਦ ਅੱਜ 9 ਸਾਲ ਹੋ ਗਏ ਇਕ ਵੀ ਕਬੱਡੀ ਕੱਪ ਨਹੀਂ ਕਰਵਾਇਆ ਗਿਆ। ਪਿੰਡਾਂ ਦੇ ਲੋਕ ਜਾਨਵਰਾਂ ਨੂੰ ਬਹੁਤ ਪਿਆਰ ਕਰਦੇ ਹਨ ਇਸ ਲਈ ਅਸੀਂ ਪਸ਼ੂ ਮੇਲੇ ਸ਼ੁਰੂ ਕਰਵਾਏ। ਹੁਣ ਪ੍ਰਾਈਵੇਟ ਵਿਅਕਤੀ ਆਪਣੇ ਪੈਸੇ ਖਰਚ ਕਰਕੇ ਪ੍ਰਾਈਵੇਟ ਮੇਲੇ ਕਰਵਾਉਂਦੇ ਹਨ ਜਿਹੜੇ ਕਿ ਸਰਕਾਰ ਨੂੰ ਕਰਵਾਉਂਦੇ ਚਾਹੀਦੇ ਸਨ। ਉਹਨਾਂ ਕਿਹਾ ਕਿ ਤਜਰਬੇ ਕਰਨੇ ਛੱਡ ਦਿਓ। ਪੰਜਾਬ ਵਿਚ ਜੋ ਵੀ ਬਣਿਆ ਹੈ ਤਾਂ ਅਕਾਲੀ ਦਲ ਦੀ ਸਰਕਾਰ ਸਮੇਂ ਹੀ ਬਣਿਆ, ਜਿਵੇਂ ਮੋਟਰ ਕੁਨੈਕਸ਼ਨ, ਖਾਲ, ਸ਼ਗਨ ਸਕੀਮ, ਆਟਾ ਦਾਲ, ਥਰਮਲ ਪਲਾਟ ਇਹ ਸਭ ਅਕਾਲੀ ਦਲ ਦੀ ਦੇਣ ਹਨ, ਅੱਜ 10 ਸਾਲ ਹੋਣ ਵਾਲੇ ਹਨ ਅਕਾਲੀ ਦਲ ਨੂੰ ਸੱਤਾ ਤੋਂ ਦੂਰ ਹੋਇਆ ਪੰਜਾਬ ਵਿਚ ਗੁੰਡਾਗਰਦੀ ਤੇ ਗੈਂਗਸਟਰ ਦਾ ਬੜਾਵਾ ਹੋ ਰਿਹਾ ਹੈ। ਉਹਨਾਂ ਕਿਹਾ ਕਿ ਬਜੁਰਗ ਸੱਥਾਂ ਵਿਚ ਤਾਂਸ਼ ਖੇਡਦੇ ਦੇਖੇ ਹਨ ਇਸ ਲਈ ਬਜੁਰਗਾਂ ਦੀਆਂ ਤਾਂਸ਼ ਦੀਆਂ ਸੀਪਾਂ ਦੇ ਮੁਕਾਬਲੇ ਹੋਣਗੇ। ਜਿਹੜੇ ਪਿੰਡ ਦੀ ਦੀ ਸ਼ੀਪ ਟੀਮ ਜਿਲ੍ਹੇ ਵਿਚੋਂ ਜਿੱਤੇਗੀ ਉਸ ਪਿੰਡ ਨੂੰ 10 ਲੱਖਦਾ ਇਨਾਮ ਤੇ ਸੂਬਾ ਪੱਧਰੀ ਜਿੱਤ ਪ੍ਰਾਪਤ ਕਰਨ ਵਾਲੇ ਪਿੰਡ ਨੂੰ ਇਕ ਕਰੋੜ ਰੁਪਏ ਇਨਾਮ ਵਜੋਂ ਦਿੱਤੇ ਜਾਣਗੇ। ਅਖੀਰ ਵਿਚ ਉਹਨਾਂ ਪੰਜਾਬ ਨੂੰ ਬਚਾਉਣ ਲਈ ਅਕਾਲੀ ਦਲ ਦੀ ਸਰਕਾਰ ਬਣਾਉਣ ਦੀ ਅਪੀਲ ਕੀਤੀ। ਇਸ ਮੌਕੇ ਅਰਵਿੰਦ ਖੰਨਾ ਹਲਕਾ ਇੰਚਾਰਜ ਸੰਗਰੂਰ, ਵਿਨਰਜੀਤ ਸਿੰਘ ਗੋਲਡੀ ਹਲਕਾ ਇੰਚਾਰਜ ਸੁਨਾਮ, ਗੱਗੀ ਸੰਘਰੇੜੀ, ਹਰਜਿੰਦਰ ਸਿੰਘ ਜਲਾਣ, ਸੋਮਾ ਫੱਗੂਵਾਲਾ, ਬਾਵੀ ਗਰੇਵਾਲ, ਗਮਦੂਰ ਸਿੰਘ ਫੱਗੂਵਾਲਾ ਸਮੇਤ ਵੱਡੀ ਗਿਣਤੀ ਵਿਚ ਪਿੰਡਾਂ ਦੇ ਲੋਕ ਅਤੇ ਖਿਡਾਰੀ ਹਾਜਰ ਸਨ।

ਬੀਕੇਯੂ ਸਿੱਧੂਪੁਰ ਵੱਲੋਂ ਇਕਾਈ ਦੀ ਚੋਣ, ਬਣਾਈ 21 ਮੈਂਬਰੀ ਕਮੇਟੀ

ਲਹਿਰਾਗਾਗਾ, 23 ਫਰਵਰੀ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ/ਗੁਰਦੀਪ ਸਿੰਘ): ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਪਿੰਡ ਗਿਦੜਿਆਣੀ ਵਿਖੇ ਇਕਾਈ ਦੀ ਨਵੇਂ ਸਿਰਿਓਂ ਚੋਣ ਕਰਨ ਲਈ ਬਲਾਕ ਜਨਰਲ ਸਕੱਤਰ ਰਾਮਫਲ ਸਿੰਘ ਜਲੂਰ ਦੀ ਅਗਵਾਈ ਹੇਠ ਪਿੰਡ ਦੇ ਕਿਸਾਨਾਂ ਦਾ ਇਕੱਠ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਹਾਜ਼ਰੀ ਭਰੀ। ਇਸ ਮੌਕੇ ਸਰਬਸੰਮਤੀ ਨਾਲ 21 ਮੈਂਬਰੀ ਕਮੇਟੀ ਦੀ ਚੋਣ ਕਰਦਿਆਂ ਜੱਗਰ ਸਿੰਘ ਨੂੰ ਪ੍ਰਧਾਨ, ਗੁਰਦਿਆਲ ਸਿੰਘ ਫੌਜੀ ਜਨਰਲ ਸਕੱਤਰ, ਮੀਤ ਪ੍ਰਧਾਨ ਸਤਗੁਰ ਸਿੰਘ, ਖਜਾਨਚੀ ਗੁਰਜੰਟ ਸਿੰਘ ਤੇ ਨਿਰਮਲ ਸਿੰਘ, ਜੰਟਾ ਸਿੰਘ, ਬਹਾਦਰ ਸਿੰਘ, ਭੂਰਾ ਸਿੰਘ, ਕ੍ਰਿਸ਼ਨ ਸਿੰਘ, ਲੀਲੂ ਸਿੰਘ, ਭੁਪਿੰਦਰ ਸਿੰਘ, ਨਛੱਤਰ ਸਿੰਘ, ਕੁੱਕੂ ਸਿੰਘ, ਸੌਣ ਸਿੰਘ, ਕ੍ਰਿਸ਼ਨ ਸਿੰਘ, ਜਗਰੂਪ ਸਿੰਘ, ਲਾਭ ਸਿੰਘ, ਬਿੱਕਰ ਸਿੰਘ, ਜੰਗ ਸਿੰਘ, ਬਿੰਦਰ ਸਿੰਘ, ਨਿਰਮਲ ਸਿੰਘ, ਸਤਗੁਰ ਸਿੰਘ ਨੂੰ ਮੈਂਬਰ ਚੁਣਿਆ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਰਾਮਫਲ ਸਿੰਘ ਜਲੂਰ ਨੇ ਕਿਹਾ ਕਿ ਪਿੰਡ ਗਦੜਿਆਣੀ ਦੇ ਲੋਕਾਂ ਨੇ ਜਗਜੀਤ ਸਿੰਘ ਡਲੇਵਾਲ ਦੀ ਅਗਵਾਈ ਤੇ ਭਰੋਸਾ ਪ੍ਰਗਟ ਕਰਕੇ ਉਨਾਂ ਲੋਕਾਂ ਨੂੰ ਸ਼ੀਸ਼ਾ ਦਿਖਾਇਆ

ਹੈ ਜੋ ਬੀਤੇ ਦਿਨੀਂ ਜਥੇਬੰਦੀ ਦੀਆਂ ਨੀਤੀਆਂ ਵਿਰੁੱਧ ਚੱਲਣ ਕਰਕੇ ਜਥੇਬੰਦੀ ਚੋਂ ਪਾਸੇ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਬੀਕੇਯੂ ਸਿੱਧੂਪੁਰ ਇੱਕੋ ਇੱਕ ਜਥੇਬੰਦੀ ਹੈ ਜੋ ਹੋਰਨਾਂ ਮੰਗਾਂ ਦੇ ਨਾਲ ਨਾਲ ਕਿਸਾਨਾਂ ਦੀਆਂ ਮੁੱਖ ਮੰਗਾਂ ਐਮ ਐਸ ਪੀ ਗਰੰਟੀ ਕਾਨੂੰਨ, ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਲਾਗੂ, ਸਮੁੱਚੀ ਕਰਜਾ ਮੁਆਫੀ ਲਈ ਲਗਾਤਾਰ ਸੰਘਰਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਐਸਕੇਐਮ ਗੈਰ ਸਿਆਸੀ ਵੱਲੋਂ ਜਗਜੀਤ ਸਿੰਘ ਡੱਲੇਵਾਲ ਦੀ ਅਗਵਾਈ ਚ ਕੰਨਿਆ ਕੁਮਾਰੀ ਤੋਂ ਕਸ਼ਮੀਰ ਤੱਕ ਕੱਢੀ ਜਾ ਰਹੀ ਹੈ, ਕਿਸਾਨ ਜਾਗ੍ਰਤੀ ਯਾਤਰਾ ਮਾਰਚ ਦੇ ਪਹਿਲੇ ਹਫਤੇ ਪੰਜਾਬ ਵਿੱਚ ਪ੍ਰਵੇਸ਼ ਕਰੇਗੀ, ਜਿਸ ਦਾ ਵੱਡੇ ਪੱਧਰ ਤੇ ਸਵਾਗਤ ਕੀਤਾ ਜਾਵੇਗਾ ਤੇ ਹਜ਼ਾਰਾਂ ਦੀ ਗਿਣਤੀ ਚ ਟਰੈਕਟਰਾਂ, ਮੋਟਰਸਾਈਕਲਾਂ, ਕਾਰਾਂ ਦੇ ਕਾਫਲੇ ਨਾਲ ਕਿਸਾਨ ਯਾਤਰਾ ਚ ਸ਼ਮੂਲੀਅਤ ਕਰਨਗੇ। ਉਨਾਂ ਦੱਸਿਆ ਕਿ ਯਾਤਰਾ ਦੀ ਸਮਾਪਤੀ ਤੇ 19 ਮਾਰਚ ਨੂੰ ਦਿੱਲੀ ਦੇ ਰਾਮਲੀਲਾ ਗਰਾਊਂਡ ਚ ਵੱਡੀ ਕਿਸਾਨ ਮਹਾ ਪੰਚਾਇਤ ਕੀਤੀ ਜਾਵੇਗੀ ਤੇ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਲੱਖਾਂ ਕਿਸਾਨਾਂ ਦੇ ਦਸਤਖਤਾਂ ਵਾਲਾ ਮੈਮੋਰੰਡਮ ਸੌਂਪਿਆ ਜਾਵੇਗਾ।

ਯੋਗ ਭਾਰਤ ਦੀ ਪ੍ਰਾਚੀਨ ਵੈਦਿਕ ਪ੍ਰੰਪਰਾ ਦਾ ਅਨਮੋਲ ਤੋਹਫ਼ਾ : ਸਵਾਮੀ ਵਿਗਿਆਨਾਨੰਦ

ਸੁਨਾਮ ਊਧਮ ਸਿੰਘ ਵਾਲਾ, 23 ਫਰਵਰੀ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਵੱਲੋਂ ਸਥਾਨਕ ਆਸ਼ਰਮ ਵਿਖੇ ਆਪਣੇ ਸਿਹਤ ਜਾਗਰੂਕਤਾ ਪ੍ਰੋਗਰਾਮ ਆਰੋਗਯ ਤਹਿਤ ਵਿਸ਼ਾਲ ਵਿਲੱਖਣ ਯੋਗ ਅਤੇ ਧਿਆਨ ਸਾਧਨਾ ਸ਼ਿਵਿਰ" ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਸੰਸਥਾਨ ਵੱਲੋਂ ਆਸ਼ੂਤੋਸ਼ ਮਹਾਰਾਜ ਦੇ ਸ਼ਿਸ਼ ਸਵਾਮੀ ਵਿਗਿਆਨਾਨੰਦ ਜੀ ਨੇ ਭਾਰਤੀ ਸੰਸਕ੍ਰਿਤੀ ਦੀ ਮਹਾਨ ਵਿਰਾਸਤ ਯੋਗ ਤੋਂ ਜਾਣੂ ਕਰਵਾਉਂਦੇ ਹੋਏ ਯੋਗ ਸਾਧਕਾਂ ਨੂੰ ਦੱਸਿਆ ਕਿ ਯੋਗ ਭਾਰਤ ਦੀ ਪ੍ਰਾਚੀਨ ਪਰੰਪਰਾ ਵਿੱਚੋਂ ਇੱਕ ਹੈ। ਇਹ ਇੱਕ ਅਨਮੋਲ ਤੋਹਫ਼ਾ ਹੈ, ਇਹ ਸਰੀਰ, ਮਨ ਤੇ ਆਤਮਾ ਦੀ ਇੱਕ ਅਵਸਥਾ, ਮਨੁੱਖ ਤੇ ਕੁਦਰਤ ਵਿਚਕਾਰ ਏਕਤਾ, ਸੰਜਮ ਤੇ ਪੂਰਤੀ ਪ੍ਰਦਾਨ ਕਰਦਾ ਹੈ ਤੇ ਸਿਹਤ ਤੇ ਤੰਦਰੁਸਤੀ ਲਈ ਇੱਕ ਸੰਪੂਰਨ ਪਹੁੰਚ ਨੂੰ ਦਰਸਾਉਂਦਾ ਹੈ। ਇਹ ਕੇਵਲ ਕਸਰਤ ਬਾਰੇ ਨਹੀਂ ਹੈ, ਸਗੋਂ ਆਪਣੇ ਅੰਦਰ ਏਕਤਾ ਦੀ ਭਾਵਨਾ, ਸੰਸਾਰ ਅਤੇ ਕੁਦਰਤ ਦੀ ਖੋਜ ਹੈ। ਸਾਡੀ ਬਦਲਦੀ ਜੀਵਨਸ਼ੈਲੀ ਵਿੱਚ ਇਹ ਚੇਤਨਾ ਬਣ ਕੇ ਇਹ ਸਾਨੂੰ ਜਲਵਾਯੂ ਤਬਦੀਲੀ ਨਾਲ ਨਜਿੱਠਣ ਵਿੱਚ ਮਦਦ ਕਰ ਸਕਦਾ ਹੈ। ਇਸ ਲਈ ਦਸੰਬਰ 2014 ਵਿੱਚ ਸੰਯੁਕਤ ਰਾਸ਼ਟਰ ਸੰਘ ਦੀ ਮਹਾਂਸਭਾ ਨੇ ਹਰ ਸਾਲ 21 ਜੂਨ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਵਜੋਂ ਮਨਾਉਣ ਦਾ ਮਤਾ ਪਾਸ ਕੀਤਾ ਸੀ। ਯੋਗ ਦੀ ਰਹੱਸਮਈ ਵਿਆਖਿਆ 'ਤੇ ਚਾਨਣਾ ਪਾਉਂਦੇ ਹੋਏ ਸਵਾਮੀ ਜੀ ਨੇ ਕਿਹਾ ਕਿ ਅੱਜ ਮੂਲ ਰੂਪ ਵਿੱਚ ਸਿਰਫ ਕੁਝ ਯੋਗਾਸਨਾਂ ਤੇ ਪ੍ਰਾਣਾਯਾਮ ਨੂੰ ਸੰਪੂਰਨ ਯੋਗ ਪ੍ਰਣਾਲੀ ਵਜੋਂ ਸਵੀਕਾਰ ਕੀਤਾ ਜਾਂਦਾ ਹੈ। ਹਾਲਾਂਕਿ, ਅਜਿਹਾ ਨਹੀਂ ਹੈ। ਯੋਗ ਸ਼ਬਦ ਸੰਸਕ੍ਰਿਤ ਦੇ ਮੂਲ ਯੁਜ ਤੋਂ ਲਿਆ ਗਿਆ ਹੈ, ਜਿਸਦਾ ਅਰਥ ਹੈ ਮਿਲਾਪ ਹੋਣਾ। ਯਾਨੀ ਸਾਡੇ ਸਰੀਰ, ਮਨ ਅਤੇ ਆਤਮਾ ਦਾ ਮਿਲਾਪ ਹੀ ਯੋਗ ਹੈ। ਮਹਾਰਿਸ਼ੀ ਪਤੰਜਲੀ ਨੇ ਯੋਗ ਦੀ ਪਰਿਭਾਸ਼ਾ ਦਿੰਦੇ ਹੋਏ ਕਿਹਾ ਹੈ ਕਿ ਯੋਗ: ਚਿਤ ਵਿਰਤਿ ਨਿਰੋਧ ਜਿਸਦਾ ਅਰਥ ਹੈ ਮਨ ਦੀਆਂ ਪ੍ਰਵਿਰਤੀਆਂ ਦਾ ਖਾਤਮਾ ਹੀ ਯੋਗ ਹੈ। ਤਦ ਹੀ ਯੋਗਹ ਕਰਮਸੁ ਕੌਸ਼ਲਮ ਦਾ ਸੰਕਲਪ ਸਿੱਧ ਹੁੰਦਾ ਹੈ। ਪਤੰਜਲੀ ਯੋਗ ਸੂਤਰ ਦੇ ਅਨੁਸਾਰ ਸਾਧਕਾਂ ਨੂੰ ਉਨ੍ਹਾਂ ਦੇ ਵਿਗਿਆਨਕ ਪੱਖ ਦੁਆਰਾ ਸਰੀਰਕ ਲਾਭਾਂ ਤੋਂ ਜਾਣੂ ਕਰਵਾਇਆ ਗਿਆ ਜਦੋਂ ਕਿ ਉਨ੍ਹਾਂ ਨੂੰ ਤਾੜਾਸਨ, ਦੰਡਾਸਨ, ਕਟੀਚਕ੍ਰਾਸਨ, ਅਰਧ ਚੰਦਰਾਸਨ, ਦਵਿਚਕ੍ਰਾਸਨ, ਭੁਜੰਗਾਸਨ, ਨਾੜੀ ਸ਼ੋਧਨ, ਅਨੁਲੋਮ ਵਿਲੋਮ ਪ੍ਰਾਣਾਯਾਮ ਆਦਿ ਦਾ ਅਭਿਆਸ ਕਰਵਾਇਆ ਗਿਆ। ਧਿਆਨ ਦੇਣ ਯੋਗ ਹੈ ਕਿ ਅੱਜ ਸੰਸਥਾਨ ਵੱਲੋਂ ਆਪਣੇ ਸੰਜੀਵਿਕਾ ਪ੍ਰੋਜੈਕਟ ਦੇ ਅੰਤਰਗਤ ਆਯੁਰਵੈਦਿਕ ਸ਼ਿਵਿਰ ਵੀ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵੈਦ ਰਾਜ ਕੁਮਾਰ ਨੇ ਯੋਗ ਸਾਧਕਾਂ ਦਾ ਨਾੜੀ ਪਰੀਖਣ ਕਰਕੇ ਉਨ੍ਹਾਂ ਨੂੰ ਆਯੁਰਵੈਦਿਕ ਦਵਾਈਆਂ ਵੀ ਉਪਲਬਧ ਕਰਵਾਈਆਂ। ਸਾਰੇ ਹੀ ਸਾਧਕਾਂ ਨੇ ਸਰੀਰਕ ਸਿਹਤ ਨਾਲ ਭਰਪੂਰ ਪ੍ਰੋਗਰਾਮ ਦਾ ਭਰਪੂਰ ਲਾਭ ਉਠਾਇਆ।

ਦਾਦੇ ਦੀ ਯਾਦ ਵਿੱਚ ਪੋਤੇ ਵੱਲੋਂ ਅੱਖਾਂ ਦਾ ਮੁਫ਼ਤ ਕੈਂਪ ਅੱਜ

ਲਹਿਰਾਗਾਗਾ, 23 ਫਰਵਰੀ (ਗੁਰਦੀਪ ਸਿੰਘ): ਲਹਿਰਾਗਾਗਾ ਦੇ ਨੇੜਲੇ ਪਿੰਡ ਕਾਲਵੰਜਾਰਾ ਵਿਖੇ ਉੱਘੇ ਸਮਾਜ ਸੇਵੀ ਸਰਦਾਰ ਛੱਜੂ ਸਿੰਘ ਸਰਾਓ ਵੱਲੋਂ ਆਪਣੇ ਦਾਦਾ ਜੀ ਸਵਰਗਵਾਸੀ ਮੇਹਰ ਸਿੰਘ ਸਰਾਓ ਦੀ ਯਾਦ ਵਿੱਚ ਅੱਖਾਂ ਦਾ ਕੈਂਪ 24 ਫਰਵਰੀ ਨੂੰ ਲਗਾਇਆ ਜਾਵੇਗਾ, ਇਹ ਕੈਂਪ ਵਿਸ਼ਵ ਪ੍ਰਸਿੱਧ ਸੰਸਥਾ ਸ਼ੰਕਰਾ ਅੱਖਾਂ ਦਾ ਹਸਪਤਾਲ ਲੁਧਿਆਣਾ ਦੇ ਸਹਿਯੋਗ ਨਾਲ ਲਗਾਇਆ ਜਾਵੇਗਾ, ਇਸ ਬਾਰੇ ਅੱਗੇ ਜਾਣਕਾਰੀ ਦਿੰਦਿਆਂ ਸਮਾਜ ਸੇਵੀ ਛੱਜੂ ਸਿੰਘ ਸਰਾਓ ਨੇ ਦੱਸਿਆ ਕਿ ਇਹ ਕੈਂਪ ਵਿੱਚ ਅੱਖਾਂ ਦੇ ਬਹੁਤ ਹੀ ਮਾਹਿਰ ਡਾਕਟਰ ਪਹੁੰਚ ਰਹੇ ਹਨ,ਜੋ ਮਰੀਜਾਂ ਦੀਆਂ ਅੱਖਾਂ ਦਾ ਚੈੱਕ ਅੱਪ ਕਰਨਗੇ, ਉਹਨਾਂ ਇਹ ਵੀ ਕਿਹਾ ਕਿ ਮਰੀਜ਼ਾਂ ਦੇ ਆਉਣ ਜਾਣ ਦਾ ਪ੍ਰਬੰਧ ਸਾਡੇ ਵੱਲੋਂ ਬਿਲਕੁਲ ਫਰੀ ਕੀਤਾ ਜਾਵੇਗਾ, ਕਿਸੇ ਤੋਂ ਕੋਈ ਵੀ ਖਰਚਾ ਨਹੀਂ ਲਿਆ ਜਾਵੇਗਾ। ਕੈਂਪ ਦੌਰਾਨ ਅੱਖਾਂ ਦਾ ਚੈੱਕ ਅੱਪ ਅਤੇ ਦਵਾਈਆਂ ਤੋਂ ਇਲਾਵਾ ਆਪਰੇਸ਼ਨ ਵੀ ਕੀਤੇ ਜਾਣਗੇ, ਉਹਨਾਂ ਕਿਹਾ ਕਿ ਆਪਰੇਸ਼ਨ ਕਰਾਉਣ ਵਾਲੇ ਮਰੀਜ ਸਵੇਰੇ ਕੇਸੀ ਇਸ਼ਨਾਨ ਕਰਨ ਤੋਂ ਇਲਾਵਾ ਆਪਣੇ ਨਾਲ ਸ਼ੂਗਰ ਦੀ ਰਿਪੋਰਟ ਲੈ ਕੇ ਆਉਣ, ਇੱਥੇ ਇਹ ਵੀ ਜ਼ਿਕਰ ਕਰਨਾ ਜਰੂਰੀ ਬਣਦਾ ਹੈ ਕਿ ਸਰਦਾਰ ਛੱਜੂ ਸਿੰਘ ਸਰਾਓ ਜਿੱਥੇ ਇਲਾਕੇ ਦੇ ਉੱਘੇ ਉਦਯੋਗਪਤੀ ਹਨ ਉਥੇ ਇਹਨਾਂ ਵੱਲੋਂ ਸਮਾਜ ਭਲਾਈ ਕੰਮਾਂ ਵਿੱਚ ਹਮੇਸ਼ਾ ਵਧ ਚੜ੍ਹ ਕੇ ਹਿੱਸਾ ਲਿਆ ਜਾਂਦਾ ਹੈ ,ਇਲਾਕੇ ਵਿੱਚ ਇਹਨਾਂ ਨੂੰ ਅਮਨ ਸ਼ਾਂਤੀ ਦੇ ਪੁੰਜ ਤੇ ਨਿਮਰਤਾ ਦੇ ਪੁਜਾਰੀ ਵਜੋਂ ਜਾਣਿਆ ਜਾਂਦਾ ਹੈ।

5ਵਾਂ ਅੱਖਾਂ, ਹੱਡੀਆਂ ਤੇ ਜਨਰਲ ਰੋਗਾਂ ਦਾ ਮੁਫ਼ਤ ਜਾਂਚ ਤੇ ਅਪਰੇਸ਼ਨ ਕੈਂਪ

ਮੂਨਕ, 23 ਫਰਵਰੀ (ਸਮਸ਼ੇਰ ਸਿੰਘ): ਪ੍ਰੈਸ ਕਲੱਬ ਮੂਨਕ ਵੱਲੋਂ ਪੰਜਵਾਂ ਅੱਖਾਂ ਦਾ ਮੁਫਤ ਜਾਂਚ ਅਤੇ ਆਪ੍ਰੇਸ਼ਨ ਕੈਂਪ 25 ਫਰਵਰੀ ਦਿਨ ਬੁੱਧਵਾਰ ਨੂੰ ਸਵੇਰੇ 9:00 ਵਜੇ ਤੋਂ ਬਾਅਦ ਦੁਪਹਿਰ 2 ਵਜੇ ਤੱਕ ਅਗਰਵਾਲ ਧਰਮਸ਼ਾਲਾ ਮੂਨਕ ਵਿਖੇ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਲੱਬ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਇਹ ਕੈਂਪ (ਪੁਸ਼)ਪਬਲਿਕ ਯੂਨੀਅਨ ਫਾਰ ਸੋਸ਼ਲ ਹੈਲਪ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ। ਇਸ ਮੌਕੇ ਹਾਂਡਾ ਹਸਪਤਾਲ ਪਟਿਆਲਾ ,ਪਾਰਸ ਹੈਲਥ, ਪੰਚਕੂਲਾ ਦੇ ਡਾਕਟਰਾਂ ਦੀ ਟੀਮ ਵੱਲੋਂ ਅੱਖਾਂ, ਹੱਡੀਆਂ ਅਤੇ ਜਨਰਲ ਰੋਗਾਂ ਦੇ ਮਰੀਜਾਂ ਦੀਆਂ ਅੱਖਾਂ ਦੀ ਮੁਫਤ ਜਾਂਚ ਅਤੇ ਆਪ੍ਰੇਸ਼ਨ ਕੀਤਾ ਜਾਵੇਗਾ ।ਕਲੱਬ ਵੱਲੋਂ ਮਰੀਜਾਂ ਨੂੰ ਦਵਾਈਆਂ ਮੁਫਤ ਦਿੱਤੀਆਂ ਜਾਣਗੀਆਂ। ਲੋੜਵੰਦ ਮਰੀਜ ਆਪਣਾ ਅਧਾਰ ਕਾਰਡ ਨਾਲ ਲੈ ਕੇ ਸਮੇਂ ਸਿਰ ਪਹੁੰਚ ਕੇ ਇਸ ਕੈਂਪ ਦਾ ਲਾਭ ਉਠਾਉਣ। ਇਸ ਮੌਕੇ ਕਲੱਬ ਦੇ ਪ੍ਰਧਾਨ ਨਰੇਸ਼ ਤਨੇਜਾ ਚੇਅਰਮੈਨ ਸੁਰਿੰਦਰ ਪਾਲ ਗਰਗ , ਸਰਪ੍ਰਸਤ ਕਰਮਵੀਰ ਸੈਣੀ ਜਨਰਲ ਸਕੱਤਰ ਪ੍ਰਕਾਸ਼ ਸਿੰਘ, ਕੈਸ਼ੀਅਰ ਗੁਰਮੀਤ ਆਸ਼ਟਾ, ਵਾਈਸ ਪ੍ਰਧਾਨ ਬਲਦੇਵ ਸਿੰਘ ਸਰਾਓ, ਪ੍ਰੈਸ ਸਕੱਤਰ ਬੂਟਾ ਸਿੰਘ ਭੁਟਾਲ, ਕਰਮਵੀਰ ਸਿੰਗਲਾ, ਸਮਸੇਰ ਸਿੰਘ ਭੁਟਾਲ, ਅੰਕੁਰ ਸਿੰਗਲਾ, ਮੋਹਣ ਸਿੰਘ, ਸੁਰਜੀਤ ਸਿੰਘ ਭੁਟਾਲ, ਕੁਲਦੀਪ ਸਿੰਘ ਭੱਠਲ, ਸਤਪਾਲ ਗੋਇਲ, ਜੋਗਾ ਸਿੰਘ ਮਹਿਲ ਸਮੇਤ ਹੋਰ ਪਤਵੰਤੇ ਸੱਜਣ ਵੀ ਹਾਜਰ ਸਨ।

ਸੂਬੇ ਭਰ 'ਚ ਵਕੀਲਾਂ ਵੱਲੋਂ ਕੰਮਕਾਜ ਰਹੇਗਾ ਠੱਪ, ਮੂਨਕ ਬਾਰ ਐਸੋਸੀਏਸ਼ਨ ਦੇ ਵਕੀਲਾਂ ਵੱਲੋਂ ਸਮਰਥਨ

ਮੂਨਕ, 23 ਫਰਵਰੀ (ਸਮਸ਼ੇਰ ਸਿੰਘ): ਪੰਜਾਬ ਦੀਆਂ ਸਮੂਹ ਬਾਰ ਐਸੋਸੀਏਸ਼ਨਾਂ ਦੀ ਸੂਬਾ ਪੱਧਰੀ ਮੀਟਿੰਗ ਵਿੱਚ ਸਹਿਮਤੀ ਨਾਲ ਫ਼ੈਸਲਾ ਕੀਤਾ ਗਿਆ ਕਿ ਇਸ ਹਫ਼ਤੇ ਸੋਮਵਾਰ ਤੋਂ ਸ਼ੁੱਕਰਵਾਰ ਤੱਕ ਪੂਰੀ ਤਰ੍ਹਾਂ ਕੰਮਕਾਜ ਠੱਪ ਰੱਖਿਆ ਜਾਵੇਗਾ। ਜਾਣਕਾਰੀ ਦਿੰਦਿਆਂ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਰਵੀ ਰਾਜ ਸ਼ਰਮਾਂ ਤੇ ਸੈਕਟਰੀ ਬਲਜਿੰਦਰ ਸਿੰਘ ਭੱਠਲ ਵੱਲੋਂ ਦੱਸਿਆ ਗਿਆ ਕਿ ਸਮੂਹ ਵਕੀਲ ਜਥੇਬੰਦੀਆਂ ਨੇ ਸਾਂਝੇ ਤੌਰ ਤੇ ਮਤਾ ਪਾਸ ਕਰਕੇ ਐਕਸ਼ਨ ਪਲਾਨ ਕੇਸਾਂ,ਲੀਗਲ ਐਡ ਡਿਫੈਂਸ ਕੌਂਸਲ ਸਕੀਮ ਅਤੇ ਪੌਡੂ ਅਦਾਲਤਾਂ ਖ਼ਿਲਾਫ਼ ਰੋਸ ਪ੍ਰਗਟਾਇਆ ਹੈ ਅਤੇ ਸਰਕਾਰ ਤੋਂ ਇਨ੍ਹਾਂ ਨੀਤੀਆਂ ਤੇ ਦੁਬਾਰਾ ਵਿਚਾਰ ਕਰਨ ਦੀ ਮੰਗ ਕੀਤੀ ਹੈ । ਉਹਨਾਂ ਅੱਗੇ ਦੱਸਿਆ ਐਕਸ਼ਨ ਪਲਾਨ ਕੇਸ ਵਕੀਲਾਂ ਤੇ ਵਾਧੂ ਬੋਝ ਬਣ ਰਹੇ ਹਨ ਅਤੇ ਕੇਸਾਂ ਨੂੰ ਜਲਦੀ ਨਿਬੇੜਨ ਦੀ ਦੌੜ ਵਿੱਚ ਲੋਕਾਂ ਨੂੰ ਸਹੀ ਢੰਗ ਨਾਲ ਇਨਸਾਫ਼ ਨਹੀਂ ਮਿਲ ਰਹੀਆ ਤੇ ਇਸ ਨਾਲ ਵਕੀਲਾਂ ਦੀ ਨਿੱਜੀ ਜ਼ਿੰਦਗੀ ਤੇ ਸਿਹਤ ਤੇ ਵੀ ਮਾੜਾ ਅਸਰ ਪੈ ਰਿਹਾ ਹੈ ਉਹਨਾਂ ਇਹ ਵੀ ਕਿਹਾ ਕਿ ਲੀਗਲ ਐਡ ਡਿਫੈਂਸ ਕੌਂਸਲ ਸਕੀਮ ਦਾ ਗਲਤ ਇਸਤੇਮਾਲ ਹੋ ਰਿਹਾ ਹੈ ਜਿਸ ਨਾਲ ਰੋਜ਼ਾਨਾ ਪ੍ਰੈਕਟਿਸ ਕਰਨ ਵਾਲੇ ਵਕੀਲਾਂ ਤੇ ਸਿੱਧਾ ਪ੍ਰਭਾਵ ਪਵੇਗਾ ਉਹਨਾਂ ਅੱਗੇ ਜਾਣਕਾਰੀ ਦਿੰਦਿਆਂ ਕਿਹਾ ਕਿ ਜੇਕਰ ਮੰਗਾਂ ਤੇ ਸਹਿਮਤੀ ਨਹੀਂ ਨਹੀਂ ਬਣਦੀ ਤਾਂ ਅਣਮਿੱਥੇ ਸਮੇਂ ਲਈ ਸਮੂਹ ਅਦਾਲਤਾਂ ਵਿੱਚ ਕੰਮਕਾਜ ਠੱਪ ਕਰਕੇ ਸ਼ਾਂਤਮਈ ਢੰਗ ਨਾਲ ਪ੍ਰਸ਼ਾਸਨ ਖ਼ਿਲਾਫ਼ ਪ੍ਰਦਰਸ਼ਨ ਜਾਰੀ ਰੱਖਿਆ ਜਾਵੇਗਾ ਇਸ ਮੌਕੇ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਰਵੀ ਰਾਜ ਸ਼ਰਮਾ, ਸੈਕਟਰੀ ਬਲਜਿੰਦਰ ਸਿੰਘ ਭੱਠਲ,ਵਾ.ਪ੍ਰਧਾਨ ਜਸਵੀਰ ਸਿੰਘ ਭੁੱਲਣ, ਜੁ. ਸੈਕਟਰੀ ਗੁਰਦੀਪ ਸਿੰਘ, ਕੈਸ਼ੀਅਰ ਜਸਵੀਰ ਸਿੰਘ ਤੋਂ ਇਲਾਵਾ ਬਾਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਅਵਨੀਸ਼ ਕੁਮਾਰ ਜੋਸ਼ੀ, ਸੀਨੀਅਰ ਮੈਂਬਰ ਪ੍ਰੇਮ ਪਾਲ, ਜਸਵਿੰਦਰ ਦੇਵ ਸਿੰਘ, ਜਗਵਿੰਦਰ ਅੱਜੀ, ਸਿੰਦਰ ਸੂਦ, ਗੁਰਦੀਪ ਸਿੰਘ, ਕੁਲਦੀਪ ਮੂਨਕ, ਸੋਮਨਾਥ ਗੋਇਲ, ਅਮਿਤ ਚਟਾਨੀ,ਜਗਸੀਰ ਮਲਾਣਾ, ਮਨੀਸ਼ ਗੋਇਲ ਤੇ ਅਵਤਾਰ ਸਿੰਘ ਭੰਗੂ ਤੋਂ ਇਲਾਵਾ ਹੋਰ ਵੀ ਵਕੀਲ ਸਾਹਿਬਾਨ ਮੌਜੂਦ ਸਨ।

ਵਿਆਹ ਦੇ ਪ੍ਰੋਗਰਾਮਾਂ ਦੌਰਾਨ ਠੇਕੇਦਾਰ ਸਰਕਾਰੀ ਰੇਟਾਂ ਤੋਂ ਵੱਧ ਰੇਟ ਲਗਾ ਕੇ ਲੋਕਾਂ ਦੀ ਕਰ ਰਹੇ ਨੇ ਲੁੱਟ : ਕੁਲਵਿੰਦਰ ਸਿੱਧੂ

ਸਰਦੂਲਗੜ੍ਹ, 23 ਫਰਵਰੀ (ਲਛਮਣ ਸਿੱਧੂ): ਮੈਰਿਜ ਪੈਲਸਾਂ ਵਿੱਚ ਚੱਲ ਰਹੇ ਵਿਆਹ ਪ੍ਰੋਗਰਾਮਾਂ ਦੌਰਾਨ ਸ਼ਰਾਬ ਨੂੰ ਸਰਕਾਰ ਵੱਲੋਂ ਤੈਅ ਕੀਤੇ ਰੇਟਾਂ ਤੋਂ ਡੇਢੇ ਰੇਟਾਂ ਤੇ ਵੇਚ ਕੇ ਠੇਕੇਦਾਰਾਂ ਵੱਲੋਂ ਕੀਤੀ ਜਾ ਰਹੀ ਹੈ ਲੋਕਾਂ ਦੀ ਵੱਡੀ ਪੱਧਰ ਤੇ ਲੁੱਟ ਜਾਣਕਾਰੀ ਦਿੰਦਿਆਂ ਜਿਲ੍ਹਾ ਮਾਨਸਾ ਤੋਂ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਪ੍ਰਧਾਨ ਸਾਬਕਾ ਸਰਪੰਚ ਕੁਲਵਿੰਦਰ ਸਿੰਘ ਸਿੱਧੂ ਕੋਟ ਧਰਮੂ ਨੇ ਕਿਹਾ ਕਿ ਜ਼ਿਲਾ ਮਾਨਸਾ ਵਿਚ ਚੱਲ ਰਹੇ ਵਿਆਹਾਂ ਦੇ ਪ੍ਰੋਗਰਾਮਾਂ ਵਿਚ ਸ਼ਰਾਬ ਦੇ ਠੇਕੇਦਾਰਾਂ ਵੱਲੋਂ ਵਿਆਹ ਵਾਲੇ ਲੋਕਾਂ ਤੋਂ ਸ਼ਰਾਬ ਦੇ ਸਰਕਾਰੀ ਰੇਟਾਂ ਤੋਂ ਜ਼ਿਆਦਾ ਦੁਗਣੇ ਪੈਸੇ ਲਏ ਜਾ ਰਹੇ ਹਨ। ਜੋ ਕੇ ਸ਼ਰੇਆਮ ਲੋਕਾਂ ਦੀ ਲੁੱਟ ਕੀਤੀ ਜਾ ਰਹੀ ਹੈ। ਉਨਾ ਕਿਹਾ ਕਿ ਠੇਕੇਦਾਰ ਸਰਕਾਰ ਵੱਲੋਂ ਦਿੱਤੇ ਹੁਕਮਾਂ ਨੂੰ ਸਬੰਧਤ ਵਿਭਾਗ ਦੀ ਮਿਲੀ ਭੁਗਤ ਨਾਲ ਸਰਕਾਰ ਦੇ ਨਿਯਮਾਂ ਨੂੰ ਸਿੱਕੇ ਟੰਗ ਕੇ ਲੋਕਾਂ ਦੀ ਮਜਬੂਰੀ ਦਾ ਫਾਇਦਾ ਉਠਾ ਕੇ ਉਹਨਾਂ ਦੀਆਂ ਜੇਬਾਂ ਤੇ ਡਾਕੇ ਮਾਰ ਰਹੇ ਹਨ। ਉਹਨਾਂ ਕਿਹਾ ਕਿ ਠੇਕੇਦਾਰਾਂ ਵੱਲੋਂ ਜਗ੍ਹਾ ਜਗ੍ਹਾ ਬਿਨਾਂ ਮਨਜ਼ੂਰੀ ਤੋਂ ਸ਼ਰਾਬ ਦੀਆਂ ਦੁਕਾਨਾਂ ਖੋਲੀਆਂ ਜਾ ਰਹੀਆਂ ਹਨ ਅਤੇ ਅਦਾਲਤੀ ਹੁਕਮਾਂ ਨੂੰ ਦਰ ਕਿਨਾਰ ਕਰਦੇ ਹੋਏ ਹਾਈਵੇ ਤੇ ਵੱਡੇ ਵੱਡੇ ਠੇਕੇ ਖੋਲੇ ਜਾ ਰਹੇ ਹਨ ਜੋ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਵੱਲ ਧੱਕ ਰਹੇ ਹਨ।

ਕੁਲਵਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਸਬੰਧਤ ਵਿਭਾਗ ਦੇ ਅਫਸਰਾਂ ਦੀ ਮਿਲੀ ਭੁਗਤ ਨਾਲ ਠੇਕੇਦਾਰਾਂ ਵੱਲੋਂ ਲੋਕਾਂ ਦੀ ਹੁੰਦੀ ਲੁੱਟ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਨਜਾਇਜ਼ ਸ਼ਰਾਬ ਦੀਆਂ ਦੁਕਾਨਾਂ ਨੂੰ ਬੰਦ ਕਰਾਇਆ ਜਾਵੇਗਾ । ਪਾਰਟੀ ਵੱਲੋਂ 28 ਫ਼ਰਵਰੀ ਨੂੰ ਮਾਨਸਾ ਵਿਖੇ ਇਕ ਪ੍ਰੈੱਸ ਕਾਨਫਰੰਸ ਕੀਤੀ ਜਾਵੇਗੀ ਤੇ ਮਾਨਯੋਗ ਡਿਪਟੀ ਕਮਿਸ਼ਨਰ ਮਾਨਸਾ ਨੂੰ ਮੰਗ ਪੱਤਰ ਦਿੱਤਾ ਜਾਵੇਗਾ ਤਾਂ ਜ਼ੋ ਇਸ ਲੁੱਟ ਨੂੰ ਰੋਕਿਆ ਜਾ ਸਕੇ ਇਸ ਚੱਲ ਰਹੇ ਗੋਰਖ ਧੰਦੇ ਦਾ ਪਰਦਾਫਾਸ਼ ਕੀਤਾ ਜਾ ਸਕੇ। ਇਸ ਸਬੰਧੀ ਜਦੋਂ ਜ਼ਿਲ੍ਹੇ ਦੇ ਈਟੀਓ ਰਮੇਸ਼ ਕੁਮਾਰ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਕੁਲਵਿੰਦਰ ਸਿੰਘ ਵੱਲੋਂ ਇੱਕ ਸ਼ਿਕਾਇਤ ਆਈ ਸੀ ਜਿਸ ਦਾ ਨਿਪਟਾਰਾ ਕਰ ਦਿੱਤਾ ਗਿਆ ਸੀ ਹੋਰ ਕੋਈ ਅਜਿਹਾ ਮਾਮਲਾ ਉਨਾਂ ਦੇ ਧਿਆਨ ਵਿੱਚ ਨਹੀਂ ਜੇ ਕੋਈ ਠੇਕੇਦਾਰਾਂ ਵੱਲੋਂ ਨਜਾਇਜ਼ ਵਸੂਲੀ ਕੀਤੀ ਜਾਂਦੀ ਹੈ ਤਾਂ ਸ਼ਿਕਾਇਤ ਮਿਲਣ ਤੇ ਉਹਨਾਂ ਉੱਪਰ ਬਣਦੀ ਕਾਰਵਾਈ ਕੀਤੀ ਜਾਵੇਗੀ।

"ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ 7 ਕਾਬੂ

ਧੂਰੀ, 23 ਫ਼ਰਵਰੀ (ਰਾਜੇਸ਼ਵਰ ਪਿੰਟੂ): ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਧੂਰੀ ਉਪ ਮੰਡਲ ਪੁਲਿਸ ਵੱਲੋਂ 5 ਵੱਖ-ਵੱਖ ਮੁਕੱਦਮਿਆਂ 'ਚ 7 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਜਿਲ੍ਹਾ ਪੁਲਿਸ ਮੁਖੀ ਸੰਗਰੂਰ ਸਰਤਾਜ ਸਿੰਘ ਚਾਹਲ ਨੇ ਪ੍ਰੈੱਸ ਨੂੰ ਦਿੱਤੀ ਜਾਣਕਾਰੀ 'ਚ ਦੱਸਿਆ ਕਿ ਪੁਲਿਸ ਉਪ ਮੰਡਲ ਧੂਰੀ ਅਧੀਨ ਆਉਂਦੇ ਵੱਖ-ਵੱਖ ਥਾਣਿਆਂ ਦੀ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਤੇ ਪਿੰਡਾਂ ਦੇ ਪਹਿਰੇਦਾਰ ਮੁਹਿੰਮ ਤਹਿਤ ਕਾਰਵਾਈ ਕਰਦਿਆਂ 16 ਤੋਂ 22 ਫਰਵਰੀ ਤੱਕ ਦਰਜ ਕੀਤੇ 5 ਮੁਕੱਦਮਿਆਂ 'ਚ 7 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ 37 ਗ੍ਰਾਮ ਨਸ਼ੀਲਾ ਪਦਾਰਥ ਹੈਰੋਇਨ, 14 ਬੋਤਲਾਂ ਠੇਕਾ ਸ਼ਰਾਬ ਦੇਸੀ ਤੇ 125 ਗ੍ਰਾਮ ਸੁਲਫ਼ਾ ਬਰਾਮਦ ਕੀਤਾ ਗਿਆ। ਜਦੋਂ ਕਿ ਨਸ਼ਾ ਕਰਨ ਦੇ ਆਦੀ 9 ਜਣਿਆਂ ਨੂੰ ਓਟ ਸੈਂਟਰ ਤੋਂ ਦਵਾਈ ਦੁਆਈ ਗਈ। ਉਨ੍ਹਾਂ ਦੱਸਿਆ ਕਿ ਪੁਰਾਣੇ ਮੁਕੱਦਮਿਆਂ 'ਚ ਭਗੌੜੇ ਚਲੇ ਆ ਰਹੇ 2 ਵਿਅਕਤੀਆਂ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਅਤੇ 13 ਮੁਕੱਦਮਿਆਂ ਦੀ ਤਫ਼ਤੀਸ਼ ਮੁਕੰਮਲ ਕਰਕੇ ਮੁਲਜ਼ਮਾਂ ਦੇ ਖਿਲਾਫ ਦੋਸ਼ ਪੱਤਰ ਅਦਾਲਤ 'ਚ ਪੇਸ਼ ਕੀਤੇ ਗਏ ਅਤੇ ਲੋਕਾਂ ਦੀਆਂ ਆਈਆਂ 67 ਸ਼ਿਕਾਇਤਾਂ ਦਾ ਨਿਪਟਾਰਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ਼ ਮੋਟਰ ਵਹੀਕਲ ਐਕਟ ਤਹਿਤ ਕਾਰਵਾਈ ਕਰਦਿਆਂ 1 ਵਹੀਕਲ ਬੰਦ ਕੀਤਾ ਗਿਆ ਤੇ 189 ਵਹੀਕਲਾਂ ਦੇ ਚਲਾਣ ਕੀਤੇ ਗਏ। ਜਿਲ੍ਹਾ ਪੁਲਿਸ ਮੁਖੀ ਨੇ ਨਸ਼ਾ ਵਿਰੋਧੀ ਮੁਹਿੰਮ ਦੀ ਸਫ਼ਲਤਾ ਲਈ ਲੋਕਾਂ ਨੂੰ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਵੱਖ ਵੱਖ ਥਾਵਾਂ ਤੇ ਮੋਹਤਬਰਾਂ ਨਾਲ ਮੀਟਿੰਗਾਂ ਕਰਕੇ ਆਮ ਲੋਕਾਂ ਨੂੰ ਨਸ਼ੇ ਦਾ ਧੰਦਾ ਕਰਨ ਵਾਲੇ ਸਮਗਲਰਾਂ ਬਾਰੇ ਪੁਲਿਸ ਨੂੰ ਇਤਲਾਹ ਦੇਣ ਲਈ ਵੀ ਪ੍ਰੇਰਿਤ ਕੀਤਾ ਗਿਆ।

ਮਾਤ ਭਾਸ਼ਾ ਦਿਵਸ ਮੌਕੇ ਭਾਸ਼ਣ ਮੁਕਾਬਲਿਆਂ 'ਚ ਸਰਕਾਰੀ ਸੈਕੰਡਰੀ ਸਕੂਲ ਨੇ ਮਾਰੀਆਂ ਮੱਲਾਂ

ਸ੍ਰੀ ਮੁਕਤਸਰ ਸਾਹਿਬ, 23 ਫਰਵਰੀ (ਐਚ ਐਸ ਕਪੂਰ): ਪੰਜਾਬ ਸਰਕਾਰ ਦੀ ਰਹਿਨੁਮਾਈ ਅਧੀਨ ਤੇ ਭਾਸ਼ਾ ਵਿਭਾਗ, ਪੰਜਾਬ ਦੇ ਨਿਰਦੇਸ਼ਕ ਜਸਵੰਤ ਸਿੰਘ ਜ਼ਫ਼ਰ ਦੇ ਦਿਸ਼ਾ- ਨਿਰਦੇਸ਼ਾਂ ਤਹਿਤ ਜ਼ਿਲ੍ਹਾ ਭਾਸ਼ਾ ਦਫ਼ਤਰ ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿਲ੍ਹੇ ਦੇ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਦੇ ਭਾਸ਼ਣ ਮੁਕਾਬਲੇ ਕਰਵਾਏ ਗਏ। ਜ਼ਿਲ੍ਹਾ ਭਾਸ਼ਾ ਅਫ਼ਸਰ ਮਨਜੀਤ ਪੁਰੀ ਦੀ ਅਗਵਾਈ ਹੇਠ ਬਾਵਾ ਨਿਹਾਲ ਸਿੰਘ ਬੀ.ਐੱਡ. ਕਾਲਜ ਵਿਖੇ ਕਰਵਾਏ ਗਏ ਇਸ ਸਮਾਗਮ 'ਚ ਜ਼ਿਲ੍ਹੇ ਦੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਭਾਗ ਲਿਆ। ਸਮਾਗਮ ਦੀ ਸ਼ੁਰੂਆਤ ਵਿਭਾਗੀ ਧੁਨੀ ਨਾਲ ਕੀਤੀ ਗਈ, ਜਿਸ ਵਿੱਚ ਸਾਰਿਆਂ ਨੇ ਖੜ੍ਹੇ ਹੋ ਕੇ ਪੰਜਾਬੀ ਪ੍ਰਤੀ ਸਤਿਕਾਰ ਪ੍ਰਗਟ ਕੀਤਾ। ਵਿਦਿਆਰਥੀਆਂ ਨੇ ਆਪਣੇ ਵਿਚਾਰਾਂ ਰਾਹੀਂ ਮਾਂ ਬੋਲੀ ਪੰਜਾਬੀ ਦੀ ਮਹੱਤਤਾ ਬਾਰੇ ਬੋਲਦਿਆਂ ਕਿਹਾ ਕਿ ਇਹ ਸਿਰਫ ਭਾਸ਼ਾ ਨਹੀਂ ਸਗੋਂ ਸਾਡੀ ਪਹਿਚਾਣ ਤੇ ਵਿਰਾਸਤ ਹੈ। ਸਮੂਹ ਹਾਜ਼ਰੀਨ ਨੇ ਬਹੁਤ ਹੀ ਟਿਕਵੇਂ ਮਾਹੌਲ ਵਿੱਚ ਬੱਚਿਆਂ ਨੂੰ ਬਹੁਤ ਗਹੁ ਨਾਲ ਸੁਣਿਆ। ਖੋਜ ਅਫ਼ਸਰ ਬਲਜਿੰਦਰ ਜੌੜਕੀਆਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਸ਼ਣ ਮੁਕਾਬਲਿਆਂ ਦੇ ਸਕੂਲ ਪੱਧਰ 'ਤੇ ਨਤੀਜਿਆਂ 'ਚੋਂ ਖੁਸ਼ੀ ਸ.ਸ.ਸ.ਸ. ਲੱਖੇਵਾਲੀ ਨੇ ਪਹਿਲਾ, ਪੂਜਾ ਰਾਣੀ ਸ.ਸ.ਸ.ਸ. ਕੰਨਿਆ ਸ੍ਰੀ ਮੁਕਤਸਰ ਸਾਹਿਬ ਨੇ ਦੂਸਰਾ ਸਥਾਨ ਤੇ ਸੁਖਵੀਰ ਕੌਰ ਸ.ਸ.ਸ.ਸ. ਕੰਨਿਆ ਗਿੱਦੜਬਾਹਾ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ ਤੇ ਕਾਲਜ ਪੱਧਰ ਦੇ ਮੁਕਾਬਲਿਆਂ 'ਚੋਂ ਸਿਮਰਜੀਤ ਕੌਰ ਡੀ.ਏ.ਵੀ. ਕਾਲਜ ਮਲੋਟ ਨੇ ਪਹਿਲਾ, ਸੰਦੀਪ ਕੌਰ ਐਮ.ਐਮ.ਡੀ.ਡੀ.ਏ.ਵੀ. ਕਾਲਜ ਗਿੱਦੜਬਾਹਾ ਨੇ ਦੂਜਾ ਤੇ ਸਿਮਰਨਜੀਤ ਕੌਰ ਡੀ.ਏ.ਵੀ. ਕਾਲਜ ਮਲੋਟ ਨੇ ਤੀਸਰਾ ਸਥਾਨ ਹਾਸਲ ਕੀਤਾ। ਸਮਾਗਮ ਦੇ ਦੂਸਰੇ ਸੈਸ਼ਨ ਦੌਰਾਨ ਡਾ. ਗੁਰਪ੍ਰੀਤ ਸਿੰਘ ਸਹਾਇਕ ਪ੍ਰੋ. ਮਹਾਰਾਜ ਰਣਜੀਤ ਸਿੰਘ ਪੰਜਾਬ ਸਟੇਟ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਵੱਲੋਂ ਪੰਜਾਬੀ ਮੀਡੀਆ ਗਲਤੀਆਂ ਤੇ ਸੁਧਾਰ ਵਿਸ਼ੇ 'ਤੇ ਬਹੁਤ ਵਿਸਥਾਰ ਨਾਲ ਪੀ.ਪੀ.ਟੀ. ਅਧਾਰਿਤ ਭਾਸ਼ਣ ਦਿੱਤਾ ਗਿਆ ਜੋ ਹਾਜ਼ਰ ਅਧਿਆਪਕਾਂ, ਵਿਦਿਆਰਥੀਆਂ, ਸਾਹਿਤ ਤੇ ਕਲਾ ਪ੍ਰੇਮੀਆਂ ਲਈ ਬਹੁਤ ਹੀ ਪ੍ਰੇਰਨਾ ਦਾ ਸਰੋਤ ਰਿਹਾ। ਸਮਾਗਮ ਦੇ ਅੰਤ ਵਿੱਚ ਜੱਜ ਸਾਹਿਬਾਨ ਤੇ ਬਾਹਰੋਂ ਆਈਆਂ ਸਖ਼ਸ਼ੀਅਤਾਂ ਦਾ ਭਾਸ਼ਾ ਵਿਭਾਗ ਵੱਲੋਂ ਸਨਮਾਨ ਕੀਤਾ ਗਿਆ। ਮੰਚ ਦਾ ਸੰਚਾਲਨ ਖੋਜ ਅਫ਼ਸਰ ਬਲਜਿੰਦਰ ਜੌੜਕੀਆਂ ਵੱਲੋਂ ਕੀਤਾ ਗਿਆ।

ਇਸ ਮੌਕੇ ਵਿਦਿਆਰਥੀਆਂ ਨੂੰ ਕਿਤਾਬਾਂ ਨਾਲ ਜੋੜਨ ਲਈ ਜਗਮੀਤ ਸਿੰਘ ਵੱਲੋਂ ਪੁਸਤਕ ਪ੍ਰਦਰਸ਼ਨੀ ਲਗਾਈ ਗਈ। ਜ਼ਿਲ੍ਹਾ ਸਿੱਖਿਆ ਦਫ਼ਤਰ ਸੈਕੰਡਰੀ ਸਿੱਖਿਆ ਸ੍ਰੀ ਮੁਕਤਸਰ ਸਾਹਿਬ ਵੱਲੋਂ ਗੁਰਮੇਲ ਸਿੰਘ ਸਾਗੂ ਜ਼ਿਲ੍ਹਾ ਰਿਸੋਰਸ ਕੋਆਡੀਨੇਟਰ ਨੇ ਕਿਹਾ ਕਿ ਅਸੀਂ ਮਾਂ ਬੋਲੀ ਦਾ ਦੇਣ ਕਦੇ ਵੀ ਨਹੀਂ ਦੇ ਸਕਦੇ ਤੇ ਸਾਨੂੰ ਮਾਂ ਬੋਲੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਯਤਨਸ਼ੀਲ ਰਹਿਣਾ ਚਾਹੀਦਾ ਹੈ। ਪੰਜਾਬੀ ਅਧਿਆਪਕ ਗੁਰਨਾਮ ਨੂੰ ਪੰਜਾਬੀ ਪ੍ਰਤੀ ਯੋਗਦਾਨ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਰਵਿੰਦਰ ਸਿੰਘ ਖੋਖਰ ਥਾਂਦੇਵਾਲਾ, ਭੁਪਿੰਦਰ ਕੌਰ ਮਲੋਟ, ਸਤਨਾਮ ਸਿੰਘ, ਜਸਪਾਲ ਸਿੰਘ ਪ੍ਰਬੰਧਕੀ ਨਿਰਦੇਸ਼ਕ ਤੇ ਸਮੂਹ ਸਟਾਫ ਬਾਵਾ ਨਿਹਾਲ ਸਿੰਘ ਬੀ.ਐੱਡ ਕਾਲਜ ਦੇ ਸਟਾਫ਼ ਵੱਲੋਂ ਸ਼ਮੂਲੀਅਤ ਕੀਤੀ ਗਈ। ਇਹ ਸਮਾਗਮ ਮਾਂ ਬੋਲੀ ਪ੍ਰਤੀ ਸਾਰਥਕ ਸੁਨੇਹਾ ਦੇਣ ਦੇ ਨਾਲ-ਨਾਲ ਵਿਦਿਆਰਥੀਆਂ ਅੰਦਰ ਸਾਹਿਤ ਦੀ ਚੇਟਕ ਲਾਉਣ ਵਿੱਚ ਸਫਲ ਰਿਹਾ।

ਭਾਜਪਾ ਦੇਸ਼ ਨੂੰ ਧਰਮ ਤੇ ਜਾਤੀਵਾਦ 'ਚ ਵੰਡਣ 'ਤੇ ਤੁਲੀ : ਕੁਲਵੰਤ ਰਾਏ ਸਿੰਗਲਾ

ਬੁਢਲਾਡਾ, 23 ਫਰਵਰੀ (ਜੀਵਨ ਕੁਮਾਰ): ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੀ ਸਥਾਨਕ ਇਕਾਈ ਵਲੋਂ ਸਥਾਨਕ ਸ੍ਰੀ ਹਨੂੰਮਾਨ ਮੰਦਿਰ ਵਿਖੇ ਪਾਰਟੀ ਦੇ ਨਵਨਿਯੁਕਤ ਜਿਲ੍ਹਾ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਜਿਸ ਦੌਰਾਨ ਕਾਂਗਰਸੀ ਆਗੂਆਂ ਅਤੇ ਵਰਕਰਾਂ ਦਾ ਜਨ ਸੈਲਾਬ ਉਮੜ ਉਠਿਆ। ਜਿਸ ਤੋਂ ਪ੍ਰਤੀਤ ਹੁੰਦਾ ਸੀ ਕਿ 2027 ਦਾ ਸਮਾਂ ਹੁਣ ਕਾਂਗਰਸ ਪਾਰਟੀ ਦਾ ਹੈ। ਇਸ ਮੌਕੇ ਪਾਰਟੀ ਆਗੂਆਂ ਦਾ ਕਹਿਣਾ ਸੀ ਕਿ ਨਵ ਨਿਯੁਕਤ ਜ਼ਿਲ੍ਹਾ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਜਿੱਥੇ ਸਮੁੱਚੀ ਪਾਰਟੀ ਨੂੰ ਇਕਜੁੱਟ ਕਰ ਦਿੱਤਾ ਉਥੇ ਪਾਰਟੀ ਵਰਕਰਾਂ ਵਿਚ ਨਵਾਂ ਜੋਸ਼ ਭਰ ਦਿੱਤਾ। ਉਨ੍ਹਾਂ ਜ਼ਿਲਾ ਪ੍ਰਧਾਨ ਨੂੰ ਵਿਸ਼ਵਾਸ਼ ਦਿਵਾਇਆ ਕਿ ਉਹ ਇਕਜੁੱਟ ਹੋ ਕੇ ਆਉਂਦੀਆਂ ਵਿਧਾਨ ਸਭਾ ਚੋਣਾਂ ਵਿਚ ਕਾਂਗਰਸ ਨੂੰ ਵੱਡੀ ਜਿੱਤ ਦਿਵਾਉਣਗੇ। ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲਾ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਕਾਂਗਰਸੀ ਵਰਕਰਾਂ ਨੂੰ ਅਹਿਦ ਕੀਤਾ ਕਿ ਉਹ ਪਾਰਟੀ ਦੀ ਮਜਬੂਤੀ ਲਈ ਧੜੇਬੰਦੀ ਤੋਂ ਉੱਪਰ ਉੱਠ ਇੱਕਜੁੱਟਤਾ ਨਾਲ ਕਾਰਜ ਕਰਨ ਤਾਂ ਜੋ ਹਿੰਦੁਸਤਾਨ ਵਿੱਚ ਫਿਰਕੂ ਅਤੇ ਸੰਪਰਦਾਇਕਤਾ ਫੈਲਾ ਰਹੀ ਭਾਜਪਾ ਨੂੰ ਰੋਕਿਆ ਜਾ ਸਕੇ। ਉਨਾਂ ਕਿਹਾ ਕਿ ਕਾਂਗਰਸ ਦੀ ਆਤਮਾ ਰਾਹੁਲ ਗਾਂਧੀ ਦੇਸ਼ ਨੂੰ ਮੁੜ ਤਰੱਕੀ ਦੇ ਰਾਹ 'ਤੇ ਲਿਜਾਣ ਦੇ ਨਾਲ ਨਾਲ ਭਾਈਚਾਰਕ ਸਦਭਾਵਨਾ ਪੈਦਾ ਕਰਨ ਲਈ ਜੀਅ ਤੋੜ ਯਤਨ ਕਰ ਰਹੇ ਹਨ। ਇਸ ਸੰਗਰਾਮ ਵਿੱਚ ਹਰ ਕਾਂਗਰਸੀ ਨੂੰ ਆਪਣੀ ਅਹੁਤੀ ਦੇਣੀ ਬਣਦੀ ਹੈ। ਇਸ ਮੌਕੇ ਉਨਾਂ ਰਾਹੁਲ ਗਾਂਧੀ ਦੀ ਪ੍ਰਧਾਨਗੀ ਹੇਠ 28 ਫਰਵਰੀ ਨੂੰ ਬਰਨਾਲਾ ਵਿਖੇ ਹੋਣ ਵਾਲੀ ਵਿਸ਼ਾਲ ਰੈਲੀ ਲਈ ਵਰਕਰਾਂ ਦੀ ਡਿਊਟੀਆਂ ਵੀ ਲਗਾਈਆਂ। ਅੱਜ ਦੇ ਸਮਾਗਮ ਵਿੱਚ ਕਾਂਗਰਸੀ ਵਰਕਰਾਂ ਤੋਂ ਇਲਾਵਾ ਨਗਰ ਦੀਆਂ ਵੱਖ ਵੱਖ ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਵਲੋਂ ਸਿੰਗਲਾ ਨੂੰ ਲੋਈਆਂ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਲਕੌਰ ਸਿੰਘ ਮੂਸੇਵਾਲਾ, ਸਾਬਕਾ ਪ੍ਰਧਾਨ ਅਰਸ਼ਦੀਪ ਸਿੰਘ ਮਾਈਕਲ ਗਾਗੋਵਾਲ, ਗੁਰਪ੍ਰੀਤ ਸਿੰਘ ਵਿੱਕੀ, ਚਮਕੌਰ ਸਿੰਘ ਮੂਸੇਵਾਲਾ, ਕਿਸਾਨ ਕਾਂਗਰਸ ਦੇ ਜਿਲ੍ਹਾ ਪ੍ਰਧਾਨ ਬਲਜੀਤ ਰਿਸ਼ੀ ਖੀਵਾ, ਨਗਰ ਪੰਚਾਇਤ ਭੀਖੀ ਦੇ ਸਾਬਕਾ ਪ੍ਰਧਾਨ ਵਿਨੋਦ ਸਿੰਗਲਾ, ਲਾਜਪਤ ਰਾਏ ਸ਼ਰਮਾ, ਐਡਵੋਕੇਟ ਮਨੋਜ ਸਿੰਗਲਾ ਰੋਕੀ, ਸੰਦੀਪ ਮਹਿਤਾ, ਬੀਰਇੰਦਰ ਸਿੰਘ ਧਾਲੀਵਾਲ, ਇੰਦਰਜੀਤ ਰਿਖੀ, ਸਾਬਕਾ ਸਰਪੰਚ ਧੰਨਾ ਸਿੰਘ ਸਮਾਉਂ, ਜਸਵੰਤ ਸਿੰਘ ਮੱਤੀ, ਡਾ. ਸੁਲਤਾਨ ਸ਼ਾਹ, ਧਰਮਵੀਰ ਮਿੰਟਾ, ਮੱਖਣ ਹਾਜੀ, ਰਣਜੀਤ ਸਿੰਘ ਮੋਹਰ ਸਿੰਘ ਵਾਲਾ, ਨੀਟਾ ਜੋਸ਼ੀ, ਹਰਬੰਸ ਬਾਂਸਲ, ਰਜਿੰਦਰ ਮਿੱਠੂ ਠੇਕੇਦਾਰ, ਨਰਿੰਦਰ ਜਿੰਦਲ ਡੀਸੀ, ਜਸਵੰਤ ਸ਼ਰਮਾ, ਵਿਕਾਸ ਸ਼ਰਮਾ ਵਿੱਕੀ, ਬਲਵੰਤ ਗੁਗਨੀ, ਸਾਬਕਾ ਕੌਂਸਲਰ ਇੰਦਰਜੀਤ ਸਿੰਘ, ਚਰਨਜੀਤ ਸਿੰਘ ਭੱਠਲ, ਸੁਖਦੇਵ ਮਹੰਤ, ਹਰਦੀਪ ਸਿੰਘ ਬੂਟਾ, ਪਵਨ ਮੱਤੀ, ਵਿਨੋਦ ਗਾਂਧੀ, ਅਮਨਦੀਪ ਮਿੱਤਲ, ਰਾਜੀਵ ਗਰਗ, ਵਿੱਕੀ ਮਿੱਤਲ, ਰਜਨੀਸ਼ ਸ਼ਰਮਾ ਵੀ ਹਾਜ਼ਰ ਸਨ।

ਜ਼ਮੀਨੀ ਰਿਕਾਰਡ ਦੀ ਸਾਜ਼ਿਸ਼ ਤਹਿਤ ਛੇੜਛਾੜ ਦੇ ਇਨਸਾਫ਼ ਲਈ ਭਾਕਿਯੂ ਕਾਦੀਆਂ ਵੱਲੋਂ ਸੰਘਰਸ਼ ਦਾ ਐਲਾਨ

ਬਰਨਾਲਾ, 23 ਫਰਵਰੀ (ਬਘੇਲ ਸਿੰਘ ਧਾਲੀਵਾਲ) : ਅੱਜ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦਾ ਵਫ਼ਦ ਜ਼ਿਲ੍ਹਾ ਪ੍ਰਧਾਨ ਬਰਨਾਲਾ ਜਗਸੀਰ ਸਿੰਘ ਛੀਨੀਵਾਲ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਬਰਨਾਲਾ ਨੂੰ ਮਿਲਿਆ । ਵਫ਼ਦ ਨੇ ਡਿਪਟੀ ਕਮਿਸ਼ਨਰ ਬਰਨਾਲਾ ਪਾਸੋਂ ਮੰਗ ਕੀਤੀ ਕਿ ਜ਼ਿਲ੍ਹਾ ਚੇਅਰਮੈਨ ਯਾਦਵਿੰਦਰ ਸਿੰਘ ਰਾਜਗੜ੍ਹ ਦੇ ਜ਼ਮੀਨੀ ਰਿਕਾਰਡ ਨਾਲ ਗੰਭੀਰ ਸਾਜ਼ਿਸ਼ ਤਹਿਤ ਛੇੜਛਾੜ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇੰਤਕਾਲ ਨੰਬਰ 2755 ਪਿੰਡ ਰਾਜਗੜ੍ਹ ਤਹਿਸੀਲ ਧਨੌਲਾ (ਬਰਨਾਲਾ) ਪਹਿਲਾਂ ਕਾਨੂੰਨੀ ਤੌਰ ’ਤੇ ਮਨਜ਼ੂਰ ਕੀਤਾ ਗਿਆ ਸੀ । ਪਰੰਤੂ ਬਾਅਦ ਵਿੱਚ ਵਿਭਾਗੀ ਪੱਧਰ ਤੇ ਗੰਭੀਰ ਸਾਜ਼ਿਸ਼ ਇਸ ਨੂੰ ਗੈਰ-ਕਾਨੂੰਨੀ ਅਤੇ ਬਿਨਾਂ ਢੁਕਵੇਂ ਕਾਰਨ ਮੁਤਨਾਜਾ ਦਰਜ ਕਰ ਦਿੱਤਾ ਗਿਆ । ਇਸ ਲਈ ਜਥੇਬੰਦੀ ਮੰਗ ਕਰਦੀ ਹੈ ਕਿ ਇੰਤਕਾਲ ਨੂੰ ਕਾਨੂੰਨੀ ਅਨੁਸਾਰ ਦਰੁਸਤ ਕੀਤਾ ਜਾਵੇ । ਜੋ ਅਧਿਕਾਰੀ ਇਸ ਅਪਰਾਧ ਵਿੱਚ ਸ਼ਾਮਿਲ ਹਨ। ਉਨ੍ਹਾਂ ਦੀ ਨਿਰਪੱਖ ਜਾਂਚ ਕੀਤੀ ਜਾਵੇ ਅਤੇ ਇਸ ਸਾਰੀ ਸਾਜ਼ਿਸ਼ ਵਿੱਚ ਦੋਸ਼ੀ ਪਾਏ ਗਏ ਅਧਿਕਾਰੀਆਂ ਖ਼ਿਲਾਫ਼ FIR ਦਰਜ ਕੀਤੀ ਜਾਵੇ । ਜੇਕਰ ਜ਼ਿਲ੍ਹਾ ਚੇਅਰਮੈਨ ਯਾਦਵਿੰਦਰ ਸਿੰਘ ਰਾਜਗੜ੍ਹ ਨੂੰ ਇਨਸਾਫ਼ ਨਾ ਦਿੱਤਾ ਗਿਆ ਤਾਂ ਜਥੇਬੰਦੀ ਵੱਲੋਂ ਡੀਸੀ ਕੰਪਲੈਕਸ ਬਰਨਾਲਾ ਅੱਗੇ ਧਰਨਾ ਪ੍ਰਦਰਸ਼ਨ ਸ਼ੁਰੂ ਕੀਤਾ ਜਾਵੇਗਾ । ਇਸ ਮੌਕੇ ਜ਼ਿਲ੍ਹਾ ਚੇਅਰਮੈਨ ਯਾਦਵਿੰਦਰ ਸਿੰਘ ਰਾਜਗੜ੍ਹ, ਬਲਾਕ ਪ੍ਰਧਾਨ ਜਸਵੀਰ ਸਿੰਘ ਕਾਲੇਕੇ, ਅਜੈਬ ਸਿੰਘ ਰਾਜਗੜ੍ਹ, ਸਿੰਗਾਰਾ ਸਿੰਘ ਰਾਜਗੜ੍ਹ, ਅਜੈਬ ਸਿੰਘ ਰਾਜਗੜ੍ਹ, ਗੁਰਚਰਨ ਸਿੰਘ ਆਦਿ ਹਾਜ਼ਰ ਸਨ।

ਹਲਕੇ ’ਚ ਰੈਲੀ ਸਬੰਧੀ ਕੀਤੀਆਂ ਜਾ ਰਹੀਆਂ ਨੇ ਮੀਟਿੰਗਾਂ

15 ਮਾਰਚ ਨੂੰ ਅਕਾਲੀ ਦਲ ਦੀ ਰੈਲੀ ਨੂੰ ਸਫਲ ਬਣਾਉਣ ਲਈ ਵਰਕਰ ਦਿਨ-ਰਾਤ ਇਕ ਕਰ ਦੇਣਗੇ : ਐਡਵੋਕੇਟ ਰਾਹੀ

ਤਪਾ ਮੰਡੀ, 23 ਫਰਵਰੀ (ਰਾਜੂ ਮਹਿਰਾ) : 15 ਮਾਰਚ ਨੂੰ ਨਜ਼ਦੀਕੀ ਪਿੰਡ ਤਾਜੋਕੇ ਦੇ ਸਟੇਡੀਅਮ ਵਿਖੇ ਅਕਾਲੀ ਦਲ ਦੀ ‘ਪੰਜਾਬ ਬਚਾਓ ਸੁਖਬੀਰ ਬਾਦਲ ਲਿਆਓ’ ਤਹਿਤ ਹੋ ਰਹੀ ਵਿਸ਼ਾਲ ਰੈਲੀ ਨੂੰ ਸਫਲ ਬਣਾਉਣ ਲਈ ਸ਼੍ਰੋਮਣੀ ਅਕਾਲੀ ਦਲ ਹਲਕਾ ਭਦੌੜ ਦੇ ਇੰਚਾਰਜ ਐਡਵੋਕੇਟ ਸਤਨਾਮ ਸਿੰਘ ਰਾਹੀ ਵੱਲੋਂ ਵਰਕਰਾਂ ਨਾਲ ਮੀਟਿੰਗਾਂ ਦਾ ਦੌਰ ਨਿਰਵਿਘਨ ਜਾਰੀ ਹੈ। ਇਸੇ ਲੜੀ ਤਹਿਤ ਐਡਵੋਕੇਟ ਸਤਨਾਮ ਸਿੰਘ ਰਾਹੀ ਵੱਲੋਂ ਸਮੂਹ ਵਰਕਰਾਂ ਨਾਲ ਇੱਕ ਮੀਟਿੰਗ ਤਪਾ ਦੀ ਅਗਰਵਾਲ ਧਰਮਸ਼ਾਲਾ ਵਿਖੇ ਕੀਤੀ ਗਈ। ਮੀਟਿੰਗ ਦੌਰਾਨ ਉਹਨਾਂ ਸਮੂਹ ਵਰਕਰਾਂ ਦੀਆਂ ਡਿਊਟੀਆਂ ਵੀ ਲਾਈਆਂ ਤਾਂ ਕਿ ਉਹ ਇਸ ਰੈਲੀ ਨੂੰ ਕਾਮਯਾਬ ਕਰਨ ਲਈ ਤਨਦੇਹੀ ਨਾਲ ਕੰਮ ਕਰਨ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਐਡਵੋਕੇਟ ਸਤਰਾਮ ਸਿੰਘ ਰਾਹੀ ਨੇ ਕਿਹਾ ਰੈਲੀ ਨੂੰ ਲੈ ਕੇ ਪਾਰਟੀ ਦੇ ਆਗੂ ਤੇ ਵਰਕਰ ਦਿਨ ਰਾਤ ਇਕ ਕਰ ਦੇਣਗੇ ਅਤੇ ਇਸ ਰੈਲੀ ਸੰਬੰਧੀ ਹਲਕੇ ’ਚ ਪਿੰਡ-ਪਿੰਡ ਮੀਟਿੰਗਾਂ ਕਰਕੇ ਰੈਲੀ ਸੰਬੰਧੀ ਲੋਕਾਂ ਨੂੰ ਲਾਮਬੱਧ ਕੀਤਾ ਜਾ ਰਿਹਾ ਹੈ, ਜਿਸ ਲਈ ਲੋਕਾਂ ਵਿਚ ਇਸ ਸੰਬੰਧੀ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਇਸ ਮੌਕੇ ਸ਼ਹਿਰੀ ਪ੍ਰਧਾਨ ਲੱਕੀ ਭੱਟਾ, ਉਗਰ ਸੈਨ ਮੌੜ, ਮਾਸਟਰ ਪ੍ਰੇਮ ਨਾਥ, ਹਰਜਿੰਦਰ ਸਿੰਘ ਪਾਲੀ, ਸਾਬਕਾ ਕੌਂਸਲਰ ਗੁਰਮੀਤ ਸਿੰਘ ਰੋੜ, ਗੁਲਾਬ ਕਾਲਾ, ਪਰਮਿੰਦਰ ਚੱਠਾ, ਗੁਲਾਬ ਸਿੰਘ ਸਿੱਧੂ, ਰਾਕੇਸ਼ ਕੁਮਾਰ ਟੋਨਾ, ਜੁਗਰਾਜ ਸਿੰਘ, ਸਾਬਕਾ ਕੌਂਸਲਰ ਟੀਟੂ ਦੀਕਸ਼ਿਤ, ਬਿੱਟੂ ਬਰਾੜ, ਗੁਰਬਿੰਦਰ ਸਿੰਘ ਬਾਸੀ,ਗੋਗੀ ਮਹੰਤ,ਮਹੰਤ ਰਘਬੀਰ ਦਾਸ, ਮੋਹਿਤ ਮੇਸ਼ੀ, ਸੋਨੂ ਮੱਲੀ, ਸੁਰਿੰਦਰ ਖਟਰ,ਅਮਰਜੀਤ ਸਿੰਘ ਧਰਮਸੋਤ, ਬੇਅੰਤ ਮਾਂਗਟ, ਜੱਗੀ ਧਨੋਆ,ਨੱਥੂ ਰਾਮ, ਵਿਨੋਦ ਕਾਲਾ, ਜੋਨੀ, ਐਸ. ਕੁਮਾਰ, ਚਰਨਜੀਤ ਪੁਰਬਾ, ਸੁਰਜੀਤ ਸਿੰਘ ਪੁਰਬਾ, ਗੁਰਮੇਲ ਸਿੰਘ, ਸੰਦੀਪ ਧੋਲਾ, ਉਮੇਸ਼ ਕੁਮਾਰ ਰਾਜੂ ਮਿੱਤਲ, ਕ੍ਰਿਸ਼ਨ,ਬਲਰਾਜ ਸਿੰਘ ਆਦਿ ਅਕਾਲੀ ਵਰਕਰ ਸ਼ਾਮਿਲ ਸਨ।

ਪੰਜਾਬ ਟਰੇਡ ਕਮਿਸ਼ਨ ਵੱਲੋਂ ਵਪਾਰੀਆਂ ਦੇ ਕੰਮਕਾਜ ਨੂੰ ਸੁਚਾਰੂ ਬਣਾਉਣ ਲਈ ਵਪਾਰੀਆਂ ਨਾਲ ਮੀਟਿੰਗ

ਮੀਟਿੰਗ ਦੌਰਾਨ ਲੇਬਰ ਵਿਭਾਗ ਦੇ ਅਧਿਕਾਰੀ ਰਹੇ ਗ਼ੈਰ ਹਾਜ਼ਰ

ਤਪਾ ਮੰਡੀ,23 ਫਰਵਰੀ (ਰਾਜੂ ਮਹਿਰਾ) : ਸੂਬਾ ਸਰਕਾਰ ਨੇ ਵਪਾਰੀ ਭਾਈਚਾਰੇ ਨੂੰ ਮਜ਼ਬੂਤ ਕਰਨ ਅਤੇ ਛੋਟੇ ਵਪਾਰੀਆਂ, ਦੁਕਾਨਦਾਰਾਂ ਤੇ ਉੱਦਮੀਆਂ ਲਈ ਕਾਰੋਬਾਰੀ ਪ੍ਰਕਿਰਿਆਵਾਂ ਨੂੰ ਸਰਲ ਬਣਾਉਣ ਦੇ ਉਦੇਸ਼ ਨਾਲ ਪੰਜਾਬ ਟਰੇਡ ਕਮਿਸ਼ਨ ਦੇ ਗਠਨ ਦਾ ਐਲਾਨ ਕੀਤਾ ਹੈ, ਜਿਸਦੇ ਤਹਿਤ ਅੱਜ ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਹਲਕਾ ਭਦੌੜ ਦੇ ਚੇਅਰਮੈਨ ਮਨੀਸ਼ ਗਰਗ ਅਤੇ ਮੈਂਬਰ ਰਵੀ ਮੌੜ ਦੀ ਅਗਵਾਈ @ਚ ਅਗਰਵਾਲ ਧਰਮਸ਼ਾਲਾ ਤਪਾ ਵਿਖੇ ਇਲਾਕੇ ਦੇ ਵਪਾਰੀਆਂ ਅਤੇ ਕਾਰੋਬਾਰੀਆਂ ਨਾਲ ਤਾਲਮੇਲ ਕਮੇਟੀ ਦੀ ਮੀਟਿੰਗ ਕੀਤੀ।ਮੀਟਿੰਗ ਦੌਰਾਨ ਵਪਾਰੀਆਂ ਨਾਲ ਗੱਲ ਕਰਦਿਆਂ ਈ.ਟੀ.ਓ ਸੁਨੀਲ ਗੋਇਲ ਨੇ ਕਿਹਾ ਕਿ ਕਮਿਸ਼ਨ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਵਪਾਰੀਆਂ ਨੂੰ ਰੁਟੀਨ ਦੀਆਂ ਪ੍ਰਵਾਨਗੀਆਂ, ਵਿਭਾਗੀ ਕਲੀਅਰੈਂਸ ਅਤੇ ਰੋਜ਼ਾਨਾ ਕਾਰੋਬਾਰੀ ਕੰਮਾਂ ਲਈ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ। ਉਨ੍ਹਾਂ ਕਿਹਾ ਕਿ ਸਾਲਾਂ ਤੋਂ ਛੋਟੇ ਵਪਾਰੀਆਂ ਅਤੇ ਦੁਕਾਨਦਾਰਾਂ ਨੂੰ ਮਾਮੂਲੀ ਮੁੱਦਿਆਂ ਲਈ ਵੀ ਕਈ ਦਫ਼ਤਰਾਂ ਵਿਚਾਲੇ ਭੱਜ-ਦੌੜ ਕਰਕੇ ਆਪਣਾ ਕੀਮਤੀ ਸਮਾਂ ਬਰਬਾਦ ਕਰਨ ਲਈ ਮਜਬੂਰ ਕੀਤਾ ਜਾਂਦਾ ਸੀ ਅਤੇ ਮੌਜੂਦਾ ਸਰਕਾਰ ਇਸ ਨੂੰ ਬਦਲਣ ਲਈ ਦ੍ਰਿੜ ਹੈ। ਮੀਟਿੰਗ ਦੌਰਾਨ ਟਰੇਡ ਕਮਿਸ਼ਨ ਦੇ ਨੁਮਾਇੰਦਿਆਂ ਨੇ ਕਿਹਾ ਕਿ ਵਪਾਰੀ ਅਤੇ ਛੋਟੇ ਕਾਰੋਬਾਰ ਸੂਬੇ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ। ਪੰਜਾਬ ਟਰੇਡ ਕਮਿਸ਼ਨ ਵਪਾਰੀ ਭਾਈਚਾਰੇ ਦੇ ਸਮੇਂ, ਮਿਹਨਤ ਅਤੇ ਪੈਸੇ ਦੀ ਬਚਤ ਕਰਨ ਲਈ ਇਕ ਸਮਰਪਿਤ ਪਲੇਟਫਾਰਮ ਵਜੋਂ ਕੰਮ ਕਰੇਗਾ।ਇਸ ਮੀਟਿੰਗ ਦੌਰਾਨ ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੀ ਕਾਰਜਪ੍ਰਣਾਲੀ ਅਤੇ ਵਪਾਰੀਆਂ ਦੀ ਸਹੂਲਤ ਲਈ ਵਿਭਾਗ ਵਲੋਂ ਚਲਾਈਆਂ ਜਾ ਰਹੀਆਂ ਯੋਜਨਾਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਮੀਟਿੰਗ ਮੌਕੇ ਲੇਬਰ ਵਿਭਾਗ ਦੇ ਅਧਿਕਾਰੀ ਗੈਰ ਹਾਜ਼ਰ ਰਹੇ। ਮੀਟਿੰਗ ਦੌਰਾਨ ਵੱਖ-ਵੱਖ ਵਪਾਰ ਮੰਡਲਾਂ, ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨੇ ਭਾਗ ਲਿਆ। ਇਸ ਮੌਕੇ ਪ੍ਰਸ਼ਾਸਨ ਵਲੋਂ ਡੀ.ਐਸ.ਪੀ ਗੁਰਪ੍ਰੀਤ ਸਿੰਘ ਸਿੱਧੂ, ਥਾਣਾ ਮੁਖੀ ਸ਼ਰੀਫ ਖਾਨ, ਸਿਟੀ ਇੰਚਾਰਜ ਬਲਜੀਤ ਸਿੰਘ ਢਿੱਲੋਂ, ਫੂਡ ਸਪਲਾਈ ਇੰਸਪੈਕਟਰ ਮੋਹਿਤ ਗੋਇਲ, ਜੀਐਸਟੀ ਵਿਭਾਗ ਦੇ ਅਮਨਦੀਪ ਗਾਂਧੀ,ਈ.ਟੀ.ਓ ਜਸਵਿੰਦਰ ਸਿੰਘ ਸਮੇਤ ਵੱਖ-ਵੱਖ ਵਪਾਰ ਸੰਗਠਨਾਂ ਦੇ ਨੁਮਾਇੰਦੇ ਤੇਲੂ ਰਾਮ, ਅਸ਼ੋਕ ਘੜੇਲਾ, ਸਿਕੰਦਰ ਸਿੰਘ, ਸੰਦੀਪ ਭੈਣੀ,ਪਵਨ ਅਰੋੜਾ, ਸੰਜੀਵ ਕੁਮਾਰ ਟਾਂਡਾ, ਡਾ: ਟਿੰਕਲ ਬਾਂਸਲ, ਕੇਸਪਾਲ ਗੋਇਲ, ਡਾਕਟਰ ਧਰਮਿੰਦਰ ਸਿੰਘ, ਮੋਹਨ ਲਾਲ ਗੋਗਾ, ਹਰੀਸ਼ ਚੰਦਰ ਗੋਸ਼ਾ, ਅਸ਼ੋਕ ਸਿੰਗਲਾ, ਮੱਖਣ ਸਿੰਗਲਾ, ਰਾਹੁਲ ਮਹਿਤਾ, ਨੀਤਨ ਕੁਮਾਰ, ਮੰਗੂ ਮੌੜ,ਵਿਜੇ ਧੂਰਕੋਟੀਆਂ ਆਦਿ ਤੋਂ ਇਲਾਵਾ ਪੰਜਾਬ ਟਰੇਡ ਕਮਿਸ਼ਨ ਦੇ ਸਮੂਹ ਮੈਂਬਰ ਹਾਜ਼ਰ ਸਨ।

ਵਾਈ.ਐਸ. ਕਾਲਜ ਦੇ ਅਧਿਆਪਕਾਂ ਨੇ ਏ.ਆਈ.ਸੀ.ਟੀ.ਈ ਵੱਲੋਂ ਲਗਾਏ ਯੂਨੀਵਰਸਲ ਹਿਊਮਨ ਵੈਲਿਊਜ਼ ਵਰਕਸ਼ਾਪ ਵਿੱਚ ਲਿਆ ਹਿੱਸਾ

ਬਰਨਾਲਾ, 23 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਵਾਈ.ਐਸ ਕਾਲਜ ਨੂੰ ਮੋਸਟ ਇਮਰਜਿੰਗ ਹਾਈਐਸਟ ਇੰਸਟੀਚਿਊਟ ਆਫ ਦ ਯੀਅਰ ਦੇ ਸਨਮਾਨ ਨਾਲ ਨਿਵਾਜਿਆ ਗਿਆ ਹੈ, ਜੋ ਇਸ ਦੀ ਅਕਾਦਮਿਕ ਉਤਕ੍ਰਿਸ਼ਟਤਾ ਅਤੇ ਸਰਵਾਂਗੀਣ ਵਿਕਾਸ ਦੀ ਯਾਤਰਾ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ। ਮੁੱਲ-ਆਧਾਰਿਤ ਸਿੱਖਿਆ ਅਤੇ ਸਮੁੱਗਰੀ ਅਕਾਦਮਿਕ ਨੇਤ੍ਰਿਤਵ ਪ੍ਰਤੀ ਆਪਣੀ ਦ੍ਰਿੜ ਵਚਨਬੱਧਤਾ ਨੂੰ ਮਜ਼ਬੂਤ ਕਰਦਿਆਂ, ਵਾਈ.ਐਸ ਕਾਲਜ ਗਰਵ ਨਾਲ ਘੋਸ਼ਣਾ ਕਰਦਾ ਹੈ ਕਿ ਡਾ. ਗੁਰਪਾਲ ਸਿੰਘ ਰਾਣਾ (ਪ੍ਰਿੰਸੀਪਲ) ਅਤੇ ਦਿਪੇਸ਼ ਕੁਮਾਰ (ਮੁੱਖੀ, ਬੀਸੀਏ ਵਿਭਾਗ) ਨੇ ਏ.ਆਈ.ਸੀ.ਟੀ.ਈ ਵੱਲੋਂ ਲਾਜ਼ਮੀ ਤਿੰਨ ਦਿਨਾਂ ਯੂਨੀਵਰਸਲ ਹਿਊਮਨ ਵੈਲਿਊਜ਼ ਵਰਕਸ਼ਾਪ ਵਿੱਚ ਸਰਗਰਮ ਭਾਗ ਲਿਆ। ਇਹ ਵਰਕਸ਼ਾਪ 19 ਮਾਰਚ ਤੋਂ 21 ਮਾਰਚ ਤੱਕ ਐਮਆਰਐਸਪੀਟਿਊ ਵਿੱਚ ਆਯੋਜਿਤ ਕੀਤੀ ਗਈ, ਜਿਸ ਵਿੱਚ ਖੇਤਰ ਦੀਆਂ ਵੱਖ-ਵੱਖ ਕਾਲਜਾਂ ਅਤੇ ਯੂਨੀਵਰਸਿਟੀਆਂ ਤੋਂ 120 ਤੋਂ ਵੱਧ ਪ੍ਰੋਫੈਸਰਾਂ ਅਤੇ ਅਕਾਦਮਿਕ ਨੇਤਾਵਾਂ ਨੇ ਹਿੱਸਾ ਲਿਆ। ਉਦਘਾਟਨ ਸਮਾਰੋਹ ਵਿੱਚ ਪ੍ਰਸਿੱਧ ਵਿਦਵਾਨਾਂ ਅਤੇ ਪ੍ਰਸ਼ਾਸਕਾਂ ਨੇ ਸ਼ਿਰਕਤ ਕੀਤੀ। ਐਮਆਰਐਸਪੀਟਿਊ ਦੇ ਵਾਈਸ ਚਾਂਸਲਰ ਨੇ ਸਮਾਰੋਹ ਦੀ ਅਧਿਆਕਸ਼ਤਾ ਕੀਤੀ। ਉਨ੍ਹਾਂ ਦੇ ਨਾਲ ਕੰਟਰੋਲਰ ਆਫ ਏਗਜ਼ਾਮਿਨੇਸ਼ਨ, ਡਾਇਰੈਕਟਰ ਕਾਲਜ ਡਿਵੈਲਪਮੈਂਟ ਕੌਂਸਲ, ਡਾਇਰੈਕਟਰ ਸਕਿਲ ਡਿਵੈਲਪਮੈਂਟ, ਗਿਆਨੀ ਜ਼ੈਲ ਸਿੰਘ ਕਾਲਜ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਦੇ ਡਾਇਰੈਕਟਰ, ਰਜਿਸਟਰਾਰ ਐਮਆਰਐਸਪੀਟਿਊ ਅਤੇ ਸੈਂਟਰਲ ਯੂਨੀਵਰਸਿਟੀ ਆਫ ਪੰਜਾਬ ਦੇ ਰਜਿਸਟਰਾਰ ਨੇ ਮਹਿਮਾਨ-ਏ-ਖ਼ਾਸ ਵਜੋਂ ਸ਼ਮੂਲੀਅਤ ਕੀਤੀ। ਮੁੱਖ ਅਤਿਥੀ ਡਾ. ਰਜਨੀਸ਼ ਅਰੋੜਾ, ਸਾਬਕਾ ਵਾਈਸ ਚਾਂਸਲਰ, ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਸਨ, ਜਿਨ੍ਹਾਂ ਨੇ ਤਕਨੀਕੀ ਅਤੇ ਪੇਸ਼ੇਵਰ ਸਿੱਖਿਆ ਵਿੱਚ ਮਨੁੱਖੀ ਮੁੱਲਾਂ ਦੇ ਸਮਾਵੇਸ਼ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ। ਵਰਕਸ਼ਾਪ ਦਾ ਕੇਂਦਰ ਬਿੰਦੂ ਆਤਮ-ਅਨੁਸੰਧਾਨ, ਨੈਤਿਕ ਦੱਖਲਤਾ, ਸਹਜ ਅਤੇ ਸਾਂਝੀ ਜੀਵਨ ਸ਼ੈਲੀ ਅਤੇ ਮੁੱਲ-ਆਧਾਰਿਤ ਸੰਸਥਾਗਤ ਅਭਿਆਸਾਂ ਨੂੰ ਪ੍ਰੋਤਸਾਹਿਤ ਕਰਨਾ ਸੀ, ਜੋ ਏ.ਆਈ.ਸੀ.ਟੀ.ਈ ਦੇ ਉੱਚ ਸਿੱਖਿਆ ਨੂੰ ਬੌਧਿਕ ਉਤਕ੍ਰਿਸ਼ਟਤਾ ਦੇ ਨਾਲ-ਨਾਲ ਮਨੁੱਖੀ ਸੰਵੇਦਨਾ ਨਾਲ ਜੋੜਨ ਦੇ ਵਿਜ਼ਨ ਨਾਲ ਸੰਗਤ ਰੱਖਦਾ ਹੈ। ਡਾਇਰੈਕਟਰ ਵਰੁਣ ਭਾਰਤੀ ਨੇ ਕਾਲਜ ਦੀ ਪ੍ਰਾਪਤੀ ਅਤੇ ਵਰਕਸ਼ਾਪ ਵਿੱਚ ਭਾਗੀਦਾਰੀ ’ਤੇ ਗਰਵ ਪ੍ਰਗਟ ਕੀਤਾ। ਉਨ੍ਹਾਂ ਨੇ ਕਿਹਾ ਕਿ ਇਹ ਸਨਮਾਨ ਵਿਦਿਆਰਥੀਆਂ, ਫੈਕਲਟੀ ਅਤੇ ਪ੍ਰਬੰਧਕ ਮੰਡਲ ਦੀ ਸਾਂਝੀ ਮਹਨਤ ਦਾ ਨਤੀਜਾ ਹੈ। ਡਾ. ਗੁਰਪਾਲ ਸਿੰਘ ਰਾਣਾ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਪਹਿਲਕਦਮੀਆਂ ਉੱਚ ਸਿੱਖਿਆ ਨੂੰ ਚਰਿਤਰ ਨਿਰਮਾਣ ਅਤੇ ਜ਼ਿੰਮੇਵਾਰ ਨਾਗਰਿਕਤਾ ਵੱਲ ਮੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

ਵਿਵੇਕ ਕੁਮਾਰ ਮੋਦੀ ਨੇ ਵਧੀਕ ਡਿਪਟੀ ਕਮਿਸ਼ਨਰ (ਜ) ਵਜੋਂ ਅਹੁਦਾ ਸੰਭਾਲਿਆ

ਬਰਨਾਲਾ, 23 ਫਰਵਰੀ (ਬਘੇਲ ਸਿੰਘ ਧਾਲੀਵਾਲ) : 2022 ਬੈਚ ਦੇ ਨੌਜਵਾਨ ਆਈ.ਏ.ਐੱਸ. ਅਧਿਕਾਰੀ ਸ੍ਰੀ ਵਿਵੇਕ ਕੁਮਾਰ ਮੋਦੀ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਬਰਨਾਲਾ ਵਜੋਂ ਆਪਣਾ ਚਾਰਜ ਸੰਭਾਲ ਲਿਆ ਹੈ। ਜ਼ਿਕਰਯੋਗ ਹੈ ਕਿ ਇਸ ਅਹਿਮ ਜ਼ਿੰਮੇਵਾਰੀ ਤੋਂ ਪਹਿਲਾਂ ਉਹ ਉਪ ਮੰਡਲ ਮੈਜਿਸਟ੍ਰੇਟ ਆਦਮਪੁਰ ਵਜੋਂ ਆਪਣੀਆਂ ਪ੍ਰਸ਼ਾਸਨਿਕ ਸੇਵਾਵਾਂ ਨਿਭਾ ਰਹੇ ਸਨ। ਸ੍ਰੀ ਵਿਵੇਕ ਕੁਮਾਰ ਮੋਦੀ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਸ੍ਰੀ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਵਾਸੀਆਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਨਿਰਵਿਘਨ ਪ੍ਰਸ਼ਾਸਨਿਕ ਸੇਵਾਵਾਂ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਰਹੇਗੀ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਨੂੰ ਜ਼ਿਲ੍ਹੇ ਵਿੱਚ ਜ਼ਮੀਨੀ ਪੱਧਰ ’ਤੇ ਸੁਚਾਰੂ ਢੰਗ ਨਾਲ ਲਾਗੂ ਕੀਤਾ ਜਾਵੇਗਾ ਤਾਂ ਜੋ ਹਰ ਇੱਕ ਯੋਗ ਲਾਭਪਾਤਰੀ ਤੱਕ ਇਸ ਦਾ ਬਣਦਾ ਲਾਭ ਪਹੁੰਚ ਸਕੇ।

ਐਲ.ਬੀ.ਐਸ. ਕਾਲਜ ਵਿਖੇ ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ ਮਨਾਇਆ

ਬਰਨਾਲਾ , 23 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ ਸ਼੍ਰੀ ਲਾਲ ਬਹਾਦਰ ਸ਼ਾਸਤਰੀ ਆਰੀਆ ਮਹਿਲਾ ਕਾਲਜ ਬਰਨਾਲਾ ਵਿਖੇ ਪੋਸਟ ਗਰੈਜੂਏਟ ਪੰਜਾਬੀ ਵਿਭਾਗ ਵੱਲੋਂ ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ ਮਨਾਇਆ ਗਿਆ । ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ.ਸੁਸ਼ੀਲ ਬਾਲਾ ਉਚੇਚੇ ਤੌਰ ’ਤੇ ਪਹੁੰਚੇ। ਪੰਜਾਬੀ ਵਿਭਾਗ ਵੱਲੋਂ ਉਨ੍ਹਾਂ ਨੂੰ ‘ਜੀ ਆਇਆ’ ਆਖਦਿਆਂ ਹਰਾ ਭਰਾ ਪੌਦਾ ਭੇਟ ਕੀਤਾ। ਡਾ. ਸੁਸ਼ੀਲ ਨੇ ਅੰਤਰਾਸ਼ਟਰੀ ਭਾਸ਼ਾ ਦਿਵਸ ਮੌਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਮਾਤ ਭਾਸ਼ਾ ਦਿਵਸ ਦੀਆਂ ਵਧਾਈ ਦਿੱਤੀ ਅਤੇ ਆਪਣੀ ਮਾਤ ਭਾਸ਼ਾ ਨੂੰ ਪਿਆਰ ਕਰਨਾ ਅਤੇ ਇਸ ਲਈ ਕਾਰਜ ਕਰਨ ਲਈ ਪ੍ਰੇਰਿਆ । ਪ੍ਰੋਗਰਾਮ ਦਾ ਆਰੰਭ ਵਿਭਾਗ ਦੇ ਮੁਖੀ ਡਾ. ਜਸਵਿੰਦਰ ਵੱਲੋਂ ਕਰਦਿਆਂ ਅੰਤਰਰਾਸ਼ਟਰੀ ਭਾਸ਼ਾ ਦੇ ਇਤਿਹਾਸ ਅਤੇ ਮਹੱਤਵ ਬਾਰੇ ਵਿਸ਼ੇਸ਼ ਚਰਚਾ ਕੀਤੀ । ਇਸ ਮੌਕੇ ਵਿਭਾਗ ਵੱਲੋਂ ਅੰਤਰਾਸ਼ਟਰੀ ਮਾਤ ਭਾਸ਼ਾ ਵਿਸ਼ੇ ’ਤੇ ਲੈਕਚਰ ਕਰਵਾਇਆ ਗਿਆ। ਇਸ ਮੌਕੇ ’ਤੇ ਡਾ. ਜਸਵੀਰ, ਜਿਨ੍ਹਾਂ ਨੇ ਅੰਤਰਰਾਸ਼ਟਰੀ ਭਾਸ਼ਾ ਦਿਵਸ ਦੇ ਇਤਿਹਾਸ ਅਤੇ ਵਰਤਮਾਨ ਦੌਰ ਵਿੱਚ ਪੰਜਾਬੀ ‘ਭਾਸ਼ਾ ਦਾ ਭਵਿੱਖ ਅਤੇ ਸੰਭਾਵਨਾਵਾਂ’ ਬਾਰੇ ਵਿਸਥਾਰ ਪੂਰਵਕ ਚਰਚਾ ਕੀਤੀ ।ਇਸ ਮੌਕੇ ’ਤੇ ਪੰਜਾਬੀ ਵਿਭਾਗ ਦੇ ਡਾ. ਕਿਰਨਪਾਲ ਵੱਲੋਂ ਵਰਤਮਾਨ ਦੌਰ ਵਿੱਚ ਮਾਤ ਭਾਸ਼ਾਵਾਂ ਦਾ ਸਥਾਨ ਅਤੇ ਸਮੱਸਿਆਵਾਂ ਬਾਰੇ ਚਰਚਾ ਕੀਤੀ । ਮੈਡਮ ਵੀਰਪਾਲ ਵੱਲੋਂ ਇਸ ਮੌਕੇ ਤੇ ਕਵਿਤਾ ਪੜੀ ਗਈ। ਇਸ ਮੌਕੇ ਉੱਤੇ ਬਹੁ ਗਿਣਤੀ ਵਿਦਿਆਰਥੀ ਅਤੇ ਅਧਿਆਪਕ ਸ਼ਾਮਿਲ ਹੋਏ ।ਇਸ ਮੌਕੇ ਤੇ ਇੰਗਲਿਸ਼ ਵਿਭਾਗ ਤੋਂ ਮੈਡਮ ਦਿਲਪ੍ਰੀਤ ਮੈਡਮ ਰਿੰਪੀ ਭਾਰਦਵਾਜ ਹਾਜ਼ਰ ਸਨ। ਮੰਚ ਸੰਚਾਲਨ ਦਾ ਕਾਰਜ ਡਾ. ਜਸਵਿੰਦਰ ਨੇ ਬਾਖੂਬੀ ਨਿਭਾਇਆ।

ਜ਼ਿਲ੍ਹੇ ਵਿੱਚ ਜਨਗਣਨਾ ਦੇ ਕੰਮਾਂ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਟ੍ਰੇਨਿੰਗ ਪ੍ਰੋਗਰਾਮ

ਬਰਨਾਲਾ, 23 ਫਰਵਰੀ (ਬਘੇਲ ਸਿੰਘ ਧਾਲੀਵਾਲ) : ਡਾਇਰੈਕਟਰ, ਡਾਇਰੈਕਟੋਰੇਟ ਆਫ ਸੈਂਸਸ ਆਪਰੇਸ਼ਨਜ਼, ਪੰਜਾਬ ਦੀਆਂ ਹਦਾਇਤਾਂ ਤਹਿਤ ਜ਼ਿਲ੍ਹੇ ਵਿੱਚ ਜਨਗਣਨਾ ਦੇ ਕੰਮਾਂ ਨੂੰ ਸੁਚਾਰੂ ਅਤੇ ਤਕਨੀਕੀ ਢੰਗ ਨਾਲ ਮੁਕੰਮਲ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ ਵੱਲੋਂ ਗਤੀਵਿਧੀਆਂ ਜਾਰੀ ਹਨ। ਇਸੇ ਲੜੀ ਤਹਿਤ ਡਿਪਟੀ ਕਮਿਸ਼ਨਰ -ਕਮ-ਪ੍ਰਿੰਸੀਪਲ ਜਨਗਣਨਾ ਅਫ਼ਸਰ, ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਰਨਾਲਾ ਵਿਖੇ ਜ਼ਿਲ੍ਹੇ ਦੇ ਸਮੂਹ ਚਾਰਜ ਅਫ਼ਸਰਾਂ ਅਤੇ ਟੈਕਨੀਕਲ ਸਟਾਫ਼ ਲਈ ਇੱਕ ਵਿਸ਼ੇਸ਼ ਟ੍ਰੇਨਿੰਗ ਪ੍ਰੋਗਰਾਮ ਕਰਵਾਇਆ ਗਿਆ। ਇਸ ਟ੍ਰੇਨਿੰਗ ਦਾ ਮੁੱਖ ਮਕਸਦ ਜਨਗਣਨਾ ਪ੍ਰਕਿਰਿਆ ਨੂੰ ਤਕਨੀਕੀ ਤੌਰ @ਤੇ ਬਿਨਾਂ ਕਿਸੇ ਤਰੁਟੀ ਦੇ ਸਮੇਂ ਸਿਰ ਨੇਪਰੇ ਚਾੜ੍ਹਨਾ ਹੈ। ਇਸ ਸਬੰਧੀ ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਜ਼ਿਲ੍ਹਾ ਸੈਂਸਸ ਅਫ਼ਸਰ ਸ੍ਰੀ ਵਿਵੇਕ ਕੁਮਾਰ ਮੋਦੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਨਗਣਨਾ ਦੇ ਕੰਮਾਂ ਸਬੰਧੀ ਸੀ.ਐਮ.ਐਮ.ਐਸ ਪੋਰਟਲ ਅਤੇ ਐਚ.ਐਲ.ਬੀ.ਸੀ ਵੈੱਬ ਪੋਰਟਲ ਬਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਵਿਸਥਾਰ ਪੂਰਵਕ ਟ੍ਰੇਨਿੰਗ ਦਿੱਤੀ ਗਈ। ਇਸ ਟ੍ਰੇਨਿੰਗ ਪ੍ਰੋਗਰਾਮ ਵਿੱਚ ਜ਼ਿਲ੍ਹੇ ਦੇ ਸਮੂਹ ਜਨਗਣਨਾ ਨਾਲ ਸਬੰਧਿਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਭਾਗ ਲਿਆ।

ਪ੍ਰਧਾਨ ਮੰਤਰੀ ਆਵਾਸ ਯੋਜਨਾ ਤੋਂ ਲਾਭ ਲੈਣਾ ਹੋਇਆ ਔਖਾ, ਲਾਭਪਾਤਰੀ ਕਰ ਰਹੇ ਨੇ ਨਿਰਾਸ਼ਾ ਜ਼ਾਹਿਰ

ਧਨੌਲਾ 23 ਫਰਵਰੀ (ਚਮਕੌਰ ਸਿੰਘ ਗੱਗੀ) : ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੇ ਆਪਸੀ ਸਹਿਯੋਗ ਨਾਲ ਚਲਾਈ ਜਾ ਰਹੀ ਪ੍ਰਧਾਨ ਮੰਤਰੀ ਅਵਾਸ ਯੋਜਨਾ ਤਹਿਤ ਲਾਭਪਾਤਰੀਆਂ ਨੂੰ ਹੁਣ ਲਾਭ ਲੈਣਾ ਔਖਾ ਹੋ ਗਿਆ ਹੈ। ਪ੍ਰਧਾਨ ਮੰਤਰੀ ਅਵਾਸ ਯੋਜਨਾ ਦੇ ਤਹਿਤ ਲਾਭਪਾਤਰੀਆਂ ਨੂੰ ਹੁਣ ਆਪਣੇ ਪੱਕੇ ਮਕਾਨ ਪਾਉਣ ਲਈ ਦਰ ਦਰ ਠੋਕਰਾਂ ਖਾਣੀਆਂ ਪੈ ਰਹੀਆਂ ਹਨ ਅਤੇ ਛੱਤ ਤੋਂ ਵਾਂਝੇ ਘਰ ਤੋਂ ਵਾਂਝੇ ਗਰੀਬ ਲੋਕ ਨਗਰ ਕੌਂਸਲ ਦਫਤਰਾਂ ਦੇ ਧੱਕੇ ਖਾ-ਖਾ ਅੱਕ ਚੁੱਕੇ ਹਨ। ਕਈ ਕਈ ਮਹੀਨਿਆਂ ਤੋਂ ਲਮਕ ਰਹੀਆਂ ਫਾਈਲਾਂ ਨੂੰ ਵੀ ਹਾਲੇ ਹਰੀ ਝੰਡੀ ਨਹੀਂ ਮਿਲੀ ਦੱਸਣ ਯੋਗ ਹੈ ਕਿ ਹੜ੍ਹ ਦੀ ਮਾਰ ਹੇਠ ਆਏ ਧਨੌਲਾ ਦੇ ਗਰੀਬਾਂ ਦੇ ਰੈਣ ਵਸੇਰੇ ਢਹਿ ਢੇਰੀ ਹੋ ਗਏ ਸਨ, ਉਸ ਸਮੇਂ ਵਿਰੋਧੀ ਪਾਰਟੀਆਂ ਦੇ ਲੀਡਰਾਂ ਨੇ ਰਾਸ਼ਨ ਦੇ ਕੇ ਗਰੀਬ ਪਰਿਵਾਰਾਂ ਨੂੰ ਕਾਫੀ ਰੋਟੀਆਂ ਸੇਕੀਆਂ ਗਈਆਂ ਤੇ ਮਦਦ ਕਰਨ ਦਾ ਭਰੋਸਾ ਵੀ ਦਿੱਤਾ ਪਰ ਛੇ ਸੱਤ ਮਹੀਨਿਆਂ ਦਾ ਸਮਾਂ ਲੰਘ ਜਾਣ ਤੋਂ ਬਾਅਦ ਵੀ ਕਿਸੇ ਨੇ ਆ ਕੇ ਉਸ ਪਰਿਵਾਰ ਦੀ ਬਾਂਹ ਨਹੀਂ ਫੜੀ, ਧਨੌਲਾ ਦੇ ਸ਼ੀਤਲ ਸਿੰਘ ਰਾਗੀ ਦੇ ਬੇਟੇ ਗੁਰਤੇਜ ਸਿੰਘ ਦੀ ਅਤੇ ਉਸਦੀ ਪਤਨੀ ਜਸਪਾਲ ਕੌਰ ਨੇ ਭਰੇ ਮਨ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਭਾਰੀ ਮੀਹ ਅਤੇ ਹੜ੍ਹਾਂ ਮੌਕੇ ਉਹਨਾਂ ਦਾ ਮਕਾਨ ਦੀ ਛੱਤ ਡਿੱਗ ਪਈ ਸੀ ਅਤੇ ਉਹ ਬਚ ਗਏ ਜਿਸ ਤੋਂ ਬਾਅਦ ਉਹਨਾਂ ਵੱਲੋਂ ਆਪਣੇ ਗੁਆਂਢ ਵਿੱਚ ਥਾਈ ਵਿੱਚ ਰਹਿ ਕੇ ਗੁਜ਼ਾਰਾ ਕੀਤਾ ਜਾ ਰਿਹਾ ਹੈ। ਤੇ ਉਹ ਆਪਣੇ ਪਰਿਵਾਰ ਸਮੇਤ ਕਾਫੀ ਵਾਰ ਨਗਰ ਕੌਂਸਲ ਧਨੌਲਾ ਦੇ ਦਫਤਰ ਦੇ ਚੱਕਰ ਕੱਟ ਕੇ ਥੱਕ ਚੁੱਕੇ ਹਨ ਪਰ ਕਿਸੇ ਨੇ ਵੀ ਬਾਂਹ ਨਹੀਂ ਫੜੀ ਉਹਨਾਂ ਕਿਹਾ ਕਿ ਜਦੋਂ ਸਰਕਾਰ ਹੜ੍ਹਾਂ ਦੀ ਮਾਰ ਹੇਠ ਆਏ ਮਕਾਨਾਂ ਨੂੰ ਮੁਆਵਜ਼ਾ ਦੇਣ ਦੀ ਗੱਲ ਆਖ ਰਹੀ ਸੀ ਪਰ ਹਾਲੇ ਤੱਕ ਕੋਈ ਵੀ ਮੁਆਵਜ਼ਾ ਨਹੀਂ ਮਿਲਿਆ ਤੇ ਸਾਨੂੰ ਇਹ ਕਿਹਾ ਗਿਆ ਕਿ ਜੇਕਰ ਤੁਸੀਂ ਹੜ੍ਹਾਂ ਦਾ ਮੁਆਵਜ਼ਾ ਚਾਹੁੰਦੇ ਹੋ ਤਾਂ ਤੁਹਾਨੂੰ ਪ੍ਰਧਾਨ ਮੰਤਰੀ ਅਵਾਸ ਯੋਜਨਾ ਦੇ ਪੈਸੇ ਨਹੀਂ ਮਿਲਣਗੇ ਤੇ ਹੜ੍ਹਾਂ ਤੇ ਸਿਰਫ 40 ਹਾਜਰ ਹੀ ਮੁਆਵਜ਼ਾ ਦਿੱਤਾ ਜਾ ਰਿਹਾ ਸੀ ਜਦਕਿ ਕੱਚੇ ਘਰਾਂ ਨੂੰ ਪੱਕੇ ਕਰਨ ਲਈ ਸਰਕਾਰ ਵੱਲੋਂ ਮਿਲ ਰਹੇ 2 ਲੱਖ ਦੇ ਕਰੀਬ ਪੈਸੇ ਹਨ ਸਾਡੇ ਵੱਲੋਂ ਫਾਈਲ ਭਰੀ ਨੂੰ ਵੀ ਛੇ ਸੱਤ ਮਹੀਨੇ ਦਾ ਸਮਾਂ ਹੋ ਗਿਆ ਹੈ। ਪਰ ਹਾਲੇ ਤੱਕ ਕਿਸੇ ਨੇ ਵੀ ਸਾਨੂੰ ਕੋਈ ਪੈਸਾ ਨਹੀਂ ਮਿਲਿਆ, ਦਰ ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ ਹਾਂ, ਜਦੋਂ ਇਸ ਸਬੰਧੀ ਨਗਰ ਕੌਂਸਲ ਧਨੌਲਾ ਦੇ ਪ੍ਰਧਾਨ ਰਣਜੀਤ ਕੌਰ ਸੋਢੀ ਦੇ ਪੁੱਤਰ ਸਾਹਿਬ ਸਿੰਘ ਸੋਢੀ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਅਬਾਸ ਯੋਜਨਾ ਤਹਿਤ ਕੀਤੇ ਜਾ ਰਹੇ ਕੰਮਾਂ ਦਾ ਰੂਲ ਹੁਣ ਸਖਤ ਹੋ ਗਿਆ ਹੈ ਤੇ ਕਾਫੀ ਅਧਿਕਾਰੀਆਂ ਦੀਆਂ ਆਈਡੀਆਂ ਵਿੱਚ ਦੀ ਹੋ ਕੇ ਦਫਤਰ ਚੰਡੀਗੜ੍ਹੋਂ ਕੰਮ ਕਰਵਾਉਣਾ ਪੈ ਰਿਹਾ ਹੈ, ਜਿਸ ਕਰਕੇ ਲੋਕਾਂ ਦੇ ਘਰਾਂ ਦੇ ਕੰਮ ਲੇਟ ਹੋ ਰਹੇ ਹਨ ਤੇ ਸਾਡੇ ਵੱਲੋਂ ਇਥੋਂ ਬਿਲ ਬਣਾ ਕੇ ਉਹਨਾਂ ਨੂੰ ਭੇਜਣੇ ਪੈਂਦੇ ਹਨ, ਜਿਸ ਤੋਂ ਬਾਅਦ ਉਹ ਪਾਸ ਕਰਦੇ ਹਨ।

ਕਾਂਗਰਸ ਦੀ ਮਨਰੇਗਾ ਬਚਾਓ ਰੈਲੀ ਨੂੰ ਮਜ਼ਦੂਰ ਜਥੇਬੰਦੀਆਂ ਦੀ ਹਮਾਇਤ

1 ਮਾਰਚ ਦੀ ਲਾਲਕਾਰ ਰੈਲੀ ਮੁਲਤਵੀ

ਬਰਨਾਲਾ 23 ਫਰਵਰੀ (ਹਮੀਰ ਸਿੰਘ) : ਕੇਂਦਰ ਤੇ ਪੰਜਾਬ ਸਰਕਾਰ ਖ਼ਿਲਾਫ਼ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ, ਆਲ ਇੰਡੀਆ ਮੱਜਬੀ ਸਿੱਖ ਵੈਲਫੇਅਰ ਐਸੋਸੀਏਸ਼ਨ, ਫੂਡ ਐਂਡ ਅਲਾਈਡ ਵਰਕਰ ਯੂਨੀਅਨ ਪੰਜਾਬ ਵੱਲੋਂ ਰੱਖੀ 1 ਮਾਰਚ ਨੂੰ ਭਦੌੜ ਦਾਣਾ ਮੰਡੀ ਵਿਖੇ ਸੂਬਾ ਪੱਧਰੀ ਮਜ਼ਦੂਰ ਲਾਲਕਾਰ ਰੈਲੀ ਮੁਲਤਵੀ ਕਰ ਦਿੱਤੀ ਹੈ ਅਤੇ 28 ਫਰਵਰੀ ਨੂੰ ਕਾਂਗਰਸ ਰਾਹੁਲ ਗਾਂਧੀ ਦੀ ਬਰਨਾਲਾ ਵਿਖੇ ਹੋਣ ਵਾਲੀ ਮਨਰੇਗਾ ਬਚਾਓ ਸੰਗਰਾਮ ਰੈਲੀ ਦੀ ਹਮਾਇਤ ਕੀਤੀ ਹੈ ਜਿਸ ਵਿਚ ਮਨਰੇਗਾ, ਪੱਲੇਦਾਰਾਂ, ਭੱਠਾ ਮਜ਼ਦੂਰਾਂ, ਮਿੱਡ ਡੇ ਮੀਲ ਕੁੱਕ ਬੀਬੀਆਂ, ਦਾਂ ਵੱਡਾ ਜਥਾ ਰੈਲੀ ਵਿੱਚ ਸ਼ਾਮਲ ਹੋਵੇਗਾ। ਇਹ ਐਲਾਨ ਜਥੇਬੰਦੀਆਂ ਵੱਲੋਂ ਕਾਂਗਰਸ ਦੇ ਸੂਬਾ ਪ੍ਰਧਾਨ ਰਾਜਾ ਵੜਿੰਗ ਵੱਲੋਂ ਰੈਲੀ ਨੂੰ ਸਫ਼ਲ ਕਰਨ ਲਈ ਮੰਗੀ ਹਮਾਇਤ ਤੋਂ ਬਾਅਦ ਕੀਤਾ ਗਿਆ। ਇਹ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਸਮਾਓ, ਆਲ ਇੰਡੀਆ ਮੱਜਬੀ ਵੈਲਫੇਅਰ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਸੁਖਮਿੰਦਰ ਸਿੰਘ ਗੱਜਣਵਾਲਾ, ਫੂਡ ਐਂਡ ਅਲਾਈਡ ਵਰਕਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਰਮੇਸ਼ ਕੁਮਾਰ ਮੇਸ਼ੀ ਨੇ ਕਿਹਾ ਕਿ ਭਾਵੇਂ ਮਨਰੇਗਾ ਸਮੇਤ ਹਰ ਖੇਤਰ ਦੇ ਮਜ਼ਦੂਰਾਂ ਦੇ ਰੁਜ਼ਗਾਰ ਨੂੰ ਬਚਾਉਣ ਲਈ ਅਤੇ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਗਰੀਬ ਵਿਰੋਧੀ ਨੀਤੀਆਂ ਖ਼ਿਲਾਫ਼ ਅਸੀਂ ਆਪਣੇ ਦਮ ਤੇ ਪੰਜਾਬ ਅੰਦਰ ਲੜ ਰਹੇ ਹਾਂ। ਪਰ ਦੇਸ਼ ਦੇ ਕਰੋੜਾਂ ਮਨਰੇਗਾ ਮਜ਼ਦੂਰਾਂ ਤੋਂ ਜੀ ਰਾਮ ਜੀ ਦੇ ਨਾਮ ਹੇਠ ਖੋਹੇ ਜਾ ਰਹੇ ਰੁਜ਼ਗਾਰ ਗਰੰਟੀ ਕਾਨੂੰਨ ਨੂੰ ਬਚਾਉਣ ਦੇਸ਼ ਪੱਧਰੀ ਅੰਦੋਲਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਮਨਰੇਗਾ ਬਚਾਓ ਸੰਗਰਾਮ ਦੇਸ਼ ਵਿਆਪੀ ਅੰਦੋਲਨ ਚਲਾ ਰਹੀ ਹੈ।ਇਸ ਲਈ ਅਸੀਂ ਕਾਂਗਰਸ ਪਾਰਟੀ ਦੇ ਸੂਬਾ ਪ੍ਰਧਾਨ ਰਾਜਾ ਵੜਿੰਗ ਨੇ ਜਥੇਬੰਦੀਆਂ ਨੂੰ 28 ਫਰਵਰੀ ਦੀ ਰੈਲੀ ਦੀ ਸਫਲਤਾ ਲਈ ਕੀਤੀ ਬੇਨਤੀ ਨੂੰ ਮੁੱਖ ਰੱਖਦਿਆਂ 1 ਮਾਰਚ ਦੀ ਮਜ਼ਦੂਰ ਲਾਲਕਾਰ ਰੈਲੀ ਮੁਲਤਵੀ ਕਰਕੇ ਕਾਂਗਰਸ ਦੀ ਰੈਲੀ ਦੀ ਹਮਾਇਤ ਕੀਤੀ ਹੈ। ਜਥੇਬੰਦੀਆਂ ਵੱਲੋਂ 8 ਮਾਰਚ ਨੂੰ ਸਾਂਝੀ ਮੀਟਿੰਗ ਕਰਕੇ ਮਜ਼ਦੂਰ ਰੈਲੀ ਦਾ ਐਲਾਨ ਕੀਤਾ ਜਾਵੇਗਾ।

ਗਰਭਵਤੀ ਔਰਤਾਂ ਲਈ ਵਿਸ਼ੇਸ਼ ਜਾਂਚ ਕੈਂਪ

ਭਗਤਾ ਭਾਈ ਕਾ, 23 ਫਰਵਰੀ (ਸਵਰਨ ਸਿੰਘ ਭਗਤਾ) :ਸਿਵਲ ਸਰਜਨ ਡਾਕਟਰ ਤਪਿੰਦਰ ਜੋਤ ਦੀਆਂ ਹਦਾਇਤਾਂ ਅਨੁਸਾਰ ਅੱਜ ਸਿਹਤ ਵਿਭਾਗ ਵੱਲੋਂ ਭਾਈਕਾ ਵਿਖੇ ਸਰਕਾਰੀ ਹਸਪਤਾਲ ਵਿੱਚ ਗਰਭਵਤੀ ਔਰਤਾਂ ਦੀ ਸਹੂਲਤ ਲਈ ਕੈਂਪ ਲਗਾਇਆ ਗਿਆ। ਇਹ ਕੈਂਪ ਪ੍ਰਧਾਨ ਮੰਤਰੀ ਸੁਰੱਖਿਤ ਮਾਤ੍ਰਿਵ ਅਭਿਆਨ ਅਧੀਨ ਲਗਾਇਆ ਗਿਆ ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੀਨੀਅਰ ਮੈਡੀਕਲ ਅਫਸਰ ਡਾਕਟਰ ਸੀਮਾ ਗੁਪਤਾ ਨੇ ਦੱਸਿਆ ਕਿ ਹਸਪਤਾਲ ਵਿੱਚ ਲਗਾਏ ਕੈਂਪ ਦੌਰਾਨ ਐਮ ਡੀ ਡਾਕਟਰ ਕਰਮਜੀਤ ਕੌਰ ਵੱਲੋਂ ਗਰਭਵਤੀ ਔਰਤਾਂ ਦੀ ਜਾਂਚ ਕੀਤੀ ਗਈ। ਇਸ ਕੈਂਪ ਵਿੱਚ ਹਾਜ਼ਰ ਗਰਭਵਤੀ ਔਰਤਾਂ ਨੂੰ ਪੌਸਟਿਕ ਖੁਰਾਕ ਲੈਣ ਸਬੰਧੀ ਵੀ ਜਾਗਰਿਤ ਕੀਤਾ ਗਿਆ। ਉਹਨਾਂ ਦੱਸਿਆ ਕਿ ਇਸ ਕੈਂਪ ਵਿੱਚ ਹਾਜ਼ਰ ਔਰਤਾਂ ਨੂੰ ਸਰਕਾਰੀ ਹਸਪਤਾਲ ਵਿੱਚ ਮੁਫਤ ਜਣੇਪਾ ਕਰਾਉਣ ਸੰਬੰਧੀ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਹਰੇਕ ਮਹੀਨੇ ਦੀ 9 ਅਤੇ 23 ਤਰੀਕ ਨੂੰ ਪ੍ਰਧਾਨ ਮੰਤਰੀ ਸੁਰੱਖਿਤ ਮਾਤ੍ਰਿਵ ਅਭਿਆਨ ਅਧੀਨ ਵਿਸ਼ੇਸ਼ ਕੈਂਪ ਲਗਾਏ ਜਾਂਦੇ ਹਨ। ਇਹਨਾਂ ਕੈਂਪਾਂ ਵਿੱਚ ਗਰਭਵਤੀ ਔਰਤਾਂ ਨੂੰ ਚੈੱਕ ਅਪ ਕੀਤਾ ਜਾਂਦਾ ਹੈ ਅਤੇ ਸਰਕਾਰ ਵੱਲੋਂ ਦਿੱਤੀਆਂ ਜਾਂਦੀਆਂ ਸਿਹਤ ਸਹੂਲਤਾਂ ਸਬੰਧੀ ਜਾਗਰੂਕ ਕੀਤਾ ਜਾਂਦਾ ਹੈ।

ਡੀ.ਐਸ.ਪੀ. ਗੁਰਪ੍ਰੀਤ ਸਿੰਘ ਸਿੱਧੂ ਦੀ ਅਗਵਾਈ ’ਚ ਸਕੂਲੀ ਬੱਚਿਆਂ ਨੂੰ ਸਾਂਝ ਕੇਂਦਰ ਦੀਆਂ ਸੇਵਾਵਾਂ ਸਬੰਧੀ ਜਾਣਕਾਰੀ ਦਿੱਤੀ

ਤਪਾ ਮੰਡੀ, 23 ਫਰਵਰੀ (ਰਾਜੂ ਮਹਿਰਾ) : ਡੀ.ਐਸ.ਪੀ ਤਪਾ ਗੁਰਪ੍ਰੀਤ ਸਿੰਘ ਸਿੱਧੂ ਦੀ ਅਗਵਾਈ ਹੇਠ , ਏ.ਐਸ.ਆਈ ਮੈਡਮ ਰਾਣੀ ਕੌਰ ਸੰਧੂ ਇੰਚਾਰਜ ਸਾਂਝ ਕੇਂਦਰ ਤਪਾ ਵਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਢਿਲਵਾਂ ਦੇ ਬੱਚਿਆਂ ਨੂੰ ਸਾਂਝ ਕੇਂਦਰ ਦੇ ਪ੍ਰੋਗਰਾਮਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਉਹਨਾਂ ਬੱਚਿਆ ਨੂੰ ਨਸ਼ਿਆ ਤੇ ਖਿਲਾਫ ਜਾਗਰੂਕ ਕਰਨ ਲਈ, ਟ੍ਰੈਫਿਕ ਨਿਯਮਾਂ ਬਾਰੇ ਜਾਣਕਾਰੀ ਅਤੇ ਪੁਲਿਸ ਦੇ ਕੰਮਕਾਰ ਬਾਰੇ ਸਬ ਡਵੀਜ਼ਨ ਸਾਂਝ ਕੇਂਦਰ ਥਾਣਾ ਤਪਾ ਵਿਖੇ ਸਟੂਡੈਂਟਸ ਪੁਲਿਸ ਕੈਡਿਟ ਪੋ ?ਗਰਾਮ ਤਹਿਤ ਜਾਣਕਾਰੀ ਦਿੱਤੀ। ਇਸ ਪ੍ਰੋਗਰਾਮ ਤਹਿਤ ਸਰਕਾਰ ਨੇ ਬੱਚਿਆਂ ਨੂੰ ਐਜੂਕੇਟ ਕਰਕੇ ਅਤੇ ਪਬਲਿਕ ਨੂੰ ਐਜੂਕੇਟ ਕਰਨ ਦੇ ਮੰਤਵ ਨਾਲ ਇਸ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ ਹੈ। ਸਾਂਝ ਕੇਂਦਰ ਦੀਆਂ ਮਹਿਲਾ ਮੁਲਾਜ਼ਮਾਂ ਕਰਮਜੀਤ ਕੌਰ ਅਤੇ ਜੱਸੀ ਰਾਣੀ ਨੇ ਮਹਿਲਾ ਮਿਤਰ ਤਹਿਤ ਔਰਤਾਂ ਤੇ ਹੋ ਰਹੇ ਅੱਤਿਆਚਾਰ ਸਬੰਧੀ ਜਾਗਰੂਕ ਕੀਤਾ। ਲਖਵਿੰਦਰ ਸਿੰਘ ਲੱਖਾ ਨੇ ਬੱਚਿਆਂ ਨੂੰ ਸਾਂਝ ਕੇਂਦਰ ਦੇ ਕੰਮਕਾਜ ਬਾਰੇ ਜਾਣਕਾਰੀ ਦਿੱਤੀ ਕਿ ਸਾਂਝ ਕੇਂਦਰ ਵਿਚ 28 ਕਿਸਮ ਦੀਆਂ ਸੇਵਾਵਾਂ ਦਿੱਤੀਆਂ ਜਾਂਦੀਆਂ ਹਨ। ਇਸ ਤੋਂ ਇਲਾਵਾ ਸਿਹਤ ਬਾਰੇ ਜਿਵੇਂ ਡੇਂਗੂ, ਚਿਕਨਗੁਨੀਆ, ਹੈਜਾ, ਆਈ ਫਲਿਉ ਬਾਰੇ ਜਾਗਰੂਕ ਕੀਤਾ ਗਿਆ। ਇਸ ਦੌਰਾਨ ਉਹਨਾਂ ਬੱਚਿਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ।ਇਸ ਸਮੇਂ ਸਾਂਝ ਕੇਂਦਰ ਪਰ ਆਏ ਬੱਚਿਆਂ ਦਾ ਅਤੇ ਆਧਿਆਪਕਾ ਦਾ ਧੰਨਵਾਦ ਵੀ ਕੀਤਾ ਗਿਆ। ਇਸ ਮੌਕੇ ਸਹਾਇਕ ਥਾਣੇਦਾਰ ਸਤਨਾਮ ਸਿੰਘ ਰੀਡਰ ਡੀ.ਐਸ.ਪੀ ਤਪਾ ਆਦਿ ਵਿਸ਼ੇਸ਼ ਤੌਰ ’ਤੇ ਮੌਜੂਦ ਸਨ।

‘ਸਾਡੇ ਬਜ਼ੁਰਗ, ਸਾਡਾ ਮਾਣ’ ਮੁਹਿੰਮ ਤਹਿਤ ਸੀ. ਐੱਚ. ਸੀ. ਧਨੌਲਾ ਵਿਖੇ ਵਿਸ਼ੇਸ਼ ਡਾਕਟਰੀ ਜਾਂਚ ਕੈਂਪ ਲਗਾਇਆ

ਧਨੌਲਾ/ਬਰਨਾਲਾ, 23 ਫਰਵਰੀ (ਚਮਕੌਰ ਸਿੰਘ ਗੱਗੀ) : ਪੰਜਾਬ ਸਰਕਾਰ ਵੱਲੋਂ ‘ਸਟੇਟ ਐਕਸ਼ਨ ਪਲਾਨ ਫਾਰ ਸੀਨੀਅਰ ਸਿਟੀਜਨਜ਼’ ਅਧੀਨ ਅਤੇ ਡਿਪਟੀ ਕਮਿਸ਼ਨਰ ਸ੍ਰੀ ਹਰਪ੍ਰੀਤ ਸਿੰਘ (ਆਈ.ਏ.ਐੱਸ.) ਦੀ ਯੋਗ ਅਗਵਾਈ ਹੇਠ, ਕਮਿਊਨਿਟੀ ਹੈਲਥ ਸੈਂਟਰ (ਸੀ.ਐੱਚ.ਸੀ.) ਧਨੌਲਾ ਵਿਖੇ ‘ਸਾਡੇ ਬਜ਼ੁਰਗ, ਸਾਡਾ ਮਾਣ’ ਮੁਹਿੰਮ ਤਹਿਤ ਵਿਸ਼ੇਸ਼ ਮੈਡੀਕਲ ਚੈੱਕਅੱਪ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਮੁੱਖ ਉਦੇਸ਼ ਬਜ਼ੁਰਗਾਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਨੂੰ ਯਕੀਨੀ ਬਣਾਉਣਾ ਸੀ। ਕੈਂਪ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਰਤਿੰਦਰ ਪਾਲ ਕੌਰ ਧਾਰੀਵਾਲ ਨੇ ਦੱਸਿਆ ਕਿ ÷ਸਾਡੇ ਬਜ਼ੁਰਗ, ਸਾਡਾ ਮਾਣ ਮੁਹਿੰਮ ਵਿਸ਼ੇਸ਼ ਤੌਰ ’ਤੇ ਸੀਨੀਅਰ ਨਾਗਰਿਕਾਂ ਦੀ ਭਲਾਈ, ਮਾਣ-ਸਤਿਕਾਰ ਅਤੇ ਸਿਹਤ ਨੂੰ ਯਕੀਨੀ ਬਣਾਉਣ ਲਈ ਸ਼ੁਰੂ ਕੀਤੀ ਗਈ ਹੈ। ਇਹ ਮੁਹਿੰਮ ਬਜ਼ੁਰਗਾਂ ਨੂੰ ਸਮਾਜਿਕ ਸੁਰੱਖਿਆ ਸੇਵਾਵਾਂ ਦੇ ਨਾਲ-ਨਾਲ ਮੁਫ਼ਤ ਸਿਹਤ ਜਾਂਚ ਦੀਆਂ ਸਹੂਲਤਾਂ ਵੀ ਪ੍ਰਦਾਨ ਕਰਦੀ ਹੈ। ਇਸ ਕੈਂਪ ਵਿੱਚ ਅੱਖਾਂ, ਮਨੋਰੋਗ, ਫਿਜ਼ੀਓਥਰੈਪੀ, ਆਯੁਰਵੈਦਿਕ ਅਤੇ ਹੱਡੀਆਂ ਦੇ ਮਾਹਿਰ ਡਾਕਟਰਾਂ ਵੱਲੋਂ ਬਜ਼ੁਰਗਾਂ ਦਾ ਮੁਫ਼ਤ ਮੈਡੀਕਲ ਚੈੱਕਅੱਪ ਕੀਤਾ ਗਿਆ। ਵੱਡੀ ਗਿਣਤੀ ਵਿੱਚ ਬਜ਼ੁਰਗ ਨਾਗਰਿਕਾਂ ਨੇ ਮੈਡੀਕਲ ਸੇਵਾਵਾਂ ਅਤੇ ਮੁਫ਼ਤ ਦਵਾਈਆਂ ਦਾ ਲਾਭ ਲਿਆ। ਸਿਹਤ ਜਾਂਚ ਤੋਂ ਇਲਾਵਾ ਕੈਂਪ ਵਿੱਚ ਯੋਗਾ ਸੈਸ਼ਨ ਕਰਵਾਇਆ ਗਿਆ ਅਤੇ ਮੁਫ਼ਤ ਕਾਨੂੰਨੀ ਸਲਾਹ ’ਤੇ ਬੈਂਕਿੰਗ ਸੇਵਾਵਾਂ ਬਾਰੇ ਵੀ ਜਾਗਰੂਕ ਕੀਤਾ ਗਿਆ। ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨੇ ਦੱਸਿਆ ਕਿ ਕੈਂਪ ਦੌਰਾਨ ਬਜ਼ੁਰਗਾਂ ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਦਿੱਤੀਆਂ ਜਾਂਦੀਆਂ ਮੁਫ਼ਤ ਕਾਨੂੰਨੀ ਸੇਵਾਵਾਂ ਅਤੇ ਪੁਲਿਸ ਵਿਭਾਗ ਵੱਲੋਂ ਸੀਨੀਅਰ ਸਿਟੀਜ਼ਨਾਂ ਨੂੰ ਦਿੱਤੀਆਂ ਜਾਣ ਵਾਲੀਆਂ ਸੁਰੱਖਿਆ ਸੇਵਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਕੈਂਪ ਵਿੱਚ ਮੌਕੇ ’ਤੇ ਹੀ ਸੀਨੀਅਰ ਸਿਟੀਜ਼ਨ ਕਾਰਡ ਬਣਾਉਣ, ਬੁਢਾਪਾ ਪੈਨਸ਼ਨ ਦੀਆਂ ਅਰਜ਼ੀਆਂ ਪ੍ਰਾਪਤ ਕਰਨ ਅਤੇ ਹੋਰ ਸਮਾਜਿਕ ਸੁਰੱਖਿਆ ਸੇਵਾਵਾਂ ਮੁਹੱਈਆ ਕਰਵਾਈਆਂ ਗਈਆਂ। ਇਸ ਮੌਕੇ ਸੀ.ਡੀ.ਪੀ.ਓ. ਅਰਵਿੰਦ ਸਿੰਘ ਭੱਟੀ, ਸੁਪਰਵਾਈਜ਼ਰ ਮੈਡਮ ਬਲਵਿੰਦਰ ਕੌਰ, ਸਿਹਤ ਵਿਭਾਗ ਦੇ ਅਧਿਕਾਰੀ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਨੁਮਾਇੰਦੇ, ਲੀਡ ਬੈਂਕ ਮੈਨੇਜਰ, ਸੈਲਫ ਹੈਲਪ ਗਰੁੱਪਾਂ ਦੇ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

ਜ਼ਿਲ੍ਹਾ ਭਾਸ਼ਾ ਦਫ਼ਤਰ ਨੇ ਕੌਮਾਂਤਰੀ ਮਾਤ ਭਾਸ਼ਾ ਦਿਵਸ ਮਨਾਇਆ

ਬਰਨਾਲਾ, 23 ਫਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਤੇ ਭਾਸ਼ਾ ਮੰਤਰੀ ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਅਤੇ ਭਾਸ਼ਾ ਵਿਭਾਗ ਪੰਜਾਬ ਦੇ ਨਿਰਦੇਸ਼ਕ ਜਸਵੰਤ ਸਿੰਘ ਜ਼ਫ਼ਰ ਦੀਆਂ ਹਦਾਇਤਾਂ ਤਹਿਤ, ਡਿਪਟੀ ਕਮਿਸ਼ਨਰ ਬਰਨਾਲਾ ਹਰਪ੍ਰੀਤ ਸਿੰਘ (ਆਈ.ਏ.ਐੱਸ.) ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਪੰਜਾਬੀ ਭਾਸ਼ਾ ਦੀ ਪ੍ਰਫੁੱਲਤਾ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਹਨਾਂ ਯਤਨਾਂ ਦੀ ਲੜੀ ਤਹਿਤ ਜ਼ਿਲ੍ਹਾ ਭਾਸ਼ਾ ਦਫ਼ਤਰ, ਬਰਨਾਲਾ ਵੱਲੋਂ ਕੌਮਾਂਤਰੀ ਮਾਤ ਭਾਸ਼ਾ ਦਿਵਸ ਇੱਕ ਵੱਖਰੇ ਅਤੇ ਵਿਲੱਖਣ ਤਰੀਕੇ ਨਾਲ ਮਨਾਇਆ ਗਿਆ। ਇਸ ਮੌਕੇ ਰਵਾਇਤੀ ਗਤੀਵਿਧੀਆਂ (ਕਵੀ ਦਰਬਾਰ, ਨਾਟਕ ਮੰਚਨ ਆਦਿ) ਦੀ ਬਜਾਏ ਸਰਕਾਰੀ ਕਰਮਚਾਰੀਆਂ ਨੂੰ ਪੰਜਾਬ ਰਾਜ ਭਾਸ਼ਾ ਕਾਨੂੰਨ ਬਾਰੇ ਜਾਣਕਾਰੀ ਦੇ ਕੇ ਪੰਜਾਬੀ ਭਾਸ਼ਾ (ਗੁਰਮੁਖੀ ਲਿਪੀ) ਵਿੱਚ ਕੰਮ ਕਰਨ ਦਾ ਪ੍ਰਣ ਦਿਵਾਇਆ ਗਿਆ। ਜ਼ਿਲ੍ਹਾ ਖੋਜ ਅਫ਼ਸਰ ਬਿੰਦਰ ਸਿੰਘ ਖੁੱਡੀ ਕਲਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਜ਼ਿਲ੍ਹੇ ’ਚ ਪੰਜਾਬ ਰਾਜ ਭਾਸ਼ਾ ਐਕਟ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਵਚਨਬੱਧ ਹੈ। ਕੌਮਾਂਤਰੀ ਮਾਤ ਭਾਸ਼ਾ ਦਿਵਸ ਮੌਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ’ਚ ਕੰਮ ਕਰਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਵੀ ਸ਼ਮੂਲੀਅਤ ਕੀਤੀ। ਖੋਜ ਅਫ਼ਸਰ ਨੇ ਕੌਮਾਂਤਰੀ ਮਾਤ ਭਾਸ਼ਾ ਦਿਵਸ ਦੇ ਮਾਣਮੱਤੇ ਅਤੇ ਲਹੂ-ਭਿੱਜੇ ਇਤਿਹਾਸ ਬਾਰੇ ਚਾਨਣਾ ਪਾਉਂਦਿਆਂ ਦੱਸਿਆ ਕਿ ਇਸ ਦਿਨ ਬੰਗਲਾਦੇਸ਼ ਵਾਸੀਆਂ ਨੇ ਆਪਣੀ ਮਾਤ ਭਾਸ਼ਾ ਲਈ ਜਾਨਾਂ ਦੀ ਬਾਜ਼ੀ ਲਗਾ ਦਿੱਤੀ ਸੀ। ਇਹ ਇਤਿਹਾਸ ਸਾਨੂੰ ਆਪਣੀ ਮਾਤ ਭਾਸ਼ਾ ਨੂੰ ਜਨੂੰਨ ਦੀ ਹੱਦ ਤੱਕ ਪਿਆਰ ਕਰਨ ਦਾ ਸੰਦੇਸ਼ ਦਿੰਦਾ ਹੈ। ਉਨ੍ਹਾਂ ਪੰਜਾਬ ਰਾਜ ਭਾਸ਼ਾ ਕਾਨੂੰਨ ਬਾਰੇ ਵਿਸਥਾਰਤ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਕਾਨੂੰਨ ਅਨੁਸਾਰ ਸਮੂਹ ਸਰਕਾਰੀ ਦਫ਼ਤਰਾਂ ਅਤੇ ਅਦਾਰਿਆਂ ਦਾ ਕੰਮ-ਕਾਜ ਪੰਜਾਬੀ (ਗੁਰਮੁਖੀ ਲਿਪੀ) ਵਿੱਚ ਕਰਨਾ ਲਾਜ਼ਮੀ ਹੈ। ਇਸ ਦੌਰਾਨ ਹਾਜ਼ਰ ਕਰਮਚਾਰੀਆਂ ਨੂੰ ਇਹ ਪ੍ਰਣ ਦਿਵਾਇਆ ਗਿਆ ਅਤੇ ਮੁਲਾਜ਼ਮਾਂ ਨੇ ਵੀ ਦਫ਼ਤਰੀ ਕੰਮਾਂ ’ਚ ਪੰਜਾਬੀ ਭਾਸ਼ਾ ਦੇ ਮੁਕੰਮਲ ਇਸਤੇਮਾਲ ਦਾ ਯਕੀਨ ਦਿਵਾਇਆ। ਇਸ ਮੌਕੇ ਡਿਪਟੀ ਕਮਿਸ਼ਨਰ ਦਫ਼ਤਰ ਦੀ ਐੱਮ.ਏ. ਸ਼ਾਖ਼ਾ ਤੋਂ ਜਸਪ੍ਰੀਤ ਕੌਰ ਤੇ ਸੁਖਵਿੰਦਰ ਸਿੰਘ, ਜ਼ਿਲ੍ਹਾ ਨਗਰ ਯੋਜਨਾਕਾਰ ਦਫ਼ਤਰ ਤੋਂ ਬਲਵਿੰਦਰ ਸਿੰਘ, ਸਰੋਜ ਬਾਲਾ, ਸੁਖਵਿੰਦਰ ਕੌਰ, ਆਬਕਾਰੀ ਤੇ ਕਰ ਵਿਭਾਗ ਤੋਂ ਸੰਦੀਪ ਕੌਰ, ਮਨਜੀਤ ਕੌਰ, ਉਪ ਮੰਡਲ ਭੂਮੀ ਰੱਖਿਆ ਅਫ਼ਸਰ ਦਫ਼ਤਰ ਤੋਂ ਗੁਰਤੇਜ ਸਿੰਘ, ਸੁਖਪਾਲ ਸਿੰਘ ਅਤੇ ਰਾਹੁਲ ਕੁਮਾਰ ਸਮੇਤ ਹੋਰ ਵਿਭਾਗਾਂ ਦੇ ਕਰਮਚਾਰੀਆਂ ਤੋਂ ਇਲਾਵਾ ਜ਼ਿਲ੍ਹਾ ਭਾਸ਼ਾ ਦਫ਼ਤਰ ਵੱਲੋਂ ਕਲਰਕ ਸੰਦੀਪ ਕੌਰ ਅਤੇ ਕਰਮਚਾਰੀ ਗੋਬਿੰਦ ਸਿੰਘ ਵੀ ਮੌਜੂਦ ਸਨ।

ਪਟਿਆਲਾ-ਆਸ/ਪਾਸ

ਖ਼ਾਨ ਸਾਬ੍ਹ ਨੇ ਉਸਤਾਦ ਨੁਸਰਤ ਫ਼ਤਿਹ ਅਲੀ ਖ਼ਾਨ ਨੂੰ ਸਮਰਪਿਤ ਕੱਵਾਲੀਆਂ ਤੇ ਸੂਫ਼ੀ ਗਾਇਕੀ ਨਾਲ ਬੰਨ੍ਹਿਆ ਰੰਗ

➢ਸਫ਼ਲ ਵਿਰਾਸਤੀ ਮੇਲਾ ਕਰਵਾਉਣ ਲਈ ਪਟਿਆਲਾ ਪ੍ਰਸ਼ਾਸਨ ਵਧਾਈ ਦਾ ਪਾਤਰ : ਬਲਤੇਜ ਪੰਨੂ, ਕੋਹਲੀ, ਜੌੜਾਮਾਜਰਾ

ਪਟਿਆਲਾ, 23 ਫਰਵਰੀ (ਰੁਪਾਣਾ) : ਪਟਿਆਲਾ ਦੇ ਵਿਰਾਸਤੀ ਕਿਲ੍ਹਾ ਮੁਬਾਰਕ ਦੇ ਦਰਬਾਰ ਹਾਲ ਦੇ ਖੁੱਲ੍ਹੇ ਵਿਹੜੇ 'ਚ ਪਟਿਆਲਾ ਵਿਰਾਸਤੀ ਮੇਲੇ ਦੀ ਆਖਰੀ ਸ਼ਾਮ ਪਟਿਆਲਵੀਆਂ ਤੇ ਕਲਾ ਪ੍ਰੇਮੀਆਂ ਨੇ ਵੱਡੀ ਗਿਣਤੀ 'ਚ ਪੁੱਜ ਕੇ ਸੂਫ਼ੀਆਨਾ ਸ਼ਾਮ ਦਾ ਆਨੰਦ ਮਾਣਿਆ। ਇਸ ਮੌਕੇ ਵੱਡੀ ਗਿਣਤੀ ਪੁੱਜੇ ਦਰਸ਼ਕ ਸਰੋਤਿਆਂ ਨੇ ਤਾੜੀਆਂ ਦੀ ਗੂੰਜ ਨਾਲ ਪੰਜਾਬ ਦੇ ਉਘੇ ਗਾਇਕਾਂ ਦਾ ਸਤਿਕਾਰ ਕੀਤਾ। ਇਹ ਸੂਫ਼ੀਆਨਾ ਸ਼ਾਮ ਅੱਜ ਉਸ ਵੇਲੇ ਹੋਰ ਵੀ ਖ਼ੂਬਸੂਰਤ ਨਜ਼ਰ ਆਈ, ਜਦੋਂ ਕਵਾਲੀ ਦੇ ਆਫ਼ਤਾਬ ਗਾਇਕ ਖ਼ਾਨ ਸਾਬ੍ਹ ਨੇ ਇਹ ਸ਼ਾਮ ਉਸਤਾਦ ਨੁਸਰਤ ਫ਼ਤਹਿ ਅਲੀ ਖ਼ਾਨ ਨੂੰ ਸਮਰਪਿਤ ਕਰਦਿਆ ਰਵਾਇਤੀ ਕੱਵਾਲੀਆਂ ਨੂੰ ਆਪਣੇ ਨਿਵੇਕਲੇ ਅੰਦਾਜ਼ ਗਾਇਆ ਜਦਕਿ ਸੂਫ਼ੀ ਗਾਇਕ ਪ੍ਰੋ. ਅਮਨਦੀਪ ਸਿੰਘ ਦੇ ਦਿਲਰੁਬਾ ਵਾਦਨ ਤੇ ਸੂਫ਼ੀ ਗਾਇਕੀ ਨੇ ਖ਼ੂਬ ਰੰਗ ਬੰਨ੍ਹਦਿਆਂ ਦਰਸ਼ਕਾਂ ਨੂੰ ਝੂਮਣ ਲਾ ਦਿੱਤਾ। ਪੰਜਾਬ ਦੇ ਉੱਘੇ ਨੌਜਵਾਨ ਗਾਇਕ ਖ਼ਾਨ ਸਾਬ੍ਹ ਨੇ ਰਵਾਇਤੀ ਉਸਤਾਦ ਨੁਸਰਤ ਫ਼ਤਹਿ ਅਲੀ ਖ਼ਾਨ ਦੀਆਂ ਕਵਾਲੀਆਂ ਨਵੇਂ ਰੂਪ ਵਿੱਚ ਪੇਸ਼ ਕੀਤੀਆਂ। ਸੂਫ਼ੀਆਨਾ ਸ਼ਾਮ ਦੀ ਸ਼ੁਰੂਆਤ ਵਿੱਚ ਪ੍ਰਸਿੱਧ ਦਿਲਰੁਬਾ ਵਾਦਕ ਤੇ ਗਾਇਕ ਪ੍ਰੋ. ਅਮਨਦੀਪ ਸਿੰਘ ਨੇ ਪਟਿਆਲਾ ਰਿਆਸਤ ਦੇ ਸਾਜ ਦਿਲਰੁਬਾ ਨਾਲ ਸ਼ਾਨ ਵਜਾ ਕੇ ਸ਼ੁਰੂਆਤ ਕੀਤੀ ਪਟਿਆਲਾ ਘਰਾਣੇ ਦੇ ਗੱਜਣ ਸਿੰਘ ਤੇ ਭਾਈ ਹਰਨਾਮ ਸਿੰਘ ਨੂੰ ਯਾਦ ਕੀਤਾ। ਇਸ ਮੌਕੇ ਪੁੱਜੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਤੇ ਮੁੱਖ ਬੁਲਾਰੇ ਬਲਤੇਜ ਪੰਨੂ, ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ, ਪੀਆਰਟੀਸੀ ਚੇਅਰਮੈਨ ਹਰਪਾਲ ਜੁਨੇਜਾ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇਜਿੰਦਰ ਮਹਿਤਾ ਅਤੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਅਜਿਹੀ ਸਾਫ਼ ਸੁਥਰੀ ਗਾਇਕੀ ਸਾਨੂੰ ਸਾਡੀ ਵਿਰਾਸਤ ਨਾਲ ਜੋੜਦੀ ਹੈ ਅਤੇ ਨੌਜਵਾਨ ਪੀੜ੍ਹੀ ਨੂੰ ਸੰਗੀਤ ਰਾਹੀਂ ਆਪਣੇ ਜੀਵਨ ਨੂੰ ਉੱਚਾ ਤੇ ਸੱਚਾ ਰੱਖਣ ਦਾ ਸੰਦੇਸ਼ ਦਿੰਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਦੀ ਅਗਵਾਈ ਹੇਠ ਅਜਿਹੇ ਮੇਲੇ ਲਗਾਉਣਾ ਰੰਗਲਾ ਪੰਜਾਬ ਬਣਾਉਣ ਸਮੇਤ ਲੋਕਾਂ ਨੂੰ ਆਪਣੀ ਅਮੀਰ ਵਿਰਾਸਤ ਨਾਲ ਜੋੜਨ ਦਾ ਚੰਗਾ ਉਪਰਾਲਾ ਹੈ। ਬਲਤੇਜ ਪੰਨੂ ਨੇ ਕਿਹਾ ਕਿ ਸਫ਼ਲ ਵਿਰਾਸਤੀ ਮੇਲਾ ਕਰਵਾਉਣ ਲਈ ਪਟਿਆਲਾ ਪ੍ਰਸ਼ਾਸਨ ਵਧਾਈ ਦਾ ਪਾਤਰ ਹੈ।ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਪਟਿਆਲਾਵੀਆਂ ਤੇ ਕਲਾ ਪ੍ਰੇਮੀਆਂ ਦਾ ਧੰਨਵਾਦ ਕੀਤਾ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸਿਮਰਪ੍ਰੀਤ ਕੌਰ, ਉਤਰ ਖੇਤਰੀ ਸੱਭਿਆਚਾਰਕ ਕੇਂਦਰ ਦੇ ਸਹਾਇਕ ਡਾਇਰੈਕਟਰ ਰਵਿੰਦਰ ਸ਼ਰਮਾ, ਚਰਨਜੀਤ ਸਿੰਘ, ਐਸ.ਡੀ.ਐਮਜ ਨਮਨ ਮਾਰਕੰਨ, ਨੋਡਲ ਅਫ਼ਸਰ ਰਿਚਾ ਗੋਇਲ, ਹਰਜੋਤ ਕੌਰ, ਸੀ. ਐਮ. ਐਫ.ਓ. ਸਤੀਸ਼ ਚੰਦਰ, ਸੀ.ਡੀ.ਪੀ.ਓ ਸੁਪ੍ਰੀਤ ਬਾਜਵਾ, ਕੌਂਸਲਰ ਅੰਮ੍ਰਿਤ ਪਾਲ ਸਿੰਘ ਪਾਲੀ ਅਤੇ ਰਣਜੀਤ ਸਿੰਘ ਸਮੇਤ ਪਟਿਆਲਾ ਵਾਸੀਆਂ ਤੇ ਸੰਗੀਤ ਪ੍ਰੇਮੀਆਂ ਨੇ ਵੱਡੀ ਗਿਣਤੀ 'ਚ ਸ਼ਿਰਕਤ ਕਰਕੇ ਕਵਾਲੀ ਤੇ ਸੂਫ਼ੀਆਨ ਸ਼ਾਮ ਸਮੇਂ ਸਾਫ਼-ਸੁਥਰੀ ਗਾਇਕੀ ਦਾ ਅਨੰਦ ਮਾਣਿਆ।

ਜੈਤੋਂ ਦੇ ਮੋਰਚੇ ਦੇ ਸ਼ਹੀਦਾਂ ਨੂੰ ਸਮਰਪਿਤ ਧਾਰਮਿਕ ਸਮਾਗਮ

ਨਾਭਾ, 23 ਫਰਵਰੀ (ਬਲਜਿੰਦਰ ਮਾਨ) : ਰਿਆਸਤੀ ਸਹਿਰ ਨਾਭਾ ਵਿਖੇ ਜੈਤੋਂ ਦੇ ਮੋਰਚੇ ਦੇ ਸ਼ਹੀਦਾਂ ਦੀ ਯਾਦ ਵਿੱਚ ਸੁਸ਼ੋਭਿਤ ਗੁਰਦੁਆਰਾ ਸ੍ਰੀ ਅਕਾਲਗੜ੍ਹ ਸਾਹਿਬ ਨਾਭਾ ਵਿਖੇ ਜੈਤੋਂ ਦੇ ਸ਼ਹੀਦਾਂ ਨੂੰ ਯਾਦ ਕਰਦਿਆਂ ਇੱਕ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੀ ਪਵਿੱਤਰ ਬਾਣੀ ਦੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਉਣ ਉਪਰੰਤ ਦੀਵਾਨ ਸਜਾਏ ਗਏ ਜਿਸ ਵਿੱਚ ਪੰਥ ਦੇ ਮਹਾਨ ਰਾਗੀ ਭਾਈ ਹਰਦੀਪ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਦੂਖ-ਨਿਵਾਰਨ ਸਾਹਿਬ ਭਾਈ ਮਨਪ੍ਰੀਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਅਕਾਲਗੜ੍ਹ ਸਾਹਿਬ ਤੋਂ ਇਲਾਵਾ ਪੰਥ ਦੇ ਉੱਘੇ ਪ੍ਰਚਾਰਕ ਹਜ਼ੂਰੀ ਕਥਾਵਾਚਕ ਗੁ: ਘੋੜਿਆਂਵਾਲਾ ਸਾਹਿਬ ਨਾਭਾ ਡਾ: ਭਾਈ ਮਨਿੰਦਰ ਸਿੰਘ ਨੇ ਸੰਗਤਾਂ ਨੂੰ ਜੈਤੋ ਮੋਰਚੇ ਦੇ ਇਤਿਹਾਸ ਤੋਂ ਜਾਣੂ ਕਰਵਾਇਆ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਜਥੇਦਾਰ ਬਲਤੇਜ ਸਿੰਘ ਖੋਖ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਮੱਖਣ ਸਿੰਘ ਲਾਲਕਾ ਹਲਕਾ ਇੰਚਾਰਜ, ਮੈਨੇਜਰ ਆਤਮ ਪ੍ਰਕਾਸ਼ ਸਿੰਘ ਬੇਦੀ, ਮੈਨੇਜਰ ਹਰਨੇਕ ਸਿੰਘ ਰੋਹਟਾ, ਬਲਜੀਤ ਸਿੰਘ ਖਹਿਰਾ ਰਿਟਾ: ਬੀਡੀਪੀਓ ਪ੍ਰਧਾਨ ਅਮਲ ਸੋਸਾਇਟੀ ਨਾਭਾ, ਗੁਰਦਿਆਲ ਇੰਦਰ ਸਿੰਘ ਬਿੱਲੂ, ਸਤਿਗੁਰ ਸਿੰਘ ਨਰਮਾਣਾ ਪ੍ਰਧਾਨ ਬਾਬਾ ਅਜਾਪਾਲ ਸਿੰਘ ਸੇਵਾ ਸੋਸਾਇਟੀ, ਗੁਰਬਖਸ਼ੀਸ਼ ਸਿੰਘ ਨਰਮਾਣਾ, ਹਰਦਮ ਸਿੰਘ ਇੱਛੇਵਾਲ ਮੇਵਾ ਸਿੰਘ ਬਿਨਾਹੇੜੀ, ਬੱਬੂ , ਹਾਕਮ ਸਿੰਘ ਪ੍ਰਧਾਨ ਗੁਰੂ ਹਰਗੋਬਿੰਦ ਸੇਵਾ ਸੋਸਾਇਟੀ ਨਾਭਾ, ਰਵਿੰਦਰ ਸਿੰਘ ਸਿਮਰਨ ਅਤੇ ਹੋਰ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਪਿੰਡ ਚੌਰਾ ਵਿਖੇ ਸੈਂਕੜੇ ਪਰਿਵਾਰਾਂ ਨੇ ਰਵਾਇਤੀ ਪਾਰਟੀਆਂ ਨੂੰ ਛੱਡ ਕੇ 'ਆਪ' ਦਾ ਪੱਲਾ ਫੜਿਆ

➢ਹਡਾਣਾ ਵੱਲੋਂ ਨਵੇਂ ਸਾਥੀਆਂ ਦਾ ਸਵਾਗਤ

ਭੁਨਰਹੇੜੀ, 23 ਫ਼ਰਵਰੀ (ਗੁਰਜੀਤ ਸਿੰਘ ਢੋਟ) : ਹਲਕਾ ਸਨੌਰ ਵਿੱਚ ਆਮ ਆਦਮੀ ਪਾਰਟੀ ਦੀ ਲੋਕਪ੍ਰਿਯਤਾ ਦਿਨੋਂ-ਦਿਨ ਸਿਖਰਾਂ 'ਤੇ ਪਹੁੰਚ ਰਹੀ ਹੈ। ਅੱਜ ਪਿੰਡ ਚੌਰਾ ਵਿਖੇ ਰਵਾਇਤੀ ਪਾਰਟੀਆਂ ਨੂੰ ਉਸ ਸਮੇਂ ਵੱਡਾ ਸਿਆਸੀ ਝਟਕਾ ਲੱਗਿਆ, ਜਦੋਂ ਸੈਂਕੜੇ ਨਿਵਾਸੀਆਂ ਨੇ ਹਰਪ੍ਰੀਤ ਸਿੰਘ ਘੁੰਮਣ ਅਤੇ ਗੁਰਪ੍ਰੀਤ ਸਿੰਘ ਬਲਾਕ ਪ੍ਰਧਾਨ ਤੇ ਸਰਪੰਚ ਰਿਸ਼ੀ ਕਲੋਨੀ ਦੀ ਅਗਵਾਈ ਵਿੱਚ ਕਾਂਗਰਸ ਅਤੇ ਅਕਾਲੀ ਦਲ ਨੂੰ ਹਮੇਸ਼ਾ ਲਈ ਅਲਵਿਦਾ ਕਹਿ ਕੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀਆਂ ਲੋਕ-ਪੱਖੀ ਨੀਤੀਆਂ ਅਤੇ ਹਲਕੇ ਵਿੱਚ ਹੋ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਨਵੇਂ ਸ਼ਾਮਲ ਹੋਏ ਸਾਥੀਆਂ ਅਤੇ ਪਰਿਵਾਰਾਂ ਨੂੰ ਸਿਰੋਪਾਓ ਦੇ ਕੇ ਪਾਰਟੀ ਵਿੱਚ ਨਿੱਘਾ ਸਵਾਗਤ ਕੀਤਾ। ਇਸ ਮੌਕੇ ਰਾਮਇੰਦਰ ਸਿੰਘ ਜਮਨਾ ਜਿਲ੍ਹਾ ਪ੍ਰੀਸ਼ਦ ਮੈਂਬਰ, ਸਵਰਨਜੀਤ ਕੌਰ ਸਰਪੰਚ ਚੌਰਾ, ਗੁਰਵਿੰਦਰ ਸਿੰਘ ਚੌਰਾ, ਸੋਹਣਾ ਪੰਚ ਚੌਰਾ, ਦਰਸ਼ਨ ਸਿੰਘ, ਪਰਮਿੰਦਰ ਸਿੰਘ ਨਿੱਕੂ ਐਨ ਆਰ ਆਈ, ਗੁਰਦੇਵ ਸਿੰਘ ਵਿਰਕ, ਕਰਮਜੀਤ ਸਿੰਘ ਨੰਬਰਦਾਰ ਚੌਰਾ ਤੋਂ ਇਲਾਵਾ ਕਈ ਪਿੰਡ ਦੇ ਪਤਵੰਤੇ ਲੋਕ ਮੌਜੂਦ ਰਹੇ।

ਹਲਕਾ ਸਨੌਰ 'ਚ ਚੋਰੀ ਦੀਆਂ ਵੱਧ ਰਹੀਆਂ ਘਟਨਾਵਾ, ਕਿਸਾਨ ਪ੍ਰੇਸ਼ਾਨ

ਸਨੌਰ, 23 ਫਰਵਰੀ (ਪ੍ਰਥਮ ਕੁਮਾਰ) : ਹਲਕਾ ਸਨੌਰ ਵਿੱਚ ਪਿਛਲੇ ਕਈ ਮਹੀਨਿਆਂ ਤੋਂ ਕਿਸਾਨਾਂ ਨਾਲ ਚੋਰੀ ਦੀਆਂ ਘਟਨਾਵਾਂ ਲਗਾਤਾਰ ਵੱਧ ਰਹੀਆਂ ਹਨ, ਜਿਸ ਕਾਰਨ ਪਿੰਡ ਵਾਸੀਆਂ ਵਿੱਚ ਡਰ ਅਤੇ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ। ਇਸ ਸਬੰਧੀ ਹਲਕਾ ਸਨੌਰ ਦੇ ਪ੍ਰਮੁੱਖ ਕਿਸਾਨ ਆਗੂ ਜਸਵਿੰਦਰ ਸਿੰਘ ਮੋਣੀ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਇਲਾਕੇ ਦੇ ਕਈ ਪਿੰਡਾਂ ਵਿੱਚ ਪਸ਼ੂ ਚੋਰੀ ਅਤੇ ਖੇਤੀਬਾੜੀ ਸਾਧਨਾਂ ਦੀ ਚੋਰੀ ਦੇ ਮਾਮਲੇ ਲਗਾਤਾਰ ਸਾਹਮਣੇ ਆ ਰਹੇ ਹਨ। ਉਨ੍ਹਾਂ ਖਾਸ ਤੌਰ 'ਤੇ ਪਿੰਡ ਸਿਰਕਪੜਾ, ਕੋਟਲਾ ਗੇਰੂ ਅਤੇ ਭਾਖਰ ਦਾ ਜ਼ਿਕਰ ਕਰਦਿਆਂ ਕਿਹਾ ਕਿ ਇੱਥੇ ਕਈ ਕਿਸਾਨ ਆਪਣੀ ਰੋਜ਼ੀ-ਰੋਟੀ ਦਾ ਮੁੱਖ ਸਾਧਨ ਗੁਆ ਬੈਠੇ ਹਨ। ਉਨ੍ਹਾਂ ਦੱਸਿਆ ਕਿ ਕਈ ਪਰਿਵਾਰਾਂ ਦੇ ਦੁੱਧ ਵਾਲੇ ਪਸ਼ੂ ਰਾਤ ਦੇ ਸਮੇਂ ਚੋਰੀ ਹੋ ਗਏ ਹਨ, ਜਿਸ ਨਾਲ ਉਨ੍ਹਾਂ ਦੀ ਆਮਦਨ 'ਤੇ ਸਿੱਧਾ ਅਸਰ ਪਿਆ ਹੈ। ਇਸ ਤੋਂ ਇਲਾਵਾ, ਮੋਟਰਾ ਵਰਗੇ ਹੋਰ ਖੇਤੀਬਾੜੀ ਸਾਧਨ ਵੀ ਚੋਰੀ ਹੋਣ ਦੀਆਂ ਘਟਨਾਵਾਂ ਸਾਹਮਣੇ ਆਈਆਂ ਹਨ।ਜਸਵਿੰਦਰ ਸਿੰਘ ਮੋਣੀ ਨੇ ਦੋਸ਼ ਲਗਾਇਆ ਕਿ ਪ੍ਰਸ਼ਾਸਨ ਵੱਲੋਂ ਇਨ੍ਹਾਂ ਘਟਨਾਵਾਂ ਨੂੰ ਰੋਕਣ ਲਈ ਕੋਈ ਠੋਸ ਕਦਮ ਨਹੀਂ ਚੁੱਕੇ ਜਾ ਰਹੇ। ਪਿੰਡ ਵਾਸੀਆਂ ਨੇ ਵੀ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਉਨ੍ਹਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ ਅਤੇ ਚੋਰੀਆਂ ਵਿੱਚ ਸ਼ਾਮਲ ਦੋਸ਼ੀਆਂ ਨੂੰ ਜਲਦ ਤੋਂ ਜਲਦ ਕਾਬੂ ਕੀਤਾ ਜਾਵੇ। ਕਿਸਾਨਾਂ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਜਲਦੀ ਕਾਰਵਾਈ ਨਾ ਹੋਈ, ਤਾਂ ਉਹ ਸੰਘਰਸ਼ ਦਾ ਰਾਹ ਅਪਣਾਉਣ ਲਈ ਮਜਬੂਰ ਹੋਣਗੇ।

ਅੱਜ ਦੇ ਐਕਸ਼ਨ ਲਈ 'ਟਾਵਰ ਮੋਰਚਾ' ਸਮਾਣਾ 'ਤੇ ਸੰਗਤਾਂ ਦੀ ਆਮਦ ਸ਼ੁਰੂ

ਸਮਾਣਾ, 23 ਫਰਵਰੀ (ਵਿਜੇ ਕੁਮਾਰ) : ਧੰਨ-ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਰੇ ਧਰਮਾਂ ਦੇ ਸਤਿਕਾਰਯੋਗ ਧਰਮ ਗ੍ਰੰਥਾਂ ਦੀ ਬੇਅਦਬੀ ਰੋਕਣ ਲਈ ਸਖਤ ਸਜਾ ਦੇ ਕਾਨੂੰਨ ਦੀ ਮੰਗ ਕਰ ਰਹੇ ਭਾਈ ਗੁਰਜੀਤ ਸਿੰਘ ਖਾਲਸਾ ਪਿਛਲੇ 12 ਅਕਤੂਬਰ 2024 ਤੋਂ ਸਮਾਣਾ ਵਿਖੇ 400 ਫੁੱਟ ਉੱਚੇ ਟਾਵਰ 'ਤੇ ਬੈਠੇ ਹਨ। ਐਤਵਾਰ ਨੂੰ 'ਪਾਪ ਦਾ ਅੰਤ ਮਹਾਂ ਰੈਲੀ' ਦੇ ਬੈਨਰ ਹੇਠ ਆਯੋਜਿਤ ਰੇਲੀ ਨੂੰ ਸੰਬੋਧਨ ਕਰਦਿਆਂ ਭਾਈ ਤਲਵਿੰਦਰ ਸਿੰਘ ਔਲਖ, ਵੈਟਰਨ ਵੈਲਫੇਅਰ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਦਿਲਬਾਗ ਸਿੰਘ, ਅਵਤਾਰ ਸਿੰਘ ਸਾਬਕਾ ਸੈਨਿਕ ਭਲਾਈ ਵਿੰਗ ਦੇ ਪ੍ਰਧਾਨ ਤੇ ਹੋਰ ਬੁਲਾਰਿਆਂ ਕਿਹਾ ਕਿ ਇਹਨਾਂ 16 ਮਹੀਨਿਆਂ ਵਿੱਚ ਇਸ ਮੰਗ ਸਬੰਧੀ ਇਕੱਠ, ਰੋਸ ਮੁਜਾਹਰੇ ਹੋਏ। ਇਹ ਛੇ ਮਹੀਨੇ ਦੀ ਮਿਆਦ 15 ਜਨਵਰੀ 2026 ਨੂੰ ਪੂਰੀ ਹੋ ਚੁੱਕੀ ਹੈ ਪਰ ਮੌਜੂਦਾ ਪੰਜਾਬ ਸਰਕਾਰ ਨੇ ਇਸ ਮਸਲੇ ਸਬੰਧੀ ਕੋਈ ਗੰਭੀਰ ਕਦਮ ਨਹੀਂ ਚੁੱਕਿਆ। 24 ਫਰਵਰੀ ਨੂੰ ਟਾਵਰ ਮੋਰਚਾ ਤੇ ਸੰਗਤਾਂ ਦਾ ਵੱਡਾ ਇਕੱਠ ਹੋ ਰਿਹਾ ਹੈ। ਭਾਈ ਗੁਰਜੀਤ ਸਿੰਘ ਖਾਲਸਾ ਪੂਰਨ ਤੌਰ 'ਤੇ ਸ਼ਾਂਤਮਈ ਸੰਘਰਸ਼ ਕਰ ਰਹੇ ਹਨ ਪਰ ਸਰਕਾਰਾਂ ਕੋਈ ਸੁਣਵਾਈ ਨਹੀਂ ਕਰ ਰਹੀਆਂ। ਇਸ ਮੌਕੇ ਅਮਿਤੋਜ ਸਿੰਘ ਮਾਨ, ਮਨਦੀਪ ਸਿੰਘ ਸਿੱਧੂ, ਨੰਬਰਦਾਰ ਗੁਰਮੁੱਖ ਸਿੰਘ ਮੀਰਾਕੋਟ, ਜਗਬੀਰ ਸਿੰਘ, ਹਰਵਿੰਦਰ ਸਿੰਘ ਸੀ.ਆਰ.ਪੀ., ਪ੍ਰਨਾਮ ਸਿੰਘ, ਐਸ.ਪੀ.ਸਿੰਘ, ਗੁਰਪ੍ਰੀਤ ਸਿੰਘ ਕੋਆਰਡੀਨੇਟਰ, ਹਰਕੀਰਤ ਸਿੰਘ, ਖੁਸਵਿੰਦਰ ਸਿੰਘ ਚਮਕੌਰ ਸਾਹਿਬ, ਤਲਵਿੰਦਰ ਸਿੰਘ ਔਲਖ, ਕੁਲਵਿੰਦਰ ਸਿੰਘ ਸਿੱਧੂ, ਮਲਕੀਤ ਸਿੰਘ ਧਰਮੀ ਫੌਜੀ, ਰੰਮੀ ਸਿੰਘ ਸਹਿਗਲ, ਸੁਖਜਿੰਦਰ ਸਿੰਘ, ਬਾਬਾ ਭੁੱਲਰ, ਬਾਬਾ ਜੱਸਾ ਸਿੰਘ, ਤਸਵੀਰ ਸਿੰਘ ਬੰਧਾ, ਕੇਵਲ ਸਿੰਘ, ਕੁਲਜਿੰਦਰ ਸਿੰਘ ਜੰਡ ਸਾਹਿਬ, ਪਰਮਜੀਤ ਸਿੰਘ ਢੀਂਡਸਾ, ਸੁਖਦੇਵ ਸਿੰਘ ਹਕੀਮਾ, ਕਿਰਪਾਲ ਸਿੰਘ ਬਾਦੀਆ, ਅਵਤਾਰ ਸਿੰਘ ਫੱਕਰਸਰ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

116ਵੇਂ ਸਥਾਪਨਾ ਦਿਵਸ ਦੀ ਯਾਦ 'ਚ ਮੋਟਰਸਾਈਕਲ ਰੈਲੀ

ਨਾਭਾ, 23 ਫਰਵਰੀ (ਬਲਜਿੰਦਰ ਮਾਨ/ਚੌਧਰੀਮਾਜਰਾ) : ਆਰਮੀ ਕੋਰ ਆਫ਼ ਸਿਗਨਲਜ਼ ਦੇ 116ਵੇਂ ਸਥਾਪਨਾ ਦਿਵਸ ਦੀ ਯਾਦ ਵਿੱਚ ਇੱਕ ਮੋਟਰਸਾਈਕਲ ਰੈਲੀ ਸਾਬਕਾ ਸੈਨਿਕਾਂ ਅਤੇ ਯੁੱਧ ਨਾਇਕਾਂ ਦਾ ਸਨਮਾਨ ਕਰਨ ਅਤੇ ਨੌਜਵਾਨਾਂ ਨੂੰ ਹਥਿਆਰਬੰਦ ਸੈਨਾਵਾਂ ਦੀ ਬਹਾਦਰੀ ਅਤੇ ਕੁਰਬਾਨੀ ਨੂੰ ਯਾਦ ਕਰਨ ਲਈ ਪ੍ਰੇਰਿਤ ਕਰਨ ਲਈ ਚੱਲ ਰਹੀ ਹੈ। ਕਰਨਲ ਰਾਜੀਵ ਕੁਮਾਰ ਦੀ ਅਗਵਾਈ ਵਿੱਚ ਦਸ ਫੌਜ ਦੇ ਜਵਾਨਾਂ ਦੀ ਇੱਕ ਟੀਮ ਲਗਭਗ 2000 ਕਿਲੋਮੀਟਰ ਦੀ ਦੂਰੀ ਤੈਅ ਕਰ ਰਹੀ ਹੈ। ਇਹ ਰੈਲੀ 15 ਫਰਵਰੀ 2026 ਨੂੰ ਦਿੱਲੀ ਤੋਂ ਸ਼ੁਰੂ ਹੋਈ ਸੀ, ਅਤੇ ਹਿਸਾਰ, ਮੰਡੀ ਡੱਬਵਾਲੀ, ਅਬੋਹਰ, ਅੰਮ੍ਰਿਤਸਰ, ਨਾਭਾ, ਚੰਡੀਗੜ੍ਹ ਅਤੇ ਦੇਹਰਾਦੂਨ ਵਿੱਚੋਂ ਲੰਘਦੀ ਹੋਈ ਮੇਰਠ ਵਿਖੇ ਸਮਾਪਤ ਹੋਵੇਗੀ। ਇਹ ਰੈਲੀ 21 ਫਰਵਰੀ, 2026 ਨੂੰ ਪੰਜਾਬ ਪਬਲਿਕ ਸਕੂਲ, ਨਾਭਾ ਪਹੁੰਚੀ। ਲੈਫਟੀਨੈਂਟ ਕਰਨਲ ਅਰਚਨਾ ਸਿੰਘ ਨੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਕੋਰ ਆਫ਼ ਸਿਗਨਲਜ਼ ਦੀ ਮਹੱਤਵਪੂਰਨ ਭੂਮਿਕਾ ਅਤੇ ਕਾਰਜਸ਼ੀਲਤਾ ਤੋਂ ਜਾਣੂ ਕਰਵਾਇਆ। ਸਕੂਲ ਹੈਡਮਾਸਟਰ ਡਾ. ਡੀ.ਸੀ. ਸ਼ਰਮਾ ਨੇ ਟੀਮ ਮੈਂਬਰਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ।

36 ਬੋਤਲਾਂ ਸ਼ਰਾਬ ਬ੍ਰਾਮਦ

ਪਟਿਆਲਾ, 23 ਫਰਵਰੀ (ਵਿਨੋਦ ਸ਼ਰਮਾ) : ਥਾਣਾ ਲਾਹੌਰੀ ਗੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਮਹਿਲਾ ਪਾਸੋਂ ਵਾਸੀ ਗਲੀ ਨੇੜੇ ਮਨੀ ਕਰਿਆਨਾ ਸਟੋਰ ਭੀਮ ਨਗਰ ਸਫਾਬਾਦੀ ਗੇਟ ਪਟਿਆਲਾ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏਐਸਆਈ ਰਾਮ ਲਾਲ ਸਮੇਤ ਪੁਲਿਸ ਪਾਰਟੀ ਵੱਲੋਂ ਰੇਡ ਕਰਨ ਪਰ 36 ਬੋਤਲਾਂ ਸ਼ਰਾਬ ਦੀਆਂ ਬ੍ਰਾਮਦ ਹੋਈਆਂ।

ਨਸ਼ੀਲੀਆਂ ਗੋਲ਼ੀਆਂ ਸਮੇਤ ਮਹਿਲਾ ਕਾਬੂ

ਸਮਾਣਾ, 23 ਫਰਵਰੀ (ਵਿਜੇ ਕੁਮਾਰ) : ਸਦਰ ਪੁਲਸ ਨੇ ਇੱਕ ਮਹਿਲਾ ਨੂੰ 200 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕਰਕੇ ਉਸ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਮਹਿਲਾ ਦੀ ਪਛਾਣ ਲਕਸ਼ਮੀ ਦੇਵੀ ਪਤਨੀ ਮਨਜੀਤ ਸਿੰਘ, ਵਾਸੀ ਖੇੜੀ ਗਿੱਲਾਂ (ਜ਼ਿਲ੍ਹਾ ਸੰਗਰੂਰ) ਵਜੋਂ ਹੋਈ ਹੈ। ਸਦਰ ਪੁਲਸ ਇੰਚਾਰਜ ਇੰਸਪੈਕਟਰ ਅਜੇ ਕੁਮਾਰ ਪੁਰੋਚਾ ਨੇ ਦੱਸਿਆ ਕਿ ਏ.ਐਸ.ਆਈ. ਨਿਰਮਲ ਸਿੰਘ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਬੱਸ ਅੱਡਾ ਫੈਠਲ ਵਿਖੇ ਮੌਜੂਦ ਸਨ। ਗੁਪਤ ਸੂਚਨਾ ਦੇ ਆਧਾਰ 'ਤੇ ਉਨ੍ਹਾਂ ਨੇ ਪੁਲਿਸ ਪਾਰਟੀ ਸਮੇਤ ਬੱਸ ਅੱਡਾ ਪਿੰਡ ਬਿਜ਼ਜਲਪੁਰ ਵਿਖੇ ਨਾਕਾਬੰਦੀ ਕੀਤੀ ਅਤੇ ਆ ਰਹੀ ਇੱਕ ਮਹਿਲਾ ਨੂੰ ਸ਼ੱਕ ਦੇ ਆਧਾਰ 'ਤੇ ਰੋਕਿਆ। ਤਲਾਸ਼ੀ ਦੌਰਾਨ ਉਸ ਕੋਲੋਂ 200 ਖੁੱਲ੍ਹੀਆਂ ਨਸ਼ੀਲੀਆਂ ਗੋਲੀਆਂ ਬਰਾਮਦ ਹੋਣ 'ਤੇ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਅਧਿਕਾਰੀ ਅਨੁਸਾਰ ਮਹਿਲਾ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਅਦਾਲਤੀ ਹੁਕਮਾਂ 'ਤੇ ਜੇਲ੍ਹ ਭੇਜ ਦਿੱਤਾ ਗਿਆ ਹੈ।

ਸੜਕ ਹਾਦਸੇ 'ਚ ਜ਼ਖ਼ਮੀ ਲੜਕੀ ਦੀ ਇਲਾਜ ਦੌਰਾਨ ਮੌਤ

ਪਟਿਆਲਾ, 23 ਫਰਵਰੀ (ਵਿਨੋਦ ਸ਼ਰਮਾ) : ਥਾਣਾ ਅਨਾਜ ਮੰਡੀ ਪਟਿਆਲਾ ਪੁਲਿਸ ਕੋਲ ਕੇਸਰ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਰੀਠਖੇੜੀ ਨੇ ਕਥਿਤ ਦੋਸ਼ੀ ਕਾਰ ਦੇ ਡਰਾਈਵਰ ਦਵਿੰਦਰ ਸਿੰਘ ਵਾਸੀ ਫੇਸ-2 ਅਰਬਨ ਅਸਟੇਟ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦੀ ਲੜਕੀ ਨੀਸ਼ਾ ਕੌਰ, ਜੋ ਕਿ ਸਕੂਟਰੀ 'ਤੇ ਸਵਾਰ ਹੋ ਕੇ ਪਿੰਡ ਫੱਗਣਮਾਜਰਾ ਦੇ ਬੱਸ ਸਟੈਂਡ ਪਾਸ ਜਾ ਰਹੀ ਸੀ ਤਾਂ ਕਥਿਤ ਦੋਸ਼ੀ ਡਰਾਇਵਰ ਨੇ ਆਪਣੀ ਕਾਰ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਉਸ ਦੀ ਲੜਕੀ ਵਿੱਚ ਮਾਰੀ, ਜੋ ਐਕਸੀਡੈਂਟ ਵਿੱਚ ਉਸ ਦੀ ਲੜਕੀ ਦੀ ਦੌਰਾਨੇ ਇਲਾਜ ਮੌਤ ਹੋ ਗਈ।

ਨਿਰਮਲ ਸਿੰਘ ਭੱਟੀਆਂ ਵੱਲੋਂ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਤੇ ਕਾਂਗਰਸੀ ਆਗੂਆਂ ਨਾਲ ਮੀਟਿੰਗ

ਦੇਵੀਗੜ੍ਹ, 23 ਫਰਵਰੀ (ਗੁਰਜੀਤ ਸਿੰਘ ਢੋਟ) : ਨਿਰਮਲ ਸਿੰਘ ਭੱਟੀਆ ਨੇ ਹਲਕਾ ਸਨੌਰ ਦੇ ਵੱਖ ਵੱਖ ਪਿੰਡਾਂ ਵਿੱਚ ਜਾ ਕੇ ਕਾਂਗਰਸ ਪਾਰਟੀ ਦੇ ਆਗੂ ਅਤੇ ਸਰਪੰਚਾਂ-ਪੰਚਾਂ ਨਾਲ ਮੀਟਿੰਗਾਂ ਕੀਤੀਆਂ। 28 ਫਰਵਰੀ ਦਿਨ ਸ਼ਨੀਵਾਰ ਨੂੰ 11 ਵਜੇ ਬਰਨਾਲਾ ਵਿਖੇ ਬਹੁਤ ਵੱਡੀ ਰੈਲੀ ਹੋਣ ਜਾ ਰਹੀ ਹੈ ਇਸ ਰੈਲੀ ਵਿੱਚ ਵਿਰੋਧੀ ਧਿਰ ਦੇ ਨੇਤਾ ਸ੍ਰੀ ਰਾਹੁਲ ਗਾਂਧੀ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਇਹ ਰੈਲੀ ਮਨਰੇਗਾ ਮਜ਼ਦੂਰਾਂ ਦੇ ਹੱਕ ਵਿੱਚ ਅਤੇ ਕਿਸਾਨ ਭਰਾਵਾਂ ਦੇ ਹੱਕ ਵਿੱਚ ਕੀਤੀ ਜਾ ਰਹੀ ਹੈ। ਇਸ ਦੇ ਤਹਿਤ ਪਾਰਲੀਮੈਂਟ ਵਿੱਚ ਵਿਰੋਧੀ ਧਿਰ ਦੇ ਨੇਤਾ ਸ੍ਰੀ ਰਾਹੁਲ ਗਾਂਧੀ 28 ਫਰਵਰੀ ਦਿਨ ਸ਼ਨੀਵਾਰ ਨੂੰ ਬਰਨਾਲਾ ਵਿਖੇ ਮਨਰੇਗਾ ਮਜ਼ਦੂਰਾਂ ਅਤੇ ਗਰੀਬਾਂ ਅਤੇ ਕਿਸਾਨਾਂ ਦੀ ਆਵਾਜ਼ ਨੂੰ ਬੁਲੰਦ ਕਰਨ ਲਈ ਇੱਕ ਮਹਾਂ ਰੈਲੀ ਨੂੰ ਸੰਬੋਧਨ ਕਰਨ ਲਈ ਆ ਰਹੇ ਹਨ, ਨਿਰਮਲ ਸਿੰਘ ਭੱਟੀਆ ਸੀਨੀਅਰ ਕਾਂਗਰਸੀ ਆਗੂ ਹਲਕਾ ਸਨੌਰ ਦੇ ਲੋਕਾਂ ਨੂੰ ਅਪੀਲ ਕਰਦੇ ਹਨ, ਕਿ ਇਸ ਮਹਾਂ ਰੈਲੀ ਵਿੱਚ ਹੁੰਮ-ਹੁਮਾ ਕੇ ਪਹੁੰਚੋ।

ਫਤਿਹਪੁਰ ਕਬੱਡੀ ਕੱਪ ਸ਼ਾਨੋ ਸ਼ੌਕਤ ਨਾਲ ਸੰਪੰਨ

ਸਮਾਣਾ, 23 ਫਰਵਰੀ (ਜਵੰਦਾ) : ਖੇਡਾਂ ਜਿੱਥੇ ਸਾਡੇ ਅੰਦਰ ਪਿਆਰ ਅਤੇ ਭਾਈਚਾਰਕ ਸਾਂਝ ਪੈਦਾ ਕਰਦੀਆਂ ਹੋਈਆਂ ਉਥੇ ਹੀ ਇਕ ਸਿਹਤਮੰਦ ਸਮਾਜ ਦੀ ਸਿਰਜਣਾ ਕਰਨ ਵਿਚ ਵੱਡਾ ਰੋਲ ਅਦਾ ਕਰਦੀਆਂ ਹਨ ਅਤੇ ਖੇਡਾਂ ਨਾਲ ਹੀ ਖ਼ਿਡਾਰੀ ਆਪਣੀ ਅਤੇ ਆਪਣੇ ਦੇਸ਼ ਦੀ ਪਛਾਣ ਪੂਰੀ ਦੁਨੀਆਂ 'ਚ ਬਣਾਉਣ 'ਚ ਅਹਿਮ ਰੋਲ ਅਦਾ ਕਰਦੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਾਬਕਾ ਵਿਧਾਇਕ ਰਜਿੰਦਰ ਸਿੰਘ ਨੇ ਬਾਬਾ ਬੰਦਾ ਸਿੰਘ ਬਹਾਦਰ ਯੂਥ ਕਲੱਬ ਫਤਿਹਪੁਰ ਵੱਲੋਂ ਲੱਖਾ ਢੋਟ ਨਿਊਜ਼ੀਲੈਂਡ, ਸਰਪੰਚ ਰਾਣਾ ਢਿੱਲੋਂ ਅਤੇ ਕਲੱਬ ਪ੍ਰਧਾਨ ਸਿਮਰਨਜੀਤ ਸਿੰਘ ਦੀ ਅਗਵਾਈ ਹੇਠ ਕਰਵਾਏ ਕਬੱਡੀ ਕੱਪ ਤੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਉਪਰੰਤ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਬਾਬਾ ਰਣਜੋਧ ਸਿੰਘ ਨੇ ਸ਼ਮੂਲੀਅਤ ਕੀਤੀ। ਇਸ ਟੂਰਨਾਮੈਂਟ ਦੌਰਾਨ ਚੋਟੀ ਦੀਆਂ ਟੀਮਾਂ, ਜਿਸ ਵਿੱਚ ਪਹਿਲੇ ਨੰਬਰ 'ਤੇ ਟੀਮ ਧਨੌਲਾ ਦੀ ਰਹੀ ਤੇ ਦੂਜੇ ਨੰਬਰ ਤੇ ਟੀਮ ਦੁਤਾਲ ਦੀ ਰਹੀ। ਦੁਤਾਲ ਦੀ ਟੀਮ ਨੂੰ ਜਥੇਦਾਰ ਭਾਈ ਦਲਜੀਤ ਸਿੰਘ ਪੰਜਰਥ ਮੁੱਖ ਸੇਵਾਦਾਰ ਸ਼ਹੀਦ ਬਾਬਾ ਦੀਪ ਸਿੰਘ ਦਲ ਪੰਜਾਬ ਵੱਲੋਂ ਟਰੋਫੀਆਂ ਸਪਾਂਸਰ ਕੀਤੀਆਂ ਗਈਆਂ। ਇਸ ਮੌਕੇ ਸਾਬਕਾ ਸਰਪੰਚ ਅਮਰਿੰਦਰ ਸਿੰਘ ਢੋਟ, ਰੋਮਨ ਢੋਟ, ਮਨਿੰਦਰ ਢਿੱਲੋਂ, ਜੋਜ ਢੋਟ, ਰੋਕਸੀ ਢਿੱਲੋਂ, ਗੁਰਿੰਦਰ ਲਲੌਛੀ, ਸਤਨਾਮ ਢੋਟ ਅਤੇ ਦਾਰਾ ਸਿੰਘ ਆਦਿ ਵੀ ਮੌਜੂਦ ਰਹੇ।

100 ਨਸ਼ੀਲੀਆਂ ਗੋਲ਼ੀਆਂ ਬ੍ਰਾਮਦ

ਪਟਿਆਲਾ, 23 ਫਰਵਰੀ (ਵਿਨੋਦ ਸ਼ਰਮਾ) : ਥਾਣਾ ਲਾਹੌਰੀ ਗੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਕ੍ਰਿਸ਼ਨ ਕੁਮਾਰ ਵਾਸੀ ਗਲੀ ਨੰ. 278 ਗਲੀ ਨੰ. 5 ਨਿਊ ਬਿਸ਼ਨ ਨਗਰ ਪਟਿਆਲਾ ਵਿਰੁੱਧ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ ਚੈਨਸੁੱਖ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਪੁੱਡਾ ਗਰਾਊਂਡ ਪਟਿਆਲਾ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 100 ਖੁੱਲੀਆਂ ਨਸ਼ੀਲੀਆਂ ਗੋਲੀਆਂ ਬ੍ਰਾਮਦ ਹੋਈਆਂ।

ਪਿੰਡ ਖਨੌੜਾ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ ਬੀਮਾ ਕੈਂਪ ਲਗਾਇਆ

ਭਾਦਸੋਂ, 23 ਫਰਵਰੀ (ਭਰਪੂਰ ਸਿੰਘ ਮੱਟਰਾਂ) : ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਤਹਿਤ ਅੱਜ ਪਿੰਡ ਖਨੌੜਾ ਵਿਖੇ ਲੋਕਾਂ ਦੇ ਕਾਰਡ ਬਣਾਉਣ ਲਈ ਕੈਂਪ ਲਗਾਇਆ ਗਿਆ ਇਸ ਕੈਂਪ ਵਿੱਚ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇ ਮਾਨ ਦੇ ਭਰਾ ਕਾਪਲ ਮਾਨ ਨੇ ਸਿਰਕੱਤ ਕੀਤੀ। ਇਹ ਕੈਂਪ ਸੀਨੀਅਰ ਆਪ ਆਗੂ ਡਾਕਟਰ ਗਿਆਨ ਸਿੰਘ ਖਨੌੜਾ ਸਾਬਕਾ ਬਲਾਕ ਪ੍ਰਧਾਨ ਵਪਾਰ ਵਿੰਗ ਦੀ ਅਗਵਾਈ ਵਿੱਚ ਲਗਾਇਆ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਪਲ ਮਾਨ ਜੀ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਦਾ ਲਾਭ ਦੇਣ ਦੇ ਲਈ ਤਰਪਰ ਹੈ ਇਸ ਲਈ ਪਿੰਡਾਂ ਅਤੇ ਸ਼ਹਿਰਾਂ ਦੇ ਵਿੱਚ ਵੱਖ-ਵੱਖ ਸਥਾਨਾਂ ਦੇ ਉੱਤੇ ਕੈਂਪ ਲਗਾ ਕੇ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਏ ਜਾ ਰਹੇ ਹਨ ਜਿਸ ਦੇ ਤਹਿਤ ਅੱਜ ਪਿੰਡ ਖਨੌੜਾ ਵਿਖੇ 910 ਕਾਰਡ ਬਣਾਏ ਗਏ ਹਨ। ਇਸ ਮੌਕੇ ਬਲਾਕ ਪ੍ਰਧਾਨ ਤਰਨਵੀਰ ਸਿੰਘ ਖਨੌੜਾ, ਸਦੀਕ ਖਾਨ, ਬਿਕਰ ਸਿੰਘ ਖਨੌੜਾ, ਜਗਦੀਪ ਕੌਰ ਗੁਰਪ੍ਰੀਤ ਕੌਰ, ਡਾਕਟਰ ਨਿਰਭੈ ਸਿੰਘ, ਤਲਵਿੰਦਰ ਸਿੰਘ ,ਗੁਰਨਾਮ ਸਿੰਘ ,ਗੋਨੀ ਪੂਨੀਵਾਲ, ਡਾਕਟਰ ਮਨਦੀਪ ਕੌਰ ਖਨੌੜਾ ਤੇ ਸਮੂਹ ਨਗਰ ਨਿਵਾਸੀ ਆਦਿ ਹਾਜ਼ਰ ਸਨ।

'ਮਨਰੇਗਾ ਲਿਆਓ-ਮਜ਼ਦੂਰ ਬਚਾਓ' ਦੇ ਬੈਨਰ ਹੇਠ ਸਾਬਕਾ ਵਿਧਾਇਕ ਰਾਜਲਾ ਵੱਲੋਂ ਰੋਸ ਮਾਰਚ

ਸਮਾਣਾ, 23 ਫਰਵਰੀ (ਵਿਜੇ ਕੁਮਾਰ/ਅਮਿਤ ਸ਼ਰਮਾ) : ਕੇਂਦਰ ਸਰਕਾਰ ਵੱਲੋਂ ਮਨਰੇਗਾ ਨੂੰ ਬੰਦ ਕਰਕੇ ਬਣਾਏ ਗਏ ਨਵੇਂ ਕਾਨੂੰਨ ਦੇ ਵਿਰੋਧ 'ਚ ਕਾਂਗਰਸ ਪਾਰਟੀ ਦੇ ਸੀਨੀ: ਆਗੂ ਅਤੇ ਸਾਬਕਾ ਵਿਧਾਇਕ ਜਗਤਾਰ ਸਿੰਘ ਰਾਜਲਾ ਵੱਲੋਂ ਆਪਣੇ ਸੈਂਕੜੇ ਵਰਕਰਾਂ ਨਾਲ ਸ਼ਹਿਰ ਵਿਚ 'ਮਨਰੇਗਾ ਲਿਆਓ-ਮਜ਼ਦੂਰ ਬਚਾਓ' ਦੇ ਬੈਨਰ ਹੇਠ ਰੋਸ ਮਾਰਚ ਕੱਢ ਕੇ ਕੇਂਦਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕਰਦਿਆਂ ਮਨਰੇਗਾ ਸਕੀਮ ਨੂੰ ਬਹਾਲ ਕਰਨ ਦੀ ਮੰਗ ਕੀਤੀ। ਇਸ ਮੌਕੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਸਾਬਕਾ ਵਿਧਾਇਕ ਰਾਜਲਾ ਨੇ ਕਿਹਾ ਕਿ ਸਾਬਕਾ ਪ੍ਰਧਾਨ ਮੰਤਰੀ ਸਵ: ਡਾ: ਮਨਮੋਹਨ ਸਿੰਘ ਨੇ ਗਰੀਬਾਂ ਦੀ ਸਹੂਲਤ ਲਈ ਮਨਰੇਗਾ ਐਕਟ-2005 ਸਕੀਮ ਨੂੰ ਲਿਆਦਾ ਸੀ ਪਰ ਦੇਸ਼ ਦੀ ਭਾਜਪਾ ਸਰਕਾਰ ਨੇ ਇਸ ਮਨਰੇਗਾ ਸਕੀਮ ਨੂੰ ਬੰਦ ਕਰਕੇ ਨਵਾਂ ਕਾਨੂੰਨ ਬਣਾ ਕੇ ਮਜ਼ਦੂਰਾਂ ਦੇ ਰੋਜਗਾਰ ਨੂੰ ਖਤਰੇ 'ਚ ਪਾ ਦਿੱਤਾ ਹੈ। ਸਾਬਕਾ ਵਿਧਾਇਕ ਰਾਜਲਾ ਨੇ ਭਾਰਤ-ਅਮਰੀਕਾ ਸਮਝੌਤੇ ਦੀ ਨਿੰਦਾ ਕਰਦਿਆਂ ਕਿਹਾ ਕਿ ਇਸ ਨਾਲ ਕਿਸਾਨਾਂ ਤੇ ਵਪਾਰੀਆਂ ਨੂੰ ਵੱਡਾ ਨੁਕਸਾਨ ਹੋਵੇਗਾ, ਸਰਕਾਰ ਇਸ ਨੂੰ ਤੁਰੰਤ ਰੱਦ ਕਰੇ।

ੴ

ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

ਹੋਲਾ ਮਹੱਲਾ ਨਗਰ ਕੀਰਤਨ

ਮਿਤੀ : 28 ਫਰਵਰੀ 2026 ਦਿਨ ਸ਼ਨੀਵਾਰ ਨੂੰ ਸਵੇਰੇ 10.00 ਵਜੇ

ਮਹਾਨ ਗੁਰਮਤਿ ਸਮਾਗਮ

ਮਿਤੀ : 1 ਤੇ 2 ਮਾਰਚ 2026 ਦਿਨ ਐਤਵਾਰ ਅਤੇ ਸੋਮਵਾਰ ਸਵੇਰੇ 10 ਤੋਂ 2 ਵਜੇ ਤੱਕ

ਆਪ ਜੀ ਨੂੰ ਇਹ ਜਾਣ ਕੇ ਹਾਰਦਿਕ ਪ੍ਰਸੰਨਤਾ ਹੋਵੇਗੀ ਕਿ ਸਿੱਖ ਪੰਥ ਦੇ ਮਹਾਨ ਕੀਰਤਨੀਏ ਭਾਈ ਲਖਵਿੰਦਰ ਸਿੰਘ ਜੀ ਦੇ ਉੱਦਮ ਸਦਕਾ ਪਟਿਆਲਾ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪ੍ਰਵਾਰ ਵੱਲੋਂ **ਪਿਛਲੇ 8 ਸਾਲਾਂ ਤੋਂ ਗੁਰਮਤਿ ਸੰਗੀਤ ਅਕੈਡਮੀ**, ਗੁ. ਭਾਈ ਰਾਮ ਕਿਸ਼ਨ ਜੀ, ਸ਼ੇਰਾਂ ਵਾਲਾ ਗੇਟ, ਪਟਿਆਲਾ ਵਿਖੇ ਸ਼ੁਰੂ ਕੀਤੀ ਹੋਈ ਹੈ। ਜਿੱਥੇ ਹੁਣ ਤੱਕ 250 ਦੇ ਕ੍ਰੀਬ ਗ਼ਰੀਬ, ਲੋੜਵੰਦ, ਸੂਰਮੇ, ਬੱਚੇ ਕੀਰਤਨ ਦੀ ਦਾਤ ਪ੍ਰਾਪਤ ਕਰ ਚੁੱਕੇ ਹਨ। ਮੌਜੂਦਾ ਅਸਥਾਨ ਵਿਖੇ ਥਾਂ ਦੀ ਘਾਟ ਹੋਣ ਕਾਰਨ, **ਚੜ੍ਹਦੀਕਲਾ ਟਾਈਮ ਟੀ.ਵੀ., ਰੋਜ਼ਾਨਾ ਚੜ੍ਹਦੀਕਲਾ ਅਤੇ ਸ੍ਰੀ ਗੁਰੂ ਹਰਿ ਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਹਿਯੋਗ ਨਾਲ ਬਹਾਦਰਗੜ੍ਹ-ਰਾਏਪੁਰ ਰੋਡ ਉੱਤੇ ਪਿੰਡ ਭੱਠਲਾਂ ਵਿਖੇ** ਬੱਚਿਆਂ ਦੀ ਰਿਹਾਇਸ਼ ਤੇ ਅਕੈਡਮੀ ਲਈ ਬਣਨ ਵਾਲੀ ਨਵੀਂ ਇਮਾਰਤ ਦੀ ਉਸਾਰੀ ਦੀ ਖੁਸ਼ੀ ਵਿੱਚ ਅਕਾਲ ਪੁਰਖ ਦੇ ਸ਼ੁਕਰਾਨੇ ਵਜੋਂ **1 ਤੇ 2 ਮਾਰਚ, 2026 ਦਿਨ ਐਤਵਾਰ ਤੇ ਸੋਮਵਾਰ ਨੂੰ ਸਵੇਰੇ 10 ਤੋਂ 2 ਵਜੇ** ਮਹਾਨ ਗੁਰਮਤਿ ਸਮਾਗਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ।

ਸਿੱਖ ਪੰਥ ਦੇ ਪ੍ਰਸਿੱਧ ਰਾਗੀ ਭਾਈ ਜਸਕਰਨ ਸਿੰਘ ਜੀ, ਭਾਈ ਸੁਰਿੰਦਰ ਸਿੰਘ ਜੀ, ਭਾਈ ਨਛੱਤਰ ਸਿੰਘ ਜੀ ਦੋਵੇਂ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਸਿੰਘ ਸਾਹਿਬ ਗਿ. ਕੁਲਦੀਪ ਸਿੰਘ ਜੀ ਗੜਗੱਜ, ਜੱਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ; ਸਿੰਘ ਸਾਹਿਬ ਗਿ. ਪ੍ਰਣਾਮ ਸਿੰਘ ਜੀ, ਸਿੰਘ ਸਾਹਿਬ ਗਿ. ਪ੍ਰਿਤਪਾਲ ਸਿੰਘ ਜੀ, ਹੈੱਡ ਗ੍ਰੰਥੀ, ਗੁ. ਸ੍ਰੀ ਦੂਖ ਨਿਵਾਰਨ ਸਾਹਿਬ, ਸਿੰਘ ਸਾਹਿਬ ਗਿ. ਅਵਤਾਰ ਸਿੰਘ ਜੀ, ਹੈੱਡ ਗ੍ਰੰਥੀ ਗੁ. ਬਹਾਦਰਗੜ੍ਹ ਸਾਹਿਬ, ਸਿੰਘ ਸਾਹਿਬ ਗਿ. ਹਰਵਿੰਦਰ ਸਿੰਘ ਜੀ, ਹੈੱਡ ਗ੍ਰੰਥੀ ਗੁ. ਮੋਤੀ ਬਾਗ਼ ਸਾਹਿਬ ਉਚੇਚੇ ਤੌਰ 'ਤੇ ਪਹੁੰਚਣਗੇ।

ਹੋਲਾ ਮਹੱਲਾ ਤੇ ਨਗਰ ਕੀਰਤਨ ਇਤਿਹਾਸਕ ਗੁ. ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ, ਬਹਾਦਰਗੜ੍ਹ ਤੋਂ ਆਰੰਭ ਹੋਵੇਗਾ
ਜੋ ਮੇਨ ਬਜ਼ਾਰ, ਅਹਿਮਦਪੁਰ ਅਤੇ ਭੱਠਲਾਂ ਵਿਚੋਂ ਹੁੰਦਾ ਹੋਇਆ
ਗੁ. ਸਚਖੰਡ ਦਰਬਾਰ, ਸਚਖੰਡ ਐਨਕਲੇਵ, ਗਿਆਨ ਕਲੋਨੀ, ਪਿੰਡ ਭੱਠਲਾਂ ਵਿਖੇ ਸਮਾਪਤ ਹੋਵੇਗਾ।
ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮਾਂ ਵਿੱਚ ਸ਼ਾਮਲ ਹੋ ਕੇ ਸਤਿਗੁਰੂ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

ਭਾਈ ਲਖਵਿੰਦਰ ਸਿੰਘ
ਹਜ਼ੂਰੀ ਰਾਗੀ ਸ੍ਰੀ ਅੰਮ੍ਰਿਤਸਰ ਸਾਹਿਬ
(ਮੁੱਖ ਸੇਵਾਦਾਰ)

ਡਾ. ਜਗਜੀਤ ਸਿੰਘ ਦਰਦੀ
'ਪਦਮ ਸ਼੍ਰੀ' ਐਵਾਰਡੀ
ਚੇਅਰਮੈਨ, ਚੜ੍ਹਦੀਕਲਾ ਗਰੁੱਪ

ਭਾਈ ਜੋਗਿੰਦਰ ਸਿੰਘ ਜੀ
(ਅਕੈਡਮੀ ਇੰਚਾਰਜ)
ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪ੍ਰਵਾਰ

ਭਾਈ ਹਰਪਾਲ ਸਿੰਘ ਜੀ
ਭਾਈ ਰਮਨਦੀਪ ਸਿੰਘ ਜੀ
ਟਰੱਸਟੀ, ਸ੍ਰੀ ਗੁਰੂ ਗੋਬਿੰਦ ਸਿੰਘ ਪ੍ਰਵਾਰ

ਸਮੂਹ ਵਿਦਿਆਰਥੀ,
ਗੁਰਮਤਿ ਸੰਗੀਤ ਅਕੈਡਮੀ

ਪਟਿਆਲਾ-ਆਸ/ਪਾਸ

ਮੇਅਰ ਕੁੰਦਨ ਗੋਗੀਆ ਵੱਲੋਂ ਤ੍ਰਿਪੜੀ ਵਿਖੇ ਐਲ.ਐਂਡ.ਟੀ. ਵੱਲੋਂ ਚੱਲ ਰਹੇ ਕੰਮਾਂ ਦੀ ਚੈਕਿੰਗ

ਪਟਿਆਲਾ, 23 ਫ਼ਰਵਰੀ (ਰੁਪਾਣਾ/ਦੀਪਕ ਜੈਦਕਾ) : ਨਗਰ ਨਿਗਮ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਅੱਜ ਤ੍ਰਿਪੜੀ ਵਿਖੇ ਐਲ ਐਂਡ ਟੀ ਕੰਪਨੀ ਵੱਲੋਂ ਚੱਲ ਰਹੇ ਕਾਰਜਾਂ ਦਾ ਜ਼ਮੀਨੀ ਪੱਧਰ ਉੱਤੇ ਖ਼ੁਦ ਜਾਇਜ਼ਾ ਲੈਣ ਪਹੁੰਚੇ। ਇਸ ਦੌਰਾਨ ਉਨ੍ਹਾਂ ਨੇ ਸ਼ਹਿਰ ਵਿੱਚ ਚੱਲ ਰਹੀਆਂ ਨਵੀਆਂ ਸੜਕਾਂ ਕੰਮ ਅਤੇ ਮੁਰੰਮਤ ਤੇ ਪਾਣੀ ਸਪਲਾਈ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਮੇਅਰ ਨੇ ਨਗਰ ਨਿਗਮ ਅਧਿਕਾਰੀਆਂ ਨੂੰ ਸਪੱਸ਼ਟ ਹੁਕਮ ਦਿੱਤੇ ਕਿ ਹਰ ਪ੍ਰੋਜੈਕਟ ਗੁਣਵੱਤਾ ਅਤੇ ਸਮੇਂ ਦੀ ਪਾਬੰਦੀ ਨਾਲ ਪੂਰਾ ਕੀਤਾ ਜਾਵੇ ਤਾਂ ਜੋ ਨਾਗਰਿਕਾਂ ਨੂੰ ਸੁਵਿਧਾਜਨਕ ਬੁਨਿਆਦੀ ਸਹੂਲਤਾਂ

ਮਿਲ ਸਕਣ। ਮੇਅਰ ਗੋਗੀਆ ਨੇ ਕਿਹਾ ਕਿ ਸ਼ਹਿਰ ਦੇ ਹਰ ਇਲਾਕੇ ਵਿੱਚ ਵਿਕਾਸ ਕਾਰਜਾਂ 'ਤੇ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਨਾਗਰਿਕਾਂ ਦੇ ਟੈਕਸ ਦਾ ਹਰ ਪੈਸਾ ਲੋਕਾਂ ਦੇ ਹਿੱਤ ਵਿੱਚ ਵਰਤਿਆ ਜਾਵੇਗਾ। ਵਿਜ਼ਿਟ ਦੌਰਾਨ ਤ੍ਰਿਪੜੀ ਅਤੇ ਆਸ-ਪਾਸ ਦੇ ਮਾਰਕੀਟ ਮੈਂਬਰ ਚਿੰਟੂ ਨਾਸਰਾ, ਸੁਭਾਸ਼ ਵਲੇਚਾ, ਭੂਸ਼ਨ ਕੁਮਾਰ, ਅਸ਼ੋਕ ਚਾਵਲਾ, ਪ੍ਰਵੀਨ ਕਾਲੜਾ, ਸੁਰਧੀਰ ਅਹੂਜਾ, ਕ੍ਰਿਸ਼ਨ ਸਿੰਧੀ, ਲਵਲੀ ਦਵਨ, ਪਰਮਿੰਦਰ ਕੋਹਲੀ, ਡਾ. ਕੁਲਜੀਤ ਸਾਹਨੀ, ਲਛਮਣ ਦਾਸ ਆਹੂਜਾ, ਜਵਾਰ ਵਰਮਾ, ਯਸ਼ਪਾਲ ਕਾਲੜਾ, ਦਰਸ਼ਨ ਲਾਲ, ਸੁਰੇਸ਼ ਧਵਨ, ਬੰਟੀ, ਹੰਸਰਾਜ, ਜਤਿਨ ਅਰੋੜਾ, ਬੰਸੀ ਲਾਲ, ਬਿਹਾਰੀ ਲਾਲ ਆਦਿ ਮੌਜੂਦ ਸਨ।

ਮਨੋਹਰ ਲਾਲ ਪਵਾਰ ਵੱਲੋਂ ਡੀ.ਸੀ. ਅਤੇ ਏ.ਡੀ.ਸੀ. ਦਾ ਸਨਮਾਨ

ਪਟਿਆਲਾ, 23 ਫਰਵਰੀ (ਚ.ਨ.ਸ.) : ਲੇਖਕ ਪੱਤਰਕਾਰ ਸ੍ਰੀ ਮਨੋਹਰ ਲਾਲ ਪਵਾਰ ਨੇ ਪਟਿਆਲਾ

ਦੇ ਡਿਪਟੀ ਕਮਿਸ਼ਨਰ ਸ਼੍ਰੀ ਵਰਜਿਤ ਵਾਲੀਆ, ਆਈ.ਏ.ਐਸ. ਨੂੰ ਬੁੱਕਾ ਅਤੇ ਖੁੱਦ ਵੱਲੋਂ ਲਿਖੀਆਂ ਪੁਸਤਕਾਂ- ਮਾਨਸੀ ਗੰਗਾ (ਕਾਵਿ ਸੰਗ੍ਰਹਿ) ਅਤੇ ਬਿਡੰਬਨਾ ਭੇਂਟ ਕਰਕੇ ਸਨਮਾਨਿਤ ਕੀਤਾ। ਜ਼ਿਕਰਯੋਗ ਹੈ ਕਿ ਮਨੋਹਰ ਲਾਲ ਪਵਾਰ ਨੂੰ ਬੀਤੇ ਦਿਨੀਂ ਪੰਜਾਬ ਸਰਕਾਰ ਵੱਲੋਂ ਬਤੌਰ ਪੱਤਰਕਾਰ ਸਨਮਾਨਿਤ ਕੀਤਾ ਗਿਆ ਸੀ। ਇਸ ਲਈ ਜ਼ਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਕੀਤਾ ਕਿ ਉਸ ਦਾ ਮੈਰਿਟ ਦੇ ਦੇ ਅਧਾਰ ਤੇ ਚੁਣਾਵ ਕੀਤਾ ਗਿਆ। ਪਵਾਰ ਨੇ ਦੱਸਿਆ ਕਿ ਉਹ ਲਗਭਗ ਪੰਜਾਹ ਸਾਲ ਤੋਂ ਲੇਖਨ ਅਤੇ ਪੱਤਰਕਾਰਤਾ ਵਿੱਚ ਰੁਝੇ ਹੋਏ ਹਨ. ਇਹ ਸੁਣ ਕੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਖੁਸ਼ੀ ਦਾ ਇਜਹਾਰ ਕਰਦੇ ਹੋਏ ਕਿਹਾ ਕਿ ਸਾਨੂੰ ਤੁਹਾਡੇ 'ਤੇ ਬਹੁਤ ਮਾਣ ਹੈ। ਇਸੇ ਤਰ੍ਹਾਂ ਮਨੋਹਰ ਲਾਲ ਪਵਾਰ ਨੇ ਏ.ਡੀ.ਸੀ. ਸਿਮਰਤ ਕੌਰ, ਪੀ.ਸੀ.ਐਸ. ਨੂੰ ਵੀ ਕਿਤਾਬ ਬਿਡੰਬਨਾ ਭੇਂਟ ਕੀਤੀ ਅਤੇ ਉਨ੍ਹਾ ਨੂੰ ਸ਼ੁਭ ਕਾਮਨਾਵਾਂ ਵੀ ਦਿਤੀਆਂ।

ਸਮਾਣਾ ਬਾਰ ਐਸੋਸੀਏਸ਼ਨ ਵੱਲੋਂ ਇੱਕ ਹਫਤੇ ਲਈ ਲਗਾਤਾਰ ਹੜਤਾਲ ਸ਼ੁਰੂ

ਸਮਾਣਾ, 23 ਫਰਵਰੀ (ਸੁਖਜਿੰਦਰ ਸਿੰਘ ਕੁਲਾਰਾਂ/ਵਿਜੇ ਕੁਮਾਰ/ਜਵੰਦਾ) : ਬਾਰ ਐਸੋਸੀਏਸ਼ਨ ਸਮਾਣਾ ਦੀ ਇਕ ਵਿਸ਼ੇਸ਼ ਮੀਟਿੰਗ ਬਾਰ ਐਸੋਸੀਏਸ਼ਨ ਸਮਾਣਾ ਦੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਲਗਾਤਾਰ ਇਕ ਹਫਤਾ ਹੜਤਾਲ ਕਰਨ ਦਾ ਮਤਾ ਸਰਬਸੰਮਤੀ ਨਾਲ ਪਾਸ ਹੋਇਆ। ਇਸ ਹੜਤਾਲ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਨੇ ਦੱਸਿਆ ਕਿ ਸਰਕਾਰ ਨੇ ਪਹਿਲਾਂ ਫਰੀ ਲੀਗਲ ਏਡ ਸੰਸਥਾ ਬਣਾਈ, ਜਿਸ ਵਿੱਚ ਕਮਜ਼ੋਰ ਤੇ ਕਰੀਬ ਵਿਅਕਤੀ ਨੂੰ ਕੇਸ ਲੜਨ ਲਈ ਮੁਫਤ ਵਿੱਚ ਵਕੀਲ ਮੁਹੱਈਆ ਕਰਵਾਇਆ ਜਾਂਦਾ ਸੀ ਹੁਣ ਸਰਕਾਰ ਨੇ ਡਿਫੈਂਸ ਕੌਂਸਲ ਮੁਹੱਈਆ ਕਰਾਉਣ ਦਾ ਨਿਰਣਾ ਲਿਆ ਹੈ, ਜਿਸ ਨਾਲ ਵਕੀਲ ਸਾਹਿਬਾਨਾਂ ਦੇ ਕੰਮ ਦਾ ਭਾਰੀ ਨੁਕਸਾਨ ਹੋਵੇਗਾ ਅਤੇ ਵਕੀਲਾਂ ਦੇ ਕੰਮ 'ਤੇ ਵੀ ਫਰਕ ਪਵੇਗਾ ਦੂਜਾ ਸਰਕਾਰ ਨੇ ਗਰਾਮੀਣ ਨਿਆਲਿਆ ਨਾਮ ਦਾ ਕਾਨੂੰਨ ਲਿਆਂਦਾ ਹੈ, ਜਿਸ ਨਾਲ ਪਿੰਡਾਂ ਵਿੱਚ

ਅਦਾਲਤਾਂ ਲਗਾ ਕੇ ਕੇਸਾਂ ਦੀ ਸੁਣਵਾਈ ਹੋਇਆ ਕਰੇਗੀ, ਜਿਸ ਨਾਲ ਵਕੀਲ ਸਾਹਿਬਾਨਾਂ ਦੀ ਪ੍ਰੈਕਟਿਸ ਪ੍ਰਭਾਵਿਤ ਹੋਏਗੀ। ਪੀੜਤਾਂ ਨੂੰ ਸਹੀ ਤੇ ਪੂਰਾ ਇਨਸਾਫ ਨਹੀਂ ਮਿਲ ਪਾਏਗਾ। ਪ੍ਰਧਾਨ ਢਿੱਲੋਂ ਨੇ ਦੱਸਿਆ ਕਿ ਤੀਜਾ ਕਾਨੂੰਨ ਐਕਸ਼ਨ ਪਲਾਨ ਕੇਸਾਂ ਦੀ ਜਲਦੀ ਸੁਣਵਾਈ ਕਰਨ ਲਈ ਲਿਆਂਦਾ ਹੈ, ਜਿਸ ਨਾਲ ਐਕਸ਼ਨ ਪਲਾਨ ਕੇਸਾਂ ਵਿੱਚ ਪਾਰਟੀਆਂ ਜਲਦੀ ਜਲਦੀ ਅਦਾਲਤਾਂ ਵਿੱਚ ਆਪਣੇ ਆਪਣੇ ਪੱਖ ਦੇ ਸਬੂਤ ਪੇਸ਼ ਨਹੀਂ ਕਰ ਸਕਦੀਆਂ, ਕਿਉਂਕਿ ਰੈਵਨਿਊ ਰਿਕਾਰਡ ਦੀਆਂ ਨਕਲਾਂ ਤੇ ਜੁਡੀਸ਼ੀਅਲ ਰਿਕਾਰਡ ਦੀਆਂ ਨਕਲਾਂ ਲੈਣ ਲਈ ਕੁਝ ਸਮਾਂ ਜ਼ਰੂਰ ਲੱਗਦਾ ਹੈ ਪ੍ਰੰਤੂ ਐਕਸ਼ਨ ਪਲਾਨ ਕੇਸਾਂ ਵਿੱਚ ਇੱਕ ਦੋ ਦਿਨ ਦੀ ਡੇਟ ਪੈਣ 'ਤੇ ਇਹ ਨਕਲਾਂ ਮਿਲ ਨਹੀਂ ਸਕਦੀਆਂ, ਜਿਸ ਨਾਲ ਪਾਰਟੀਆਂ ਨੂੰ ਨੁਕਸਾਨ ਹੁੰਦਾ ਹੈ, ਜਿਸ ਕਰਕੇ ਪਾਰਟੀਆਂ ਨੂੰ ਸਹੀ ਤੇ ਪੂਰਾ ਇਨਸਾਫ ਨਹੀਂ ਮਿਲ ਸਕੇਗਾ ? ਇਸ ਲਈ ਵਕੀਲਾਂ ਇਹਨਾਂ ਤਿੰਨਾਂ ਕਾਨੂੰਨਾਂ ਦਾ ਵਿਰੋਧ ਕਰਦੇ ਹਨ ਅਤੇ ਇੱਕ ਹਫਤੇ ਲਈ ਹੜਤਾਲ 'ਤੇ ਹਨ। ਜੇਕਰ ਸਰਕਾਰ ਨੇ ਇਹ ਤਿੰਨੇ ਕਾਨੂੰਨ ਕੈਂਸਲ ਨਾ ਕੀਤੇ ਤਾਂ ਵਕੀਲ ਸਾਹਿਬਾਨ ਅੱਗੇ ਹੋਰ ਹੜਤਾਲ ਕਰਨ ਲਈ ਸੋਚ ਸਕਦੇ ਹਨ। ਇਸ ਮੌਕੇ ਬਾਰ ਐਸੋਸੀਏਸ਼ਨ ਸਮਾਣਾ ਦੇ ਸਾਬਕਾ ਪ੍ਰਧਾਨ ਐਡਵੋਕੇਟ ਕਰਮਜੀਤ ਸਿੰਘ ਰੰਧਾਵਾ, ਐਸੋਸੀਏਸ਼ਨ ਤੇ ਮੀਤ ਪ੍ਰਧਾਨ ਸੰਦੀਪ ਜਿੰਦਲ, ਸੈਕਟਰੀ ਕਸ਼ਮੀਰ ਸਿੰਘ ਚੂੰਬਰ, ਐਡਵੋਕੇਟ ਰਵਿੰਦਰ ਸਹੋਤਾ, ਰੋਮੀ ਵਡੇਰਾ,ਵਿਕਾਸ ਸ਼ਰਮਾ ਐਚ ਪੀ ਸਿੰਘ, ਅਰਮਾਨ ਸਿੰਘ ਹਾਜ਼ਰ ਸਨ।

ਸਰਕਾਰੀ ਹਸਪਤਾਲਾਂ ਪ੍ਰਤੀ ਅਣਦੇਖੀ ਨੂੰ ਲੈ ਕੇ ਅਕਾਲੀ ਦਲ ਸੁਤੰਤਰ ਨੇ ਸਿਹਤ ਮੰਤਰੀ ਦੇ ਘਰ ਅੱਗੇ ਧਰਨਾ ਦਿੱਤਾ

ਡਾਕਟਰਾਂ ਅਤੇ ਨਰਸਾਂ ਦੀ ਘਾਟ ਨੂੰ ਪੂਰਾ ਕਰੇ ਸਰਕਾਰ, ਮੰਗਾਂ ਸਬੰਧੀ ਤਹਿਸੀਲਦਾਰ ਨੂੰ ਮੰਗ ਪੱਤਰ ਸੌਂਪਿਆ

ਪਟਿਆਲਾ, 23 ਫਰਵਰੀ (ਰੁਪਾਣਾ) : ਸਰਕਾਰੀ ਹਸਪਤਾਲਾਂ ਪ੍ਰਤੀ ਪੰਜਾਬ ਸਰਕਾਰ ਅਤੇ ਸਿਹਤ ਮੰਤਰੀ ਵੱਲੋਂ ਕੀਤੀ ਜਾ ਰਹੀ ਅਣਦੇਖੀ ਨੂੰ ਲੈ ਕੇ ਅੱਜ ਸਿਹਤ ਮੰਤਰੀ ਡਾ. ਬਲਬੀਰ ਦੀ ਰਿਹਾਇਸ਼ ਦੇ ਬਾਹਰ ਅਕਾਲੀ ਦਲ ਸੁਤੰਤਰ ਦੇ ਪ੍ਰਧਾਨ ਪਰਮਜੀਤ ਸਿੰਘ ਸਹੌਲੀ ਦੀ ਅਗਵਾਈ ਵਿਚ ਧਰਨਾ ਦਿੱਤਾ ਗਿਆ। ਇਸ ਮੌਕੇ ਪ੍ਰਧਾਨ ਪਰਮਜੀਤ ਸਿੰਘ ਸਹੌਲੀ ਸਮੇਤ ਪੁੱਜੇ ਪਾਰਟੀਆਂ ਦੇ ਆਗੂਆਂ ਅਤੇ ਲੋਕਾਂ ਨੇ ਸਰਕਾਰ ਤੇ ਸਿਹਤ ਮੰਤਰੀ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਪੁੱਜੀ। ਇਸ ਮੌਕੇ ਪੰਜਾਬ ਸਰਕਾਰ ਅਤੇ ਸਿਹਤ ਮੰਤਰੀ ਦੇ ਨਾਮ ਮੰਗਾਂ ਸਬੰਧੀ ਮੰਗ ਪੱਤਰ ਵੀ ਅਕਾਲੀ ਦਲ ਸੁਤੰਤਰ ਵੱਲੋਂ ਪੁੱਜੇ ਤਹਿਸੀਲਦਾਰ ਨਾਭਾ ਸੁਖਵਿੰਦਰ ਸਿੰਘ ਟਿਵਾਣਾ ਨੂੰ ਸੌਂਪਿਆ ਗਿਆ। ਇਸ ਮੌਕੇ

ਅਕਾਲੀ ਦਲ ਸੁਤੰਤਰ ਦੇ ਪ੍ਰਧਾਨ ਪਰਮਜੀਤ ਸਿੰਘ ਸਹੌਲੀ ਨੇ ਕਿਹਾ ਕਿ ਸਰਕਾਰੀ ਹਸਪਤਾਲਾਂ ਦੀ ਹਾਲਤ ਜਿੱਥੇ ਖਸਤਾ ਹੋ ਰਹੀ, ਉੱਥੇ ਹੀ ਹਸਪਤਾਲਾਂ ਵਿਚ ਡਾਕਟਰਾਂ ਦੀ ਘਾਟ ਅਤੇ ਨਰਸਾਂ ਦੀ ਗੈਰ ਮੌਜੂਦਗੀ ਸਪੱਸ਼ਟ ਕਰ ਰਹੀ ਹੈ ਕਿ ਸਿਹਤਮੰਦ ਪੰਜਾਬ ਬਣਾਉਣ ਦੇ ਦਾਅਵੇ ਮਹਿਜ਼ ਡਰਾਮੇਬਾਜ਼ੀ ਤੋਂ ਵੱਧ ਕੁਝ ਨਹੀਂ ਹੈ। ਪਰਮਜੀਤ ਸਿੰਘ ਸਹੌਲੀ ਨੇ ਕਿਹਾ ਕਿ ਪਿਛਲੀ ਸਰਕਾਰ ਦੇ ਸਮੇਂ ਸਰਕਾਰੀ ਹਸਪਤਾਲ ਨਾਭਾ ਵਿਖੇ ਨਵੀਂ ਹੋਈ ਤਿਆਰ ਬਿਲਡਿੰਗ ਵਰਤੋਂ 'ਚ ਨਾ ਲਿਆਉਣ ਕਰਕੇ ਖੰਡਰ ਹੋਣ ਜਾ ਰਹੀ ਹੈ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਜਿਨ੍ਹਾਂ ਕੋਲ ਸਿਹਤ ਮਹਿਕਮਾ ਹੈ ਉਹਨਾਂ ਦੀ ਸੀਟ ਵੀ ਨਾਭਾ ਸੀਟ ਦੇ ਨਾਲ ਲੱਗਦੀ ਹੈ । ਮੰਤਰੀ ਸਾਹਿਬ ਇਹ ਸਰਕਾਰੀ ਹਸਪਤਾਲ ਵਿੱਚ ਬਹੁਤ ਦਫਾ ਆ ਚੁੱਕੇ ਹਨ ਵਾਅਦਾ ਵੀ ਕਰ ਚੁੱਕੇ ਹਨ ਅਕਾਲੀ ਦਲ ਸਤੰਤਰ ਐਸਐਮਓ ਸਾਹਿਬ ਰਾਹੀਂ ਪਿਛਲੇ ਸਾਲਾਂ 'ਚ ਮੰਤਰੀ ਸਾਹਿਬ ਨੂੰ ਵੀ ਮੰਗ ਪੱਤਰ ਪਹੁੰਚ ਚੁੱਕਾ ਹੈ। ਇਸ ਮੌਕੇ ਹਰਬੰਸ ਸਿੰਘ ਖੱਟੜਾ, ਸੁਰਜੀਤ ਸਿੰਘ ਬਾਬਰਪੁਰ, ਅਵਤਾਰ ਸਿੰਘ ਬਨੇਰਕਲਾਂ, ਜਗਪਾਲ ਲਚਕਾਣੀ, ਰਾਮ ਸਰ ਲਚਕਾਣੀ, ਸੁਰਜੀਤ ਸਿੰਘ ਬਡਬਰ, ਪਰਮਜੀਤ ਸਿੰਘ ਖੇੜੀ ਮੁਸਲਮਾਨਾਂ, ਤਾਜ ਖਾਂ, ਰਘਵੀਰ ਸਿੰਘ ਨਹੌਰਾ, ਰਾਮ ਸਿੰਘ ਲਚਕਾਣਾ, ਹਰਬੰਸ ਸਿੰਘ ਮਡੌਰ, ਹੈਪੀ ਸੁਖੇਵਾਲ, ਕਰਮ ਸਿੰਘ ਗਲਵੱਟੀ, ਸ਼ਿੰਦਰ ਸਿੰਘ ਸਹੌਲੀ, ਬਗ਼ੀਚਾ ਮਹੌਲੀ, ਜਗਦੀਪ ਮਹੌਲੀ, ਬਿੰਦਾ ਵਿਰਕਾ, ਜਰਨੈਲ ਸਿੰਘ ਕੱਲਰ ਭੈਣੀ ਆਦਿ ਵੀ ਮੌਜੂਦ ਸਨ।

ਰਾਣਾ ਰਣਬੀਰ ਦੇ ਨਾਟਕ 'ਬੰਦੇ ਬਣੋ ਬੰਦੇ' ਦਾ ਮੰਚਨ

ਪਟਿਆਲਾ, 23 ਫਰਵਰੀ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਵਿਖੇ ਅੰਤਰ-ਰਾਸ਼ਟਰੀ ਮਾਤ-ਭਾਸ਼ਾ ਦਿਵਸ ਦੇ ਹਵਾਲੇ ਨਾਲ ਕਰਵਾਏ ਗਏ ਪ੍ਰੋਗਰਾਮਾਂ ਦੀ ਲੜੀ ਵਿੱਚ ਉੱਘੇ ਪੰਜਾਬੀ ਅਦਾਕਾਰ, ਲੇਖਕ ਅਤੇ ਰੰਗਕਰਮੀ ਰਾਣਾ ਰਣਬੀਰ ਦੇ ਨਾਟਕ @ਬੰਦੇ ਬਣੋ ਬੰਦੇ@ ਦਾ ਮੰਚਣ ਕਰਵਾਇਆ ਗਿਆ। ਪੰਜਾਬੀ ਵਿਭਾਗ ਦੀ ਸਾਹਿਤ ਸਭਾ ਵੱਲੋਂ ਪੰਜਾਬੀ ਭਾਸ਼ਾ ਵਿਕਾਸ ਵਿਭਾਗ ਦੇ ਸਹਿਯੋਗ ਨਾਲ਼ ਸ੍ਰੀ ਗੁਰੂ ਤੇਗ ਬਹਾਦਰ ਹਾਲ ਵਿੱਚ ਕਰਵਾਈ ਇਸ ਪੇਸ਼ਕਾਰੀ ਨੂੰ ਵੇਖਣ ਲਈ ਵੱਡੀ ਗਿਣਤੀ ਵਿੱਚ ਦਰਸ਼ਕ ਪੁੱਜੇ। ਲਗਭਗ ਦੋ ਘੰਟੇ ਨਿਰੰਤਰ ਚੱਲੇ ਇਸ ਨਾਟਕ ਰਾਹੀਂ ਰਾਣਾ ਰਣਬੀਰ ਨੇ ਆਪਣੇ ਸਹਿ-ਕਲਾਕਾਰ ਰਾਜਵੀਰ ਬੋਪਾਰਾਏ ਨਾਲ਼ ਮਨੁੱਖਤਾ, ਨੈਤਿਕਤਾ ਅਤੇ ਸਮਾਜਿਕ ਜ਼ਿੰਮੇਵਾਰੀ ਵਾਲੇ ਅਹਿਮ ਮਸਲਿਆਂ ਨੂੰ ਛੂੰਹਦਿਆਂ ਦਰਸ਼ਕਾਂ ਨੂੰ ਆਪਣੇ ਅੰਦਰ ਝਾਤੀ ਮਾਰਨ ਲਈ ਪ੍ਰੇਰਿਤ ਕੀਤਾ।ਇਸ ਸਮਾਗਮ ਦੀ ਪ੍ਰਧਾਨਗੀ ਪੰਜਾਬੀ ਯੂਨੀਵਰਸਿਟੀ ਦੇ ਡੀਨ ਖੋਜ ਡਾ. ਰੀਤੂ ਲਹਿਲ ਨੇ ਕੀਤੀ। ਪੰਜਾਬੀ ਵਿਭਾਗ ਦੇ ਮੁਖੀ ਡਾ. ਰਾਜਵੰਤ ਕੌਰ ਪੰਜਾਬੀ ਨੇ ਸਵਾਗਤੀ ਸਬਦ ਸਾਂਝੇ ਕੀਤੇ।

ਰਣਜੋਧ ਸਿੰਘ ਹਡਾਣਾ ਨੇ 19 ਕਰੋੜ ਦੀ ਲਾਗਤ ਨਾਲ ਬਣਨ ਵਾਲੀਆਂ ਚਾਰ ਮੁੱਖ ਸੜਕਾਂ ਦਾ ਰੱਖਿਆ ਨੀਂਹ ਪੱਥਰ

ਭੁਨਰਹੇੜੀ, 23 ਫ਼ਰਵਰੀ (ਗੁਰਜੀਤ ਸਿੰਘ ਢੋਟ) : ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹਲਕਾ ਸਨੌਰ ਦੇ ਵਿਕਾਸ ਲਈ ਖ਼ਜ਼ਾਨੇ ਦੇ ਬੂਹੇ ਖੋਲ੍ਹ ਦਿੱਤੇ ਗਏ ਹਨ। ਇਸੇ ਲੜੀ ਤਹਿਤ ਅੱਜ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਹਲਕੇ ਦੀਆਂ ਚਾਰ ਪ੍ਰਮੁੱਖ ਸੜਕਾਂ ਜੁਲਕਾਂ ਤੋਂ ਬਿੰਜਲ ਸੜਕ, ਪਟਿਆਲਾ-ਪਿਹੋਵਾ ਮੁੱਖ ਮਾਰਗ ਤੋਂ ਬਿੰਜਲ ਸੜਕ, ਭੁਨਰਹੇੜੀ ਤੋਂ ਇਤਿਹਾਸਕ ਨਗਰ ਘੜਾਮ ਦੀ ਸੜਕ, ਪਿੰਡ ਹਡਾਣਾ ਤੋਂ ਦਿਵਾਨਵਾਲਾ ਸੜਕ ਦੇ ਨਿਰਮਾਣ ਕਾਰਜਾਂ ਦਾ ਨੀਂਹ ਪੱਥਰ ਰੱਖਿਆ ਗਿਆ। ਦੱਸਣਯੋਗ ਹੈ ਕਿ ਇਨ੍ਹਾਂ ਚਾਰਾਂ ਸੜਕਾਂ 'ਤੇ ਕਰੀਬ 19 ਕਰੋੜ ਦੀ ਰਾਸ਼ੀ ਖ਼ਰਚ ਕੀਤੀ ਜਾਵੇਗੀ, ਜਿਸ

ਨਾਲ ਇਲਾਕੇ ਦੇ ਦਰਜਨਾਂ ਪਿੰਡਾਂ ਦੀ ਨੁਹਾਰ ਬਦਲ ਜਾਵੇਗੀ। ਇਸ ਮੌਕੇ ਉਨ੍ਹਾਂ ਨਾਲ ਪਾਰਟੀ ਦੇ ਸੀਨੀਅਰ ਆਗੂ, ਬਲਾਕ ਪ੍ਰਧਾਨ, ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਬਲਾਕ ਸਮਿਤੀ ਮੈਂਬਰ, ਸਰਪੰਚ-ਪੰਚ ਅਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ। ਨੀਂਹ ਪੱਥਰ ਰੱਖਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਇਹ ਸੜਕਾਂ ਲੰਬੇ ਸਮੇਂ ਤੋਂ ਖ਼ਸਤਾ ਹਾਲਤ ਵਿੱਚ ਸਨ, ਜਿਸ ਕਾਰਨ ਰਾਹਗੀਰਾਂ ਅਤੇ ਕਿਸਾਨਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਹਡਾਣਾ ਨੇ ਸਪੱਸ਼ਟ ਕੀਤਾ ਕਿ ਭੁਨਰਹੇੜੀ ਤੋਂ ਘੜਾਮ ਅਤੇ ਜੁਲਕਾਂ-ਬਿੰਜਲ ਵਰਗੇ ਮਾਰਗ ਇਲਾਕੇ ਦੀ ਆਰਥਿਕਤਾ ਲਈ ਬਹੁਤ ਮਹੱਤਵਪੂਰਨ ਹਨ। ਇਨ੍ਹਾਂ ਸੜਕਾਂ ਦੇ ਬਣਨ ਨਾਲ ਜਿੱਥੇ ਆਉਣ-ਜਾਣ ਸੁਖਾਲਾ ਹੋਵੇਗਾ, ਉੱਥੇ ਹੀ ਵਪਾਰ ਅਤੇ ਖੇਤੀਬਾੜੀ ਦੇ ਕੰਮਾਂ ਨੂੰ ਵੀ ਹੁਲਾਰਾ ਮਿਲੇਗਾ।

ਪਟਿਆਲਾ 'ਚ ਸਖੀ ਸ਼ਕਤੀ ਕਰਾਫਟ ਮੇਲੇ ਨੂੰ ਲੋਕਾਂ ਦਾ ਵੱਡਾ ਹੁੰਗਾਰਾ

ਪਟਿਆਲਾ, 23 ਫਰਵਰੀ (ਰੁਪਾਣਾ) : ਪੰਜਾਬ ਸਖੀ ਸ਼ਕਤੀ ਕਰਾਫਟ ਮੇਲਾ 2026 ਸ਼ਹਿਰ ਵਾਸੀਆਂ ਲਈ ਖਾਸ ਆਕਰਸ਼ਣ ਦਾ ਕੇਂਦਰ ਬਣਿਆ ਹੋਇਆ ਹੈ। ਇਸ ਮੇਲੇ ਵਿੱਚ ਸ਼ਿਲਪਕਾਰੀ ਵਸਤਾਂ ਦੀ ਖੂਬ ਖਰੀਦੋ-ਫਰੋਖਤ ਹੋ ਰਹੀ ਹੈ ਅਤੇ ਮਨੋਰੰਜਨ ਤੇ ਖਾਣ-ਪੀਣ ਦੇ ਸ਼ੌਕੀਨਾਂ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਵਧੀਕ ਡਿਪਟੀ ਕਮਿਸ਼ਨਰ ਸ੍ਰੀ ਦਮਨਜੀਤ ਸਿੰਘ ਮਾਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਮੇਲਾ 2 ਮਾਰਚ ਤੱਕ ਜਾਰੀ ਰਹੇਗਾ। ਉਨ੍ਹਾਂ ਦੱਸਿਆ ਕਿ ਮੇਲੇ ਵਿੱਚ ਲਗਭਗ 200 ਤਰ੍ਹਾਂ ਦੀਆਂ ਆਰਟੀਜ਼ਨਾਂ ਦੀਆਂ ਸਟਾਲਾਂ ਸਜਾਈਆਂ ਗਈਆਂ ਹਨ, ਜਿਨ੍ਹਾਂ ਵਿੱਚ ਵੱਖ-ਵੱਖ ਰਾਜਾਂ ਦੇ ਹੱਥੋਂ ਬਣੇ ਪ੍ਰੋਡਕਟ ਸ਼ਾਮਲ ਹਨ। ਇਸ ਤੋਂ ਇਲਾਵਾ ਅੰਤਰਰਾਸ਼ਟਰੀ ਆਰਟੀਜ਼ਨਾਂ ਵੱਲੋਂ ਵੀ ਭਾਗ ਲਿਆ ਗਿਆ ਹੈ, ਜਿਸ ਨਾਲ ਮੇਲੇ ਦੀ ਰੌਣਕ ਹੋਰ ਵਧ ਗਈ ਹੈ।

ਕੋਰਟ 'ਚ ਵਕੀਲਾਂ ਦੀ ਇੱਕ ਹਫਤੇ ਦੀ ਅੱਜ ਤੋਂ ਹੜ੍ਹਤਾਲ ਸ਼ੁਰੂ

ਪਟਿਆਲਾ, 23 ਫਰਵਰੀ (ਵਿਨੋਦ ਸ਼ਰਮਾ) : ਜੁਆਇੰਟ ਐਕਸ਼ਨ ਕਮੇਟੀ ਪੰਜਾਬ ਆਫ ਆਲ ਬਾਰ ਐਸੋਸੀਏਸ਼ਨ ਆਫ ਪੰਜਾਬ ਰਿਗਾਰਡਿੰਗ ਲੀਗਲ ਡਿਫੈਂਸ ਕੌਂਸਲ ਦੇ ਇਸ਼ੂ ਅਤੇ ਐਕਸ਼ਨ ਪਲਾਨਜ਼ ਨਿਆਲਿਆ ਦੇ ਸਬੰਧ ਵਿਚ ਅੱਜ ਰਾਜ ਪੱਧਰੀ ਹੜਤਾਲ ਸ਼ੁਰੂ ਹੋ ਗਈ। ਇਸ ਸਬੰਧੀ ਜਾਣਕਾਰੀ ਜ਼ਿਲ੍ਹਾ ਬਾਰ ਦੇ ਪ੍ਰਧਾਨ ਮਨਵੀਰ ਸਿੰਘ ਟਿਵਾਣਾ ਵੱਲੋਂ ਦਿੱਤੀ ਗਈ। ਇਹ ਹੜਤਾਲ ਜੋ ਅੱਜ ਤੋਂ ਸ਼ੁਰੂ ਹੋ ਕੇ 27 ਫਰਵਰੀ ਤੱਕ ਜਾਰੀ ਰਹੇਗੀ। ਇਸ ਸਬੰਧੀ ਸਾਰੇ ਜੁਡੀਸ਼ੀਅਲ ਅਧਿਕਾਰੀਆਂ ਨੂੰ ਸੂਚਿਤ ਕੀਤਾ ਗਿਆ ਹੈ ਅਤੇ ਕੋਰਟ ਵਿਚ ਚੱਲਣ ਵਾਲੇ ਕੇਸਾਂ 'ਤੇ ਤਾਰੀਖਾਂ ਪੈ ਗਈਆਂ।

ਡੀ.ਸੀ. ਵਰਜੀਤ ਵਾਲੀਆ ਦਾ ਸਵਾਗਤ

ਪਟਿਆਲਾ, 23 ਫਰਵਰੀ (ਚ.ਨ.ਸ.) : ਪਟਿਆਲਾ ਸ਼ੋਸ਼ਲ ਵੈਲਫੇਅਰ ਸੁਸਾਇਟੀ ਸਮਾਜ ਦੀ ਭਲਾਈ ਲਈ ਚੰਗੇ ਕਾਰਜ ਕਰ ਰਹੀ ਹੈ। 25 ਸਾਲਾਂ ਤੋਂ ਇਹ ਸੋਸਾਇਟੀ ਹਮੇਸ਼ਾ ਹੀ ਲੋਕ ਭਲਾਈ ਨੂੰ ਤਰਜੀਹ ਦੇ ਰਹੀ ਹੈ ਦੇ ਕੈਂਪ, ਖ਼ੂਨਦਾਨ ਕੈਂਪ, ਮੈਡੀਕਲ ਕੈਂਪ, ਬੱਚਿਆਂ ਨੂੰ ਪੜਾਈ ਲਈ ਹੋਂਸਲਾ ਹਫਜਾਈ ਕਰ ਰਹੀ ਹੈ। ਉਹਨਾਂ ਕਿਹਾ ਕਿ ਪਟਿਆਲਾ ਵਿੱਚ ਹਮੇਸ਼ਾਂ ਹੀ ਲੋਕ ਭਲਾਈ ਲਈ ਕਾਰਜਾਂ ਨੂੰ ਪਹਿਲ ਦੇ ਆਧਾਰ ਤੇ ਕਾਰਜ ਕਰਨਗੇ। ਇਹ ਵਿਚਾਰ ਪਟਿਆਲਾ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਪਟਿਆਲਾ ਸ਼ੋਸ਼ਲ ਵੈਲਫੇਅਰ ਸੋਸਾਇਟੀ ਵਲੋਂ ਉਹਨਾਂ ਬੁੱਕੇ ਦੇ ਕੇ ਸਵਾਗਤ ਕਰਦੇ ਹੋਏ ਪ੍ਰਗਟਾਏ। ਇਸ ਅਵਸਰ ਤੇ ਅਮਿਤ ਕੁਮਾਰ ਗੋਇਲ, ਨਰੇਸ਼ ਮਿੱਤਲ ਹਾਜ਼ਰ ਸਨ।

ਭਾਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਦੇ ਦੀਵਾਨਾਂ ਸਬੰਧੀ ਮੀਟਿੰਗ

ਭਾਦਸੋਂ, 23 ਫਰਵਰੀ (ਭਰਪੂਰ ਸਿੰਘ ਮੱਟਰਾਂ) : ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ ਭਾਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਦੇ ਕਸਬਾ ਭਾਦਸੋਂ ਅਤੇ ਨਾਲ ਲੱਗਦੇ ਪਿੰਡਾਂ ਦੇ ਸਹਿਯੋਗ ਦੇ ਨਾਲ ਦੀਵਾਨ ਸਜਾਏ ਜਾਣਗੇ। ਇਸ ਦੇ ਸਬੰਧ ਵਿੱਚ ਕਸਬਾ ਭਾਦਸੋਂ, ਪਿੰਡ ਚਾਸਵਾਲ,ਪਿੰਡ ਰਾਇਮਲ ਮਾਜਰੀ, ਪਿੰਡ ਜਾਤੀਵਾਲ, ਪਿੰਡ ਰਾਮਗੜ੍ਹ, ਪਿੰਡ ਝੰਵਾਲੀ, ਪਿੰਡ ਚੇਹਿਲ, ਪਿੰਡ ਘੁੰਡਰ, ਪਿੰਡ ਭੱਟੋ, ਪਿੰਡ ਨਾਨੋਵਾਲ, ਪਿੰਡ ਸਕਰਾਲੀ,ਪਿੰਡ ਪੇਧਨ, ਪਿੰਡ ਸਕਰਾਲੀ, ਪਿੰਡ ਰਾਮਪੁਰ ਸਾਹੀਵਾਲ, ਪਿੰਡ ਖੁਰਦ, ਪਿੰਡ ਕਨਸੂਹਾ, ਪਿੰਡ ਧਗੇੜਾ, ਪਿੰਡ ਭੜੀ ਪਨੈਚਾ, ਪਿੰਡ ਅਜਨੌਦਾ, ਪਿੰਡ ਸੁਧੇਵਾਲ, ਪਿੰਡ ਰਾਜਪੁਰਾ, ਪਿੰਡ ਦੰਦਰਾਲਾ ਖਰੌਡ, ਪਿੰਡ ਲੌਟ, ਪਿੰਡ ਬਹਿਬਲਪੁਰ ਅਤੇ ਪਿੰਡ ਜਿੰਦਲਪੁਰ ਆਦਿ ਦੇ ਪਿੰਡਾਂ ਦਾ ਸਹਿਯੋਗ

ਅਤੇ ਕਿਸੇ ਹੋਰ ਵੀ ਪਿੰਡ ਨੇ ਨਾਲ ਸਹਿਯੋਗ ਦੇਣਾ ਹੋਵੇ ਤਾਂ ਗੁਰਮਤਿ ਪ੍ਰਮੇਸ਼ਰ ਦੁਆਰ ਸੇਵਾ ਦਲ ਭਾਦਸੋਂ ਨਾਲ ਜ਼ਰੂਰ ਰਾਬਤਾ ਕਰਨ ਦੀ ਕਿਰਪਾਲਤਾ ਕਰਨੀ । ਇਸ ਮੌਕੇ ਸੇਵਾਦਾਰ ਬਾਬਾ ਕਮਲਦੀਪ ਸਿੰਘ ਪੇਧਨ, ਗੁਰਦੀਪ ਸਿੰਘ ਰਾਇਮਲ ਮਾਜਰੀ, ਸਤਨਾਮ ਸਿੰਘ ਐਮ.ਸੀ ਭਾਦਸੋਂ, ਮਾ: ਗੁਰਸੇਵਕ ਸਿੰਘ ਚਾਸਵਾਲ, ਬਾਬਾ ਅਮ੍ਰਿਤਪਾਲ ਸਿੰਘ ਰਾਮਗੜ੍ਹ, ਬੇਅੰਤ ਸਿੰਘ ਖੁਰਦ, ਸਜਇੰਦਰ ਸਿੰਘ ਭਾਦਸੋਂ, ਹਰਜਿੰਦਰ ਸਿੰਘ ਚਾਸਵਾਲ, ਹਰਦੀਪ ਸਿੰਘ ਝੰਮਾਲੀ, ਗੁਰਪ੍ਰੀਤ ਸਿੰਘ ਭਾਦਸੋਂ, ਕੁਲਦੀਪ ਸਿੰਘ ਘੁੰਡਰ, ਦਲਵੀਰ ਸਿੰਘ ਭੱਟੋ, ਮੇਜਰ ਸਿੰਘ ਸਿੱਧੂ ਸਾਹੀਵਾਲ, ਮੀਹਾ ਸਿੰਘ ਮਟੋਰੜਾ, ਜਰੂਪ ਸਿੰਘ ਸੁਧੇਵਾਲ,ਭੋਲਾ ਬਾਬਾ ਲੌਟ, ਜਸਵੀਰ ਸਿੰਘ ਹਾਜ਼ਰ ਸਨ।

ਪੰਜਾਬ ਸਰਕਾਰ ਆਮ ਲੋਕਾਂ ਦੀ ਸਰਕਾਰ, ਹਰ ਲੋੜਵੰਦ ਦੇ ਘਰ ਪਹੁੰਚੇਗਾ ਪੋਸ਼ਣ: ਵਿੱਕੀ ਘਨੌਰ

ਘਨੌਰ, 23 ਫਰਵਰੀ (ਰਾਜਿੰਦਰ ਸਿੰਘ ਕੰਬੋਜ/ਮਦਨ ਲਾਲ): ਆਮ ਆਦਮੀ ਪਾਰਟੀ ਪੰਜਾਬ ਸਪੋਰਟਸ ਵਿੰਗ ਦੇ ਪ੍ਰਧਾਨ ਅਤੇ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਵਿੱਕੀ ਘਨੌਰ ਨੇ ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ 40 ਲੱਖ ਪਰਿਵਾਰਾਂ ਲਈ ਸ਼ੁਰੂ ਕੀਤੇ ਗਏ 'ਪੰਜਾਬ ਸਰਕਾਰ ਫੂਡ ਪ੍ਰੋਗਰਾਮ' (PGFP) ਦੀ ਸ਼ਲਾਘਾ ਕਰਦਿਆਂ ਇਸ ਨੂੰ ਪੰਜਾਬ ਦੇ ਇਤਿਹਾਸ ਵਿੱਚ ਲੋਕ ਭਲਾਈ ਦਾ ਸਭ ਤੋਂ ਵੱਡਾ ਕਦਮ ਦੱਸਿਆ ਹੈ। ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿੱਕੀ ਘਨੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਸਹੀ ਮਾਇਨਿਆਂ ਵਿੱਚ 'ਆਮ ਲੋਕਾਂ ਦੀ ਸਰਕਾਰ' ਸਾਬਤ ਹੋਈ ਹੈ। ਉਨ੍ਹਾਂ ਦੱਸਿਆ ਕਿ ਇਸ ਨਵੀਂ ਸਕੀਮ ਤਹਿਤ ਹੁਣ ਸੂਬੇ ਦੇ ਸਮਾਰਟ ਰਾਸ਼ਨ ਕਾਰਡ ਧਾਰਕਾਂ ਨੂੰ ਸਿਰਫ਼ ਕਣਕ ਹੀ ਨਹੀਂ, ਸਗੋਂ ਹਰ ਤਿਮਾਹੀ ਇੱਕ ਵਿਸ਼ੇਸ਼ 'ਫੂਡ ਕਿੱਟ' ਵੀ ਮੁਹੱਈਆ ਕਰਵਾਈ ਜਾਵੇਗੀ। ਇਸ ਕਿੱਟ ਵਿੱਚ 2 ਕਿੱਲੋ ਮਾਂਹ-ਛੋਲਿਆਂ ਦੀ ਦਾਲ, 2 ਕਿੱਲੋ ਚੀਨੀ, 1 ਲੀਟਰ ਸਰ੍ਹੋਂ ਦਾ ਤੇਲ, 1 ਕਿੱਲੋ ਆਇਓਡੀਨ ਵਾਲਾ ਨਮਕ ਅਤੇ 200 ਗ੍ਰਾਮ ਹਲਦੀ ਪਾਊਡਰ ਸ਼ਾਮਲ ਹੋਵੇਗਾ। ਵਿੱਕੀ ਘਨੌਰ ਨੇ ਅੱਗੇ ਕਿਹਾ ਕਿ ਇਸ ਸਕੀਮ ਦਾ ਮੁੱਖ ਮਕਸਦ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਦੇ ਪੋਸ਼ਣ ਪੱਧਰ ਵਿੱਚ ਸੁਧਾਰ ਕਰਨਾ ਅਤੇ ਉਨ੍ਹਾਂ ਦੇ ਘਰੇਲੂ ਖਰਚੇ ਦੇ ਬੋਝ ਨੂੰ ਘਟਾਉਣਾ ਹੈ। ਵਾਈਸ ਚੇਅਰਮੈਨ ਨੇ ਕਿਹਾ ਕਿ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਰਾਹੀਂ ਅਸੀਂ ਸਿਹਤ ਸਹੂਲਤਾਂ ਵਿੱਚ ਇਨਕਲਾਬ ਲਿਆ ਰਹੇ ਹਾਂ ਅਤੇ ਹੁਣ ਇਹ 'ਫੂਡ ਪ੍ਰੋਗਰਾਮ' ਸਿਹਤਮੰਦ ਪੰਜਾਬ ਦੀ ਸਿਰਜਣਾ ਵਿੱਚ ਮੀਲ ਦਾ ਪੱਥਰ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ 'ਸਾਡਾ ਵਾਅਦਾ-ਹਰ ਘਰ ਤੱਕ ਪੋਸ਼ਣ, ਹਰ ਪਰਿਵਾਰ ਨੂੰ ਸਹਾਰਾ' ਦੇ ਨਾਅਰੇ ਹੇਠ ਸਰਕਾਰ ਸੂਬੇ ਦੇ ਹਰ ਨਾਗਰਿਕ ਦੀ ਖੁਸ਼ਹਾਲੀ ਲਈ ਵਚਨਬੱਧ ਹੈ।

ਨੈਸ਼ਨਲ ਕਾਲਜ ਆਫ ਫਿਜ਼ੀਕਲ ਐਜੂਕੇਸ਼ਨ ਦੀ 23ਵੀਂ ਸਾਲਾਨਾ ਐਥਲੈਟਿਕਸ ਮੀਟ ਸੰਪੰਨ

ਸਮਾਣਾ, 23 ਫਰਵਰੀ (ਵਿਜੇ ਕੁਮਾਰ) : ਨੈਸ਼ਨਲ ਕਾਲਜ ਆਫ ਫਿਜ਼ੀਕਲ ਐਜੂਕੇਸ਼ਨ, ਚੁੱਪਕੀ ਵਿਖੇ 23ਵੀਂ ਸਾਲਾਨਾ ਅਥਲੈਟਿਕਸ ਮੀਟ ਕਰਵਾਈ ਗਈ, ਜਿਸ ਦੀ ਅਗਵਾਈ ਪ੍ਰਿੰਸੀਪਲ ਡਾ. ਬਹਾਦੁਰ ਸਿੰਘ ਅਤੇ ਕਾਲਜ ਮੈਨੇਜਮੈਂਟ ਨੇ ਕੀਤੀ । ਇਸ ਅਥਲੈਟਿਕ ਮੀਟ ਦੇ ਉੱਦਘਾਟਨ ਸਮਾਰੋਹ ਵਿੱਚ ਡਾ. ਮਨੀਸ਼ ਕਪੂਰ ਕੰਟਰੋਲਰ (ਪ੍ਰੀਖਿਆਵਾਂ) ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੇ ਸ਼ਿਰਕਤ ਕੀਤੀ ਅਤੇ ਸਮਾਪਨ ਸਮਾਰੋਹ ਵਿੱਚ ਡਾ. ਅਮਰਪ੍ਰੀਤ ਸਿੰਘ ਮੁੱਖਤੀ ਸ਼ਰੀਰਕ ਸਿੱਖਿਆ ਵਿਭਾਗ, ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ।

ਇਸ ਅਥਲੈਟਿਕ ਮੀਟ ਵਿੱਚ 100 ਮੀਟਰ , 200, ਮੀਟਰ , 400 ਮੀਟਰ , ਲੌਂਗ ਜੰਪ, ਹਾਈ ਜੰਪ, ਰਿਲੇ ਰੇਸ, ਸ਼ਾਟਪੁੱਟ,ਡਿਸਕਸ ਥਰੋਂ, ਟਗ ਆਫ ਵਾਰ, ਆਦਿ ਖੇਡ ਮੁਕਾਬਲੇ ਕਰਵਾਏ ਗਏ ਅਤੇ ਮੁਕਾਬਲਿਆਂ ਵਿੱਚੋਂ ਬੀ.ਪੀ.ਐਸ.ਈ ਦੇ ਵਿਦਿਆਰਥੀ ਅੰਸ਼ ਸਰੋਹਾ ਅਤੇ ਕੁੜੀਆਂ ਵਿੱਚੋਂ ਬੀ.ਪੀ.ਐਡ ਦੀ ਵਿਦਿਆਰਥਣ ਪੱਲਵੀ ਨੂੰ ਬੈਸਟ ਐਥਲੀਟ ਦਾ ਖਿਤਾਬ ਦਿੱਤਾ ਗਿਆ। ਸ਼ਹੀਦ ਬਾਬਾ ਜੋਰਾਵਰ ਸਿੰਘ ਹਾਊਸ ਨੇ ਇਨ੍ਹਾਂ ਖੇਡਾਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਮੀਟ ਵਿੱਚ ਡਾ. ਗੁਰਤੇਜ ਸਿੰਘ, ਪ੍ਰੋ. ਮੋਹਨ ਚੰਦ ਸ਼ਰਮਾ, ਪ੍ਰੋ. ਕੰਵਲਜੀਤ ਸਿੰਘ, ਪ੍ਰੋ. ਗੁਰਪ੍ਰੀਤ ਸਿੰਘ, ਪ੍ਰੋ ਰਮਨਦੀਪ ਚੋਪੜਾ ਅਤੇ ਲਖਵੀਰ ਸਿੰਘ (ਲਾਈਬ੍ਰੇਰੀਅਨ) ਸ਼ਾਮਿਲ ਸਨ।

ਡਾ. ਬੀ. ਐਸ. ਸੰਧੂ ਮੈਮੋਰੀਅਲ ਸਕੂਲ ਦੇ ਨੰਨ੍ਹੇ-ਮੁੰਨੇ ਬੱਚਿਆਂ ਨੇ 'ਰੈਂਪ ਵਾਕ' ਰਾਹੀਂ ਬਿਖੇਰੇ ਜਲਵੇ

ਦੇਵੀਗੜ੍ਹ, 23 ਫਰਵਰੀ (ਗੁਰਜੀਤ ਸਿੰਘ ਢੋਟ) : ਡਾ. ਬੀ. ਐਸ. ਸੰਧੂ ਮੈਮੋਰੀਅਲ ਪਬਲਿਕ ਸਕੂਲ ਵਿਖੇ ਅੱਜ ਪ੍ਰੀ-ਨਰਸਰੀ ਕਲਾਸ ਦੇ ਵਿਦਿਆਰਥੀਆਂ ਲਈ ਇੱਕ ਬਹੁਤ ਹੀ ਦਿਲਕਸ਼ 'ਰੈਂਪ ਵਾਕ' ਗਤੀਵਿਧੀ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਛੋਟੇ ਬੱਚਿਆਂ ਦੇ ਆਤਮ-ਵਿਸ਼ਵਾਸ ਵਿੱਚ ਵਾਧਾ ਕਰਨਾ ਅਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਉਭਾਰਨਾ ਸੀ।ਰੰਗ-ਬਿਰੰਗੀਆਂ ਪੁਸ਼ਾਕਾਂ ਵਿੱਚ ਸਜੇ ਨੰਨ੍ਹੇ-ਮੁੰਨੇ ਬੱਚਿਆਂ ਨੇ ਜਦੋਂ ਸੰਗੀਤ ਦੀਆਂ ਧੁਨਾਂ 'ਤੇ ਰੈਂਪ 'ਤੇ ਆਪਣੀ ਅਦਾਕਾਰੀ ਦਿਖਾਈ, ਤਾਂ ਸਾਰਾ ਹਾਲ ਤਾੜੀਆਂ ਨਾਲ ਗੂੰਜ ਉੱਠਿਆ। ਬੱਚਿਆਂ ਦੇ ਮਾਸੂਮ ਅੰਦਾਜ਼ ਅਤੇ ਹੁਨਰ ਨੇ ਹਰ ਕਿਸੇ ਦਾ ਮਨ ਮੋਹ ਲਿਆ। ਸਕੂਲ ਚੇਅਰਮੈਨ ਸ. ਹਰਦੀਪ ਸਿੰਘ ਸੰਧੂ ਨੇ ਬੱਚਿਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ। ਮੈਨੇਜਿੰਗ ਡਾਇਰੈਕਟਰ ਰਜਿੰਦਰ ਕੌਰ ਸੰਧੂ ਨੇ ਸਮਾਗਮ ਦੀ ਸਫਲਤਾ 'ਤੇ ਖੁਸ਼ੀ ਪ੍ਰਗਟਾਈ ਅਤੇ ਕਿਹਾ ਕਿ ਸਕੂਲ ਹਮੇਸ਼ਾ ਹੀ ਬੱਚਿਆਂ ਦੀ ਸਿਰਜਣਾਤਮਕਤਾ ਨੂੰ ਨਿਖਾਰਨ ਲਈ ਵਚਨਬੱਧ ਹੈ। ਪ੍ਰਿੰਸੀਪਲ ਤਰਨਦੀਪ ਕੌਰ ਅਰੋੜਾ ਨੇ ਆਏ ਹੋਏ ਮਹਿਮਾਨਾਂ ਅਤੇ ਮਾਪਿਆਂ ਦਾ ਧੰਨਵਾਦ ਕੀਤਾ।

210 ਕਿੱਲੋ ਭੁੱਕੀ ਸਮੇਤ ਇੱਕ ਕਾਬੂ

ਸਮਾਣਾ, 23 ਫਰਵਰੀ (ਵਿਜੇ ਕੁਮਾਰ) : ਪੁਲਿਸ ਨੇ ਇੱਕ ਬੰਦ ਬਾਡੀ ਗੱਡੀ ਵਿੱਚੋਂ 210 ਕਿੱਲੋਗ੍ਰਾਮ ਭੁੱਕੀ ਬਰਾਮਦ ਕਰਕੇ ਚਾਲਕ ਨੂੰ ਹਿਰਾਸਤ ਵਿੱਚ ਲਿਆ ਹੈ ਅਤੇ ਉਸ ਦੇ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਅਮਨਦੀਪ ਸਿੰਘ ਪੁੱਤਰ ਧਿਆਨ ਸਿੰਘ, ਵਾਸੀ ਪਿੰਡ ਚੁਨਾਗਰਾ, ਥਾਣਾ ਪਾਤੜਾਂ ਵਜੋਂ ਹੋਈ ਹੈ। ਪਾਤੜਾਂ ਪੁਲਿਸ ਇੰਚਾਰਜ ਇੰਸਪੈਕਟਰ ਹਰਪ੍ਰੀਤ ਸਿੰਘ ਅਨੁਸਾਰ, ਡੀ.ਐਸ.ਪੀ. ਪਾਤੜਾਂ ਇੰਦਰਪਾਲ ਸਿੰਘ ਚੌਹਾਨ ਦੀ ਅਗਵਾਈ ਹੇਠ ਸਬ-ਇੰਸਪੈਕਟਰ ਨਿਸ਼ਾਨ ਸਿੰਘ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਹਮਝੜੀ ਬਾਈਪਾਸ ਪੁਲ ਹੇਠਾਂ ਮੌਜੂਦ ਸਨ। ਉੱਥੇ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਮੁਲਜ਼ਮ ਆਨੰਦ ਬਸਤੀ ਪਾਤੜਾਂ ਨੇੜੇ ਹਰਿਆਣਾ ਨੰਬਰ ਦੀ ਇੱਕ ਬੰਦ ਬੋਲੇਰੋ ਗੱਡੀ ਵਿੱਚ ਭੁੱਕੀ ਲੋਡ ਕਰਕੇ ਵੇਚਣ ਲਈ ਗਾਹਕਾਂ ਦੀ ਉਡੀਕ ਕਰ ਰਿਹਾ ਹੈ। ਪੁਲਿਸ ਪਾਰਟੀ ਨੇ ਰੇਡ ਕਰਕੇ ਗੱਡੀ ਦੀ ਤਲਾਸ਼ੀ ਲਈ, ਜਿਸ ਦੌਰਾਨ 15-15 ਕਿੱਲੋ ਦੇ 14 ਬੈਗ (ਕੁੱਲ 210 ਕਿੱਲੋ ਭੁੱਕੀ) ਬਰਾਮਦ ਹੋਈ। ਪੁਲਿਸ ਨੇ ਤੁਰੰਤ ਕਾਰਵਾਈ ਕਰਦੇ ਹੋਏ ਮੁਲਜ਼ਮ ਨੂੰ ਹਿਰਾਸਤ ਵਿੱਚ ਲੈ ਲਿਆ। ਪੁਲਿਸ ਅਧਿਕਾਰੀ ਅਨੁਸਾਰ ਮੁਲਜ਼ਮ ਦੇ ਪੁਰਾਣੇ ਰਿਕਾਰਡ ਦੀ ਜਾਂਚ ਕੀਤੀ ਜਾ ਰਹੀ ਹੈ। ਮੁਲਜ਼ਮ ਨੂੰ ਸਮਾਣਾ ਦੀ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਇੱਕ ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਹੈ। ਪੁਲਿਸ ਹੁਣ ਇਸ ਗੱਲ ਦੀ ਪੁੱਛਗਿੱਛ ਕਰ ਰਹੀ ਹੈ ਕਿ ਇਹ ਭੁੱਕੀ ਕਿੱਥੋਂ ਲਿਆਂਦੀ ਗਈ ਸੀ ਅਤੇ ਅੱਗੇ ਕਿੱਥੇ ਸਪਲਾਈ ਕੀਤੀ ਜਾਣੀ ਸੀ।

ਜ਼ਿਲ੍ਹਾ ਸਾਂਝ ਕੇਂਦਰ ਪੁਲਿਸ ਵੱਲੋਂ ਕਰਾਫ਼ਟ ਮੇਲੇ ਦੌਰਾਨ ਆਉਣ ਵਾਲੀ ਪਬਲਿਕ ਨੂੰ ਸਾਂਝ ਸੁਵਿਧਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹੈ: ਸੁਖਜਿੰਦਰ ਸਿੰਘ

ਪਟਿਆਲਾ, 23 ਫਰਵਰੀ (ਚ.ਨ.ਸ.) : ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮਾਨਯੋਗ ਡਿਪਟੀ ਕਮਿਸ਼ਨਰ ਪਟਿਆਲਾ ਵਰਜੀਤ ਵਾਲੀਆ ਅਤੇ ਏ ਡੀ ਸੀ ਡਿਵੈਲਪਮੈਂਟ ਦਮਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੀਸ਼ ਮਹਿਲ ਪੰਜਾਬ ਸਖੀ ਸ਼ਕਤੀ ਕਾਰਫ਼ਟ ਮੇਲੇ ਦਾ ਆਯੋਜਨ ਕੀਤਾ ਜਾ ਰਿਹਾ ਜਿਸ ਵਿਚ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵੱਲੋਂ ਉਚ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਸਖੀ ਸ਼ਕਤੀ ਕਾਰਫ਼ਟ ਮੇਲੇ ਦੌਰਾਨ ਪਬਲਿਕ ਨੂੰ ਸਾਂਝ ਸੁਵਿਧਾਵਾਂ ਬਾਰੇ ਜਾਣਕਾਰੀ ਦੇਣ ਲਈ ਪਟਿਆਲਾ ਪੁਲਿਸ ਵੱਲੋਂ ਕਾਊਂਟਰ ਲਗਾਇਆ ਗਿਆ ਹੈ। ਇਸ ਮੌਕੇ ਮੇਲੇ ਦੌਰਾਨ ਆਉਣ ਵਾਲੀ ਪਬਲਿਕ ਨੂੰ ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਐਸ

ਆਈ ਪ੍ਰਦੀਪ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 1, ਐਸ ਆਈ ਜਸਵੰਤ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 2, ਐਸ ਆਈ ਜਸਪਾਲ ਸਿੰਘ ਇੰਚਾਰਜ ਸਾਂਝ ਕੇਂਦਰ ਸਦਰ ਪਟਿਆਲਾ, ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਮੈਂਬਰ ਯੁਵਾ ਸਾਂਝ ਕਮੇਟੀ ਪਟਿਆਲਾ ਵੱਲੋਂ ਸਾਂਝ ਸੁਵਿਧਾਵਾਂ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ, ਇਸ ਤੋਂ ਇਲਾਵਾ ਏ ਐਸ ਆਈ ਜਸਵਿੰਦਰ ਸਿੰਘ,ਏ ਐਸ ਆਈ ਮਨਪ੍ਰੀਤ ਸਿੰਘ, ਹੌਲਦਾਰ ਸੰਦੀਪ ਕੁਮਾਰ,ਅਜੇ ਕੁਮਾਰ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਸਾਂਝ ਕੇਂਦਰ ਵੱਲੋਂ ਵੀ ਸਹਿਯੋਗ ਦਿੱਤਾ ਜਾ ਰਿਹਾ ਹੈ।ਇਸ ਮੌਕੇ ਸੰਬੋਧਨ ਕਰਦਿਆ ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਨੇ ਕਿਹਾ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵੱਲੋਂ ਪੰਜਾਬ ਸਖੀ ਸ਼ਕਤੀ ਕਾਰਫ਼ਟ ਮੇਲੇ ਦੌਰਾਨ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਦੇ ਸਹਿਯੋਗ ਨਾਲ ਪਬਲਿਕ ਨੂੰ ਜਿਥੇ ਯੁੱਧ ਨਸ਼ਿਆਂ ਵਿਰੁੱਧ,ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ । ਇਸ ਮੌਕੇ ਡਿਪਟੀ ਡਾਇਰੈਕਟਰ -ਕਮ ਪ੍ਰਿੰਸੀਪਲ ਸਰਕਾਰੀ ਆਈ ਟੀ ਆਈ ਰਾਜਪੁਰਾ ਮਨਮੋਹਨ ਸਿੰਘ , ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਟ੍ਰੇਨਿੰਗ ਅਫ਼ਸਰ ਸਰਕਾਰੀ ਆਈ ਟੀ ਆਈ ਲੜਕੇ , ਹੋਸਟਲ ਸੁਪਰਡੈਂਟ ਅਨਿਲ ਖੰਨਾ ,ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ ਆਫ ਕਾਮਰਸ, ਗੁਰਪ੍ਰਤਾਪ ਸ਼ਾਹੀ, ਅਮਰਜੀਤ ਲੰਗ, ਤੇਜਿੰਦਰ ਮਡੋੜ, ਜਸਪ੍ਰੀਤ ਸਿੰਘ, ਜੁਗਰਾਜ ਸਿੰਘ ਚਾਹਲ, ਜਸਪਾਲ ਜੋਸਨ, ਮੈਡਮ ਕਿਰਨਾਂ ਦੇਵੀ ਵੱਲੋਂ ਵੀ ਸਹਿਯੋਗ ਦਿੱਤਾ ਜਾ ਰਿਹਾ ਹੈ।

ਚੈਕ ਬਾਊਂਸ ਹੋਣ ਸਬੰਧੀ ਮਾਮਲਾ ਦਰਜ

ਪਟਿਆਲਾ, 23 ਫਰਵਰੀ (ਵਿਨੋਦ ਸ਼ਰਮਾ) : ਥਾਣਾ ਸਿਵਲ ਲਾਇਨ ਪਟਿਆਲਾ ਪੁਲਿਸ ਕੋਲ ਅਮੋਲ ਧਾਲੀਵਾਲ ਪੁੱਤਰ ਭਜਨ ਪ੍ਰਤਾਪ ਸਿੰਘ ਵਾਸੀ ਥਾਪਰ ਯੂਨੀਵਰਸਿਟੀ ਪਟਿਆਲਾ ਨੇ ਕਥਿਤ ਦੋਸ਼ੀ ਗੁਰਪ੍ਰੀਤ ਸਿੰਘ ਵਾਸੀ ਗਲੀ ਨੰ. 3 ਖਾਲਸਾ ਕਲੋਨੀ ਸਨੌਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਨੇ ਆਪਣਾ ਮਕਾਨ ਬਣਾਉਣ ਲਈ ਠੇਕੇਦਾਰ ਗੁਰਪ੍ਰੀਤ ਸਿੰਘ ਨਾਲ 190 ਰੁਪਏ ਪ੍ਰਤੀ ਵਰਗ ਫੁੱਟ ਦੇ ਹਿਸਾਬ ਨਾਲ ਠੇਕਾ ਕੀਤਾ ਸੀ, ਜੋ ਆਪਸੀ ਤਕਰਾਰ ਹੋਣ ਕਾਰਨ ਕਥਿਤ ਦੋਸ਼ੀ ਦੇ ਉਸ ਵੱਲ 2,50,000 ਰੁਪਏ ਦੇਣੇ ਨਿਕਲੇ ਸਨ, ਜਿਸ ਸਬੰਧੀ ਕਥਿਤ ਦੋਸ਼ੀ ਨੇ ਉਸ ਨੂੰ ਚੈਕ ਦੇ ਦਿੱਤਾ ਪਰ ਕਥਿਤ ਦੋਸ਼ੀ ਵੱਲੋਂ ਦਿੱਤਾ ਹੋਇਆ ਚੈਕ ਬਾਊਂਸ ਹੋ ਗਿਆ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

ਸ੍ਰੀ ਬੇਗ਼ਮਪੁਰਾ ਮਿਸ਼ਨ ਵੱਲੋਂ ਚਰਨਜੀਤ ਸਿੰਘ ਚੰਨੀ ਅਤੇ ਸੁਖਦੇਵ ਸਿੰਘ ਸਿਰਸਾ ਦਾ ਸਨਮਾਨ

ਪਟਿਆਲਾ, 23 ਫਰਵਰੀ (ਚ.ਨ.ਸ.) : ਸ੍ਰੀ ਬੇਗ਼ਮਪੁਰਾ ਮਿਸ਼ਨ ਪੰਜਾਬ ਅਤੇ ਅਦਾਰਾ ਗੁਸਈਆ ਪਟਿਆਲਾ ਵੱਲੋਂ ਕੁਲਵੰਤ ਸਿੰਘ ਨਾਰੀਕੇ ਪ੍ਰਧਾਨ ਸ਼੍ਰੀ ਬੇਗ਼ਮਪੁਰਾ ਮਿਸ਼ਨ ਅਤੇ ਮੁੱਖ ਸੰਪਾਦਕ ਗੁਸਈਆਂ ਦੀ ਰਹਿਨੁਮਾਈ ਹੇਠ, ਸ਼ੁਸ਼ੀਲ ਪੈਲੇਸ ਪਟਿਆਲਾ ਵਿਖੇ ਸਨਮਾਨ ਅਤੇ ਵਿਸ਼ੇਸ਼ ਭਾਸ਼ਣ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਡਾ. ਚਰਨਜੀਤ ਸਿੰਘ ਚੰਨੀ ਸਾਬਕਾ ਮੁੱਖ ਮੰਤਰੀ ਪੰਜਾਬ ਅਤੇ ਮੈਂਬਰ ਪਾਰਲੀਮੈਂਟ ਹਲਕਾ ਜਲੰਧਰ ਦਾ ਸ਼੍ਰੀ ਬੇਗ਼ਮਪੁਰਾ ਪੁਰਸਕਾਰ-2026 ਅਤੇ ਉੱਘੇ ਲੇਖਕ ਡਾ. ਸੁਖਦੇਵ ਸਿੰਘ ਸਿਰਸਾ ਦਾ ਗੁਸਈਆਂ ਪੁਰਸਕਾਰ-2026 ਨਾਲ ਸਨਮਾਨ ਕੀਤਾ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਡਾ. ਧਰਮਵੀਰ ਗਾਂਧੀ ਮੈਂਬਰ ਪਾਰਲੀਮੈਂਟ ਹਲਕਾ ਪਟਿਆਲਾ ਅਤੇ ਵਿਸ਼ੇਸ਼ ਮਹਿਮਾਨ ਵਜੋਂ ਸ਼੍ਰੀ ਸੰਦੀਪ ਦੀਕਸ਼ਿਤ ਚੇਅਰਮੈਨ ਰਚਨਾਤਮਕ ਕਾਂਗਰਸ ਏ. ਆਈ. ਸੀ. ਸੀ. ਦਿੱਲੀ ਨੇ ਸ਼ਮੂਲੀਅਤ ਕੀਤੀ। ਸਮਾਗਮ ਵਿੱਚ ਵਿਸ਼ੇਸ਼ ਭਾਸ਼ਣ ਦਾ ਵਿਸ਼ਾ ਸੀ, ' ਦੁਨੀਆ ਵਿੱਚ ਹਿੰਦੁਸਤਾਨ ਦੀ ਥਾਂ, ਹਿੰਦੁਸਤਾਨ ਵਿੱਚ ਮਨੁੱਖ ਦੀ ਥਾਂ'। ਸਨਮਾਨ ਮਿਲਣ ਉਪਰੰਤ

ਡਾ ਚਰਨਜੀਤ ਸਿੰਘ ਚੰਨੀ ਨੇ ਦੋਵਾਂ ਸੰਸਥਾਵਾਂ ਦੀ ਭਰਵੀਂ ਸ਼ਲਾਘਾ ਕੀਤੀ। ਡਾ. ਨਰਿੰਦਰ ਸਿੰਘ ਸੰਧੂ ਨੇ ਡਾ. ਚਰਨਜੀਤ ਸਿੰਘ ਬਾਰੇ ਬੋਲਦਿਆਂ ਉਨ੍ਹਾਂ ਨੂੰ ਗਰੀਬਾਂ ਦਾ ਮਸੀਹਾ ਕਿਹਾ। ਡਾ. ਸਰਬਜੀਤ ਸਿੰਘ ਪ੍ਰਧਾਨ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਨੇ ਕਿਹਾ ਕਿ ਡਾ. ਸੁਖਦੇਵ ਸਿੰਘ ਸਿਰਸਾ ਪੰਜਾਬੀ ਸਾਹਿਤ ਜਗਤ ਦਾ ਸੰਜੀਦਾ ਤੇ ਸੰਵੇਦਨਾ ਭਰਪੂਰ ਚਿੰਤਕ, ਵਿਦਵਾਨ ਅਤੇ ਲੇਖਕ ਹੈ। ਕੁਲਵੰਤ ਸਿੰਘ ਨਾਰੀਕੇ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਬੇਗ਼ਮਪੁਰਾ ਮਿਸ਼ਨ ਸਮਾਜ ਵਿੱਚ ਆਰਥਿਕ, ਸਮਾਜਿਕ ਅਤੇ ਵਿਦਿਅਕ ਬਰਾਬਰਤਾ ਲਿਆਉਣ ਲਈ ਯਤਨਸ਼ੀਲ ਹੈ।ਸਮਾਗਮ ਵਿੱਚ ਕੁਝ ਚੋਣਵੇਂ ਸ਼ਾਇਰਾਂ ਨੇ ਖ਼ੂਬਸੂਰਤ ਰਚਨਾਵਾਂ ਪੇਸ਼ ਕੀਤੀਆਂ। ਮੰਚ ਸੰਚਾਲਨ ਡਾ. ਨਰਿੰਦਰ ਸਿੰਘ ਸੰਧੂ ਅਤੇ ਮਿਸ਼ਨ ਦੇ ਜਨਰਲ ਸਕੱਤਰ ਗੁਰਚਰਨ ਸਿੰਘ ਚੰਨ ਪਟਿਆਲਵੀ ਨੇ ਸਾਂਝੇ ਤੌਰ 'ਤੇ ਕੀਤਾ।ਸਮਾਗਮ ਵਿੱਚ ਦਰਬਾਰਾ ਸਿੰਘ ਹਲਕਾ ਇੰਚਾਰਜ ਪਾਤੜਾਂ,ਨਰੇਸ਼ ਦੁੱਗਲ, ਗੋਪਾਲ ਸਿੰਗਲਾ, ਗੁਰਸ਼ਰਨ ਕੌਰ ਰੰਧਾਵਾ, ਮੇਜਰ ਸਿੰਘ ਰਾਜਗੜ੍ਹ, ਰਸ਼ਪਾਲ ਸਿੰਘ ਜੌੜੇਮਾਜਰਾ, ਸ. ਜਸਵੰਤ ਸਿੰਘ ਨਿੱਜੀ ਸਹਾਇਕ ਧਰਮਵੀਰ ਗਾਂਧੀ, ਹਰਵਿੰਦਰ ਸਿੰਘ ਖਨੌੜਾ, ਅਵਤਾਰ ਸਿੰਘ ਨਨਹੇੜਾ, ਕੇਵਲ ਕ੍ਰਿਸ਼ਨ ਸਿੰਗਲਾ, ਮਨਦੀਪ ਸਿੰਘ ਦੰਦਰਾਲਾ ਖਰੌੜ, ਅਨਿਲ ਬਾਂਸਲ,ਪ੍ਰਸ਼ਾਂਤ ਮਿਸਰਾ ਆਦਿ ਦਾ ਵੀ ਸਨਮਾਨ ਕੀਤਾ ਗਿਆ।